29-APRIL-PAGE-1.qxd 4/28/2023 9:31 PM Page 1

ਸ਼ਨੀਵਾਰ, 29 ਅਪ੍ਰੈਲ, 2023
16 ਵਿਸਾਖ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 71
ਅੰਕ/NO. : 328

# ਨਵਾਂ ਜ਼ਮਾਨਾ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

DAILY NAWAN ZAMANA • SATURDAY, 29 APRIL, 2023 ਜਲੰਧਰ

You Tube nawan zamana TV

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਖੇਤੀ ਕਾਮਿਆਂ ਨੂੰ 10 ਫੀਸਦੀ ਮੁਆਵਜ਼ਾ

**ਲੁਧਿਆਣਾ** : ਪੰਜਾਬ ਵਜ਼ਾਰਤ ਨੇ ਕੁਦਰਤੀ ਆਫਤਾਂ ਨਾਲ ਨੁਕਸਾਨੀ ਫਸਲ ਲਈ ਦਿੱਤੇ ਜਾਂਦੇ ਕੁੱਲ ਮੁਆਵਜ਼ੇ ਉਤੇ 10 ਫੀਸਦੀ ਮੁਆਵਜ਼ਾ ਰਾਸ਼ੀ ਖੇਤੀ ਕਾਮਿਆਂ ਨੂੰ ਦੇਣ ਦਾ ਐਲਾਨ ਕੀਤਾ ਹੈ।

ਇਹ ਫੈਸਲਾ ਸ਼ੁੱਕਰਵਾਰ ਇੱਥੇ ਸਰਕਟ ਹਾਊਸ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ।

ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਮੁੱਖ ਮੰਤਰੀ ਨੇ ਵਿਸਥਾਰ ਵਿਚ ਦੱਸਿਆ ਕਿ ਇਸ ਵੱਡੇ ਉਪਰਾਲੇ ਦਾ ਉਦੇਸ਼ ਖੇਤੀ ਕਾਮਿਆਂ ਦੀ ਸਹਾਇਤਾ ਕਰਨਾ ਹੈ, ਜੋ ਅਜਿਹੇ ਮੁਆਵਜ਼ੇ ਤੋਂ ਵਿਰਵੇ ਰਹਿ ਜਾਂਦੇ ਹਨ, ਜਦਕਿ ਕੁਦਰਤੀ ਮਾਰ ਦਾ ਸਾਹਮਣਾ ਉਨ੍ਹਾਂ ਨੂੰ ਵੀ ਕਰਨਾ ਪੈਂਦਾ ਹੈ।

ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਸੂਬਾ ਸਰਕਾਰ ਕਿਰਤੀਆਂ ਦੀ ਰਜਿਸਟ੍ਰੇਸ਼ਨ ਕਰਨ ਲਈ ਵਿਆਪਕ ਪੱਧਰ ਉਤੇ ਰਜਿਸਟ੍ਰੇਸ਼ਨ ਸ਼ੁਰੂ ਕਰੇਗੀ ਤਾਂ ਕਿ ਇਨ੍ਹਾਂ ਨੂੰ ਕੇਂਦਰੀ ਅਤੇ ਸੂਬਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਹਾਸਲ ਹੋ ਸਕੇ। ਉਨ੍ਹਾਂ ਕਿਹਾ ਕਿ ਸਹੀ ਢੰਗ ਨਾਲ ਰਜਿਸਟ੍ਰੇਸ਼ਨ ਨਾ ਹੋਣ ਕਰਕੇ ਬਹੁਤੀਆਂ ਸਕੀਮਾਂ ਦਾ ਲਾਭ ਹੀ ਨਹੀਂ ਮਿਲਦਾ, ਪਰ ਹੁਣ ਹਰੇਕ ਸਕੀਮ ਦਾ ਲਾਭ ਕਿਰਤੀ ਵਰਗ ਤੱਕ ਪਹੁੰਚਾਉਣ ਨੂੰ ਯਕੀਨੀ ਬਣਾਇਆ ਜਾਵੇਗਾ। ਭਗਵੰਤ ਮਾਨ ਨੇ ਦੁੱਖ ਨਾਲ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਇਸ ਨੇਕ ਕਾਰਜ ਨੂੰ ਤਨਦੇਹੀ ਨਾਲ ਲਾਗੂ ਕੀਤੇ ਜਾਣ ਪ੍ਰਤੀ ਸੰਜੀਦਗੀ ਨਾਲ ਕੰਮ ਨਹੀਂ ਕੀਤਾ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸੂਬਾ ਸਰਕਾਰ ਨੇ ਸਥਾਨਕ ਸਰਕਟ ਹਾਊਸ ਵਿਖੇ ਮੰਤਰੀ ਮੰਡਲ ਦੀ ਮੀਟਿੰਗ ਕਰਕੇ ਆਪਣੇ ਪ੍ਰਮੁੱਖ ਪ੍ਰੋਗਰਾਮ 'ਸਰਕਾਰ ਤੁਹਾਡੇ ਦੁਆਰ' ਦੀ ਸ਼ੁਰੂਆਤ ਕੀਤੀ ਹੈ ਅਤੇ ਇਸ ਕਦਮ ਦਾ ਉਦੇਸ਼ ਲੋਕਾਂ ਦੀ ਭਲਾਈ ਅਤੇ ਸੂਬੇ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਹੁਣ ਮੰਤਰੀ ਮੰਡਲ ਸਿਰਫ ਸਕੱਤਰੇਤ ਦੇ ਕਮਰਿਆਂ ਤੱਕ ਹੀ ਸੀਮਤ ਨਹੀਂ ਰਹੇਗਾ, ਸਗੋਂ ਸੂਬੇ ਭਰ ਦੇ ਪਿੰਡਾਂ, ਕਸਬਿਆਂ ਅਤੇ ਸ਼ਹਿਰਾਂ ਵਿੱਚ ਮੀਟਿੰਗਾਂ ਕੀਤੀਆਂ ਜਾਣਗੀਆਂ ਤਾਂ ਜੋ ਲੋਕਾਂ ਨੂੰ ਸੌਖ ਹੋ ਸਕੇ। ਭਗਵੰਤ ਮਾਨ ਨੇ ਕਿਹਾ ਕਿ ਇਸ ਨਾਲ ਜਿੱਥੇ ਸੂਬੇ ਦੇ ਵਿਕਾਸ ਨੂੰ ਹੁਲਾਰਾ ਮਿਲੇਗਾ, ਉਥੇ ਦੂਜੇ ਪਾਸੇ ਆਪਣੇ ਰੋਜ਼ਮਰ੍ਹਾ ਦੇ ਪ੍ਰਸ਼ਾਸਨਿਕ ਕੰਮ ਕਰਵਾ ਕੇ ਲੋਕਾਂ ਨੂੰ ਸਹੂਲਤ ਮਿਲੇਗੀ।

ਕੈਬਨਿਟ ਨੇ ਲੋਕਲ ਆਡਿਟ ਵਿੰਗ ਦੇ ਵੱਖ-ਵੱਖ ਕੇਡਰ ਵਿੱਚ ਸਿੱਧੀ ਭਰਤੀ ਦੀਆਂ 87 ਆਸਾਮੀਆਂ ਭਰਨ ਦੀ ਵੀ ਸਹਿਮਤੀ ਦੇ ਦਿੱਤੀ।



### ਰਮਦਾਸ ਬਲਾਕ ਬਣੇਗਾ

ਪੰਜਾਬ ਕੈਬਨਿਟ ਨੇ ਅੰਮ੍ਰਿਤਸਰ ਜ਼ਿਲ੍ਹੇ ਦੇ ਅਜਨਾਲਾ ਬਲਾਕ ਦੀਆਂ 75 ਪੰਚਾਇਤਾਂ ਕੱਢ ਕੇ ਨਵਾਂ ਬਲਾਕ ਰਮਦਾਸ ਕਾਇਮ ਕਰਨ ਦੀ ਮਨਜ਼ੂਰੀ ਦੇ ਦਿੱਤੀ ਹੈ।

ਰਮਦਾਸ ਬਲਾਕ ਬਣਾਉਣ ਨਾਲ ਇਨ੍ਹਾਂ 75 ਪਿੰਡਾਂ ਵਿੱਚ ਵਿਕਾਸ ਗਤੀਵਿਧੀਆਂ ਨੂੰ ਹੁਲਾਰਾ ਮਿਲੇਗਾ। ਇਸੇ ਤਰ੍ਹਾਂ ਕੈਬਨਿਟ ਨੇ ਨਵੇਂ ਬਣਾਏ ਇਸ ਬਲਾਕ ਦੇ ਕੰਮਕਾਜ ਨੂੰ ਪ੍ਰਭਾਵਸ਼ਾਲੀ ਤਰੀਕੇ ਨਾਲ ਚਲਾਉਣ ਲਈ ਇੱਥੇ ਬਲਾਕ ਵਿਕਾਸ ਤੇ ਪੰਚਾਇਤ ਅਧਿਕਾਰੀ (ਬੀ.ਡੀ.ਪੀ.ਓ.) ਦੀ ਆਸਾਮੀ ਕਾਇਮ ਕਰਨ ਦੀ ਪ੍ਰਵਾਨਗੀ ਵੀ ਦੇ ਦਿੱਤੀ।

### ਰਿਹਾਈ ਦੇ ਮਾਮਲੇ ਭੇਜਣ ਦੀ ਮਨਜ਼ੂਰੀ

ਮੰਤਰੀ ਮੰਡਲ ਨੇ ਸੂਬੇ ਦੀਆਂ ਜੇਲ੍ਹਾਂ ਵਿਚ ਉਮਰ ਕੈਦ ਭੁਗਤ ਰਹੇ ਛੇ ਕੈਦੀਆਂ ਦੀ ਅਗਾਊਂ ਰਿਹਾਈ ਲਈ ਕੇਸ ਭੇਜਣ ਦੀ ਮਨਜ਼ੂਰੀ ਦੇ ਦਿੱਤੀ ਹੈ। ਮਾਮਲੇ ਭਾਰਤੀ ਸੰਵਿਧਾਨ ਦੀ ਧਾਰਾ 161 ਦੇ ਤਹਿਤ ਵਿਚਾਰਨ/ਪ੍ਰਵਾਨਗੀ ਲਈ ਪੰਜਾਬ ਦੇ ਰਾਜਪਾਲ ਨੂੰ ਭੇਜੇ ਜਾਣਗੇ।

ਇਸੇ ਤਰ੍ਹਾਂ ਭਾਰਤੀ ਆਜ਼ਾਦੀ ਦੀ 75ਵੀਂ ਵਰ੍ਹੇਗੰਢ ਦੀ ਯਾਦ ਵਿਚ ਮਨਾਏ ਜਾ ਰਹੇ 'ਆਜ਼ਾਦੀ ਕਾ ਮਹਾਂਉਤਸਵ' ਦੇ ਦੂਜੇ ਪੜਾਅ ਵਜੋਂ ਮੰਤਰੀ ਮੰਡਲ ਨੇ ਕੈਟਾਗਰੀ-6 ਵਿਚ ਪੈਂਦੇ 14 ਕੈਦੀਆਂ ਦੀ ਰਿਹਾਈ ਦੇ ਕੇਸ ਭੇਜਣ ਦੀ ਪ੍ਰਵਾਨਗੀ ਦਿੱਤੀ ਹੈ।

### ਸਟੈਂਪ ਡਿਊਟੀ ਤੇ ਫੀਸ 'ਚ ਛੋਟ 15 ਮਈ ਤੱਕ ਵਧੀ

**ਲੁਧਿਆਣਾ** : ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿਚ ਮੰਤਰੀ ਮੰਡਲ ਨੇ ਜ਼ਮੀਨ-ਜਾਇਦਾਦ ਦੀ ਰਜਿਸਟ੍ਰੇਸ਼ਨ ਉਤੇ ਵਸੂਲੀ ਜਾਂਦੀ ਸਟੈਂਪ ਡਿਊਟੀ ਅਤੇ ਫੀਸ ਵਿਚ 2.25 ਫੀਸਦੀ ਛੋਟ ਦੇਣ ਦੇ ਸਮੇਂ ਵਿਚ ਵਾਧਾ ਕਰਦੇ ਹੋਏ ਇਸ ਦੀ ਤਰੀਕ 15 ਮਈ ਤੱਕ ਵਧਾ ਦਿੱਤੀ ਹੈ। ਇਸ ਬਾਰੇ ਫੈਸਲਾ ਸਥਾਨਕ ਸਰਕਟ ਹਾਊਸ ਵਿਖੇ ਮੁੱਖ ਮੰਤਰੀ ਦੀ ਅਗਵਾਈ ਵਿਚ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ। ਜ਼ਿਕਰਯੋਗ ਹੈ ਕਿ ਸੂਬਾ ਸਰਕਾਰ ਨੇ ਇਹ ਸਕੀਮ ਸਭ ਤੋਂ ਪਹਿਲਾਂ 31 ਮਾਰਚ ਤੱਕ ਲਾਗੂ ਕੀਤੀ ਸੀ ਅਤੇ ਲੋਕਾਂ ਦਾ ਵੱਡਾ ਹੁੰਗਾਰਾ ਮਿਲਣ ਪਿੱਛੋਂ ਇਸ ਵਿਚ 30 ਅਪ੍ਰੈਲ ਤੱਕ ਵਾਧਾ ਕੀਤਾ ਗਿਆ ਸੀ ਅਤੇ ਹੁਣ ਇਹ ਤਰੀਕ 15 ਮਈ ਤੱਕ ਵਧਾ ਦਿੱਤੀ ਹੈ।

ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਇਸ ਨਾਲ ਜੂਨੀਅਰ ਲੇਖਾਕਾਰਾਂ ਦੀਆਂ 60, ਇਕ ਸੈਕਸ਼ਨ ਅਫ਼ਸਰ, ਇਕ ਜੂਨੀਅਰ ਸਕੇਲ ਸਟੈਨੋਗ੍ਰਾਫ਼ਰ, ਤਿੰਨ ਸਟੈਨੋ ਟਾਈਪਿਸਟ ਅਤੇ 22 ਕਲਰਕਾਂ ਦੀਆਂ ਖ਼ਾਲੀ ਆਸਾਮੀਆਂ ਉਤੇ ਭਰਤੀ ਲਈ ਰਾਹ ਪੱਧਰਾ ਹੋਵੇਗਾ। ਇਸ ਨਾਲ ਪੰਚਾਇਤੀ ਰਾਜ ਸੰਸਥਾਵਾਂ (ਪੀ.ਆਰ.ਆਈਜ਼), ਸ਼ਹਿਰੀ ਸਥਾਨਕ ਸਰਕਾਰਾਂ (ਯੂ.ਐੱਲ.ਬੀਜ), ਬੱਚਿਆਂ ਲਈ ਫੰਡਾਂ ਤੇ ਯੂਨੀਵਰਸਿਟੀਆਂ ਦੇ ਪ੍ਰੀ ਆਡਿਟ/ਪੋਸਟ ਆਡਿਟ ਦਾ ਕੰਮ ਸੁਚਾਰੂ ਹੋਵੇਗਾ। ਇਸ ਨਾਲ ਸੂਬਾ ਸਰਕਾਰ, ਭਾਰਤ ਸਰਕਾਰ ਦੇ ਵਿੱਤ ਕਮਿਸ਼ਨ ਦੀਆਂ ਗਰਾਂਟਾਂ ਸੁਚਾਰੂ ਤਰੀਕੇ ਤੇ ਆਸਾਨੀ ਨਾਲ ਹਾਸਲ ਕਰਨ ਦੇ ਯੋਗ ਹੋਵੇਗੀ।

ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਤ ਕਰਨ ਲਈ ਕੈਬਨਿਟ ਨੇ ਪੰਜਾਬ ਸਟੇਟ ਸਪੋਰਟਸ (ਗਰੁੱਪ-ਏ,

● ਬਾਕੀ ਸਫ਼ਾ 2 'ਤੇ

### ਪਹਿਲੀ ਦੀ ਛੁੱਟੀ

**ਮੋਹਾਲੀ** : ਪੰਜਾਬ ਸਰਕਾਰ ਨੇ ਪਹਿਲੀ ਮਈ ਨੂੰ ਕੌਮਾਂਤਰੀ ਮਜ਼ਦੂਰ ਦਿਵਸ ਮੌਕੇ ਸਾਰੇ ਸਰਕਾਰੀ ਦਫਤਰਾਂ, ਬੋਰਡਾਂ, ਕਾਰਪੋਰੇਸ਼ਨਾਂ ਤੇ ਸਰਕਾਰੀ ਵਿਦਿਅਕ ਅਦਾਰਿਆਂ 'ਚ ਗਜ਼ਟਿਡ ਛੁੱਟੀ ਕਰਨ ਦਾ ਐਲਾਨ ਕੀਤਾ ਹੈ।

### ਸੂਰਜ ਪੰਚੋਲੀ ਬਰੀ

**ਮੁੰਬਈ** : ਅਦਾਕਾਰਾ ਜੀਆ ਖਾਨ ਦੀ ਖੁਦਕੁਸ਼ੀ ਦੇ ਕਰੀਬ 10 ਸਾਲ ਬਾਅਦ ਸਪੈਸ਼ਲ ਸੀ ਬੀ ਆਈ ਕੋਰਟ ਨੇ ਸ਼ੁੱਕਰਵਾਰ ਜੀਆ ਦੇ ਮਿੱਤਰ ਅਤੇ ਫਿਲਮ ਅਦਾਕਾਰ ਸੂਰਜ ਪੰਚੋਲੀ ਨੂੰ ਖੁਦਕੁਸ਼ੀ ਲਈ ਉਕਸਾਉਣ ਦੇ ਦੋਸ਼ਾਂ ਤੋਂ ਬਰੀ ਕਰ ਦਿੱਤਾ। ਕੋਰਟ ਨੇ ਕਿਹਾ ਕਿ ਸਬੂਤਾਂ ਦੀ ਘਾਟ ਕਾਰਨ ਸੂਰਜ ਨੂੰ ਦੋਸ਼ੀ ਕਰਾਰ ਨਹੀਂ ਦਿੱਤਾ ਜਾ ਸਕਦਾ।

### ਗੁਲਮਰਗ 'ਚ ਬਰਫਬਾਰੀ

**ਸ੍ਰੀਨਗਰ** : ਕਸ਼ਮੀਰ ਦੇ ਗੁਲਮਰਗ ਅਤੇ ਹੋਰ ਉੱਚਾਈ ਵਾਲੇ ਇਲਾਕਿਆਂ 'ਚ ਬਰਫ ਅਤੇ ਮੈਦਾਨੀ ਇਲਾਕਿਆਂ 'ਚ ਮੀਂਹ ਪਿਆ। ਗੁਲਮਰਗ 'ਚ ਕਰੀਬ ਚਾਰ ਇੰਚ ਬਰਫਬਾਰੀ ਹੋਈ ਹੈ। ਸ੍ਰੀਨਗਰ-ਲੇਹ ਰਾਸ਼ਟਰੀ ਰਾਜਮਾਰਗ 'ਤੇ ਜੋਜ਼ਿਲਾ ਪਾਸ ਸਮੇਤ ਵਾਦੀ ਦੇ ਹੋਰ ਉੱਚੇ ਇਲਾਕਿਆਂ 'ਚ ਬਰਫਬਾਰੀ ਦੀਆਂ ਖਬਰਾਂ ਹਨ, ਜਿਸ ਕਾਰਨ ਹਾਈਵੇਅ 'ਤੇ ਆਵਾਜਾਈ ਨੂੰ ਰੋਕ ਦਿੱਤਾ ਗਿਆ ਹੈ।

### ਨਵਲੱਖਾ ਨੂੰ 8 ਲੱਖ ਰੁਪਏ ਖਰਚਾ ਦੇਣ ਦਾ ਨਿਰਦੇਸ਼

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਏਲਗਾਰ ਪ੍ਰੀਸ਼ਦ-ਮਾਓਵਾਦੀ ਸੰਬੰਧਾਂ ਦੇ ਮਾਮਲੇ 'ਚ ਨਜ਼ਰਬੰਦ ਗੌਤਮ ਨਵਲੱਖਾ ਨੂੰ ਉਨ੍ਹਾ ਦੀ ਪੁਲਸ ਸੁਰੱਖਿਆ 'ਤੇ ਹੋਏ ਖਰਚੇ ਲਈ 8 ਲੱਖ ਰੁਪਏ ਜਮ੍ਹਾਂ ਕਰਨ ਦਾ ਨਿਰਦੇਸ਼ ਦਿੱਤਾ ਹੈ। ਸੁਪਰੀਮ ਕੋਰਟ ਨੇ ਪਿਛਲੇ ਸਾਲ ਨਵੰਬਰ 'ਚ ਨਵਲੱਖਾ ਦੀ ਵਿਗੜਦੀ ਸਿਹਤ ਕਾਰਨ ਉਨ੍ਹਾ ਨੂੰ ਘਰ 'ਚ ਨਜ਼ਰਬੰਦ ਕਰਨ ਦੀ ਇਜਾਜ਼ਤ ਦਿੱਤੀ ਸੀ।

### ਸ਼ਿੰਦੇ ਧੜੇ ਦੀ ਪਟੀਸ਼ਨ ਖਾਰਜ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸ਼ਿਵ ਸੈਨਾ ਦੇ ਊਧਵ ਠਾਕਰੇ ਧੜੇ ਦੀ ਸਾਰੀ ਪਾਰਟੀ ਜਾਇਦਾਦ ਨੂੰ ਮੁੱਖ ਮੰਤਰੀ ਏਕਨਾਥ ਸ਼ਿੰਦੇ ਦੀ ਅਗਵਾਈ ਵਾਲੇ ਧੜੇ ਨੂੰ ਤਬਦੀਲ ਕਰਨ ਦੀ ਮੰਗ ਵਾਲੀ ਪਟੀਸ਼ਨ ਨੂੰ ਸ਼ੁੱਕਰਵਾਰ ਖਾਰਜ ਕਰ ਦਿੱਤਾ।

## ਨਫਰਤੀ ਤਕਰੀਰਾਂ ਕਰਨ ਵਾਲਿਆਂ ਖਿਲਾਫ ਤੁਰੰਤ ਕੇਸ ਦਰਜ ਹੋਵੇ : ਸੁਪਰੀਮ ਕੋਰਟ

### ਸ਼ਿਕਾਇਤ ਦੀ ਉਡੀਕ ਨਾ ਕੀਤੀ ਜਾਵੇ, ਢਿੱਲ ਨੂੰ ਤੌਹੀਨ-ਏ-ਅਦਾਲਤ ਮੰਨਿਆ ਜਾਵੇਗਾ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਆਪਣੇ 2022 ਦੇ ਹੁਕਮ ਨੂੰ ਤਿੰਨ ਰਾਜਾਂ ਤੋਂ ਅੱਗੇ ਵਧਾਉਂਦਿਆਂ ਸ਼ੁੱਕਰਵਾਰ ਨਿਰਦੇਸ਼ ਦਿੱਤਾ ਕਿ ਅੱਗੇ ਤੋਂ ਸਾਰੇ ਰਾਜ ਤੇ ਕੇਂਦਰ ਸ਼ਾਸਤ ਪ੍ਰਦੇਸ਼ ਨਫਰਤੀ ਤਕਰੀਰਾਂ ਕਰਨ ਵਾਲਿਆਂ ਖਿਲਾਫ ਕੇਸ ਦਰਜ ਕਰਨ, ਭਾਵੇਂ ਇਸ ਦੀ ਕੋਈ ਸ਼ਿਕਾਇਤ ਕਰੇ ਜਾਂ ਨਾ। ਜਸਟਿਸ ਕੇ ਐੱਮ ਜੋਸਫ ਤੇ ਜਸਟਿਸ ਬੀ ਵੀ ਨਾਗਰਤਨਾ ਦੀ ਬੈਂਚ ਨੇ ਨਫਰਤੀ ਤਕਰੀਰਾਂ ਨੂੰ ਦੇਸ਼ ਦੇ ਸੈਕੂਲਰ ਤਾਣੇ-ਬਾਣੇ ਉੱਤੇ ਅਸਰ ਕਰਨ ਵਾਲਾ ਗੰਭੀਰ ਅਪਰਾਧ ਕਰਾਰ ਦਿੱਤਾ।

ਬੈਂਚ ਨੇ ਕਿਹਾ ਕਿ ਉਸ ਦਾ 21 ਅਕਤੂਬਰ 2022 ਦਾ ਹੁਕਮ ਹਰ ਧਰਮ ਦੇ ਵਿਅਕਤੀ ਵੱਲੋਂ ਕੀਤੀ ਜਾਂਦੀ ਨਫਰਤੀ ਤਕਰੀਰ 'ਤੇ ਲਾਗੂ ਹੋਵੇਗਾ ਤੇ ਕੇਸ ਦਰਜ ਕਰਨ 'ਚ ਦੇਰੀ ਅਦਾਲਤ ਦੀ ਤੌਹੀਨ ਮੰਨੀ ਜਾਵੇਗੀ। ਸੁਪਰੀਮ ਕੋਰਟ ਨੇ ਨਫਰਤੀ ਤਕਰੀਰਾਂ ਨੂੰ ਧਰਮ ਨਿਰਪੱਖ ਦੇਸ਼ ਲਈ ਮਾਰੂ ਕਰਾਰ ਦਿੰਦਿਆਂ ਯੂ ਪੀ, ਦਿੱਲੀ ਤੇ ਉੱਤਰਾਖੰਡ ਨੂੰ ਅਜਿਹੇ ਵਿਅਕਤੀਆਂ ਖਿਲਾਫ ਸਖਤੀ ਕਰਨ ਵਾਲੇ ਆਪਣੇ ਪਹਿਲੇ ਹੁਕਮ ਵਿਚ ਕਿਹਾ ਸੀ—ਧਰਮ ਦੇ ਨਾਂਅ 'ਤੇ ਅਸੀਂ ਕਿੱਥੇ ਪਹੁੰਚ ਗਏ ਹਾਂ?

ਭਾਰਤ ਦੇ ਸੰਵਿਧਾਨ ਨੂੰ ਧਰਮ ਨਿਰਪੱਖ ਦੱਸਦਿਆਂ ਸੁਪਰੀਮ ਕੋਰਟ ਨੇ ਯੂ ਪੀ, ਦਿੱਲੀ ਤੇ ਉੱਤਰਾਖੰਡ ਨੂੰ ਨਫਰਤੀ ਤਕਰੀਰਾਂ ਕਰਨ ਵਾਲਿਆਂ ਖਿਲਾਫ ਸ਼ਿਕਾਇਤ ਉਡੀਕੇ ਬਿਨਾਂ ਤੁਰੰਤ ਫੌਜਦਾਰੀ ਕੇਸ ਦਰਜ ਕਰਨ ਦਾ ਹੁਕਮ ਦਿੱਤਾ ਸੀ।

ਸ਼ੁੱਕਰਵਾਰ ਬੈਂਚ ਨੇ ਕਿਹਾ—ਜੱਜ ਗੈਰ-ਸਿਆਸੀ ਹਨ ਤੇ ਕਿਸੇ ਪਾਰਟੀ ਬਾਰੇ ਨਹੀਂ ਸੋਚਦੇ ਅਤੇ ਉਨ੍ਹਾਂ ਦੇ ਮਨ ਵਿਚ ਸਿਰਫ ਭਾਰਤ ਦਾ ਸੰਵਿਧਾਨ ਹੈ। ਕੋਰਟ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿਚ ਕੀਤੀਆਂ ਗਈਆਂ ਨਫਰਤੀ ਤਕਰੀਰਾਂ ਖਿਲਾਫ ਪਟੀਸ਼ਨਾਂ ਦੀ ਸੁਣਵਾਈ ਲੋਕਾਂ ਦੇ ਵਡੇਰੇ ਹਿੱਤਾਂ ਤੇ ਕਾਨੂੰਨ ਦੇ ਰਾਜ ਦੀ ਯਕੀਨੀ ਸਥਾਪਨਾ ਲਈ ਸੁਣ ਰਹੀ ਹੈ।

ਕੋਰਟ ਨੇ ਪਹਿਲਾ ਹੁਕਮ ਪੱਤਰਕਾਰ ਸ਼ਾਹੀਨ ਅਬਦੁੱਲਾ ਦੀ ਅਰਜ਼ੀ 'ਤੇ ਦਿੱਤਾ ਸੀ, ਜਿਸ ਨੇ ਦਿੱਲੀ, ਯੂ ਪੀ ਤੇ ਉੱਤਰਾਖੰਡ ਨੂੰ ਨਫਰਤੀ ਤਕਰੀਰਾਂ ਕਰਨ ਵਾਲਿਆਂ ਖਿਲਾਫ ਕੇਸ ਦਰਜ ਕਰਨ ਦੀ ਹਦਾਇਤ ਦੇਣ ਦੀ ਮੰਗ ਕੀਤੀ ਸੀ। ਅਬਦੁੱਲਾ ਨੇ ਸੁਪਰੀਮ ਕੋਰਟ 'ਚ ਦੁਬਾਰਾ ਅਰਜ਼ੀ ਦੇ ਕੇ ਮੰਗ ਕੀਤੀ ਕਿ ਹੁਕਮ ਦਾ ਘੇਰਾ ਪੂਰੇ ਦੇਸ਼ ਤੱਕ ਕਰ ਦਿੱਤਾ ਜਾਵੇ।

## ਬਾਦਲਾਂ ਖਿਲਾਫ ਸੰਮਨਿੰਗ ਆਰਡਰ ਸੁਪਰੀਮ ਕੋਰਟ ਵੱਲੋਂ ਰੱਦ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਸੁਪਰੀਮ ਕੋਰਟ ਨੇ ਸ਼ੁੱਕਰਵਾਰ ਸ਼੍ਰੋਮਣੀ ਅਕਾਲੀ ਦਲ ਨੂੰ ਫਰਜ਼ੀ ਸੰਵਿਧਾਨ ਮਾਮਲੇ 'ਚ ਸਾਬਕਾ ਮੁੱਖ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸਰਪ੍ਰਸਤ ਮਰਹੂਮ ਪ੍ਰਕਾਸ਼ ਸਿੰਘ ਬਾਦਲ, ਸੁਖਬੀਰ ਸਿੰਘ ਬਾਦਲ ਅਤੇ ਡਾ. ਦਲਜੀਤ ਸਿੰਘ ਚੀਮਾ ਦੇ ਖਿਲਾਫ ਹੁਸ਼ਿਆਰਪੁਰ ਦੀ ਇੱਕ ਅਦਾਲਤ ਵੱਲੋਂ ਜਾਰੀ ਸੰਮਨਿੰਗ ਆਰਡਰ ਖਾਰਜ ਕਰ ਦਿੱਤੇ। ਹੁਸ਼ਿਆਰਪੁਰ ਦੇ ਸੋਸ਼ਲਿਸਟ ਪਾਰਟੀ ਆਫ ਇੰਡੀਆ ਦੇ ਆਗੂ ਬਲਵੰਤ ਸਿੰਘ ਖੇੜਾ ਅਤੇ ਓਮ ਸਿੰਘ ਸਟਿਆਣਾ ਨੇ ਹੁਸ਼ਿਆਰਪੁਰ ਦੀ ਅਦਾਲਤ 'ਚ ਉਕਤ ਆਗੂਆਂ ਖਿਲਾਫ ਅਪਰਾਧਕ ਮਾਮਲਾ ਦਾਇਰ ਕਰਦਿਆਂ ਇਹ ਦੋਸ਼ ਲਗਾਇਆ ਸੀ ਕਿ ਸ਼੍ਰੋਮਣੀ ਅਕਾਲੀ ਦਲ ਨੇ ਆਪਣੇ ਫਰਜ਼ੀ ਸੰਵਿਧਾਨ ਬਣਾ ਕੇ ਇੱਕ ਸੰਵਿਧਾਨ ਭਾਰਤ ਦੇ ਚੋਣ ਕਮਿਸ਼ਨ ਨੂੰ ਦਿੱਤਾ ਤੇ ਸ਼੍ਰੋਮਣੀ ਕਮੇਟੀ ਚੋਣਾਂ ਲੜਨ ਲਈ ਇੱਕ ਵੱਖਰਾ ਸੰਵਿਧਾਨ ਬਣਾਇਆ। ਇਸ ਕੇਸ ਵਿੱਚ ਹਸ਼ਿਆਰਪੁਰ ਦੀ ਅਦਾਲਤ ਨੇ ਮਰਹੂਮ ਪ੍ਰਕਾਸ਼ ਸਿੰਘ ਬਾਦਲ, ਸੁਖਬੀਰ ਸਿੰਘ ਬਾਦਲ ਤੇ ਦਲਜੀਤ ਸਿੰਘ ਚੀਮਾ ਨੂੰ ਸੰਮਨ ਕਰਕੇ ਅਦਾਲਤ 'ਚ ਤਲਬ ਕਰ ਲਿਆ ਸੀ, ਜਿਸ 'ਤੇ ਅਕਾਲੀ ਦਲ ਨੇ ਇਨ੍ਹਾਂ ਸੰਮਨਿੰਗ ਆਰਡਰਾਂ ਖਿਲਾਫ ਸੈਸ਼ਨ ਕੋਰਟ ਦੀ ਅਦਾਲਤ ਵਿੱਚ ਰੀਵਿਊ ਪਾਉਣ ਦੀ ਬਜਾਏ ਸਿੱਧਾ ਹਾਈਕੋਰਟ ਵਿੱਚ ਸੀ ਪੀ ਆਰ ਸੀ ਦੀ ਧਾਰਾ 482 ਦੇ ਤਹਿਤ ਚੈਲੰਜ ਕਰ ਦਿੱਤਾ ਸੀ। ਹਾਈਕੋਰਟ ਨੇ ਅਕਾਲੀ ਦਲ ਦੀ ਅਪੀਲ ਨੂੰ ਡਿਸਮਿਸ ਕਰ ਦਿੱਤਾ ਸੀ। ਫਿਰ ਅਕਾਲੀ ਆਗੂ ਸੁਪਰੀਮ ਕੋਰਟ ਪਹੁੰਚ ਗਏ, ਜਿੱਥੇ ਸ਼ੁੱਕਰਵਾਰ ਨੂੰ ਸੁਪਰੀਮ ਕੋਰਟ ਦੇ ਜਸਟਿਸ ਐੱਮ ਆਰ ਸ਼ਾਹ ਅਤੇ ਜਸਟਿਸ ਜੇ ਬੀ ਪਾਰਦੀਵਾਲਾ ਨੇ ਹੇਠਲੀ ਅਦਾਲਤ ਦੇ ਸੰਮਨਿੰਗ ਆਰਡਰਾਂ ਨੂੰ ਖਾਰਜ ਕਰ ਦਿੱਤਾ। ਸੁਪਰੀਮ ਕੋਰਟ ਨੇ ਕਿਹਾ ਕਿ ਇਨ੍ਹਾਂ ਆਰਡਰਾਂ ਦੀ ਕੋਈ ਵਜ੍ਹਾ ਨਹੀਂ ਬਣਦੀ ਹੈ ਅਤੇ ਕਿਹਾ ਕਿ ਕਿਸੇ ਦੇ ਧਾਰਮਕ ਹੋਣ ਨੂੰ ਸੈਕੂਲਰ ਨਾ ਹੋਣਾ

● ਬਾਕੀ ਸਫ਼ਾ 2 'ਤੇ

### ਰੀਵਿਊ ਪਟੀਸ਼ਨ ਦਾਇਰ ਕਰਾਂਗੇ : ਖੇੜਾ

ਸੋਸ਼ਲਿਸ਼ਟ ਪਾਰਟੀ ਦੇ ਬਜ਼ੁਰਗ ਆਗੂ ਅਤੇ ਮਾਲਟਾ ਬੋਟ ਕਮਿਸ਼ਨ ਦੇ ਚੇਅਰਮੈਨ ਬਲਵੰਤ ਸਿੰਘ ਖੇੜਾ ਨੇ ਹੁਸ਼ਿਆਰਪੁਰ 'ਚ ਮੀਡੀਆ ਦੇ ਰੂਬਰੂ ਹੁੰਦਿਆਂ ਦੱਸਿਆ ਕਿ ਸੋਸ਼ਲਿਸ਼ਟ ਪਾਰਟੀ ਨੇ ਫੈਸਲਾ ਕੀਤਾ ਹੈ ਕਿ ਸ਼ੁੱਕਰਵਾਰ ਨੂੰ ਸੁਪਰੀਮ ਕੋਰਟ ਵੱਲੋਂ ਦਿੱਤੇ ਹੁਕਮਾਂ ਖਿਲਾਫ ਚੀਫ ਜਸਟਿਸ ਸਾਹਮਣੇ ਰੀਵਿਊ ਪਟੀਸ਼ਨ ਦਾਇਰ ਕੀਤੀ ਜਾਵੇਗੀ ਕਿਉਂਕਿ ਹੁਸ਼ਿਆਰਪੁਰ ਦੀ ਮਾਣਯੋਗ ਅਦਾਲਤ ਅਤੇ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਪਹਿਲਾਂ ਹੀ ਢੁਕਵੀਆਂ ਸੰਵਿਧਾਨਕ ਦਲੀਲਾਂ ਦੇ ਅਧਾਰ 'ਤੇ ਉਕਤ ਫੈਸਲੇ ਕੀਤੇ ਗਏ ਸਨ ਜੋ ਨਿਰਾਧਾਰ ਨਹੀਂ ਹਨ। ਇਸ ਲਈ ਸਾਨੂੰ ਯਕੀਨ ਹੈ ਕਿ ਨਿਆਂ ਜ਼ਰੂਰ ਮਿਲੇਗਾ।

## ਮਿੰਨੀ ਬੱਸ ਨਹਿਰ 'ਚ ਡਿੱਗੀ



**ਬਠਿੰਡਾ** : ਸ਼ੁੱਕਰਵਾਰ ਸਵੇਰੇ 9.30 ਵਜੇ ਦੇ ਕਰੀਬ ਬਠਿੰਡਾ ਤੋਂ ਨਥਾਣਾ ਜਾ ਰਹੀ ਮਿੰਨੀ ਬੱਸ ਸਟੇਅਰਿੰਗ ਫੇਲ੍ਹ ਹੋਣ ਕਾਰਨ ਸਰਹਿੰਦ ਨਹਿਰ 'ਚ ਜਾ ਡਿੱਗੀ। ਬੱਸ 'ਚ 8 ਕੁ ਸਵਾਰੀਆਂ ਸਨ, ਜਿਨ੍ਹਾਂ ਦੇ ਸੱਟਾਂ ਵੱਜੀਆਂ, ਪਰ ਜਾਨੀ ਨੁਕਸਾਨ ਤੋਂ ਬਚਾਅ ਹੋ ਗਿਆ। ਬੱਸ ਬਠਿੰਡਾ ਤੋਂ ਵਾਇਆ ਗੋਬਿੰਦਪੁਰਾ ਨਥਾਣਾ ਰਾਮਪੁਰਾ ਫੂਲ ਜਾ ਰਹੀ ਸੀ।

## ਅੱਠਵੀਂ 'ਚ ਪਹਿਲੇ ਦੋ ਸਥਾਨ ਬੁਢਲਾਡਾ ਸਕੂਲ ਦੀਆਂ ਕੁੜੀਆਂ ਦੇ ਨਾਂਅ

**ਐੱਸ ਏ ਐੱਸ ਨਗਰ (ਗੁਰਜੀਤ ਬਿੱਲਾ)**

ਪੰਜਾਬ ਸਕੂਲ ਸਿੱਖਿਆ ਬੋਰਡ ਨੇ ਅੱਠਵੀਂ ਸ਼੍ਰੇਣੀ ਦਾ ਨਤੀਜਾ ਸ਼ੁੱਕਰਵਾਰ ਐਲਾਨ ਦਿੱਤਾ। ਇਸ ਸਾਲ ਕੁੱਲ 298127 ਪ੍ਰੀਖਿਆਰਥੀ ਹਾਜ਼ਰ ਹੋਏ, ਜਿਨ੍ਹਾਂ ਵਿੱਚੋਂ 292206 ਪ੍ਰੀਖਿਆਰਥੀ ਪਾਸ ਹੋਏ ਹਨ ਅਤੇ ਨਤੀਜੇ ਦੀ ਪਾਸ ਪ੍ਰਤੀਸ਼ਤਤਾ 98.01 ਰਹੀ ਹੈ।

ਮੋਹਰੀਆਂ ਵਿੱਚੋਂ ਪਹਿਲਾ ਸਥਾਨ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਬੁਢਲਾਡਾ ਜ਼ਿਲ੍ਹਾ ਮਾਨਸਾ ਦੀ ਵਿਦਿਆਰਥਣ ਲਵਪ੍ਰੀਤ ਕੌਰ ਪੁੱਤਰੀ ਕੁਲਵਿੰਦਰ ਸਿੰਘ ਨੇ ਸ਼ਤ ਪ੍ਰਤੀਸ਼ਤ ਅੰਕ ਲੈ ਕੇ ਪ੍ਰਾਪਤ ਕੀਤਾ।

ਇਸੇ ਸਕੂਲ ਦੀ ਵਿਦਿਆਰਥਣ ਗੁਰਅੰਕਿਤ ਕੌਰ ਪੁੱਤਰੀ ਸੁਖਵਿੰਦਰ ਸਿੰਘ ਵੀ 100 ਪ੍ਰਤੀਸ਼ਤ ਅੰਕਾਂ ਨਾਲ ਦੂਸਰੇ ਸਥਾਨ 'ਤੇ ਰਹੀ ਅਤੇ 99.67 ਅੰਕ ਲੈ ਕੇ ਤੀਸਰਾ ਸਥਾਨ ਸਮਰਪ੍ਰੀਤ ਕੌਰ ਪੁੱਤਰੀ ਜਗਦੇਵ ਸਿੰਘ, ਜੋ ਗੁਰੂ ਨਾਨਕ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬੱਸੀਆਂ ਜ਼ਿਲ੍ਹਾ ਲੁਧਿਆਣਾ ਦੀ ਵਿਦਿਆਰਥਣ ਹੈ, ਨੇ ਪ੍ਰਾਪਤ ਕੀਤਾ।

ਜੇ ਆਰ ਮਹਿਰੋਕ ਕੰਟਰੋਲਰ ਪ੍ਰੀਖਿਆਵਾਂ ਮੁਤਾਬਕ ਜਿਹੜੇ ਪ੍ਰੀਖਿਆਰਥੀ ਇਸ ਪ੍ਰੀਖਿਆ ਵਿੱਚੋਂ ਪਾਸ ਨਹੀਂ ਹੋ ਸਕੇ, ਉਹਨਾਂ ਲਈ ਦੋ ਮਹੀਨੇ ਤੱਕ ਸਪਲੀਮੈਂਟਰੀ ਪ੍ਰੀਖਿਆ ਕਰਵਾਈ ਜਾਵੇਗੀ। ਇਸ ਸਪਲੀਮੈਂਟਰੀ ਪ੍ਰੀਖਿਆ ਲਈ ਪ੍ਰੀਖਿਆਰਥੀ ਵੱਖਰੇ ਤੌਰ 'ਤੇ ਫ਼ਾਰਮ ਭਰਨਗੇ। ਇਸ ਸਪਲੀਮੈਂਟਰੀ ਪ੍ਰੀਖਿਆ ਦੀਆਂ ਮਿਤੀਆਂ ਸੰਬੰਧੀ ਸਕੂਲਾਂ ਦੀ ਲਾਗ-ਇਨ ਆਈ.ਡੀ ਅਤੇ ਵੱਖ-ਵੱਖ ਅਖ਼ਬਾਰਾਂ ਰਾਹੀਂ ਸੂਚਿਤ ਕੀਤਾ ਜਾਵੇਗਾ। ਕੰਟਰੋਲਰ ਪ੍ਰੀਖਿਆਵਾਂ ਨੇ ਇਹ ਵੀ ਕਿਹਾ ਕਿ ਅੱਠਵੀਂ ਸ਼੍ਰੇਣੀ ਦੀ ਇਸ ਪ੍ਰੀਖਿਆ ਵਿੱਚ ਅਸਫ਼ਲ ਰਹਿਣ ਵਾਲੇ ਪ੍ਰੀਖਿਆਰਥੀ ਆਰਜ਼ੀ ਤੌਰ ਤੇ ਨੌਂਵੀਂ ਸ਼੍ਰੇਣੀ ਵਿੱਚ ਦਾਖਲਾ ਲੈ ਸਕਦੇ ਹਨ। ਸਪਲੀਮੈਂਟਰੀ ਪ੍ਰੀਖਿਆ ਵਿੱਚ ਜਿਹੜੇ ਪ੍ਰੀਖਿਆਰਥੀ ਪਾਸ ਹੋ ਜਾਣਗੇ, ਉਹਨਾਂ ਦਾ ਨਤੀਜਾ 'ਪ੍ਰਮੋਟਿਡ' ਅਤੇ ਅਸਫ਼ਲ ਪ੍ਰੀਖਿਆਰਥੀਆਂ ਦਾ ਨਤੀਜਾ 'ਨਾਟ ਪ੍ਰਮੋਟਿਡ' ਐਲਾਨਿਆ ਜਾਵੇਗਾ, ਭਾਵ ਉਹ ਦੁਬਾਰਾ ਅੱਠਵੀਂ ਸ਼੍ਰੇਣੀ ਵਿੱਚ ਹੀ ਦਾਖਲੇ ਦੇ ਯੋਗ ਹੋਣਗੇ। ਨਤੀਜੇ ਸੰਬੰਧੀ ਪੂਰੇ ਵੇਰਵੇ ਅਤੇ ਨਤੀਜਾ 29 ਅਪਰੈਲ ਸ਼ਨੀਵਾਰ ਨੂੰ ਸਵੇਰੇ 10 ਵਜੇ ਤੋਂ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਵੈੱਬਸਾਈਟ 'ਤੇ ਉਪਲੱਬਧ ਹੋਵੇਗਾ। ਨਤੀਜੇ ਸੰਬੰਧੀ ਇਹ ਵੇਰਵੇ ਕੇਵਲ ਵਿਦਿਆਰਥੀਆਂ ਦੀ ਸੂਚਨਾ ਹਿੱਤ ਹੋਣਗੇ।

### ਰਾਣੇ ਦਾ ਭਤੀਜਾ ਆਪ 'ਚ



**ਜਲੰਧਰ (ਸ਼ੈਲੀ)**-ਰਾਣਾ ਗੁਰਜੀਤ ਸਿੰਘ ਦੇ ਭਤੀਜੇ ਹਰਦੀਪ ਸਿੰਘ ਰਾਣਾ ਸ਼ੁੱਕਰਵਾਰ 'ਆਪ' ਵਿਚ ਸ਼ਾਮਲ ਹੋ ਗਏ। ਮੁੱਖ ਮੰਤਰੀ ਭਗਵੰਤ ਮਾਨ ਨੇ ਉਨ੍ਹਾ ਦਾ ਸਵਾਗਤ ਕੀਤਾ।

### ਪੈਸੇ ਵੰਡਣ ਦਾ ਦੋਸ਼

**ਲੁਧਿਆਣਾ** : ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਜਲੰਧਰ ਤੋਂ ਵੀਡੀਓ ਸਾਹਮਣੇ ਆਈ ਹੈ, ਜਿਸ 'ਚ ਕਾਂਗਰਸ ਦੇ ਚੋਣ ਇੰਚਾਰਜ ਵੋਟਾਂ ਲਈ ਲੋਕਾਂ ਨੂੰ ਪੈਸੇ ਵੰਡ ਰਹੇ ਹਨ। ਇਸ ਸੰਬੰਧੀ ਚੋਣ ਕਮਿਸ਼ਨ ਨੂੰ ਸ਼ਿਕਾਇਤ ਕੀਤੀ ਜਾ ਰਹੀ ਹੈ। ਲੋਕਾਂ ਨੂੰ ਖਰੀਦਣ ਦੀ ਕੋਸ਼ਿਸ਼ ਕਰਨ ਵਾਲਿਆਂ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਉਹ ਸ਼ਹੀਦਾਂ ਦਾ ਅਪਮਾਨ ਕਰ ਰਹੇ ਹਨ।

## ਗਾਇਕਾਂ, ਗੈਂਗਸਟਰਾਂ ਤੇ ਟਰੈਵਲ ਏਜੰਟਾਂ ਦਾ ਗਰੋਹ ਬੇਨਕਾਬ, 8 ਗ੍ਰਿਫਤਾਰ

**ਚੰਡੀਗੜ੍ਹ** : ਪੰਜਾਬ 'ਚ ਪੰਜਾਬੀ ਗਾਇਕਾਂ, ਗੈਂਗਸਟਰਾਂ ਅਤੇ ਟਰੈਵਲ ਏਜੰਟਾਂ ਦੇ ਗਠਜੋੜ 'ਤੇ ਵੱਡੀ ਕਾਰਵਾਈ ਕਰਦਿਆਂ ਗਾਇਕ ਕਰਨ ਔਜਲਾ ਦੇ ਸਾਥੀ ਸੁਖਜਿੰਦਰ ਸਿੰਘ ਉਰਫ ਸ਼ਾਰਪੀ ਘੁੰਮਣ, ਓਂਕਾਰ ਸਿੰਘ ਤੇ ਪ੍ਰਭਜੋਤ ਸਿੰਘ ਤੇ ਪੰਜ ਹੋਰਨਾਂ ਨੂੰ ਏ ਜੀ ਟੀ ਐੱਫ ਨੇ ਗ੍ਰਿਫਤਾਰ ਕਰ ਲਿਆ ਹੈ। ਏ ਜੀ ਟੀ ਐੱਫ ਦੇ ਸੂਤਰਾਂ ਨੇ ਦੱਸਿਆ ਕਿ ਰਾਜ ਦੀ ਅਪਰਾਧ ਸ਼ਾਖਾ ਕੋਲ ਐੱਫ ਆਈ ਆਰ ਦਰਜ ਕੀਤੀ ਗਈ ਹੈ ਅਤੇ 8 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਟਰੈਵਲ ਏਜੰਟ ਹਨ। ਸਭ ਦੀ ਭੂਮਿਕਾ ਦੀ ਜਾਂਚ ਕੀਤੀ ਜਾ ਰਹੀ ਹੈ।

ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਇਹ ਗ੍ਰੋਹ ਪੰਜਾਬ ਅਤੇ ਹੋਰਨਾਂ ਰਾਜਾਂ ਦੇ ਗੈਂਗਸਟਰਾਂ/ਅਪਰਾਧੀਆਂ ਲਈ ਜਾਅਲੀ ਪਾਸਪੋਰਟ ਬਣਾਉਣ ਅਤੇ ਉਨ੍ਹਾਂ ਨੂੰ ਦੇਸ਼ ਦੇ ਕਾਨੂੰਨ ਤੋਂ ਭੱਜਣ 'ਚ ਮਦਦ ਕਰਨ 'ਚ ਸਰਗਰਮ ਸੀ। ਗ੍ਰੋਹ ਦੇ ਦਿੱਲੀ, ਕੋਲਕਾਤਾ, ਗੁਜਰਾਤ ਅਤੇ ਮਹਾਰਾਸ਼ਟਰ 'ਚ ਸੰਬੰਧ ਸਨ। ਗੈਂਗਸਟਰਾਂ ਦੇ ਕਬਜ਼ੇ 'ਚੋਂ ਫਰਜ਼ੀ ਪਾਸਪੋਰਟ ਬਰਾਮਦ ਹੋਏ ਹਨ। ਪੰਜ ਹੋਰ ਸਾਥੀਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ, ਐੱਫ ਆਈ ਆਰ ਦਰਜ ਕਰ ਲਈ ਗਈ ਹੈ ਅਤੇ ਅਗਲੇਰੀ ਜਾਂਚ ਜਾਰੀ ਹੈ।



ਓਂਕਾਰ ਸਿੰਘ, ਪ੍ਰਭਜੋਤ ਸਿੰਘ ਤੇ ਸੁਖਜਿੰਦਰ ਸਿੰਘ

### ਵਿਸ਼ੇਸ਼ ਸਪਲੀਮੈਂਟ



ਸ਼ਹਿਰ **ਜ਼ੀਰਾ** ਤੋਂ ਮਈ ਦਿਵਸ 'ਤੇ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਨਰਿੰਦਰ ਕੁਮਾਰ** ਨਾਲ ਮੋਬਾਇਲ **98725-09949** 'ਤੇ ਸੰਪਰਕ ਕਰੋ।



**ਧੂਰੀ** ਤੋਂ ਮਈ ਦਿਵਸ ਮੌਕੇ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਸੁਖਦੇਵ ਧੂਰੀ** ਨਾਲ ਮੋਬਾਇਲ **95920-85886** 'ਤੇ ਸੰਪਰਕ ਕਰੋ।

-ਜਨਰਲ ਮੈਨੇਜਰ

### ਈਰਾਨ ਨੇ ਭਾਰਤੀ ਚਾਲਕ ਦਲ ਵਾਲਾ ਤੇਲ ਟੈਂਕਰ ਫੜਿਆ

**ਦੁਬਈ** : ਈਰਾਨ ਦੇ ਪ੍ਰਮਾਣੂ ਪ੍ਰੋਗਰਾਮ ਕਾਰਨ ਵਿਆਪਕ ਤਣਾਅ ਦਰਮਿਆਨ ਈਰਾਨ ਦੀ ਜਲ ਸੈਨਾ ਨੇ ਓਮਾਨ ਦੀ ਖਾੜੀ 'ਚ ਅਮਰੀਕਾ ਵੱਲ ਜਾ ਰਹੇ ਮਾਰਸ਼ਲ ਟਾਪੂ ਦੇ ਝੰਡੇ ਵਾਲੇ ਤੇਲ ਟੈਂਕਰ ਨੂੰ ਜ਼ਬਤ ਕਰ ਲਿਆ। ਇਸ ਤੇਲ ਟੈਂਕਰ ਦੇ ਸਾਰੇ 24 ਚਾਲਕ ਦਲ ਦੇ ਮੈਂਬਰ ਭਾਰਤੀ ਨਾਗਰਿਕ ਹਨ। ਅਮਰੀਕੀ ਜਲ ਸੈਨਾ ਦੀ ਪੱਛਮੀ ਏਸ਼ੀਆ ਸਥਿਤ ਪੰਜਵੀਂ ਫਲੀਟ ਨੇ ਈਰਾਨ ਵੱਲੋਂ ਜ਼ਬਤ ਕੀਤੇ ਗਏ ਤੇਲ ਟੈਂਕਰ ਦੀ ਪਛਾਣ 'ਐਡਵਾਂਟੇਜ ਸਵੀਟ' ਵਜੋਂ ਕੀਤੀ ਹੈ।

## ਸਰਹਿੰਦ ਤੋਂ ਲਾਪਤਾ ਹੋਏ ਨਬਾਲਗ ਲੜਕੇ ਦੀ ਲਾਸ਼ ਨਹਿਰ 'ਚੋਂ ਮਿਲੀ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-4 ਦਿਨ ਪਹਿਲਾਂ ਸਰਹਿੰਦ ਤੋਂ ਲਾਪਤਾ ਹੋਏ 11ਵੀਂ ਜਮਾਤ ਦੇ ਵਿਦਿਆਰਥੀ ਅਰਮਾਨਦੀਪ ਸਿੰਘ (15) ਦੀ ਲਾਸ਼ ਘਨੌਰ ਥਾਣੇ ਦੀ ਹੱਦ 'ਚ ਪੈਂਦੇ ਪਿੰਡ ਸਰਾਲਾ ਕਲਾਂ ਨੇੜਿਓਂ ਲੰਘਦੀ ਨਹਿਰ 'ਚੋਂ ਮਿਲਣ ਦਾ ਸਮਾਚਾਰ ਹੈ। ਸਿਵਲ ਹਸਪਤਾਲ ਵਿਖੇ ਮ੍ਰਿਤਕ ਦੀ ਲਾਸ਼ ਦਾ ਪੋਸਟਮਾਰਟਮ ਕਰਾਉਣ ਪਹੁੰਚੇ ਥਾਣਾ ਸਰਹਿੰਦ ਦੇ ਸਹਾਇਕ ਥਾਣੇਦਾਰ ਬਲਵੀਰ ਸਿੰਘ ਨੇ ਦੱਸਿਆ ਕਿ ਅਰਮਾਨਦੀਪ ਸਿੰਘ 24 ਅਪ੍ਰੈਲ ਦੀ ਸ਼ਾਮ ਨੂੰ ਘਰੋਂ ਜਿੰਮ 'ਚ ਕਸਰਤ ਕਰਨ ਲਈ ਗਿਆ ਸੀ, ਦੇ ਜਦੋਂ ਉਹ ਰਾਤ ਨੂੰ ਘਰ ਵਾਪਸ ਨਾ ਮੁੜਿਆ ਤਾਂ ਉਸਦੀ ਭਾਲ ਸ਼ੁਰੂ ਕੀਤੀ ਗਈ, ਜਿਸ ਦੌਰਾਨ ਉਸਦਾ ਮੋਟਰਸਾਈਕਲ ਪਿੰਡ ਤਰਖਾਨਮਾਜਰਾ ਨੇੜਿਓਂ ਲੰਘਦੀ ਭਾਖੜਾ ਨਹਿਰ ਦੀ ਪਟੜੀ 'ਤੇ ਖੜਾ ਮਿਲਿਆ, ਜਿਸ ਤੋਂ ਬਾਅਦ ਗੋਤਾਖੋਰਾਂ ਦੀ ਮੱਦਦ ਨਾਲ ਕੀਤੀ ਜਾ ਰਹੀ ਭਾਲ ਦੌਰਾਨ ਅਰਮਾਨਦੀਪ ਸਿੰਘ ਦੀ ਲਾਸ਼ ਸਰਾਲਾ ਕਲਾਂ ਨੇੜਿਓਂ ਨਹਿਰ 'ਚੋਂ ਮਿਲੀ। ਉਨ੍ਹਾਂ ਦੱਸਿਆ ਕਿ ਮ੍ਰਿਤਕ ਦੇ ਪਿਤਾ ਨੇ ਬਿਆਨ ਦਿੱਤੇ ਹਨ ਕਿ ਅਰਮਾਨਦੀਪ ਸਿੰਘ ਦੀ ਮੌਤ ਸਬੰਧੀ ਉਨ੍ਹਾਂ ਨੂੰ ਕਿਸੇ 'ਤੇ ਕੋਈ ਸ਼ੱਕ ਨਹੀਂ, ਜਿਸ 'ਤੇ ਪੋਸਟਮਾਰਟਮ ਕਰਾਉਣ ਉਪਰੰਤ ਲਾਸ਼ ਨੂੰ ਵਾਰਿਸਾਂ ਹਵਾਲੇ ਕਰ ਦਿੱਤਾ ਜਾਵੇਗਾ।

### ਵਕੀਲ ਦਾ ਰਿਮਾਂਡ

**ਰੋਪੜ (ਬਿੰਦਰਾ)**-ਗੁਰਦੁਆਰਾ ਕੋਤਵਾਲੀ ਸਾਹਿਬ ਮੋਰਿੰਡਾ ਵਿਚ ਪਾਠੀਆਂ 'ਤੇ ਹਮਲਾ ਕਰਨ ਵਾਲੇ ਜਸਬੀਰ ਸਿੰਘ 'ਤੇ ਕੋਰਟ ਵਿੱਚ ਕਥਿਤ ਤੌਰ 'ਤੇ ਪਿਸਤੌਲ ਤਾਨਣ ਵਾਲੇ ਵਕੀਲ ਸਾਹਿਲ ਸਿੰਘ ਖੁਰਲ ਨੂੰ ਪੁਲਸ ਨੇ ਬਕਾਇਦਾ ਗ੍ਰਿਫਤਾਰ ਕਰਕੇ ਸ਼ੁੱਕਰਵਾਰ ਅਦਾਲਤ ਵਿੱਚ ਪੇਸ਼ ਕੀਤਾ, ਜਿਥੇ ਅਦਾਲਤ ਨੇ ਉਸ ਨੂੰ 14 ਦਿਨਾਂ ਦੇ ਜੁਡੀਸ਼ੀਅਲ ਰਿਮਾਂਡ 'ਤੇ ਭੇਜ ਦਿੱਤਾ। ਪੁਲਸ ਵੱਲੋਂ ਵਕੀਲ ਤੋਂ ਮਿਲੇ ਰਿਵਾਲਵਰ ਬਾਰੇ ਜਾਂਚ ਕੀਤੀ ਜਾ ਰਹੀ ਹੈ, ਕਿਉਂਕਿ ਵਕੀਲ ਕੋਲ ਕੋਈ ਲਾਇਸੰਸੀ ਰਿਵਾਲਵਰ ਨਹੀਂ ਹੈ।

## ਹਾਦਸਾ ਕਤਲ ਦਾ ਕੇਸ ਨਿਕਲਿਆ!

**ਬਠਿੰਡਾ (ਪਰਮਿੰਦਰਜੀਤ ਸਿੰਘ)**-ਮਲੋਟ ਰੋਡ 'ਤੇ ਸਕੂਟਰੀ 'ਤੇ ਹਾਦਸੇ ਦੌਰਾਨ ਮਾਰੇ ਗਏ ਆਮ ਵਿਅਕਤੀ ਦੇ ਮਾਮਲੇ ਵਿਚ ਬਠਿੰਡਾ ਪੁਲਸ ਵੱਲੋਂ ਵੱਡਾ ਖੁਲਾਸਾ ਕੀਤਾ ਗਿਆ ਹੈ। ਜਾਂਚ ਦੌਰਾਨ ਸਾਹਮਣੇ ਆਇਆ ਕਿ ਸਕੇ ਫੁੱਫੜ ਵੱਲੋਂ ਹੀ ਆਪਸੀ ਤਕਰਾਰ ਦੇ ਚਲਦੇ ਉਸ ਨੂੰ ਮੌਤ ਦੇ ਘਾਟ ਉਤਾਰ ਕੇ ਉਸ ਨੂੰ ਐਕਸੀਡੈਂਟ ਬਣਾਉਣ ਦੀ ਕੋਸ਼ਿਸ਼ ਕੀਤੀ ਗਈ। ਪੁਲਸ ਨੇ ਮੁਲਜ਼ਮਾਂ ਨੂੰ ਕਾਬੂ ਕਰਕੇ ਵਾਰਦਾਤ ਸਮੇਂ ਵਰਤਿਆ ਟਰਾਲਾ ਅਤੇ ਲੋਹੇ ਦੀ ਰਾਡ ਵੀ ਬਰਾਮਦ ਕਰ ਲਈ ਹੈ। ਮਲੋਟ ਰੋਡ 'ਤੇ 9 ਮਾਰਚ ਨੂੰ ਇਕ ਵਿਅਕਤੀ ਦੀ ਲਾਸ਼ ਸਕੂਟਰੀ ਦੇ ਨਾਲ ਬਰਾਮਦ ਹੋਈ ਸੀ। ਪੁਲਸ ਨੇ ਥਾਣਾ ਥਰਮਲ ਵਿਖੇ ਨਾਮਾਲੂਮ ਵਹੀਕਲ ਅਤੇ ਡਰਾਈਵਰ ਖਿਲਾਫ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਸੀ। ਪੋਸਟਮਾਰਟਮ ਦੌਰਾਨ ਸਾਹਮਣੇ ਆਇਆ ਕਿ ਵਿਅਕਤੀ ਦੀ ਮੌਤ ਹਾਦਸੇ ਨਾਲ ਨਹੀਂ, ਸਗੋਂ ਸਿਰ ਵਿਚ ਰਾਡ ਮਾਰਨ ਨਾਲ ਹੋਈ ਹੈ। ਜਾਂਚ 'ਚ ਸਾਹਮਣੇ ਆਇਆ ਕਿ ਮ੍ਰਿਤਕ ਲਖਵੀਰ ਸਿੰਘ ਦਾ ਮੁਲਜ਼ਮ ਅਤੇ ਉਸ ਦੇ ਫੁੱਫੜ ਜਸਵਿੰਦਰ ਸਿੰਘ ਨਾਲ ਤਕਰਾਰ ਚੱਲ ਰਿਹਾ ਸੀ। ਲਖਵੀਰ ਸਿੰਘ ਨੂੰ ਸ਼ੱਕ ਸੀ ਕਿ ਉਸ ਦੀ ਪਤਨੀ ਨਾਲ ਉਸ ਦੇ ਫੁੱਫੜ ਜਸਵਿੰਦਰ ਸਿੰਘ ਦੇ ਸਬੰਧ ਹਨ, ਜਿਸ ਕਰਕੇ ਦੋਹਾਂ ਵਿਚ ਕਈ ਵਾਰ ਤਕਰਾਰ ਵੀ ਹੋਈ ਸੀ। ਇਸ ਦੇ ਚਲਦਿਆਂ ਜਸਵਿੰਦਰ ਸਿੰਘ ਨੇ ਆਪਣੇ ਇਕ ਰਿਸ਼ਤੇਦਾਰ ਜਤਿੰਦਰ ਸਿੰਘ, ਜਿਸ ਪਾਸ ਟਰਾਲੇ ਘੋੜੇ ਹਨ, ਨਾਲ ਮਿਲ ਕੇ ਲਖਵੀਰ ਸਿੰਘ ਨੂੰ ਮਾਰਨ ਦੀ ਸਾਜ਼ਿਸ਼ ਰਚੀ।

### ਅੱਜ-ਨਾਮਾ

ਚੋਣ ਕਰਨਾਟਕ ਦੀ ਜਿੱਦਣ ਦੀ ਸ਼ੁਰੂ ਹੋਈ,
ਨਾਟਕ ਜਾਂਦਾ ਕਰਨਾਟਕ ਵਿੱਚ ਹੋਈ ਬੇਲੀ।
ਵਿਗੜੀ ਲੀਡਰਾਂ ਦੀ ਅਸਲੋਂ ਹੈ ਬੋਲ-ਬਾਣੀ,
ਜਾਂਦੀ ਆ ਚਿੱਕੜ ਵਿੱਚ ਨੱਕ ਡੁਬੋਈ ਬੇਲੀ।
ਪਹਿਲੇ ਗਲਤ ਬੋਲਣ, ਦੂਸਰੇ ਭਿੜਨ ਅੱਗੇ,
ਪਛੜਨਾ ਮੂਲ ਨਾ ਚਾਹੁੰਦਾ ਈ ਕੋਈ ਬੇਲੀ।
ਛੱਟਾ ਇਤਰ ਦਾ ਮਾਰਨ ਨਹੀਂ ਕਦੀ ਲੀਡਰ,
ਜਾਂਵਦੇ ਅੱਕ ਜਿਹਾ ਸਿਰਫ ਆ ਚੋਈ ਬੇਲੀ।
ਨੀਵੀਂਆਂ ਪਾਈ ਜਮਹੂਰੀਅਤ ਹੈ ਰੋਈ ਜਾਂਦੀ,
ਪੁੱਛਣ ਵਾਲਾ ਨਹੀਂ ਉਹਦੀ ਕੋਈ ਸਾਰ ਬੇਲੀ।
ਭੁਲਾਏ ਪਏ ਲੋਕ ਤੇ ਗਾਲ੍ਹਾਂ ਦੀ ਛਿੜੀ ਟੱਕਰ,
ਉਡਾਈ ਆ ਖੇਹ ਜਿਹੀ ਸੱਥ ਵਿਚਕਾਰ ਬੇਲੀ।

-ਤੀਸ ਮਾਰ ਖਾਂ

## ਪਹਿਲਵਾਨਾਂ ਦੇ ਸੰਘਰਸ਼ ਨੂੰ ਸਟਾਰ ਖਿਡਾਰੀਆਂ ਦੀ ਹਮਾਇਤ, ਪ੍ਰਧਾਨ ਖਿਲਾਫ ਐੱਫ ਆਈ ਆਰ

**ਨਵੀਂ ਦਿੱਲੀ** : ਦਿੱਲੀ ਪੁਲਸ ਨੇ ਸੁਪਰੀਮ ਕੋਰਟ ਨੂੰ ਦੱਸਿਆ ਕਿ ਉਸ ਨੇ ਪਹਿਲਵਾਨਾਂ ਦੀ ਜਿਨਸੀ ਸ਼ੋਸ਼ਣ ਦੀ ਸ਼ਿਕਾਇਤ 'ਤੇ ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਬ੍ਰਿਜ ਭੂਸ਼ਣ ਸ਼ਰਣ ਸਿੰਘ ਵਿਰੁੱਧ ਐੱਫ ਆਈ ਆਰ ਦਰਜ ਕਰਨ ਦਾ ਫੈਸਲਾ ਕੀਤਾ ਹੈ। ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਸੁਪਰੀਮ ਕੋਰਟ ਨੂੰ ਦੱਸਿਆ ਕਿ ਅੱਜ (ਸ਼ੁੱਕਰਵਾਰ) ਐੱਫ ਆਈ ਆਰ ਦਰਜ ਕੀਤੀ ਜਾਵੇਗੀ।



ਬ੍ਰਿਜ ਭੂਸ਼ਣ

ਚੀਫ ਜਸਟਿਸ ਡੀ ਵਾਈ ਚੰਦਰਚੂੜ ਅਤੇ ਜਸਟਿਸ ਪੀ ਐੱਸ ਨਰਸਿਮ੍ਹਾ ਦੀ ਬੈਂਚ ਵੱਲੋਂ 7 ਮਹਿਲਾ ਪਹਿਲਵਾਨਾਂ ਦੀ ਜਿਨਸੀ ਸ਼ੋਸ਼ਣ ਦੇ ਦੋਸ਼ਾਂ ਬਾਰੇ ਪਟੀਸ਼ਨ ਦੀ ਸੁਣਵਾਈ ਦੌਰਾਨ ਮਹਿਤਾ ਨੇ ਦਿੱਲੀ ਪੁਲਸ ਦੇ ਫੈਸਲੇ ਦੀ ਜਾਣਕਾਰੀ ਦਿੰਦਿਆਂ ਕਿਹਾ ਕਿ ਹੁਣ ਇਸ ਪਟੀਸ਼ਨ ਵਿਚ ਕੁਝ ਨਹੀਂ ਬਚਿਆ। ਚੇਤੇ ਰਹੇ ਪਹਿਲਾਂ ਦਿੱਲੀ ਪੁਲਸ ਨੇ ਕਿਹਾ ਸੀ ਕਿ ਉਹ ਐੱਫ ਆਈ ਆਰ ਤੋਂ ਪਹਿਲਾਂ ਜਾਂਚ ਕਰੇਗੀ।

ਜਦੋਂ ਪਹਿਲਵਾਨਾਂ ਦੇ ਵਕੀਲ ਕਪਿਲ ਸਿੱਬਲ ਨੇ ਮਹਿਲਾ ਪਹਿਲਵਾਨਾਂ ਨੂੰ ਸੁਰੱਖਿਆ ਦੇਣ ਦੀ ਮੰਗ ਕੀਤੀ ਤਾਂ ਬੈਂਚ ਨੇ ਦਿੱਲੀ ਦੇ ਪੁਲਸ ਕਮਿਸ਼ਨਰ ਨੂੰ ਨਾਬਾਲਗ ਲੜਕੀ ਨੂੰ ਖਤਰੇ ਦਾ ਮੁਲਾਂਕਣ ਕਰਨ ਅਤੇ ਉਸ ਨੂੰ ਢੁਕਵੀਂ ਸੁਰੱਖਿਆ ਪ੍ਰਦਾਨ ਕਰਨ ਦਾ ਨਿਰਦੇਸ਼ ਦਿੱਤਾ। ਮਾਮਲੇ ਦੀ ਅਗਲੀ ਸੁਣਵਾਈ ਅਗਲੇ ਸ਼ੁੱਕਰਵਾਰ ਨੂੰ ਹੋਵੇਗੀ। ਦਿੱਲੀ ਪੁਲਸ ਵੱਲੋਂ ਐੱਫ ਆਈ ਆਰ ਦਰਜ ਨਾ ਕਰਨ 'ਤੇ ਪਹਿਲਵਾਨ ਸੁਪਰੀਮ ਕੋਰਟ ਗਏ ਸਨ। ਪਹਿਲਵਾਨਾਂ ਨੇ ਕਿਹਾ ਹੈ ਕਿ ਬ੍ਰਿਜ ਭੂਸ਼ਣ ਵਿਰੁੱਧ ਐੱਫ ਆਈ ਆਰ ਦਰਜ ਕਰਨਾ ਜਿੱਤ ਵੱਲ ਪਹਿਲਾ ਕਦਮ ਹੈ, ਪਰ ਵਿਰੋਧ ਜਾਰੀ ਰਹੇਗਾ। ਉਨਾ ਕਿਹਾ ਕਿ ਦਿੱਲੀ ਪੁਲਸ 'ਤੇ ਭਰੋਸਾ ਨਹੀਂ, ਉਹ ਕਮਜ਼ੋਰ ਐੱਫ ਆਈ ਆਰ ਦਰਜ ਕਰ ਸਕਦੀ ਹੈ।

ਇਸੇ ਦੌਰਾਨ ਜਿਨਸੀ ਸ਼ੋਸ਼ਣ ਖਿਲਾਫ ਦਿੱਲੀ ਦੇ ਜੰਤਰ-ਮੰਤਰ 'ਤੇ ਧਰਨਾ ਦੇਣ ਵਾਲੇ ਪਹਿਲਵਾਨਾਂ ਦੇ ਹੱਕ ਵਿਚ ਕਈ ਨਾਮੀ ਖਿਡਾਰੀ ਨਿੱਤਰ ਆਏ ਹਨ। ਸਾਬਕਾ ਸਟਾਰ ਟੈਨਿਸ ਖਿਡਾਰਨ ਸਾਨੀਆ ਮਿਰਜ਼ਾ ਨੇ ਟਵੀਟ ਕਰਕੇ ਕਿਹਾ-ਇੱਕ ਐਥਲੀਟ ਤੋਂ ਇਲਾਵਾ ਇੱਕ ਔਰਤ ਦੇ ਰੂਪ 'ਚ ਇਹ ਦੇਖਣਾ ਬਹੁਤ ਮੁਸ਼ਕਲ ਹੈ। ਇਨ੍ਹਾਂ ਸੜਕਾਂ 'ਤੇ ਉਤਰੇ ਪਹਿਲਵਾਨਾਂ ਨੇ ਕੌਮਾਂਤਰੀ ਪੱਧਰ 'ਤੇ ਸਾਡੇ ਦੇਸ਼ ਦਾ ਨਾਂਅ ਰੌਸ਼ਨ ਕੀਤਾ ਹੈ ਅਤੇ ਅਸੀਂ ਸਾਰਿਆਂ ਨੇ ਉਨ੍ਹਾਂ ਦੇ ਨਾਲ ਜਸ਼ਨ ਮਨਾਇਆ ਹੈ। ਹੁਣ ਇਨ੍ਹਾਂ ਨਾਲ ਖੜ੍ਹੇ ਹੋਣ ਦਾ ਸਮਾਂ ਆ ਗਿਆ ਹੈ।



ਇਹ ਬਹੁਤ ਹੀ ਸੰਵੇਦਨਸ਼ੀਲ ਮਾਮਲਾ ਹੈ ਅਤੇ ਗੰਭੀਰ ਇਲਜ਼ਾਮ ਹਨ। ਮੈਨੂੰ ਉਮੀਦ ਹੈ ਕਿ ਜੋ ਵੀ ਸੱਚਾਈ ਹੈ, ਸਾਹਮਣੇ ਆਏਗੀ ਤੇ ਇਨਸਾਫ ਮਿਲੇਗਾ। ਹੁਣ ਨਹੀਂ ਤਾਂ ਕੁੱਝ ਸਮੇਂ ਬਾਅਦ। ਕ੍ਰਿਕਟਰ ਵਰਿੰਦਰ ਸਹਿਵਾਗ, ਹਰਭਜਨ ਸਿੰਘ, ਨਵਜੋਤ ਸਿੰਘ ਸਿੱਧੂ, ਮਦਨ ਲਾਲ, ਇਰਫਾਨ ਪਠਾਨ, ਨਿਸ਼ਾਨੇਬਾਜ਼ ਅਭਿਨਵ ਬਿੰਦਰਾ, ਹਾਕੀ ਸਟਾਰ ਰਾਣੀ ਰਾਮਪਾਲ, ਮੁੱਕੇਬਾਜ ਨਿਖਤ ਜ਼ਰੀਨ ਨੇ ਵੀ ਪਹਿਲਵਾਨਾਂ ਦੇ ਹੱਕ 'ਚ ਹਾਅ ਦਾ ਨਾਅਰਾ ਮਾਰਿਆ ਹੈ। ਉਲੰਪਿਕ ਸੋਨ ਤਮਗਾ ਜੇਤੂ ਨੀਰਜ ਚੋਪੜਾ ਨੇ ਪ੍ਰਦਰਸ਼ਨਕਾਰੀ ਪਹਿਲਵਾਨਾਂ ਦਾ ਸਮਰਥਨ ਕਰਦਿਆਂ ਨਿਆਂ ਯਕੀਨੀ ਬਣਾਉਣ ਲਈ ਅਧਿਕਾਰੀਆਂ ਤੋਂ ਤੁਰੰਤ ਕਾਰਵਾਈ ਦੀ ਮੰਗ ਕੀਤੀ। ਚੋਪੜਾ ਦੀ ਇਹ ਪ੍ਰਤੀਕਿਰਿਆ ਅਜਿਹੇ ਸਮੇਂ ਆਈ ਹੈ ਜਦੋਂ ਭਾਰਤੀ ਉਲੰਪਿਕ ਐਸੋਸੀਏਸ਼ਨ ਦੀ ਪ੍ਰਧਾਨ ਪੀ ਟੀ ਊਸ਼ਾ ਨੇ ਪਹਿਲਵਾਨਾਂ ਦੇ ਧਰਨੇ ਦੀ ਵੀਰਵਾਰ ਸਖਤ ਆਲੋਚਨਾ ਕੀਤੀ। ਜੈਵਲਿਨ ਥ੍ਰੋਅਰ ਚੋਪੜਾ ਨੇ ਕਿਹਾ ਕਿ ਇਹ ਦੁਖਦਾਈ ਹੈ ਕਿ ਪਹਿਲਵਾਨਾਂ ਨੂੰ ਨਿਆਂ ਲਈ ਸੜਕਾਂ 'ਤੇ ਆਉਣ ਲਈ ਮਜਬੂਰ ਹੋਣਾ ਪਿਆ।

29-APRIL-PAGE-1.qxd 4/28/2023 9:32 PM Page 2



## ਸ਼ਹੀਦ ਫੌਜੀ ਪਰਵਾਰਾਂ ਦੀ ਸਮਾਜ ਸੇਵੀ ਮਲੂਕਾ ਵੱਲੋਂ ਆਰਥਿਕ ਮਦਦ



**ਭਗਤਾ ਭਾਈ ਕਾ (ਰਾਜੀਵ ਗੋਇਲ)**-ਬੀਤੇ ਦਿਨੀ ਜੰਮੂ ਕਸ਼ਮੀਰ 'ਚ ਅੱਤਵਾਦੀ ਹਮਲੇ 'ਚ ਸ਼ਹੀਦ ਹੋਏ ਪੰਜਾਬ ਦੇ ਚਾਰ ਫੌਜੀ ਜਵਾਨਾਂ ਦੇ ਪਰਵਾਰਾਂ ਨੂੰ ਸਮਾਜ ਸੇਵੀ ਰਘੂਬੀਰ ਜਿਊਲਰਜ਼ ਦੇ ਮਾਲਕ ਰਘਵੀਰ ਸਿੰਘ ਮਲੂਕਾ ਵੱਲੋਂ 51-51 ਹਜ਼ਾਰ ਰੁਪਏ ਦੀ ਆਰਥਿਕ ਸਹਾਇਤਾ ਦਿੱਤੀ ਗਈ ਹੈ। ਇਸ ਮੌਕੇ ਮਲੂਕਾ ਆਈ.ਏ.ਐਸ ਕੋਚਿੰਗ ਸੈਂਟਰ ਦੇ ਐਮ.ਡੀ ਲਛਮਣ ਸਿੰਘ ਤੇ ਰਘਵੀਰ ਸਿੰਘ ਮਲੂਕਾ ਵੱਲੋਂ ਸ਼ਹਾਦਤ ਦੇਣ ਵਾਲੇ ਫੌਜੀ ਜਵਾਨਾਂ ਦੇ ਜੱਦੀ ਪਿੰਡਾਂ ਵਿੱਚ ਪਹੁੰਚ ਕੇ ਜਿੱਥੇ ਪਰਵਾਰਾਂ ਨਾਲ ਦੁੱਖ ਪ੍ਰਗਟ ਕੀਤਾ ਗਿਆ, ਉੱਥੇ ਉਨ੍ਹਾਂ ਨੂੰ ਸਹਾਇਤਾ ਰਾਸ਼ੀ ਵੀ ਭੇਟ ਕੀਤੀ ਗਈ ਹੈ। ਉਨ੍ਹਾਂ ਨਾਲ ਰਾਮ ਸਿੰਘ, ਸਾਬਕਾ ਚੇਅਰਮੈਨ ਗਗਨਦੀਪ ਗਰੇਵਾਲ, ਕੁਲਤਾਰ ਸਿੰਘ ਤੇ ਰਣਵੀਰ ਸਿੰਘ ਹਾਜ਼ਰ ਸਨ। ਦੱਸਣਾ ਬਣਦਾ ਹੈ ਕਿ ਰਘਵੀਰ ਸਿੰਘ ਵੱਲੋਂ ਸਮੇਂ-ਸਮੇਂ 'ਤੇ ਅਜਿਹੇ ਸਮਾਜ ਸੇਵੀ ਕਾਰਜ ਕਾਫੀ ਲੰਮੇ ਸਮੇਂ ਤੋਂ ਹੀ ਕੀਤੇ ਜਾ ਰਹੇ ਹਨ, ਜਿਸਦੇ ਚੱਲਦਿਆਂ ਸ਼ਹਿਰ ਵਾਸੀ ਉਨ੍ਹਾਂ ਦੀ ਸ਼ਲਾਘਾ ਕਰਦੇ ਨਜ਼ਰ ਆਉਂਦੇ ਹਨ।

## ਭਗਵਾਨ ਪਰਸ਼ੂ ਰਾਮ ਜੈਅੰਤੀ ਸੰਬੰਧੀ ਵਿਸ਼ਾਲ ਕਲਸ਼ ਯਾਤਰਾ



**ਭੀਖੀ (ਧਰਮਵੀਰ ਸ਼ਰਮਾ)**-ਨੌਜਵਾਨ ਬ੍ਰਾਹਮਣ ਸਭਾ ਵੱਲੋਂ ਭਗਵਾਨ ਸ਼੍ਰੀ ਪਰਸ਼ੂ ਰਾਮ ਜੈਅੰਤੀ ਦੇ ਸਬੰਧ ਵਿੱਚ ਸਥਾਨਕ ਸ਼੍ਰੀ ਦੁਰਗਾ ਮੰਦਰ ਘੁੱਲੂ ਪੱਤੀ ਵਿਖੇ ਕਰਵਾਈ ਜਾ ਰਹੀ ਕਥਾ ਦੇ ਸਬੰਧ ਵਿੱਚ ਵਿਸ਼ਾਲ ਕਲਸ਼ ਯਾਤਰਾ ਕੱਢੀ ਗਈ। ਇਹ ਕਲਸ਼ ਯਾਤਰਾ ਸ਼ਹਿਰ ਦੀ ਪਰਿਕਰਮਾ ਕਰਦੀ ਹੋਈ ਮੰਦਰ ਦੇ ਵਿਹੜੇ ਵਿੱਚ ਸਮਾਪਤ ਹੋਈ, ਜਿਸ ਦਾ ਵੱਖ ਵੱਖ ਸਮਾਜ ਸੇਵੀ ਸੰਸਥਾਵਾਂ ਨੇ ਭਰਵਾਂ ਸਵਾਗਤ ਕੀਤਾ ਤੇ ਲੋਕਾਂ ਨੇ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਲਾਈਆਂ। ਇਸ ਸਬੰਧੀ ਨੌਜਵਾਨ ਬ੍ਰਾਹਮਣ ਸਭਾ ਦੇ ਪ੍ਰਧਾਨ ਜਨਕ ਰਾਜ ਸ਼ਰਮਾ ਨੇ ਦੱਸਿਆ ਕਿ ਇਸ ਸਬੰਧੀ ਕਥਾ 30 ਅਪ੍ਰੈਲ ਤੱਕ ਚੱਲੇਗੀ ਤੇ 30 ਅਪ੍ਰੈਲ ਨੂੰ ਕਥਾ ਦੀ ਸਮਾਪਤੀ 'ਤੇ ਵਿਸ਼ਾਲ ਭੰਡਾਰਾ ਵੀ ਲਗਾਇਆ ਜਾਵੇਗਾ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸਵਾਮੀ ਸ਼੍ਰੀ ਬਾਗੀਸ਼ ਸਵਰੂਪ ਨੇ ਕਿਹਾ ਕਿ ਕਿਸੇ ਵੀ ਸਨਾਤਨ ਧਰਮ ਦੇ ਗ੍ਰੰਥ ਨੂੰ ਸਿਰਫ ਦੇਖਣ ਨਾਲ ਹੀ ਲਾਭ, ਪੁੰਨ ਜਾਂ ਗਿਆਨ ਪ੍ਰਾਪਤ ਨਹੀਂ ਹੁੰਦਾ, ਬਲਕਿ ਉਸ ਨੂੰ ਪੜ੍ਹ ਕੇ ਤੇ ਉਸ 'ਤੇ ਅਮਲ ਕਰਕੇ ਹੀ ਲਾਭ ਪ੍ਰਾਪਤ ਕੀਤਾ ਜਾ ਸਕਦਾ ਹੈ। ਇਸ ਮੌਕੇ ਪ੍ਰਧਾਨ ਜਨਕ ਰਾਜ ਸ਼ਰਮਾ, ਅਜੇ ਰਿਸ਼ੀ, ਨਵਦੀਪ ਰਿਸ਼ੀ, ਕੀਰਤੀ ਸ਼ਰਮਾ, ਜਸਵਿੰਦਰ ਸ਼ਰਮਾ ਮਦਨ, ਆਰਕੀਟੈਕਟ ਮਨੋਜ ਗੋਇਲ, ਦਿਰੇਨ ਕੁਮਾਰ, ਸਿਮਰਨਜੀਤ ਸ਼ਰਮਾ, ਕੋਮਲ ਸ਼ਰਮਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਬ੍ਰਾਹਮਣ ਸਭਾ ਦੇ ਮੈਂਬਰ ਹਾਜ਼ਰ ਸਨ।

## ਐਡੀਸਨ ਇੰਸਟੀਚਿਊਟ ਦੀ ਵਿਦਆਰਥਣ ਨੇ ਪੀ.ਟੀ.ਈ. 'ਚੋਂ 79 ਸਕੋਰ ਪ੍ਰਾਪਤ ਕੀਤੇ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਸ਼ਹਿਰ ਦੀ ਕੋਟਕਪੂਰਾ ਸੜਕ ਉੱਪਰ ਸਥਿਤ ਐਡੀਸਨ ਇੰਸਟੀਚਿਊਟ, ਜੋ ਆਇਲਟਸ ਤੇ ਪੀ.ਟੀ.ਈ. ਦੇ ਖੇਤਰ ਵਿੱਚ ਲਗਾਤਾਰ ਬਹੁਤ ਵਧੀਆ ਨਤੀਜੇ ਦੇ ਰਿਹਾ ਹੈ, ਦੇ ਡਾਇਰੈਕਟਰ ਹਰਿੰਦਰ ਸਿੰਘ ਬਰਾੜ ਰੋਡੇ ਨੇ ਦੱਸਿਆ ਕਿ ਸੰਸਥਾ ਦੀ ਵਿਦਿਆਰਥਣ ਨਾਜਿਮਾ ਪਤਨੀ ਅਰਮਾਨ ਮਲਿਕ ਵਾਸੀ ਸਮਾਲਸਰ (ਮੋਗਾ) ਨੇ ਪੀ.ਟੀ.ਈ. ਦੀ ਪ੍ਰੀਖਿਆ ਵਿੱਚ ਲਿਸਨਿੰਗ 73, ਰੀਡਿੰਗ 69, ਰਾਈਟਿੰਗ 64, ਸਪੀਕਿੰਗ 79 ਤੇ ਓਵਰਆਲ 68 ਸਕੋਰ ਪ੍ਰਾਪਤ ਕਰਕੇ ਆਪਣਾ ਤੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ ਹੈ। ਵਿਦਿਆਰਥਣ ਨੇ ਇਸ ਦਾ ਸਿਹਰਾ ਸੰਸਥਾ ਦੇ ਅਧਿਆਪਕਾਂ ਨੂੰ ਦਿੱਤਾ ਤੇ ਦੱਸਿਆ ਕਿ ਪੜ੍ਹਾਈ ਲਈ ਸਾਰਥਿਕ ਮਾਹੌਲ ਬਹੁਤ ਹੀ ਲਾਹੇਵੰਦ ਸਾਬਿਤ ਹੋਇਆ ਹੈ। ਇਸ ਮੌਕੇ ਡਾਇਰੈਕਟਰ ਬਰਾੜ ਨੇ ਦੱਸਿਆ ਕਿ ਬੱਚਿਆਂ ਨੂੰ ਰੀਡਿੰਗ ਤੇ ਰਾਈਟਿੰਗ ਦੀਆਂ ਸਪੈਸ਼ਲ ਕਲਾਸਾਂ ਬਿਲਕੁਲ ਮੁਫਤ ਦਿੱਤੀਆਂ ਜਾਂਦੀਆਂ ਹਨ। ਉਨ੍ਹਾਂ ਦੱਸਿਆ ਕਿ ਆਇਲਟਸ ਵਿੱਚ ਵਧੀਆ ਬੈਂਡ ਪ੍ਰਾਪਤ ਕਰਨ ਉਪਰੰਤ ਤੁਸੀਂ ਆਪਣਾ ਸਟੱਡੀ ਵੀਜ਼ਾ ਇਸ ਸੰਸਥਾ ਤੋਂ ਅਪਲਾਈ ਕਰ ਸਕਦੇ ਹੋ। ਇਸ ਮੌਕੇ ਵਿਦਿਆਰਥਣ ਨੂੰ ਪ੍ਰਮਾਣ ਪੱਤਰ ਸੌਂਪਦਿਆਂ ਡਾਇਰੈਕਟਰ ਹਰਿੰਦਰ ਸਿੰਘ ਬਰਾੜ ਰੋਡੇ ਨੇ ਉੱਜਵਲ ਭਵਿੱਖ ਲਈ ਕਾਮਨਾ ਕੀਤੀ।

## ਠਾਕੁਰ ਜੀ ਦਾ ਜਨਮ ਦਿਹਾੜਾ ਬੱਚਿਆਂ ਨੂੰ ਫਰੂਟੀਆਂ ਤੇ ਸਟੇਸ਼ਨਰੀ ਵੰਡ ਕੇ ਮਨਾਇਆ



**ਜਗਰਾਉਂ (ਅਮਿਤ ਖੰਨਾ)**-ਸ਼੍ਰੀ ਸ਼ਿਆਮਾ ਸ਼ਿਆਮ ਪੁਸ਼ਾਕ ਮਹਿਲ ਤੇ ਸ਼੍ਰੀ ਵੈਸ਼ਨੂੰ ਟ੍ਰੇਡਿੰਗ ਕੰਪਨੀ ਵੱਲੋਂ ਨਟਰਾਜ ਮਿੱਤਲ, ਅੰਕੁਸ਼ ਮਿੱਤਲ ਤੇ ਚੇਤਨ ਮਿੱਤਲ ਵੱਲੋਂ ਸ਼੍ਰੀ ਕ੍ਰਿਸ਼ਨ ਜੀ 'ਠਾਕੁਰ' ਦਾ ਜਨਮ ਦਿਨ ਆਦਰਸ਼ ਕੰਨਿਆ ਸੀ ਸੈ ਸਕੂਲ ਦੇ 300 ਬੱਚਿਆਂ ਨੂੰ ਫਰੂਟੀਆਂ ਤੇ ਸਟੇਸ਼ਨਰੀ ਵੰਡ ਕੇ ਮਨਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਸ਼੍ਰੀ ਕ੍ਰਿਸ਼ਣ ਤੇ ਰਾਧਾ ਰਾਣੀ ਦੇ ਸੁੰਦਰ ਭਜਨ ਬੱਚਿਆਂ ਦੇ ਨਾਲ ਗਾਏ ਗਏ। ਇਸ ਮੌਕੇ ਮੰਚ ਸੰਚਾਲਕ ਕੈਪਟਨ ਨਰੇਸ਼ ਵਰਮਾ ਨੇ ਦੱਸਿਆ ਕਿ ਦਸ ਸਾਲ ਪਹਿਲਾ ਨਟਰਾਜ ਮਿੱਤਲ ਅਤੇ ਉਨ੍ਹਾਂ ਦੇ ਬੱਚਿਆਂ ਵੱਲੋਂ ਠਾਕੁਰ ਜੀ ਦਾ ਸਵਰੂਪ ਅਪਣੇ ਘਰ ਲਿਆਂਦਾ ਗਿਆ ਸੀ ਤੇ ਉਹ ਹਰ ਸਾਲ ਠਾਕੁਰ ਜੀ ਦਾ ਜਨਮ ਦਿਨ ਘਰ ਮਨਾਉਂਦੇ ਸੀ। ਇਸ ਸਾਲ ਉਨ੍ਹਾਂ ਨੇ ਆਦਰਸ਼ ਕੰਨਿਆ ਸਕੂਲ ਦੇ ਸਾਰੇ ਬੱਚਿਆਂ ਨੂੰ ਫਰੂਟੀਆਂ ਤੇ ਪੈਨਸਿਲ ਪੈਨ ਵੰਡ ਕੇ ਠਾਕੁਰ ਜੀ ਦਾ ਜਨਮਦਿਨ ਮਨਾਇਆ। ਇਸ ਮੌਕੇ ਪ੍ਰਿੰਸੀਪਲ ਸੁਨੀਤਾ ਸ਼ਰਮਾ ਨੇ ਮਿੱਤਲ ਪਰਵਾਰ ਅਤੇ ਕੈਪਟਨ ਨਰੇਸ਼ ਵਰਮਾ ਦਾ ਸਕੂਲ ਦੇ ਬੱਚਿਆਂ ਨੂੰ ਯਾਦ ਰੱਖਣ ਲਈ ਧੰਨਵਾਦ ਕੀਤਾ। ਸਾਰੇ ਬੱਚੇ ਬਹੁਤ ਹੀ ਖੁਸ਼ ਸਨ। ਇਸ ਮੌਕੇ ਨਟਰਾਜ ਮਿੱਤਲ, ਅੰਕੁਸ਼ ਮਿੱਤਲ, ਚੇਤਨ ਮਿੱਤਲ, ਬ੍ਰਾਂਡ ਅੰਬੈਸਡਰ ਸਵੱਛ ਭਾਰਤ ਅਭਿਆਨ ਕੈਪਟਨ ਨਰੇਸ਼ ਵਰਮਾ, ਸ਼ਸ਼ੀ ਭੂਸ਼ਣ ਜੈਨ, ਡਾ. ਰਾਕੇਸ਼ ਭਾਰਦਵਾਜ, ਕ੍ਰਿਸ਼ਨ ਬਜਾਜ, ਪ੍ਰਿੰਸੀਪਲ ਸੁਨੀਤਾ ਰਾਣੀ, ਮੈਡਮ ਸ਼ਿਫਾਲੀ ਕਤਿਆਲ, ਸਮੂਹ ਸਟਾਫ ਤੇ ਬੱਚੇ ਹਾਜ਼ਰ ਸਨ। ਸਾਰੇ ਬੱਚਿਆਂ ਨੇ ਠਾਕੁਰ ਜੀ ਦੇ ਭਜਨਾਂ 'ਤੇ ਡਾਂਸ ਵੀ ਕੀਤਾ।

## ਇਨਕਲਾਬੀ ਕੇਂਦਰ ਵੱਲੋਂ ਪਹਿਲਵਾਨਾਂ ਦੇ ਹੱਕ 'ਚ ਦਿੱਤੇ ਜਾ ਰਹੇ ਧਰਨੇ ਦੀ ਹਮਾਇਤ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**- ਇਨਕਲਾਬੀ ਕੇਂਦਰ ਪੰਜਾਬ ਦੇ ਸੂਬਾ ਕਮੇਟੀ ਮੈਂਬਰ ਮੁਖਤਿਆਰ ਸਿੰਘ ਪੂਹਲਾ ਤੇ ਜਗਜੀਤ ਸਿੰਘ ਨੇ ਰੈਸਲਿੰਗ ਐਸਸੀਏਸਨ ਦੇ ਪ੍ਰਧਾਨ ਭਾਜਪਾ ਦੇ ਸੰਸਦ ਮੈਂਬਰ ਬ੍ਰਿਜ ਭੂਸ਼ਨ ਦੇ ਖਿਲਾਫ ਪਰਚਾ ਦਰਜ ਕਰਨ ਦੀ ਮੰਗ ਨੂੰ ਲੈ ਕੇ ਦਿੱਲੀ ਜੰਤਰ-ਮੰਤਰ ਵਿਖੇ ਉਲੰਪੀਅਨ ਪਹਿਲਵਾਨ ਫੋਗਾਟ, ਬਜਰੰਗ ਪੂਨੀਆ ਤੇ ਮਾਸਕੀ ਮਲਿਕ ਦੀ ਅਗਵਾਈ 'ਚ ਜਿਨਸੀ ਸੋਸ਼ਣ ਦਾ ਸ਼ਿਕਾਰ ਪਹਿਲਵਾਨਾਂ ਦੇ ਹੱਕ ਵਿੱਚ ਦਿੱਤੇ ਜਾ ਰਹੇ ਧਰਨੇ ਦੀ ਜ਼ੋਰਦਾਰ ਹਮਾਇਤ ਕੀਤੀ ਹੈ। ਉਨ੍ਹਾਂ ਕਿਹਾ ਕਿ ਬੜੀ ਹੀ ਹੈਰਾਨੀ ਦੀ ਗੱਲ ਹੈ ਕਿ ਜਿਨਸੀ ਸੋਸ਼ਣ ਦਾ ਸ਼ਿਕਾਰ ਹੋਏ ਪਹਿਲਵਾਨਾਂ ਨੇ ਬ੍ਰਿਜ ਭੂਸ਼ਨ ਦੇ ਖਿਲਾਫ ਪੁਲਿਸ ਕੋਲ ਸ਼ਿਕਾਇਤ ਕੀਤੀ ਸੀ, ਪ੍ਰੰਤੂ ਪੁਲਿਸ ਵੱਲੋਂ ਸ਼ਿਕਾਇਤ 'ਤੇ ਕਾਰਵਾਈ ਕਰਨ ਤੋਂ ਨਾਂਹ ਕਰ ਦਿੱਤੀ ਸੀ ਜਦਕਿ ਇੱਕ ਸ਼ਿਕਾਇਤ ਕਰਤਾ ਮਹਿਲਾ ਪਹਿਲਵਾਨ ਨਾਬਾਲਗ ਹੈ। ਆਗੂਆਂ ਨੇ ਮੰਗ ਕੀਤੀ ਕਿ ਬ੍ਰਿਜ ਭੂਸ਼ਨ ਦੇ ਖਿਲਾਫ ਸ਼ਿਕਾਇਤ ਦਰਜ ਕੀਤੀ ਜਾਵੇ ਤੇ ਬਣਦੀ ਕਾਰਵਾਈ ਕਰ ਕੇ ਤੁਰੰਤ ਗ੍ਰਿਫਤਾਰ ਕੀਤਾ ਜਾਵੇ। ਆਗੂਆਂ ਨੇ ਕਿਹਾ ਹੈ ਕਿ ਔਰਤਾਂ ਨਾਲ ਅਜਿਹਾ ਵਰਤਾਰਾ ਕੋਈ ਇਕੱਲੀ ਇਕਹਿਰੀ ਘਟਨਾ ਨਹੀਂ, ਸਗੋਂ ਔਰਤਾਂ ਉੱਪਰ ਜਬਰ ਸਭ ਹੱਦਾਂ ਬੰਨੇ ਪਾਰ ਕਰ ਗਿਆ ਹੈ, ਦੂਜੇ ਪਾਸੇ ਪਾਰਲੀਮੈਂਟ ਵਿੱਚ ਅਪਰਾਧੀਆਂ ਦੀ ਗਿਣਤੀ ਵਿੱਚ ਲਗਾਤਾਰ ਵਧਦੀ ਹੋਈ 43 ਪ੍ਰਤੀਸ਼ਤ 'ਤੇ ਪਹੁੰਚ ਗਈ ਹੈ। ਸਾਰੀਆਂ ਪਾਰਲੀਮੈਂਟ ਪਾਰਟੀਆਂ ਇਸ ਹਮਾਮ ਵਿੱਚ ਨੰਗੀਆਂ ਹਨ। ਇਨਕਲਾਬੀ ਕੇਂਦਰ ਪੰਜਾਬ ਨੇ ਔਰਤਾਂ ਦੇ ਜਿਨਸੀ ਸ਼ੋਸ਼ਣ ਦੇ ਖਿਲਾਫ ਕਿਸਾਨਾਂ/ਮਜ਼ਦੂਰਾਂ ਤੇ ਸਮੂਹ ਮਿਹਨਤਕਸ਼ ਜਥੇਬੰਦੀਆਂ ਨੂੰ ਸੰਘਰਸ਼ ਦੀ ਹਮਾਇਤ ਕਰਨ ਦਾ ਸੱਦਾ ਦਿੱਤਾ ਹੈ।

## ਭਾਰਤੀ ਕਿਸਾਨ ਯੂਨੀਅਨ ਵੱਲੋਂ ਸੂਬਾਈ ਕਨਵੈਨਸ਼ਨ 7 ਨੂੰ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੂਬਾ ਕਾਰਜਕਾਰੀ ਪ੍ਰਧਾਨ ਮਨਜੀਤ ਸਿੰਘ ਧਨੇਰ ਤੇ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੇ ਦੱਸਿਆ ਕਿ ਸਮੁੱਚੇ ਦੇਸ ਵਿੱਚ ਲਾਗੂ ਕੀਤੀਆਂ ਜਾ ਰਹੀਆਂ ਲੋਕ ਵਿਰੋਧੀ ਤੇ ਕਿਸਾਨ ਵਿਰੋਧੀ ਨੀਤੀਆਂ ਕਾਰਨ ਖੇਤੀਬਾੜੀ ਦਾ ਸੰਕਟ ਗਹਿਰਾ ਹੋ ਰਿਹਾ ਹੈ।

ਹਾਕਮ ਹਰ ਖੇਤਰ ਨੂੰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਕੇ ਲੋਕਾਂ ਦੀ ਜ਼ਿੰਦਗੀ ਨੂੰ ਨਰਕ ਬਣਾਉਣ ਤੇ ਤੁਲੇ ਹੋਏ ਹਨ। ਇਨ੍ਹਾਂ ਲੋਕ ਵਿਰੋਧੀ ਨੀਤੀਆਂ ਕਾਰਨ ਡੂੰਘੇ ਹੋ ਰਹੇ ਖੇਤੀ ਖੇਤਰ ਦੇ ਸੰਕਟ ਨੂੰ ਵਿਸਥਾਰ ਵਿੱਚ ਸਮਝਣ, ਚੁਣੌਤੀਆਂ ਤੇ ਸੰਭਾਵਨਾਵਾਂ ਨੂੰ ਟਿਕਨ ਲਈ ਜਥੇਬੰਦੀ ਵੱਲੋਂ 07 ਮਈ ਨੂੰ ਬਰਨਾਲਾ ਦੇ ਤਰਕਸ਼ੀਲ ਭਵਨ ਵਿਖੇ ਸੂਬਾਈ ਕਨਵੈਨਸ਼ਨ ਕੀਤੀ ਜਾ ਰਹੀ ਹੈ। ਇਸ ਵਿੱਚ ਵਿਸ਼ੇਸ਼ ਤੌਰ 'ਤੇ ਪ੍ਰਸਿੱਧ ਪੱਤਰਕਾਰ ਪੀ ਸਾਈਨਾਥ ਕੁੰਜੀਵਤ ਭਾਸ਼ਣ ਦੇਣਗੇ।

ਜਥੇਬੰਦੀ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਨੇ ਦੱਸਿਆ ਕਿ ਬੀਕੇਯੂ ਏਕਤਾ ਡਕੌਂਦਾ ਵੱਲੋਂ ਤਿਆਰ ਕੀਤੀ ਗਈ ਖੇਤੀ ਨੀਤੀ 'ਤੇ ਵੀ ਚਰਚਾ ਕੀਤੀ ਜਾਵੇਗੀ। ਇਹ ਖੇਤੀ ਨੀਤੀ ਜਥੇਬੰਦੀ ਵੱਲੋਂ ਪੰਜਾਬ ਸਰਕਾਰ ਨੂੰ 22 ਮਾਰਚ ਨੂੰ ਸੌਂਪੀ ਜਾ ਚੁੱਕੀ ਹੈ। ਆਗੂਆਂ ਨੇ ਸਾਰੀਆਂ ਕਿਸਾਨ, ਮਜ਼ਦੂਰ ਤੇ ਇਨਕਲਾਬੀ ਜਮਹੂਰੀ ਜਥੇਬੰਦੀਆਂ ਦੇ ਆਗੂਆਂ ਨੂੰ ਕਨਵੈਨਸ਼ਨ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ। ਵਰਨਣਯੋਗ ਹੈ ਕਿ ਪੱਤਰਕਾਰ ਪੀ ਸਾਈਨਾਥ, ਪੀਪਲਜ਼ ਆਰਕਾਈਵ ਆਫ਼ ਰੂਰਲ ਇੰਡੀਆ ਦੇ ਮੁੱਖ ਸੰਪਾਦਕ ਹਨ।

## ਆਮ ਆਦਮੀ ਪਾਰਟੀ ਵੱਲੋਂ ਜਲੰਧਰ ਜ਼ਿਮਨੀ ਚੋਣ ਨੂੰ ਲੈ ਕੇ ਚੋਣ ਪ੍ਰਚਾਰ ਕਮੇਟੀ ਦੀ ਹੋਈ ਮੀਟਿੰਗ

**'ਆਪ' ਸਰਕਾਰ ਦੀਆ ਨੀਤੀਆਂ ਤੋਂ ਪ੍ਰਭਾਵਿਤ ਜਲੰਧਰ ਹਲਕੇ ਦੇ ਲੋਕਾਂ ਵਿੱਚ ਰਿਵਾਇਤੀ ਪਾਰਟੀਆਂ ਨੂੰ ਨੁਕਰੇ ਲਗਾ ਕੇ 'ਆਪ' ਉਮੀਦਵਾਰ ਨੂੰ ਵੱਡੇ ਫ਼ਰਕ ਨਾਲ ਜਿਤਾਉਣ ਲਈ ਉਤਸ਼ਾਹ : ਮੀਤ ਹੇਅਰ**



**ਜਲੰਧਰ (ਸ਼ੈਲੀ ਐਲਬਰਟ)**

ਆਮ ਆਦਮੀ ਪਾਰਟੀ ਵਲੋਂ ਜਲੰਧਰ ਜ਼ਿਮਨੀ ਚੋਣ ਨੂੰ ਲੈਕੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ 'ਤੇ ਐਮਐਲਏ ਮੈਡਮ ਇੰਦਰਜੀਤ ਕੌਰ ਮਾਨ ਨੇ ਚੋਣ ਪ੍ਰਚਾਰ ਕਮੇਟੀ ਦੀ ਮੀਟਿੰਗ ਲਈ। ਮੀਟਿੰਗ ਦੌਰਾਨ ਜਲੰਧਰ ਜ਼ਿਮਨੀ ਚੋਣ ਨੂੰ ਲੈਕੇ ਕੀਤੇ ਜਾ ਰਹੇ ਚੋਣ ਪ੍ਰਚਾਰ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਕਮੇਟੀ ਦੇ ਮੈਂਬਰਾਂ ਨੇ ਜਲੰਧਰ ਜ਼ਿਮਨੀ ਚੋਣ ਨੂੰ ਲੈਕੇ ਹਲਕੇ ਦੇ ਲੋਕਾਂ ਦੇ ਉਤਸ਼ਾਹ ਬਾਰੇ ਦੱਸਿਆ ਕਿ 'ਆਪ' ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਵੱਡੇ ਫ਼ਰਕ ਨਾਲ ਚੋਣ ਜਿੱਤਕੇ ਜਲੰਧਰ ਹਲਕੇ ਵਿੱਚ ਇੱਕ ਨਵਾਂ ਇਤਿਹਾਸ ਰਚਣਗੇ। ਪੰਜਾਬ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ 'ਤੇ ਹਲਕਾ ਨਕੋਦਰ ਦੇ ਐਮਐਲਏ ਮੈਡਮ ਇੰਦਰਜੀਤ ਕੌਰ ਮਾਨ ਵਲੋਂ ਜਲੰਧਰ ਜ਼ਿਮਨੀ ਚੋਣ ਦੇ ਸਬੰਧ ਵਿਚ ਚੋਣ ਪ੍ਰਚਾਰ ਕਮੇਟੀ ਦੀ ਸੱਦੀ ਗਈ ਮੀਟਿੰਗ ਵਿੱਚ ਵਿੱਚ ਐਮਐਲਏ ਚਰਨਜੀਤ ਸਿੰਘ ,ਐਮਐਲਏ ਦਿਨੇਸ਼ ਚੱਢਾ, ਐਮਐਲਏ ਜੀਵਨ ਸਿੰਘ ਸੰਗੋਵਾਲ, ਐਮਐਲਏ ਗੈਰੀ ਵੜਿੰਗ,ਐਮਐਲਏ ਲਖਵੀਰ ਸਿੰਘ ਰਾਏ,ਐਮਐਲਏ ਰੁਪਿੰਦਰ ਹੈਪੀ, ਐਮਐਲਏ ਕੁਲਵੰਤ ਸਿੰਘ, ਐਮਐਲਏ ਤਰਨਪ੍ਰੀਤ ਸਿੰਘ ਸਮੇਤ ਪੰਜਾਬ ਜਲ ਸਰੋਤ ਦੇ ਚੇਅਰਮੈਨ ਰਣਜੀਤ ਸਿੰਘ, ਕਿਸਾਨ ਵਿੰਗ ਪੰਜਾਬ ਦੇ ਪ੍ਰਧਾਨ ਗੁਰਜੀਤ ਸਿੰਘ ਗਿੱਲ, ਜਿਲ੍ਹਾ ਯੋਜਨਾ ਬੋਰਡ ਪ੍ਰਧਾਨ ਜੱਸਾ ਸੋਇਆਵਾਲਾ ਵਾਲਾ, ਪ੍ਰਧਾਨ ਜਿਲ੍ਹਾ ਯੋਜਨਾ ਬੋਰਡ ਪਟਿਆਲਾ ਸੁਖਜਿੰਦਰ ਸਿੰਘ ਕਓਨੀ ਹਾਜ਼ਰ ਸਨ। ਜਲੰਧਰ ਜ਼ਿਮਨੀ ਚੋਣ ਨੂੰ ਲੈਕੇ ਚੋਣ ਪ੍ਰਚਾਰ ਕਮੇਟੀ ਦੀ ਕੀਤੀ ਗਈ ਮੀਟਿੰਗ ਦੌਰਾਨ ਕੈਬਿਨੇਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਚੋਣ ਪ੍ਰਚਾਰ ਕਮੇਟੀ ਦੇ ਮੈਂਬਰਾਂ ਨੂੰ 'ਆਪ' ਦੀਆਂ ਨੀਤੀਆਂ ਅਤੇ ਸੂਬੇ ਦੀ ਮਾਨ ਸਰਕਾਰ ਵਲੋਂ ਕਰਵਾਏ ਜਾ ਰਹੇ ਕੰਮਾਂ ਸਮੇਤ ਲਾਗੂ ਕੀਤੀਆਂ ਜਾ ਰਹੀਆਂ ਲੋਕ ਭਲਾਈ ਦੀਆਂ ਸਕੀਮਾਂ ਨੂੰ ਹਲਕੇ ਦੇ ਘਰ ਘਰ ਤੱਕ ਪਹੁੰਚਾਉਣ ਲਈ ਕਿਹਾ।ਉਨ੍ਹਾਂ ਕਿਹਾ ਕਿ 'ਆਪ' ਦੀਆਂ ਨੀਤੀਆਂ ਅਤੇ ਮਾਨ ਸਰਕਾਰ ਵਲੋਂ ਸੂਬੇ ਵਿੱਚ ਕੀਤੇ ਜਾ ਰਹੇ ਕੰਮਾਂ ਨੂੰ ਲੈਕੇ ਹਲਕੇ ਦੇ ਲੋਕਾਂ ਦਾ ਜਲੰਧਰ ਜ਼ਿਮਨੀ ਚੋਣ ਨੂੰ ਲੈਕੇ ਭਰਪੂਰ ਸਮਰਥਨ ਮਿਲ ਰਿਹਾ ਹੈ। ਕੈਬਿਨੇਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਕਿ ਪਿਛਲੇ 75 ਸਾਲਾਂ ਵਿੱਚ ਪੁਰਾਣੀਆਂ ਰਿਵਾਇਤੀ ਪਾਰਟੀਆਂ ਨੇ ਸੂਬੇ ਨੂੰ ਲੁੱਟਣ ਤੋਂ ਇਲਾਵਾ ਕੋਈ ਹੋਰ ਕੰਮ ਨਹੀਂ ਕੀਤਾ। ਸੂਬੇ ਵਿੱਚ 'ਆਪ' ਦੀ ਅਜਿਹੀ ਪਹਿਲੀ ਸਰਕਾਰ ਬਣੀ ਹੈ ਜਿਸ ਵਿੱਚ ਲੋਕਾਂ ਦਾ ਵਿਸ਼ਵਾਸ ਬਣਿਆ ਹੈ ਅਤੇ ਉਹ 'ਆਪ' ਵਲੋਂ ਸੂਬੇ ਵਿੱਚ ਲਾਗੂ ਕੀਤੀਆਂ ਜਾ ਰਹੀਆਂ ਨੀਤੀਆਂ ਤੋਂ ਪ੍ਰਭਾਵਿਤ ਹਨ। ਉਨ੍ਹਾਂ ਕਿਹਾ ਕਿ ਜਲੰਧਰ ਜ਼ਿਮਨੀ ਚੋਣ ਨੂੰ ਲੈਕੇ ਹਲਕੇ ਦੇ ਲੋਕਾਂ ਨੇ ਪੁਰਾਣੀਆਂ ਅਤੇ ਰਿਵਾਇਤੀ ਪਾਰਟੀਆਂ ਨੂੰ ਨੁਕਰੇ ਲਗਾ ਕੇ 'ਆਪ' ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਨੂੰ ਵੱਡੇ ਫ਼ਰਕ ਨਾਲ ਜਿਤਾਉਣ ਦਾ ਮੰਨ ਬਣਾ ਲਿਆ ਹੈ।

## 'ਝਾੜ-ਫੂਸ ਦਾ ਨਵਾਂ ਠੇਕਾ ਨਹੀਂ ਦਿੱਤਾ'

**ਸ਼ਾਹਕੋਟ (ਗਿਆਨ ਸੈਦਪੁਰੀ)**

ਸਕੱਤਰ ਪੰਜਾਬ ਮੰਡੀ ਬੋਰਡ ਅੰਮ੍ਰਿਤ ਗਿੱਲ ਨੇ ਪੰਜਾਬ ਰਾਜ ਦੇ ਆਮ ਲੋਕਾਂ ਨੂੰ ਜਾਗਰੂਕ ਕਰਨ ਹਿੱਤ ਸੂਚਿਤ ਕੀਤਾ ਹੈ ਕਿ ਪੰਜਾਬ ਮੰਡੀ ਬੋਰਡ ਵੱਲੋਂ ਸਾਲ 2023-24 ਦੌਰਾਨ ਕੋਈ ਵੀ ਝਾੜ-ਫੂਸ ਦਾ ਨਵਾਂ ਠੇਕਾ ਨਹੀਂ ਦਿੱਤਾ ਗਿਆ ਅਤੇ ਨਾ ਹੀ ਝਾੜ-ਫੂਸ ਚੁੱਕਣ ਸੰਬੰਧੀ ਕਿਸੇ ਵੀ ਵਿਅਕਤੀ ਨੂੰ ਅਧਿਕਾਰ ਦਿੱਤੇ ਗਏ ਹਨ। ਇਸ ਸਬੰਧੀ ਲੋਕ ਕਿਸੇ ਵੀ ਕਿਸਮ ਦੀ ਅਣਅਧਿਕਾਰਤ ਜਾਣਕਾਰੀ ਉੱਤੇ ਯਕੀਨ ਨਾ ਕਰਨ।

## ਬਾਦਲ ਨਮਿਤ ਭੋਗ 4 ਨੂੰ

**ਲੰਬੀ :** ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਅਤੇ ਵਰਕਰਾਂ ਨਾਲ ਬਾਦਲ ਪਰਵਾਰ ਨੇ ਸ਼ੁੱਕਰਵਾਰ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਫੁੱਲ ਚੁਗੇ। ਉਨ੍ਹਾ ਨਮਿਤ ਭੋਗ ਤੇ ਸ਼ਰਧਾਂਜਲੀ ਸਮਾਗਮ 4 ਮਈ ਨੂੰ ਪਿੰਡ ਬਾਦਲ 'ਚ ਹੋਵੇਗਾ।

## ਸਾਈਲੋ ਪਲਾਂਟਾਂ ਨੂੰ ਮੰਡੀਆਂ ਦਾ ਦਰਜਾ ਦੇਣ ਵਿਰੁੱਧ ਮੰਡੀ ਦਫ਼ਤਰਾਂ ਦਾ ਘਿਰਾਓ ਕਰਕੇ ਦਿੱਤੇ ਮੰਗ ਪੱਤਰ



**ਸਮਰਾਲਾ (ਸੁਰਜੀਤ ਸਿੰਘ)**

ਸੰਯੁਕਤ ਕਿਸਾਨ ਮੋਰਚਾ (ਗੈਰ ਰਾਜਨੀਤਕ) ਤੇ ਮਜ਼ਦੂਰ ਯੂਨੀਅਨਾਂ, ਟਰੈਕਟਰ-ਟਰਾਲੀ ਤੇ ਟਰੱਕ ਯੂਨੀਅਨਾਂ ਵੱਲੋ ਪੰਜਾਬ ਸਰਕਾਰ ਦੇ ਕਿਸਾਨ, ਮਜ਼ਦੂਰ ਤੇ ਲੋਕ ਮਾਰੂ ਫੈਸਲੇ ਨੂੰ ਰੱਦ ਕਰਾਉਣ ਲਈ ਜ਼ਿਲ੍ਹਾ ਮੰਡੀ ਅਫ਼ਸਰਾਂ ਦਾ ਘਿਰਾਓ ਕਰ ਪੰਜਾਬ ਸਰਕਾਰ ਦੇ ਨਾਂਅ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਜਸਵੀਰ ਸਿੰਘ ਸਿੱਧੂਪੁਰ ਸੂਬਾ ਸੀਨੀਅਰ ਮੀਤ ਪ੍ਰਧਾਨ ਤੇ ਕਾਕਾ ਸਿੰਘ ਕੋਟੜਾ ਸੂਬਾ ਜਨਰਲ ਸਕੱਤਰ ਨੇ ਕਿਹਾ ਕਿ ਪੰਜਾਬ ਸਰਕਾਰ ਨੇ 6 ਅਪ੍ਰੈਲ ਨੂੰ ਇੱਕ ਚਿੱਠੀ ਜਾਰੀ ਕਰਕੇ ਸੂਬੇ ਦੇ 8 ਸਾਈਲੋ ਪਲਾਂਟਾਂ ਨੂੰ ਸਰਕਾਰੀ ਮੰਡੀਆਂ ਦਾ ਦਰਜਾ ਦੇ ਦਿੱਤਾ ਹੈ ਤੇ ਇਸ ਤਰ੍ਹਾਂ ਕਰਕੇ ਨਾਲ ਦੀ ਨਾਲ ਸਰਕਾਰੀ ਮੰਡੀਆਂ ਨੂੰ ਬੰਦ ਕਰਨ ਦੀ ਕਵਾਇਦ ਵੀ ਸ਼ੁਰੂ ਕਰ ਦਿੱਤੀ ਗਈ ਹੈ, ਜਿਸ ਤੋਂ ਸਾਫ਼ ਪਤਾ ਲੱਗਦਾ ਹੈ ਕਿ ਸਰਕਾਰ ਕਿਸ ਹੱਦ ਤੱਕ ਕਾਰਪੋਰੇਟ ਘਰਾਣਿਆਂ ਨਾਲ ਯਾਰੀ ਨਿਭਾਉਣ ਲਈ ਤਰਲੋਮੱਛੀ ਹੋ ਰਹੀ ਹੈ ਤੇ ਸਰਕਾਰੀ ਮੰਡੀਆਂ ਨੂੰ ਬੰਦ ਕਰਕੇ ਕਿਸਾਨਾਂ, ਮਜ਼ਦੂਰਾਂ ਤੇ ਇਨ੍ਹਾਂ ਸਰਕਾਰੀ ਮੰਡੀਆਂ ਵਿੱਚ ਕੰਮ ਕਰਕੇ ਆਪਣੇ ਜੀਵਨ ਦਾ ਨਿਰਬਾਹ ਕਰ ਰਹੇ ਲੋਕਾਂ ਨੂੰ ਤਬਾਹ ਕਰਨ ਦੇ ਰਾਹ ਤੁਰੀ ਹੋਈ ਹੈ, ਕਿਉਂਕਿ ਸਰਕਾਰ ਦੇ ਇਸ ਫ਼ੈਸਲੇ ਨਾਲ ਲੱਖਾਂ ਲੋਕ ਰੁਜ਼ਗਾਰ ਤੋਂ ਵਿਹਲੇ ਹੋ ਜਾਣਗੇ ਤੇ ਆਉਣ ਵਾਲੇ ਸਮੇਂ ਵਿੱਚ ਕਿਸਾਨਾਂ ਦੀਆਂ ਮੁਸ਼ਕਲਾਂ ਵੀ ਹੋਰ ਵਧਣਗੀਆਂ ਅਤੇ ਕਿਸਾਨਾਂ, ਮਜ਼ਦੂਰਾਂ ਦਾ ਭਾਰੀ ਆਰਥਿਕ ਨੁਕਸਾਨ ਹੋਵੇਗਾ। ਕਾਕਾ ਸਿੰਘ ਕੋਟੜਾ ਨੇ ਕਿਹਾ ਕਿ ਸਰਕਾਰ ਵੱਲੋਂ ਪਿਛਲੇ ਸਾਲ ਮੋਗਾ ਜ਼ਿਲ੍ਹੇ ਦੇ ਇੱਕ ਸਾਈਲੋ ਪਲਾਂਟ (ਡਗਰੂ) ਨੂੰ ਸਰਕਾਰੀ ਮੰਡੀ ਬਣਾਉਣ ਨਾਲ ਹੀ ਉਸ ਇਲਾਕੇ ਦੀਆਂ 36 ਮੰਡੀਆਂ ਪ੍ਰਭਾਵਤ ਹੋਈਆਂ ਸਨ ਅਤੇ ਇਸ ਸਾਲ ਹੋਰ 8 ਸਾਈਲੋਜ ਦੇ ਚੱਲਣ ਨਾਲ ਘੱਟੋ-ਘੱਟ 250 ਮੰਡੀਆਂ ਬੰਦ ਹੋਣਗੀਆਂ ਤੇ ਜਿਸ ਦੀ ਸ਼ੁਰੂਆਤ ਸਰਕਾਰ ਵੱਲੋਂ ਲੋਕ ਮਾਰੂ ਨੀਤੀਆਂ ਦੇ ਚੱਲਦਿਆਂ ਕੀਤੀ ਜਾ ਚੁੱਕੀ ਹੈ ਤੇ ਜਿਸ ਦਾ ਸਬੂਤ ਜ਼ਿਲ੍ਹਾ ਗੁਰਦਾਸਪੁਰ ਵਿੱਚ ਮਾਰਕੀਟ ਕਮੇਟੀ ਧਾਰੀਵਾਲ ਅਧੀਨ ਆਉਂਦੀਆਂ ਨੌਸ਼ਹਿਰਾ ਮੱਝਾ ਸਿੰਘ ਦੀਆਂ ਮੰਡੀਆਂ, ਮੋਗਾ ਜ਼ਿਲ੍ਹੇ ਦੀਆਂ ਸਲੀਣਾ, ਸੱਦਾ ਸਿੰਘ ਵਾਲਾ, ਡਰੋਲੀ ਭਾਈ, ਸੋਸਨ, ਖੁਖਰਾਣਾ, ਦੌਲਤਪੁਰਾ ਨੀਵਾਂ ਆਦਿ ਮੰਡੀਆਂ ਬੰਦ ਹੋ ਚੁੱਕੀਆਂ ਹਨ ਤੇ ਹੋਰ ਵੀ ਸੈਂਕੜੇ ਆੜ੍ਹਤੀਆਂ ਉੱਤੇ ਅਧਿਕਾਰੀਆਂ ਵੱਲੋਂ ਦਬਾਅ ਬਣਾ ਕੇ ਜਿਣਸ ਸਿੱਧੀ ਸਾਇਲੋ ਪਲਾਂਟਾਂ ਉੱਤੇ ਹੀ ਭੇਜਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਕਾਕਾ ਸਿੰਘ ਕੋਟੜਾ ਨੇ ਕਿਹਾ ਕਿ ਇਸ ਲਈ ਹੀ ਪੰਜਾਬ ਸਰਕਾਰ ਦੇ ਇਸ ਲੋਕ ਵਿਰੋਧੀ ਕਿਸਾਨ ਮਜ਼ਦੂਰ ਵਿਰੋਧੀ ਤੇ ਲੋਕ ਮਾਰੂ ਫੈਸਲੇ ਨੂੰ ਰੱਦ ਕਰਾਉਣ ਲਈ ਅਤੇ ਪੰਜਾਬ ਸਰਕਾਰ ਉੱਤੇ ਦਬਾਅ ਬਣਾਉਣ ਲਈ ਸਾਰੀਆਂ ਜਥੇਬੰਦੀਆਂ ਵੱਲੋਂ ਮੋਗਾ, ਫ਼ਰੀਦਕੋਟ, ਸੰਗਰੂਰ, ਬਰਨਾਲਾ, ਪਟਿਆਲਾ, ਗੁਰਦਾਸਪੁਰ ਤੇ ਮਲੇਰਕੋਟਲਾ ਜ਼ਿਲ੍ਹਿਆਂ ਦੇ ਮੰਡੀ ਬੋਰਡ ਦੇ ਜ਼ਿਲ੍ਹਾ ਅਫ਼ਸਰਾਂ ਦੇ ਦਫ਼ਤਰਾਂ ਦਾ ਘਿਰਾਓ ਕਰਕੇ ਸਰਕਾਰ ਤੋਂ ਤੁਰੰਤ ਪ੍ਰਭਾਵ ਦੇ ਨਾਲ ਪੰਜਾਬ ਦੇ ਸਾਰੇ ਸਾਈਲੋ ਪਲਾਂਟਾਂ ਨੂੰ ਸਰਕਾਰੀ ਮੰਡੀਆਂ ਦਾ ਦਿੱਤਾ ਗਿਆ ਦਰਜਾ ਤੁਰੰਤ ਰੱਦ ਕਰਨ ਤੇ ਸਰਕਾਰੀ ਮੰਡੀਆਂ ਨੂੰ ਬਹਾਲ ਕਰਨ ਤੇ ਉਸ ਨੋਟੀਫਿਕੇਸ਼ਨ ਰੱਦ ਕਰਨ ਦੀ ਮੰਗ ਕੀਤੀ ਗਈ ਹੈ।

## ਨਸ਼ਾ ਛੁਡਾਊ ਮੁਲਾਜ਼ਮ 7 ਨੂੰ ਜਲੰਧਰ 'ਚ ਕਰਨਗੇ ਰੋਸ ਰੈਲੀ : ਪਰਮਿੰਦਰ ਸਿੰਘ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਰਾਜ ਦੇ ਨਸ਼ਾ ਛੁਡਾਊ ਕੇਂਦਰਾਂ ਤੇ ਓਓਏਟੀ ਕਲੀਨਿਕਾਂ 'ਚ ਪਿਛਲੇ 9 ਸਾਲਾਂ ਤੋਂ ਮੁਲਾਜ਼ਮ ਦਿਨ-ਰਾਤ ਪਹਿਲੇ ਦਰਜੇ ਦੇ ਸਿਪਾਹੀਆਂ ਵਾਂਗ ਸਰਕਾਰ ਦਾ ਨਸ਼ਾ ਮੁਕਤ ਪੰਜਾਬ ਬਣਾਉਣ ਲਈ ਸਾਥ ਦੇ ਰਹੇ ਹਨ। ਇਨ੍ਹਾਂ ਮੁਲਾਜ਼ਮਾਂ ਦੀ ਭਰਤੀ ਪੂਰਨ ਤੇ ਪਾਰਦਰਸ਼ੀ ਤਰੀਕੇ ਦੇ ਨਾਲ ਜਨਤਕ ਨਿਯੁਕਤੀਆਂ ਦੁਆਰਾ ਪੰਜਾਬ ਸਰਕਾਰ ਦੀ ਨਿਯਮਾਂਵਲੀ ਅਨੁਸਾਰ ਠੇਕੇ 'ਤੇ ਹੋਈ ਸੀ।ਪਿਛਲੀ ਸਰਕਾਰਾਂ ਨੇ ਸਿਵਾਏ ਲਾਰਿਆਂ ਤੋਂ ਉਨ੍ਹਾਂ ਨੂੰ ਕੁਝ ਨਹੀਂ ਦਿੱਤਾ, ਪਰ ਨਸ਼ਾ ਛਡਾਓ ਕੇਂਦਰਾਂ ਦੇ ਕੰਟਰੈਕਟ ਮੁਲਾਜ਼ਮਾਂ ਨੂੰ ਭਗਵੰਤ ਮਾਨ ਸਰਕਾਰ ਤੋਂ ਆਸ ਦੀ ਕਿਰਨ ਜਾਗੀ ਸੀ, ਜੋ ਕਿ ਬੁੱਝਦੀ ਨਜ਼ਰ ਆ ਰਹੀ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਨ ਦੌਰਾਨ ਪੰਜਾਬ ਦੇ ਨਸ਼ਾ ਛੁਡਾਊ ਮੁਲਾਜ਼ਮ ਯੂਨੀਅਨ ਦੇ ਸੂਬਾ ਪ੍ਰਧਾਨ ਪਰਮਿੰਦਰ ਸਿੰਘ ਨੇ ਦੱਸਿਆ ਕਿ ਅਕਾਲੀ ਸਰਕਾਰ ਨੇ 27 ਹਜ਼ਾਰ ਕੱਚੇ ਮੁਲਾਜ਼ਮ ਤੇ ਕਾਂਗਰਸ ਸਰਕਾਰ ਨੇ 36 ਹਜ਼ਾਰ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਦਾ ਝੂਠਾ ਲਾਰਾ ਲਾ ਕੇ ਮੁਲਾਜ਼ਮਾਂ ਨੂੰ ਬੇਵਕੂਫ਼ ਬਣਾਇਆ ਸੀ।ਇਸ ਲਈ ਮੁਲਾਜ਼ਮਾਂ ਨੇ ਏਕਾ ਕਰ ਇਨ੍ਹਾਂ ਸਰਕਾਰਾਂ ਨੂੰ ਚਲਦਾ ਕੀਤਾ।ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਵੀ 14 ਹਾਜ਼ਰ ਮੁਲਾਜ਼ਮਾਂ ਨੂੰ ਪੱਕਾ ਕਰਨ ਦਾ ਝੂਠਾ ਪ੍ਰਚਾਰ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਕਈ ਵਿਭਾਗਾਂ 'ਚ ਮੁਲਾਜ਼ਮ ਬਹੁਤ ਹੀ ਘੱਟ ਤਨਖਾਹਾਂ 'ਤੇ ਕੰਮ ਕਰ ਰਹੇ ਹਨ ਤੇ ਸਰਕਾਰਾਂ ਉਨ੍ਹਾਂ ਦਾ ਸ਼ੋਸ਼ਣ ਕਰ ਰਹੀਆਂ ਹਨ, ਜਦਕਿ ਚੋਣ ਮਨੋਰਥ ਪੱਤਰ ਵਿੱਚ ਮੁਲਾਜ਼ਮਾਂ ਦਾ ਮੁੱਦਾ ਚੁੱਕਣ ਦਾ ਮੁੱਖ ਮੰਤਰੀ ਨੇ ਜੋ ਵਾਅਦਾ ਕੀਤਾ ਸੀ, ਅਸੀਂ ਭਗਵੰਤ ਮਾਨ ਸਰਕਾਰ ਤੋਂ ਉਸ ਨੂੰ ਲਾਗੂ ਕਰਨ ਦੀ ਬੇਨਤੀ ਕਰਦੇ ਹਾਂ।ਪਰਮਿੰਦਰ ਸਿੰਘ ਨੇ ਕਿਹਾ ਕਿ ਪਿਛਲੇ ਇੱਕ ਸਾਲ ਵਿੱਚ ਯੂਨੀਅਨ ਦੀਆਂ ਦੋ ਮੀਟਿੰਗਾਂ ਇੱਕ ਚੇਤਨ ਸਿੰਘ ਜੌੜਾਮਾਜਰਾ ਤੇ ਦੂਜੀ ਡਾਕਟਰ ਬਲਬੀਰ ਸਿੰਘ ਸਿਹਤ ਮੰਤਰੀ ਤੇ ਉੱਚ ਅਧਿਕਾਰੀਆਂ ਨਾਲ ਹੋ ਚੁੱਕੀਆਂ ਹਨ ਅਤੇ ਹਰਪਾਲ ਚੀਮਾ ਵਿੱਤ ਮੰਤਰੀ ਪੰਜਾਬ ਨਾਲ਼ ਦੋ ਵਾਰ ਰਾਬਤਾ ਬਣਾਇਆ, ਪਰ ਹਰ ਵਾਰ ਦੀ ਤਰ੍ਹਾਂ ਮੁਲਾਜ਼ਮਾਂ ਨੂੰ ਨਿਰਾਸ਼ਾ ਦਾ ਸਾਹਮਣਾ ਕਰਨਾ ਪਿਆ ਹੈ।ਮੌਜੂਦਾ ਸਰਕਾਰ ਪਿਛਲੀਆਂ ਸਰਕਾਰਾਂ ਵਾਂਗ ਲ਼ਾਰੇ ਲਾਉਣ 'ਤੇ ਉੱਤਰ ਆਈ ਹੈ। ਇਸ ਕਰਕੇ ਮੁਲਾਜ਼ਮ ਰੋਸ ਵਜੋਂ ਆਉਣ ਵਾਲੀ 7 ਮਈ ਨੂੰ ਜਲੰਧਰ ਵਿਖੇ ਰੋਸ ਰੈਲੀ ਕਰਨ ਜਾ ਰਹੇ ਹਨ ਤੇ ਸਰਕਾਰ ਦਾ ਪੁਤਲਾ ਫੂਕਣਗੇ।

ਉਨ੍ਹਾਂ ਕਿਹਾ ਕਿ ਉਹ ਸਰਕਾਰ ਨੂੰ ਬੇਨਤੀ ਕਰਦੇ ਹਨ ਕਿ ਮੁਲਾਜ਼ਮਾਂ ਦੇ ਬਣਦੇ ਹੱਕ (ਰੈਗੂਲਰ ਤੇ ਵਿੱਤੀ ਲਾਭ) ਉਨ੍ਹਾਂ ਨੂੰ ਜਲਦੀ ਦਿੱਤੇ ਜਾਣ, ਨਹੀਂ ਤਾਂ ਪ੍ਰਦਰਸ਼ਨ ਤਿੱਖਾ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

## ਪੇਟ ਦੇ ਕੀੜਿਆਂ ਤੋਂ ਮੁਕਤੀ ਦਿਵਸ ਮੌਕੇ ਬਰਕੰਦੀ ਸਕੂਲ 'ਚ ਜ਼ਿਲ੍ਹਾ ਪੱਧਰੀ ਸਮਾਗਮ

**■ ਬੱਚਿਆਂ ਨੂੰ ਤੰਦਰੁਸਤ ਰੱਖਣ ਲਈ ਸਮੇਂ-ਸਮੇਂ ਡੀਵਰਮਿੰਗ ਕਰਨਾ ਜ਼ਰੂਰੀ : ਡਾ. ਸਿੰਗਲਾ**



**ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**

ਜ਼ਿਲ੍ਹਾ ਪੱਧਰੀ ਪੇਟ ਦੇ ਕੀੜਿਆਂ ਤੋਂ ਰਾਸ਼ਟਰੀ ਮੁਕਤੀ ਦਿਵਸ ਸਰਕਾਰੀ ਹਾਈ ਸਕੂਲ ਬਰਕੰਦੀ ਵਿਖੇ ਡਾ. ਰੰਜੂ ਸਿੰਗਲਾ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਦੀ ਪ੍ਰਧਾਨਗੀ ਹੇਠ ਮਨਾਇਆ ਗਿਆ। ਸ਼੍ਰੀਮਤੀ ਨੀਤੂ ਚੋਪੜਾ ਮੁੱਖ ਅਧਿਆਪਕਾ ਨੇ ਸਾਰਿਆਂ ਨੂੰ ਜੀ ਆਇਆਂ ਨੂੰ ਕਿਹਾ। ਇਸ ਸਮੇਂ ਜਾਣਕਾਰੀ ਦਿੰਦਿਆਂ ਸਮਾਗਮ ਦੇ ਮੁੱਖ ਮਹਿਮਾਨ ਡਾ. ਰੰਜੂ ਸਿੰਗਲਾ ਸਿਵਲ ਸਰਜਨ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਹੋਰ ਵਿਭਾਗ ਦੇ ਸਹਿਯੋਗ ਨਾਲ ਹਰ ਸਾਲ ਵਿੱਚ ਦੋ ਵਾਰ ਪੇਟ ਦੇ ਕੀੜਿਆਂ ਤੋਂ ਮੁਕਤੀ ਦਾ ਰਾਸ਼ਟਰੀ ਦਿਵਸ ਦਿਵਸ ਮਨਾਇਆ ਜਾਂਦਾ ਹੈ। ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਇਸ ਦਿਨ ਜ਼ਿਲ੍ਹੇ ਦੇ ਸਾਰੇ ਸਰਕਾਰੀ ਸਕੂਲਾਂ, ਪ੍ਰਾਈਵੇਟ ਸਕੂਲਾਂ, ਪੋਲੀਟੈਕਨਿਕ ਕਾਲਜ, ਆਈਲਟਸ ਸੈਂਟਰ ਤੇ ਆਂਗਣਵਾੜੀ ਸੈਂਟਰਾਂ ਅਤੇ ਸਕੂਲ ਨਾ ਜਾਣ ਵਾਲੇ 1 ਤੋਂ 19 ਸਾਲ ਤੱਕ ਦੇ ਲੱਗਭੱਗ 236796 ਬੱਚਿਆਂ ਨੂੰ ਐਲਬਿੰਡਾਜੋਲ ਦੀ ਗੋਲੀ (ਚਬਾ ਕੇ ਖਾਣ ਵਾਲੀ ਗੋਲੀ) ਖਵਾਈ ਜਾ ਰਹੀ ਹੈ ਤਾਂ ਜੋ ਬੱਚਿਆਂ ਨੂੰ ਪੇਟ ਦੇ ਕੀੜੇ ਹੋਣ ਕਾਰਨ ਹੋਣ ਵਾਲੇ ਨੁਕਸਾਨਾਂ ਤੋਂ ਬਚਾਇਆ ਜਾ ਸਕੇ। ਇਸ ਮੌਕੇ ਡਾ. ਬੰਦਨਾ ਬਾਂਸਲ ਨੋਡਲ ਅਫਸਰ ਜ਼ਿਲ੍ਹਾ ਸਕੂਲ ਹੈਲਥ ਕਮ ਡਿਪਟੀ ਮੈਡੀਕਲ ਕਮਿਸ਼ਨਰ ਨੇ ਕਿਹਾ ਕਿ ਅੱਜ ਜ਼ਿਲ੍ਹੇ ਵਿੱਚ ਇੱਕ ਸਾਲ ਤੋਂ ਲੈ ਕੇ 2 ਸਾਲਾਂ ਤੱਕ ਦੇ ਬੱਚਿਆਂ ਨੂੰ ਐਲਬਿੰਡਾਜੋਲ ਸੀਰਪ ਦੀ ਡੋਜ਼ ਤੇ 2 ਤੋਂ 19 ਸਾਲ ਤੱਕ ਕੇ ਬੱਚਿਆਂ ਨੂੰ 400 ਮਿਲੀਗ੍ਰਾਮ ਐਲਬਿੰਡਾਜੋਲ ਦੀ ਇੱਕ ਗੋਲੀ ਖੁਆਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਬੱਚੇ ਦੇ ਪੇਟ 'ਚ ਕੀੜੇ ਹੋਣ ਕਾਰਨ ਬੱਚੇ 'ਚ ਅਨੀਮੀਆ, ਭੁੱਖ ਘੱਟ ਲੱਗਣਾ, ਕੁਪੋਸ਼ਣ, ਮਾਨਸਿਕ ਤੇ ਬੌਧਿਕ ਕਮਜ਼ੋਰੀ, ਥਕਾਵਟ, ਬੇਚੈਨੀ, ਪੇਟ ਵਿੱਚ ਦਰਦ, ਜੀਅ ਮਤਲਾਉਣਾ, ਚਿੜਚਿੜਾਪਣ, ਉਲਟੀ ਤੇ ਦਸਤ ਆਉਣਾ ਜਾਂ ਲੈਟਰੀਨ 'ਚ ਖੂਨ ਆਉਣਾ ਲੱਛਣ ਹੋ ਸਕਦੇ ਹਨ ਤੇ ਬੱਚਾ ਦਿਨੋਂ ਦਿਨ ਕਮਜ਼ੋਰੀ ਤੇ ਥਕਾਵਟ ਮਹਿਸੂਸ ਕਰਦਾ ਹੈ। ਇਸ ਮੌਕੇ ਸ. ਹਰਜੀਤ ਸਿੰਘ ਡਿਪਟੀ ਜ਼ਿਲ੍ਹਾ ਸਿੱਖਿਆ ਅਫਸਰ, ਸੁਖਮੰਦਰ ਸਿੰਘ ਜ਼ਿਲ੍ਹਾ ਮਾਸ ਮੀਡੀਆ ਅਫਸਰ ਤੇ ਰਾਹੁਲ ਬਖਸ਼ੀ ਕੋਆਰਡੀਨੇਟਰ ਮਿਡ ਡੇ ਮੀਲ ਨੇ ਦੱਸਿਆ ਕਿ ਐਲਬੈਂਡਾਜੋਲ ਦੀਆਂ ਗੋਲੀਆਂ ਸਾਨੂੰ ਬਿਨਾਂ ਕਿਸੇ ਡਰ, ਭੈ, ਗਲਤ ਫਹਿਮੀਆਂ ਜਾਂ ਗਲਤ ਅਫਵਾਹਾਂ ਤੋਂ ਬਚਦੇ ਹੋਏ ਖਾਣੀਆਂ ਚਾਹੀਦੀਆਂ ਹਨ। ਇਸ ਮੌਕੇ ਮਿਸ ਸ਼ਾਲੂ ਜ਼ਿਲ੍ਹਾ ਸਕੂਲ ਹੈਲਥ ਕੋਆਰਡੀਨੇਟਰ, ਡਾ. ਨਵਤੇਜ ਸਿੰਘ, ਸੁਖਪ੍ਰੀਤਪਾਲ ਕੌਰ, ਬੂਟਾ ਸਿੰਘ ਅਤੇ ਸਕੂਲ ਸਟਾਫ ਤੇ ਵਿਦਿਆਰਥੀ ਮੌਜੂਦ ਸਨ।

## ਸਮਾਜ ਸੇਵੀ ਟਿੰਕੂ ਕੁਮਾਰ ਨੇ ਜਨਮ ਦਿਨ ਨਿਵੇਕਲੇ ਢੰਗ ਨਾਲ ਮਨਾਇਆ

**■ ਸ਼ਹਿਰ ਦੀਆਂ ਵੱਖ-ਵੱਖ ਥਾਵਾਂ 'ਤੇ ਪਾਣੀ ਦੇ ਕਟੋਰੇ ਰੱਖੇ ਤੇ ਬੂਟੇ ਲਾਏ**



**ਕੋਟਕਪੂਰਾ (ਰਛਪਾਲ ਭੁੱਲਰ)**-ਅਸਲ ਦੇਵਤੇ ਤਾਂ ਰੁੱਖ ਹੁੰਦੇ ਹਨ, ਜੋ ਸਾਨੂੰ ਸਾਹ ਬਖਸ਼ਦੇ ਹਨ, ਕਿਉਂਕਿ ਉਕਤ ਦਰੱਖਤ ਸਾਨੂੰ ਆਕਸੀਜਨ ਮੁਹੱਈਆ ਕਰਵਾ ਕੇ ਖੁਦ ਕਾਰਬਨ ਡਾਈਆਕਸਾਈਡ ਨੂੰ ਸੋਖ ਲੈਣ ਵਿੱਚ ਸਾਡੀ ਮਦਦ ਕਰਦੇ ਹਨ। ਉਕਤ ਸ਼ਬਦਾਂ ਦਾ ਪ੍ਰਗਟਾਵਾ ਸਮਾਜਸੇਵੀ ਟਿੰਕੂ ਕੁਮਾਰ ਨੇ ਆਪਣਾ 34ਵਾਂ ਜਨਮ ਦਿਨ ਲਾਈਫ ਸੇਵਿੰਗ ਹੈਲਥ ਕੇਅਰ ਸੁਸਾਇਟੀ ਦੇ ਸਹਿਯੋਗ ਨਾਲ ਮਨਾਉਂਦਿਆਂ ਬੂਟਾ ਲਾਉਣ ਮੌਕੇ ਕਰਦਿਆਂ ਆਖਿਆ ਕਿ ਦਰੱਖਤ ਸਾਡੇ ਫੇਫੜੇ ਹੁੰਦੇ ਹਨ, ਜੋ ਸਾਡੀ ਸਾਹ ਪ੍ਰਣਾਲੀ ਨੂੰ ਦਰੁਸਤ ਰੱਖਣ ਦਾ ਕੰਮ ਕਰਦੇ ਹਨ। ਟਿੰਕੂ ਕੁਮਾਰ ਨੇ ਦੱਸਿਆ ਕਿ ਦਰੱਖਤਾਂ ਦੇ ਬਹੁਤ ਸਾਰੇ ਫਾਇਦੇ ਹੁੰਦੇ ਹਨ, ਪਰ ਜੋ ਦਰੱਖਤਾਂ ਨੂੰ ਕੱਟਦੇ ਜਾਂ ਸਿਉਂਕ ਦੇ ਰੂਪ ਵਿੱਚ ਖਾ ਜਾਂਦੇ ਹਨ, ਉਹ ਮਨੁੱਖ ਹੋਵੇ ਜਾਂ ਕੀਟ ਪਤੰਗੇ, ਉਨ੍ਹਾਂ ਨੂੰ ਦੈਂਤ ਅਰਥਾਤ ਦੁਸ਼ਮਣਾਂ ਦਾ ਨਾਮ ਦਿੱਤਾ ਗਿਆ ਹੈ, ਪਰ ਹਰ ਕਿਸਮ ਦੇ ਦਰੱਖਤ ਨੂੰ ਦੇਵਤਾ ਮੰਨ ਕੇ ਉਨ੍ਹਾਂ ਦੀ ਸੇਵਾ-ਸੰਭਾਲ ਕਰਨਾ ਸਾਡਾ ਮੁੱਢਲਾ ਫਰਜ਼ ਹੈ। ਇਸ ਮੌਕੇ ਉਨ੍ਹਾਂ ਬੂਟਾ ਲਾਉਣ ਦੇ ਨਾਲ-ਨਾਲ ਗਰਮੀ ਨੂੰ ਦੇਖਦਿਆਂ ਸਥਾਨਕ ਰੇਲਵੇ ਸਟੇਸ਼ਨ ਨੇੜੇ ਪੰਛੀਆਂ ਦੇ ਪਾਣੀ ਪੀਣ ਲਈ ਮਿੱਟੀ ਦੇ ਬਣੇ ਕਟੋਰੇ ਵੀ ਕਈ ਥਾਂ ਰੱਖੇ। ਉਨ੍ਹਾ ਆਪਣੇ ਜਨਮ ਦਿਨ ਨੂੰ ਖਾਸ ਬਣਾਉਣ ਲਈ ਸੁਸਾਇਟੀ ਮੈਂਬਰਾਂ ਤਹਿ ਦਿਲੋਂ ਧੰਨਵਾਦ ਕਰਦਿਆਂ ਆਖਿਆ ਕਿ ਸੁਸਾਇਟੀ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜ ਕੀਤੇ ਜਾ ਰਹੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਚਿਨ ਸ਼ਰਮਾ, ਜਗਸੀਰ ਜੱਸੀ, ਅਮਿਤ ਗੋਇਲ, ਰਿੰਪੀ ਸਿੰਗਲਾ, ਮਨੋਜ ਸ਼ਰਮਾ ਤੇ ਸਾਧੂ ਰਾਮ ਆਦਿ ਦਾ ਵੀ ਭਰਪੂਰ ਸਹਿਯੋਗ ਰਿਹਾ।

## ...ਸ.ਫ਼ਾ 1 ਦੇ ਬਾਕੀ

### ਖੇਤੀ ਕਾਮਿਆਂ ਨੂੰ ...

ਗਰੁੱਪ-ਬੀ ਤੇ ਗਰੁੱਪ ਸੀ) ਸਰਵਿਸ ਨਿਯਮਾਂ, 2023 ਦੀ ਪੁਨਰ ਰਚਨਾ ਨੂੰ ਮਨਜ਼ੂਰੀ ਦੇ ਦਿੱਤੀ। ਖੇਡ ਵਿਭਾਗ ਵਿੱਚ ਵੱਖ-ਵੱਖ ਕੇਡਰਾਂ (ਗਰੁੱਪ ਏ, ਗਰੁੱਪ ਬੀ ਤੇ ਗਰੁੱਪ ਸੀ) ਵਿੱਚ ਤਾਜ਼ਾ ਭਰਤੀ ਇਨ੍ਹਾਂ ਨਵੇਂ ਨੋਟੀਫਾਈ ਨਿਯਮਾਂ ਮੁਤਾਬਕ ਹੀ ਹੋਵੇਗੀ। ਇਸੇ ਤਰ੍ਹਾਂ ਖੇਡ ਵਿਭਾਗ ਵਿੱਚ ਵੱਖ-ਵੱਖ ਕਾਡਰ ਵਿੱਚ ਕੰਮ ਕਰ ਰਹੇ ਅਧਿਕਾਰੀਆਂ/ਮੁਲਾਜ਼ਮਾਂ ਨੂੰ ਆਪਣੀ ਸੇਵਾ ਦੌਰਾਨ ਤਰੱਕੀ ਦੇ ਮੌਕੇ ਮਿਲਣਗੇ।

ਇਕ ਹੋਰ ਲੋਕ ਪੱਖੀ ਫੈਸਲੇ ਵਿਚ ਮੰਤਰੀ ਮੰਡਲ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਚ ਅਧਿਆਪਕਾਂ ਦੇ ਤਨਖਾਹ ਸਕੇਲ ਇਕ ਜਨਵਰੀ, 2016 ਤੋਂ ਸੋਧਣ ਦੀ ਪ੍ਰਵਾਨਗੀ ਦੇ ਦਿੱਤੀ ਹੈ। ਇਨ੍ਹਾਂ ਅਧਿਆਪਕਾਂ ਦੀ ਤਨਖਾਹ ਤੇ ਪੈਨਸ਼ਨ ਦਾ ਭੁਗਤਾਨ ਅਪ੍ਰੈਲ, 2023 ਤੋਂ ਹੋਵੇਗਾ। ਇਸ ਨਾਲ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਅਧਿਆਪਕਾਂ ਦੀ ਚਿਰੋਕਣੀ ਮੰਗ ਪੂਰੀ ਹੋਣ ਨਾਲ ਉਨ੍ਹਾਂ ਨੂੰ ਬਹੁਤ ਵੱਡਾ ਫਾਇਦਾ ਹੋਵੇਗਾ। ਮੰਤਰੀ ਮੰਡਲ ਨੇ 'ਦਾ ਪੰਜਾਬ ਐਡਵੋਕੇਟ ਜਨਰਲ (ਗਰੁੱਪ-ਏ) ਸਰਵਿਸ ਰੂਲਜ਼-2023' ਦੀ ਰਚਨਾ ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਇਨ੍ਹਾਂ ਸੇਵਾ ਨਿਯਮਾਂ ਦੀ ਰਚਨਾ ਨਾਲ ਐਡਵੋਕੇਟ ਜਨਰਲ ਦੇ ਦਫਤਰ ਵਿਚ ਕੰਮ ਕਰ ਰਹੇ ਗਰੁੱਪ-ਏ ਦੇ ਅਧਿਕਾਰੀਆਂ ਦੀਆਂ ਸੇਵਾਵਾਂ ਨਿਯਮਤ ਹੋ ਜਾਣਗੀਆਂ। ਇਸ ਫੈਸਲੇ ਨਾਲ ਵਡੇਰੇ ਜਨਤਕ ਹਿੱਤ ਵਿਚ ਇਸ ਵੱਕਾਰੀ ਦਫਤਰ ਵਿਚ ਦਫਤਰੀ ਕੰਮਕਾਜ ਹੋਰ ਪ੍ਰਭਾਵੀ ਤੇ ਸੁਚਾਰੂ ਹੋ ਜਾਵੇਗਾ। ਮੰਤਰੀ ਮੰਡਲ ਨੇ ਰੱਖਿਆ ਸੈਨਾਵਾਂ ਭਲਾਈ ਵਿਭਾਗ, ਪੰਜਾਬ ਦੀ ਸਾਲ 2021-22 ਦੀ ਸਾਲਾਨਾ ਪ੍ਰਸ਼ਾਸਕੀ ਰਿਪੋਰਟ ਨੂੰ ਮਨਜ਼ੂਰੀ ਦੇ ਦਿੱਤੀ ਹੈ।

ਮੰਤਰੀ ਮੰਡਲ ਨੇ ਜਨਤਕ ਹਿੱਤ ਵਿਚ ਡਰੱਗ ਟੈਸਟਿੰਗ ਲੈਬਾਰਟਰੀ (ਆਯੁਰਵੇਦ) ਵਿਚ 7 ਅਸਾਮੀਆਂ ਸਿਰਜਣ ਦੀ ਪ੍ਰਵਾਨਗੀ ਦੇ ਦਿੱਤੀ ਹੈ। ਇਨ੍ਹਾਂ ਅਸਾਮੀਆਂ ਉਤੇ ਭਰਤੀ ਕਰਨ ਨਾਲ ਲੈਬਾਰਟਰੀ ਦਾ ਕੰਮਕਾਜ ਹੋਰ ਸੁਚਾਰੂ ਹੋਵੇਗਾ, ਜਿਸ ਨਾਲ ਆਮ ਲੋਕਾਂ ਨੂੰ ਲਾਭ ਪਹੁੰਚੇਗਾ ਅਤੇ ਆਯੁਰਵੈਦਿਕ ਦਵਾਈਆਂ ਦੀ ਨਿਰੰਤਰ ਟੈਸਟਿੰਗ ਵਧੇਗੀ ਤਾਂ ਕਿ ਸੂਬਾ ਸਰਕਾਰ ਦੇ ਆਯੁਰਵੈਦਿਕ ਹਸਪਤਾਲਾਂ, ਡਿਸਪੈਂਸਰੀਆਂ ਅਤੇ ਹੋਰਾਂ ਨੂੰ ਦਵਾਈਆਂ ਸਪਲਾਈ ਕੀਤੀਆਂ ਜਾ ਸਕਣ। ਇਸ ਕਦਮ ਨਾਲ ਸੂਬੇ ਵਿਚ ਆਯੁਰਵੈਦਿਕ ਦਵਾਈਆਂ ਦੀ ਮਿਆਰਤਾ ਤੇ ਸ਼ੁੱਧਤਾ ਕਾਇਮ ਰੱਖਣ ਵਿਚ ਮਦਦ ਮਿਲੇਗੀ।

**ਖੇਤੀ ਮਸਲਿਆਂ ਬਾਰੇ ਮਾਹਿਰਾਂ ਦੀਆਂ ਸੇਵਾਵਾਂ ਲੈਣ ਲਈ ਹਰੀ ਝੰਡੀ**

ਮੰਤਰੀ ਮੰਡਲ ਨੇ ਵਾਤਾਵਰਣ ਵਿਚ ਸੁਧਾਰ ਲਿਆਉਣ, ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਨੂੰ ਰੋਕਣ, ਕਿਸਾਨਾਂ ਨੂੰ ਕਣਕ-ਝੋਨੇ ਦੇ ਫਸਲੀ ਚੱਕਰ ਵਿੱਚੋਂ ਬਾਹਰ ਕੱਢਣ ਅਤੇ ਕਿਸਾਨਾਂ ਦੀ ਵਿੱਤੀ ਹਾਲਤ ਸੁਧਾਰਨ ਦੇ ਉਦੇਸ਼ ਨਾਲ ਮਾਹਿਰਾਂ ਦੀਆਂ ਸੇਵਾਵਾਂ ਲੈਣ ਲਈ ਹਰੀ ਝੰਡੀ ਦੇ ਦਿੱਤੀ ਹੈ। ਇਨ੍ਹਾਂ ਮਾਹਿਰਾਂ ਦੀਆਂ ਸੇਵਾਵਾਂ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਪੰਜਾਬ ਵੱਲੋਂ ਹਾਸਲ ਕੀਤੀਆਂ ਜਾਣਗੀਆਂ ਤਾਂ ਕਿ ਸੂਬੇ ਦੇ ਕਿਸਾਨਾਂ ਦੇ ਹਿੱਤ ਵਿਚ ਹੋਰ ਲੋੜੀਂਦੇ ਕਦਮ ਚੁੱਕੇ ਜਾ ਸਕਣ।

### ਬਾਦਲਾਂ ਖਿਲਾਫ ਸੰਮਨਿੰਗ...

ਨਹੀਂ ਮੰਨਿਆ ਜਾ ਸਕਦਾ ਅਤੇ ਇਹ ਵੀ ਕਿਹਾ ਕਿ ਧਾਰਮਕ ਵਿਅਕਤੀ ਵੀ ਸੈਕੂਲਰ ਹੋ ਸਕਦਾ ਹੈ।

ਐਡਵੋਕੇਟ ਬੀ ਐੱਸ ਰਿਆੜ ਅਤੇ ਐਡਵੋਕੇਟ ਹਿਤੇਸ਼ ਪੁਰੀ ਨੇ ਦੱਸਿਆ ਕਿ ਸੋਸ਼ਲਿਸਟ ਪਾਰਟੀ ਆਫ ਇੰਡੀਆ ਦੇ ਸਾਬਕਾ ਕੌਮੀ ਮੀਤ ਪ੍ਰਧਾਨ ਬਲਵੰਤ ਸਿੰਘ ਖੇੜਾ ਤੇ ਸੂਬਾ ਪ੍ਰਧਾਨ ਓਮ ਸਿੰਘ ਸਟਿਆਣਾ ਵੱਲੋਂ ਸਾਲ 2009 'ਚ ਕੀਤੀ ਗਈ ਸ਼ਿਕਾਇਤ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਇਨ੍ਹਾਂ ਲੀਡਰਾਂ ਵਿਰੁੱਧ ਆਈ ਪੀ ਸੀ ਦੀਆਂ ਧਾਰਾਵਾਂ 182, 199, 200, 420, 465, 466, 468, 471 ਅਤੇ 120ਬੀ ਤਹਿਤ ਸਾਜ਼ਿਸ਼ ਕਰਨ, ਧੋਖਾਧੜੀ ਤੇ ਜਾਅਲਸਾਜ਼ੀ ਦਾ ਮੁਕੱਦਮਾ ਚਲ ਰਿਹਾ ਸੀ। ਇਸ ਕੇਸ ਦੇ ਸਭ ਤੋਂ ਅਹਿਮ ਗਵਾਹ ਮਨਜੀਤ ਸਿੰਘ ਤਰਨਤਾਰਨੀ ਤੱਤਕਾਲੀ ਸਕੱਤਰ ਤੇ ਖਜ਼ਾਨਚੀ ਸ਼੍ਰੋਮਣੀ ਅਕਾਲੀ ਦਲ, ਭਾਰਤੀ ਚੋਣ ਕਮਿਸ਼ਨ ਦਿੱਲੀ ਦਾ ਨੁਮਾਇੰਦਾ ਅਤੇ ਗੁਰਦੁਆਰਾ ਚੋਣ ਕਮਿਸ਼ਨ ਚੰਡੀਗੜ੍ਹ ਦਾ ਨੁਮਾਇੰਦਾ ਵੀ ਹਾਜ਼ਰ ਹੋ ਚੁੱਕੇ ਸਨ। ਸੁਪਰੀਮ ਕੋਰਟ ਨੇ ਸਪੱਸ਼ਟ ਕੀਤਾ ਹੈ ਕਿ ਇਸ ਫੈਸਲੇ ਦਾ ਦਿੱਲੀ ਹਾਈਕੋਰਟ ਵਿੱਚ ਖੇੜਾ ਵੱਲੋਂ ਅਕਾਲੀ ਦਲ ਦੀ ਸਿਆਸੀ ਪਾਰਟੀ ਵਜੋਂ ਮਾਨਤਾ ਖਤਮ ਕਰਨ ਲਈ ਚੱਲ ਰਹੇ ਕੇਸ ਨਾਲ ਲੈਣਾ-ਦੇਣਾ ਨਹੀਂ ਹੈ।

## ਜਲੰਧਰ ਜ਼ਿਮਨੀ ਚੋਣ: ਰਵਾਇਤੀ ਪਾਰਟੀਆਂ ਦਾ ਬਚਿਆ-ਖੁਚਿਆ ਆਧਾਰ ਵੀ ਜਾ ਰਿਹੈ ਖੁਰਦਾ !

**■ ਅੱਤੀ ਦੇ ਸਰਪੰਚ ਸਮੇਤ ਪੰਚਾਇਤੀ ਮੈਂਬਰਾਂ ਨੇ ਫੜਿਆ 'ਆਪ' ਦਾ ਝਾੜੂ**

**■ ਸ਼ੁਸ਼ੀਲ ਰਿੰਕੂ ਨੂੰ ਲੋਕ-ਸਭਾ ਭੇਜਣ ਦਾ ਕੀਤਾ ਪੱਕਾ ਫੈਸਲਾ : ਵਿਧਾਇਕ ਗਿੱਲ**



**ਜਲੰਧਰ :** ਜਲੰਧਰ ਜ਼ਿਮਨੀ ਚੋਣ ਵਿੱਚ ਜਿੱਥੇ ਆਮ ਆਦਮੀ ਪਾਰਟੀ ਦਿਨੋਂ-ਦਿਨ ਹੋਰ ਮਜ਼ਬੂਤ ਹੁੰਦੀ ਜਾ ਰਹੀ ਹੈ, ਉੱਥੇ ਰਵਾਇਤੀ ਪਾਰਟੀਆਂ ਦਾ ਆਧਾਰ ਲਗਾਤਾਰ ਖੁਰਦਾ ਜਾ ਰਿਹਾ ਹੈ। ਇਸੇ ਦੌਰਾਨ ਅੱਜ ਪਾਰਟੀ ਦੀਆਂ ਨੀਤੀਆਂ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੇ ਕੰਮਾਂ ਤੋਂ ਪ੍ਰਭਾਵਿਤ ਹੋਕੇ ਵਿਧਾਇਕ ਜਗਰੂਪ ਸਿੰਘ ਗਿੱਲ ਦੀ ਹਾਜ਼ਰੀ ਵਿੱਚ ਪਿੰਡ ਅੱਤੀ ਵਿਖੇ ਪਿੰਡ ਦੇ ਸਰਪੰਚ 'ਤੇ ਰਾਮ ਬਾਗ ਦੇ ਸਾਬਕਾ ਪ੍ਰਧਾਨ ਸੋਹਣ ਲਾਲ ਸਮੇਤ ਦੋ ਪੰਚਾਇਤੀ ਮੈਂਬਰ ਭਗਤ ਰਾਮ ਅਤੇ ਭਗਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।

ਵਿਧਾਇਕ ਗਿੱਲ ਨੇ ਪਾਰਟੀ ਵਿੱਚ ਸ਼ਾਮਲ ਹੋਏ ਨਵੇਂ ਮਹਿਮਾਨਾਂ ਦਾ ਸਵਾਗਤ ਕੀਤਾ। ਇਸ ਮੌਕੇ ਬੋਲਦਿਆਂ ਜਗਰੂਪ ਸਿੰਘ ਗਿੱਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਸੂਬੇ ਵਿੱਚ ਕੀਤੇ ਜਾ ਰਹੇ ਲੋਕ ਭਲਾਈ ਦੇ ਕੰਮਾਂ ਅਤੇ ਲਾਗੂ ਕੀਤੀਆਂ ਜਾ ਰਹੀਆਂ ਹੋਰ ਸਕੀਮਾਂ ਨੂੰ ਲੈਕੇ ਜਲੰਧਰ ਲੋਕ-ਸਭਾ ਹਲਕੇ ਦੇ ਲੋਕਾਂ ਵਿੱਚ ਭਾਰੀ ਉਤਸ਼ਾਹ ਹੈ। ਉਨ੍ਹਾਂ ਕਿਹਾ ਕਿ ਜਲੰਧਰ ਜ਼ਿਮਨੀ ਚੋਣ ਨੂੰ ਲੈਕੇ ਹਲਕੇ ਦੇ ਲੋਕਾਂ ਵਲੋਂ 'ਆਪ' ਨੂੰ ਭਾਰੀ ਸਮਰਥਨ ਮਿਲ ਰਿਹਾ ਹੈ। ਉਨ੍ਹਾਂ ਦੁਹਰਾਇਆ ਕਿ ਜਲੰਧਰ ਦੇ ਸੂਝਵਾਨ ਲੋਕਾਂ ਨੇ ਜ਼ਿਮਨੀ ਚੋਣ ਲਈ 'ਆਪ' ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਨੂੰ ਵੱਡੇ ਫਰਕ ਨਾਲ ਜਿਤਾਉਣ ਦਾ ਪੱਕਾ ਮੰਨ ਬਣਾ ਲਿਆ ਹੈ। ਦੂਜੇ ਪਾਸੇ ਜਲੰਧਰ ਲੋਕ-ਸਭਾ ਜ਼ਿਮਨੀ ਚੋਣ ਲਈ ਪਾਰਟੀ ਨੂੰ ਸਮਰਥਨ ਦੇਣ ਦਾ ਭਰੋਸਾ ਦਿੰਦਿਆਂ ਹਾਜ਼ਰ ਹੋਏ ਸਮੂਹ ਪਿੰਡ ਵਾਸੀਆਂ ਨੇ ਪਾਰਟੀ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਨੂੰ ਵੱਡੇ ਫਰਕ ਨਾਲ ਜਿਤਾਉਣ ਦਾ ਵਾਅਦਾ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਬਠਿੰਡਾ ਨਗਰ ਨਿਗਮ ਦੇ ਵਾਰਡ ਨੰਬਰ 2 ਤੋਂ ਸੁਖਦੀਪ ਢਿੱਲੋਂ, ਜਗਦੀਸ਼ ਸਿੰਘ ਅਤੇ ਸਾਥੀ ਵੀ ਹਾਜ਼ਰ ਸਨ।

## 'ਸਕੂਲ ਆਫ਼ ਐਮੀਨੈਂਸ' ਦੀ ਥਾਂ ਸਰਕਾਰੀ ਸਕੂਲਾਂ 'ਚ ਮਿਆਰੀ ਤੇ ਬੁਨਿਆਦੀ ਸਿੱਖਿਆ ਦੇਣ 'ਤੇ ਜ਼ੋਰ ਦਿੱਤਾ ਜਾਵੇ



**ਮੁੱਲਾਂਪੁਰ ਦਾਖਾ (ਗੁਰਮੇਲ ਸਿੰਘ ਮੈਲਡੇ)**

ਗੌਰਮਿੰਟ ਸਕੂਲ ਟੀਚਰਜ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ, ਸਰਪ੍ਰਸਤ ਚਰਨ ਸਿੰਘ ਸਰਾਭਾ, ਜਰਨਲ ਸਕੱਤਰ ਗੁਰਪ੍ਰੀਤ ਮਾੜੀਮੇਘਾ, ਪ੍ਰਵੀਨ ਕੁਮਾਰ ਲੁਧਿਆਣਾ, ਨਵੀਨ ਸਚਦੇਵਾ, ਸੰਜੀਵ ਸਰਮਾ ਲੁਧਿਆਣਾ, ਸੁਖਜਿੰਦਰ ਸਿੰਘ ਕਾਨਪੁਰ, ਕਾਰਜ ਸਿੰਘ ਕੈਰੋਂ, ਅਮਨਦੀਪ ਸਿੰਘ, ਟਹਿਲ ਸਿੰਘ ਸਰਾਭਾ ਆਗੂਆਂ ਵੱਲੋਂ ਪੰਜਾਬ ਸਰਕਾਰ ਵੱਲੋਂ 'ਸਕੂਲ ਆਫ ਐਮੀਨੈਂਸ' ਲਈ ਛੇਵੀਂ ਜਮਾਤ ਤੋਂ ਦਾਖਲੇ ਸ਼ੁਰੂ ਕਰਨ ਦੇ ਲਏ ਫੈਸਲੇ ਨੂੰ ਸਹੀ ਕਦਮ ਕਰਾਰ ਦਿੱਤਾ ਗਿਆ, ਜਿਸ ਦਾ ਜਥੇਬੰਦੀ ਪਿਛਲੇ ਸਮੇਂ ਤੋਂ ਪੰਜਾਬ ਸਰਕਾਰ ਨੂੰ ਉਕਤ ਸਮੱਸਿਆਵਾਂ ਦਾ ਵਾਜਬ ਹੱਲ ਕੱਢਣ ਲਈ ਮੰਗ ਕਰਦੀ ਆ ਰਹੀ ਹੈ।

ਇਸ ਤੋਂ ਇਲਾਵਾ ਜਥੇਬੰਦੀ ਵੱਲੋਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ 'ਸਕੂਲ ਆਫ ਐਮੀਨੈਂਸ' ਬਜਾਏ ਪੰਜਾਬ ਦੇ ਸਮੂਹ ਸਰਕਾਰੀ ਸਕੂਲਾਂ ਵਿੱਚ ਇੱਕ ਸਾਰ ਮਿਆਰੀ ਤੇ ਬੁਨਿਆਦੀ ਸਿੱਖਿਆ ਦੇਣ 'ਤੇ ਜ਼ੋਰ ਦਿੱਤਾ ਜਾਵੇ ਅਤੇ ਕੋਠਾਰੀ ਸਿੱਖਿਆ ਕਮਿਸ਼ਨ (1964-66) ਤੇ 1968 ਦੀ ਸਿੱਖਿਆ ਨੀਤੀ ਦੀਆਂ ਤਜਵੀਜ਼ਾਂ ਵਿੱਚ ਬਣਦੀਆਂ ਸਾਰਥਿਕ ਸੋਧਾਂ ਕਰਕੇ ਸਹੀ ਢੰਗ ਨਾਲ ਲਾਗੂ ਕੀਤੀ ਜਾਵੇ ਤਾਂ ਜੁ ਸਰਕਾਰੀ ਸਕੂਲਾਂ ਵਿੱਚ ਪੜ੍ਹਨ ਵਾਲੇ ਲੱਖਾਂ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਨਾ ਹੋ ਸਕੇ। ਜਥੇਬੰਦੀ ਵੱਲੋਂ ਫੈਸਲਾ ਕੀਤਾ ਗਿਆ ਕਿ ਨਵੀਂ ਸਿੱਖਿਆ ਨੀਤੀ 2020 ਸਮੇਤ 'ਸਕੂਲ ਆਫ ਐਮੀਨੈਂਸ' ਰੱਦ ਕਰਨ ਤੇ ਸਿੱਖਿਆ ਨੂੰ ਨਿੱਜੀਕਰਨ ਵਪਾਰੀਕਰਨ ਤੋਂ ਬਚਾਉਣ ਲਈ ਜਥੇਬੰਦੀ ਵੱਲੋਂ 28 ਮਈ ਨੂੰ ਲੁਧਿਆਣਾ ਵਿਖੇ ਸੂਬਾ ਪੱਧਰੀ ਵਿਸ਼ਾਲ ਇਕੱਤਰਤਾ ਕੀਤੀ ਜਾਵੇ। ਜਥੇਬੰਦੀ ਮੰਗ ਕਰਦੀ ਹੈ ਕਿ ਪਿਛਲੇ ਸਮੇਂ ਵਿੱਚ ਅਕਾਲੀ-ਭਾਜਪਾ ਗਠਜੋੜ ਸਰਕਾਰ ਤੇ ਕੈਪਟਨ ਸਰਕਾਰ ਸਮੇਂ ਖੁੱਲ੍ਹੇ ਆਦਰਸ਼, ਮਾਡਲ, ਮੈਰੀਟੋਰੀਅਸ ਸਕੂਲਾਂ ਨੂੰ ਸਮੁੱਚੇ ਸਟਾਫ ਸਮੇਤ ਸਿੱਖਿਆ ਵਿਭਾਗ ਵਿੱਚ ਮਰਜ ਕੀਤਾ ਜਾਵੇ।

ਆਗੂਆਂ ਵੱਲੋਂ ਖਦਸ਼ਾ ਪ੍ਰਗਟ ਕੀਤਾ ਕਿ ਸਕੂਲ ਆਫ ਐਮੀਨੈਂਸ ਦੇ ਖੁੱਲ੍ਹਣ ਨਾਲ ਨੇੜੇ ਤੇੜੇ ਦੇ ਅਨੇਕਾਂ ਸਰਕਾਰੀ ਸਕੂਲ ਵੀ ਬੰਦ ਹੋਣਗੇ, ਜਿਸ ਨਾਲ ਪੇਂਡੂ ਖੇਤਰ ਖਾਸ ਕਰਕੇ ਲੜਕੀਆਂ ਦੀ ਸਿੱਖਿਆ ਨੂੰ ਭਾਰੀ ਸੱਟ ਵੱਜੇਗੀ। ਇਸ ਤੋਂ ਇਲਾਵਾ ਜੇਕਰ ਪੰਜਾਬ ਸਰਕਾਰ ਅਸਲ ਵਿੱਚ ਹੀ ਸਕੂਲਾਂ ਵਿੱਚ ਸੁਧਾਰ ਕਰਨਾ ਚਾਹੁੰਦੀ ਹੈ ਤਾਂ ਹਰ ਪ੍ਰਾਇਮਰੀ ਸਕੂਲ ਲਈ ਜਮਾਤ ਅਨੁਸਾਰ ਪ੍ਰੀ ਪ੍ਰਾਇਮਰੀ ਤੋਂ ਪੰਜਵੀਂ ਜਮਾਤ ਤੱਕ ਜਮਾਤਾਂ ਅਨੁਸਾਰ ਸੱਤ ਰੈਗੂਲਰ ਅਧਿਆਪਕ ਨਿਯੁਕਤ ਕਰੇ, ਠੇਕਾ ਆਧਾਰ 'ਤੇ ਕੰਮ ਕਰ ਰਹੇ ਸਮੂਹ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਪੂਰੀਆਂ ਤਨਖਾਹਾਂ ਸਮੇਤ ਰੈਗੂਲਰ ਕਰੇ, ਪ੍ਰਾਇਮਰੀ ਤੋਂ ਲੈ ਕੇ ਸੈਕੰਡਰੀ ਸਕੂਲਾਂ ਵਿੱਚ ਖਾਲੀ ਪਈਆਂ ਹਜ਼ਾਰਾਂ ਅਸਾਮੀਆਂ ਰੈਗੂਲਰ ਭਰਤੀ ਰਾਹੀਂ ਭਰੀਆਂ ਜਾਣ, ਅਧਿਆਪਕਾਂ ਤੋਂ ਵੱਖ-ਵੱਖ ਤਰ੍ਹਾਂ ਦੇ ਗੈਰ ਵਿੱਦਿਅਕ ਕੰਮ ਸਕੂਲਾਂ ਵਿੱਚ ਤੇ ਸਕੂਲਾਂ ਤੋਂ ਬਾਹਰ ਲੈਣੇ ਬੰਦ ਕੀਤੇ ਜਾਣ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri
ਸੰਪਾਦਕ : ਚੰਦ ਫ਼ਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਹਾੜ੍ਹੀ ਦੀ ਫਸਲ ਕਟਵਾਉਣ ਲਈ ਹਾੜ੍ਹੇ ਕੱਢਣ ਲਈ ਮਜਬੂਰ ਬਜ਼ੁਰਗ ਜੋੜਾ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਪੱਕੀ ਹੋਈ ਕਰੀਬ 4 ਏਕੜ ਕਣਕ ਦੀ ਫਸਲ ਕਟਵਾਉਣ ਲਈ ਹਾੜੇ ਕੱਢਣ ਲਈ ਮਜਬੂਰ ਹੋਇਆ ਬਜ਼ੁਰਗ ਕਿਸਾਨ ਜੋੜਾ। ਇਹ ਮਾਮਲਾ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਪੱਡਾ ਤੋਂ ਸਾਹਮਣੇ ਆਇਆ ਹੈ। ਇਸ ਸਬੰਧੀ ਪੱਤਰਕਾਰਾਂ ਨਾਲ ਜਾਣਕਾਰੀ ਸਾਂਝੀ ਕਰਦਿਆਂ ਪੀੜਤ ਕਿਸਾਨ ਹਰਭਜਨ ਸਿੰਘ ਅਤੇ ਉਸ ਦੀ ਪਤਨੀ ਨੇ ਦੱਸਿਆ ਕੇ ਉਨ੍ਹਾਂ ਦੀ ਪੁੱਤਾਂ ਵਾਂਗ ਪਾਲੀ ਹੋਈ ਚਾਰ ਏਕੜ ਕਣਕ ਦੀ ਫਸਲ ਪੂਰੀ ਤਰ੍ਹਾਂ ਪੱਕੀ ਹੋਈ ਹੈ। ਉਸ ਨੂੰ ਪੱਕੀ ਫਸਲ ਕਟਵਾਉਣ ਵਾਸਤੇ ਦਰ-ਦਰ ਦੀਆਂ ਠੋਕਰਾਂ ਖਾਣ ਲਈ ਮਜਬੂਰ ਹੋਣਾ ਪੈ ਰਿਹਾ ਹੈ।

ਬੀਤੇ ਸਮੇਂ ਦੌਰਾਨ ਉਨ੍ਹਾਂ ਦੇ ਘਰ ਅੱਗੋਂ ਲੰਘਦੇ ਰਜਬਾਹਾ ਉਦੋਵਾਲੀ ਦੀ ਰਿਪੇਅਰ ਹੋਣ ਤੋਂ ਬਾਅਦ ਨਹਿਰ ਵਿਭਾਗ ਵੱਲੋਂ ਰਸਤਾ ਨਹੀ ਬਣਾ ਕੇ ਦਿੱਤਾ ਗਿਆ ਜਿਸ ਕਾਰਨ ਉਹਨਾਂ ਨੂੰ ਹਰ ਸੀਜ਼ਨ ਦੌਰਾਨ ਫਸਲ ਦੀ ਕਟਾਈ ਵਾਸਤੇ ਕੋਈ ਵੀ ਸਾਧਨ ਉਹਨਾਂ ਤੇ ਖੇਤਾਂ ਤੱਕ ਨਹੀਂ ਪਹੁੰਚਦਾ। ਉਹਨਾਂ ਨੂੰ ਫਸਲ ਦੀ ਕਟਾਈ ਵਾਸਤੇ ਹੋਰਨਾਂ ਕਿਸਾਨਾਂ ਦੇ ਖੇਤਾਂ ਰਾਹੀਂ ਸਾਧਨ ਲਗਾ ਕੇ ਫਸਲ ਦੀ ਕਟਾਈ ਕਰਵਾਈ ਜਾਂਦੀ ਹੈ। ਇਸ ਵਾਰ ਉਨ੍ਹਾਂ ਦੇ ਆਂਡ-ਗੁਆਂਢ ਚ ਰਹਿੰਦੇ ਰਣਜੀਤ ਸਿੰਘ ਅਤੇ ਹੋਰਨਾਂ ਕਿਸਾਨਾਂ ਵੱਲੋਂ ਉਨ੍ਹਾਂ ਦੀ ਫਸਲ ਕਟਵਾਉਣ ਵਿੱਚ ਵਿਘਨ ਪਾਇਆ ਜਾ ਰਿਹਾ ਹੈ। ਜਿਸ ਕਰਕੇ ਉਹ ਪਰੇਸ਼ਾਨੀ ਦੇ ਆਲਮ ਵਿੱਚ ਗੁਜ਼ਰ ਰਹੇ ਹਨ। ਉਨਾਂ ਨੇ ਆਖਿਆ ਕਿ ਇਸ ਸਬੰਧੀ ਉਨ੍ਹਾਂ ਦਾ ਪੁੱਤਰ ਜੋ ਭਾਰਤੀ ਫੌਜ ਵਿੱਚ ਆਪਣੀ ਸੇਵਾ ਨਿਭਾਅ ਰਿਹਾ ਹੈ ਉਸ ਵੱਲੋਂ ਵੱਖ-ਵੱਖ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਲਿਖਤੀ ਤੌਰ ਤੇ ਅਰਜ਼ੀਆਂ ਵੀ ਆਉਨ ਲਾਈਨ ਵਿਧੀ ਰਾਹੀਂ ਭੇਜੀਆਂ ਗਈਆਂ ਹਨ। ਪੀੜਤ ਕਿਸਾਨ ਨੇ ਆਖਿਆ ਕਿ ਆਉਣ ਵਾਲੇ ਦਿਨਾਂ ਵਿਚ ਜੇਕਰ ਉਨ੍ਹਾਂ ਦੀ ਪੱਕੀ ਫਸਲ ਦਾ ਨੁਕਸਾਨ ਹੁੰਦਾ ਹੈ ਤਾਂ ਇਸ ਦੇ ਜ਼ਿੰਮੇਵਾਰ ਉਕਤ ਵਿਅਕਤੀ ਹੋਣਗੇ। ਪੀੜਤ ਕਿਸਾਨ ਪਰਿਵਾਰ ਨੇ ਪ੍ਰਸਾਸਨ ਅਧਿਕਾਰੀਆਂ ਨੂੰ ਗੁਹਾਰ ਲਗਾਈ ਹੈ ਕਿ ਉਨਾਂ ਦੀ ਪੱਕੀ ਫਸਲ ਕਟਵਾਉਣ ਵਿਚ ਮਦਦ ਕੀਤੀ ਜਾਵੇ।

ਇਸ ਸਬੰਧੀ ਜਦੋਂ ਦੂਸਰੀ ਧਿਰ ਰਣਜੀਤ ਸਿੰਘ ਦੀ ਪਤਨੀ ਜਸਵਿੰਦਰ ਕੌਰ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਆਖਿਆ ਕਿ ਜਿਸ ਜ਼ਮੀਨ ਵਿਚੋਂ ਹਰਭਜਨ ਸਿੰਘ ਫਸਲ ਦੀ ਕਟਾਈ ਵਾਸਤੇ ਕੰਬਾਇਨ ਲਗਾਉਣ ਦੀ ਕੋਸ਼ਿਸ਼ ਕਰ ਰਿਹਾ ਹੈ ਉਹ ਉਨ੍ਹਾਂ ਦੀ ਨਿੱਜੀ ਜ਼ਮੀਨ ਹੈ। ਉਹ ਕਿਸੇ ਵੀ ਕੀਮਤ ਤੇ ਆਪਣੀ ਨਿੱਜੀ ਜ਼ਮੀਨ ਵਿਚੋਂ ਕੰਬਾਇਨ ਨਹੀਂ ਲੱਗਣ ਦੇਣਗੇ।

ਇਸ ਸਬੰਧੀ ਜਦੋਂ ਅਸੀਂ ਪੁਲਸ ਥਾਣਾ ਡੇਰਾ ਬਾਬਾ ਨਾਨਕ ਦੀ ਐੱਸਐੱਚਓ ਮੈਡਮ ਦਿਲਪ੍ਰੀਤ ਕੌਰ ਨਾਲ ਗੱਲਬਾਤ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਇਸ ਸਬੰਧੀ ਗੱਲਬਾਤ ਕਰਨ ਤੋਂ ਇਨਕਾਰ ਕਰ ਦਿੱਤਾ। ਇਹ ਇਕ ਵੱਡਾ ਸਵਾਲ ਹੈ ਕਿ ਜੇਕਰ ਪ੍ਰਸ਼ਾਸਨਿਕ ਅਧਿਕਾਰੀ ਹੀ ਆਮ ਲੋਕਾਂ ਦੀ ਸਾਰ ਨਹੀਂ ਲੈਣਗੇ ਤਾਂ ਫਿਰ ਆਮ ਲੋਕ ਕਿੱਧਰ ਨੂੰ ਜਾਣਗੇ।

## ਕਮਾਂਡਿੰਗ ਅਫਸਰ ਨੇ ਸਰਕਾਰੀ ਸੈਕੰਡਰੀ ਸਮਾਰਟ ਸਕੂਲ ਵੇਰਕਾ (ਲੜਕੇ) ਦਾ ਕੀਤਾ ਦੌਰਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)** ਗਿਆਰਾ ਪੀਬੀ ਬੀਐਨ ਐਨਸੀਸੀ ਦੇ ਕਮਾਡਿੰਗ ਅਫਸਰ ਕਰਨਲ ਕਰਨੈਲ ਸਿੰਘ ਨੇ ਸਰਕਾਰੀ ਸੈਕੰਡਰੀ ਸਮਾਰਟ ਸਕੂਲ ਵੇਰਕਾ (ਲੜਕੇ) ਅੰਮ੍ਰਿਤਸਰ ਦਾ ਦੌਰਾ ਕੀਤਾ। ਜਿਸ ਵਿੱਚ ਕੈਡਿਟਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹਨਾਂ ਨੇ ਦੇਸ਼ ਸੇਵਾ ਲਈ ਸਮਰਪਿਤ ਰਹਿਣ ਦੀ ਪ੍ਰੇਰਣਾ ਦਿੱਤੀ, ਅਤੇ ਸੋਚ ਨੂੰ ਉੱਚਾ ਤੇ ਸੁੱਚਾ ਰੱਖਣ ਅਤੇ ਕਾਮਯਾਬੀ ਦਾ ਰਸਤਾ ਤੈਅ ਕਰਨ ਲਈ ਪੂਰੀ ਮਿਹਨਤ ਕਰਨ ਦੀ ਪ੍ਰੇਰਣਾ ਦਿੱਤੀ। ਇਸ ਮੌਕੇ ਸੰਸਥਾ ਦੇ ਮੁੱਖੀ ਸ੍ਰੀਮਤੀ ਨਵਜੋਤ ਖੁਰਾਣਾ ਨੇ ਕਰਨੈਲ ਸਿੰਘ ਦਾ ਸਵਾਗਤ ਕੀਤਾ ਅਤੇ ਕੈਡਿਟਸ ਨੂੰ ਇੱਕ ਚੰਗਾ ਇਨਸ਼ਾਨ ਬਣਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕੈਪਟਨ ਕੁਮਾਰ, ਐਸ.ਓ. ਸੁਮੰਤ ਗੁਪਤਾ ਤੋਂ ਇਲਾਵਾ ਮਾਸਟਰ ਹਰਬੀਰ ਸਿੰਘ ਚਵਿੰਡਾ, ਅਸਵਨੀ ਕੁਮਾਰ, ਰਜਿੰਦਰ ਪ੍ਰਸ਼ਾਦ, ਚੰਦਰ ਮੋਹਨ, ਗੁਰਪ੍ਰੀਤ ਸਿੰਘ ਮਾਨ, ਗੁਰਮੇਜ ਸਿੰਘ, ਲਖਜੀਤ ਸਿੰਘ, ਪ੍ਰਵੇਸ਼ ਕੁਮਾਰ, ਮੈਡਮ ਰਜਨੀ ਬਾਲਾ, ਨਵਪ੍ਰੀਤ ਕੌਰ ਆਦਿ ਹਾਜ਼ਰ ਸਨ

# ਨਸ਼ੀਲੇ ਪਦਾਰਥ, ਹਥਿਆਰ, ਡਰੱਗ ਮਨੀ, ਨਕਦੀ ਤੇ ਕਾਰ ਸਣੇ 3 ਗ੍ਰਿਫਤਾਰ



**ਪਠਾਨਕੋਟ, (ਦਵਿੰਦਰ ਸਿੰਘ)**-ਪਠਾਨਕੋਟ ਪੁਲਸ ਨੇ ਇੱਕ ਅਹਿਮ ਸਫਲਤਾ ਹਾਸਲ ਕਰਦੇ ਹੋਏ ਤਿੰਨ ਬਦਨਾਮ ਅਪਰਾਧੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਭਾਰੀ ਮਾਤਰਾ ਵਿੱਚ ਨਸ਼ੀਲੇ ਪਦਾਰਥ ਅਤੇ ਨਾਜਾਇਜ਼ ਹਥਿਆਰ ਬਰਾਮਦ ਕੀਤੇ ਹਨ। ਫੜੇ ਗਏ ਵਿਅਕਤੀਆਂ ਦੀ ਪਛਾਣ ਰਮਨ ਪੁੱਤਰ ਬਿਸ਼ਨ ਦਾਸ ਵਾਸੀ ਕਲਗੀਧਰ ਚੌਕ ਜੱਬਲ ਮਾਰਕੀਟ ਮੁਕੇਰੀਆਂ, ਵਿਕਾਸ ਉਰਫ ਹਨੀ ਪੁੱਤਰ ਰਮੇਸ ਕੁਮਾਰ ਵਾਸੀ ਵਿਸਨੂੰ ਨਗਰ ਲਮੀਨੀ ਪਠਾਨਕੋਟ, ਸਾਹਿਲ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਮੁਹੱਲਾ ਰਾਮਪੁਰਾ ਪਠਾਨਕੋਟ ਵਜੋਂ ਹੋਈ ਹੈ।

ਇਸ ਸਬੰਧੀ ਪ੍ਰੈੱਸ ਨੂੰ ਵਧੇਰੇ ਜਾਣਕਾਰੀ ਦਿੰਦੇ ਹੋਏ ਸੀਨੀਅਰ ਕਪਤਾਨ ਪੁਲਸ ਪਠਾਨਕੋਟ ਹਰਕਮਲ ਪ੍ਰੀਤ ਸਿੰਘ ਖੱਖ ਨੇ ਦੱਸਿਆ ਕਿ ਇੱਕ ਭਰੋਸੇਮੰਦ ਇਤਲਾਹ ਦੇ ਆਧਾਰ 'ਤੇ ਡੀਐਸਪੀ ਸਿਟੀ ਲਖਵਿੰਦਰ ਸਿੰਘ ਦੀ ਨਿਗਰਾਨੀ ਹੇਠ ਥਾਣਾ ਡਵੀਜ਼ਨ ਨੰਬਰ 2 ਦੇ ਐਸ.ਐਚ.ਓ ਦੀ ਟੀਮ ਵੱਲੋਂ ਚੌਕਸੀ ਨਾਲ ਤਲਾਸ਼ੀ ਮੁਹਿੰਮ ਚਲਾਈ ਗਈ ਸੀ। ਨਤੀਜੇ ਵਜੋਂ ਮੁਲਜ਼ਮਾਂ ਦੇ ਕਬਜ਼ੇ ਵਿੱਚ 260 ਗ੍ਰਾਮ ਵਜ਼ਨ ਦੀ ਵੱਡੀ ਮਾਤਰਾ ਵਿੱਚ ਨਸ਼ੀਲੇ ਪਾਊਡਰ ਦੇ ਨਾਲ-ਨਾਲ 1 ਲੱਖ 2 ਹਜ਼ਾਰ ਦੀ ਨਕਦੀ ਵੀ ਬਰਾਮਦ ਹੋਈ ਹੈ। ਜ਼ਿਕਰਯੋਗ ਹੈ ਕਿ ਮੁੱਖ ਦੋਸ਼ੀ ਰਮਨ ਦੇ ਕਬਜ਼ੇ ਵਿੱਚੋਂ 6 ਜ਼ਿੰਦਾ ਕਾਰਤੂਸ ਵੀ ਮਿਲੇ ਹਨ। ਪੁਲਿਸ ਨੇ ਮੁਕੱਦਮਾ ਨੰਬਰ 59 ਮਿਤੀ 27.04.2023 ਨੂੰ ਧਾਰਾ 22-61-85 , 25-54-59 ਥਾਣਾ ਡਵੀਜ਼ਨ ਨੰ: 02 ਪਠਾਨਕੋਟ ਵਿਖੇ ਦਰਜ ਕਰ ਲਿਆ ਹੈ ਅਤੇ ਦੋਸ਼ੀ ਹੁਣ ਪੁਲਸ ਹਿਰਾਸਤ 'ਚ ਹਨ। ਪਠਾਨਕੋਟ ਪੁਲਸ ਨੇ ਇੱਕ ਵਾਰ ਫਿਰ ਖੇਤਰ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਨੂੰ ਨੱਥ ਪਾਉਣ ਲਈ ਆਪਣੀ ਦ੍ਰਿੜਤਾ ਅਤੇ ਵਚਨਬੱਧਤਾ ਦਿਖਾਈ ਹੈ।

## ਏ ਜੀ ਏ ਨੂੰ ਅੰਤਰਰਾਸ਼ਟਰੀ ਪੱਧਰ ਤੱਕ ਲੈ ਕੇ ਜਾਵਾਂਗੇ : ਕੁੰਵਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)** ਪੀ ਸੀ ਏ ਦੁਆਰਾ ਕਰਵਾਏ ਗਏ ਰਾਜ ਟੂਰਨਾਮੈਂਟ ਨੂੰ ਅੰਮ੍ਰਿਤਸਰ ਗੇਮਜ਼ ਐਸੋਸੀਏਸ਼ਨ ਦੇ ਖਿਡਾਰੀਆਂ ਵਲੋਂ ਜਿੱਤਿਆ ਗਿਆ ਹੈ। ਇਨ੍ਹਾਂ ਖਿਡਾਰੀਆਂ ਦੀ ਪ੍ਰਸੰਸਾ ਕਰਦੇ ਹੋਏ ਵਿਧਾਇਕ ਡਾ. ਕੁੰਵਰ ਵਿਜੈ ਪ੍ਰਤਾਪ ਸਿੰਘ ਨੇ ਕਿਹਾ ਕਿ ਇਨ੍ਹਾਂ ਖਿਡਾਰੀਆਂ ਨੇ ਅੰਮ੍ਰਿਤਸਰ ਦਾ ਮਾਣ ਵਧਾਇਆ ਹੈ। ਉਨ੍ਹਾਂ ਕਿਹਾ ਕਿ ਸਾਡਾ ਉਪਰਾਲਾ ਹੈ ਕਿ ਅੰਮ੍ਰਿਤਸਰ ਗੇਮਜ਼ ਐਸੋਸੀਏਸ਼ਨ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਲੈ ਕੇ ਜਾਈਏ। ਤਾਂ ਜੋ ਅੰਤਰਰਾਸ਼ਟਰੀ ਪੱਧਰ ਦੇ ਮੈਚ ਇਥੇ ਹੋ ਸਕਣ। ਉਨ੍ਹਾਂ ਦੱਸਿਆ ਕਿ ਟੂਰਨਾਮੈਂਟ ਦਾ ਫਾਈਨਲ ਮੈਚ ਰੋਪੜ ਦੀ ਟੀਮ ਅਤੇ ਅੰਮ੍ਰਿਤਸਰ ਵਿਚਾਲੇ ਹੋਇਆ। ਟੀਮ ਨੇ ਇਹ ਮੈਚ 566 ਦੌੜਾਂ ਨਾਲ ਜਿੱਤ ਲਿਆ ਸੀ। ਵਿਧਾਇਕ ਕੁੰਵਰ ਵਲੋਂ ਜੇਤੂ ਟੀਮ ਦੇ 15 ਖਿਡਾਰੀਆਂ ਨੂੰ 9000-9000 ਰੁਪਏ ਦੇ ਕੇ ਸਨਮਾਨਿਤ ਕੀਤਾ ਗਿਆ ਟੀਮ ਦੇ ਕੋਚ ਨੂੰ 15,000 ਰੁਪਏ ਦਿੱਤੇ ਗਏ। ਉਨਾਂ ਕਿਹਾ ਕਿ ਅੰਮ੍ਰਿਤਸਰ ਗੇਮਜ਼ ਐਸੋਸੀਏਸ਼ਨ ਆਉਣ ਵਾਲੇ ਸਾਲਾਂ ਵਿੱਚ ਜਿੱਤ ਦਾ ਸਿਲਸਿਲਾ ਜਾਰੀ ਰੱਖਣ ਦੀ ਉਮੀਦ ਕਰਦਾ ਹਾਂ। ਇਸ ਮੌਕੇ ਟ੍ਰੇਨੀ ਆਈ.ਐਸ. ਅਧਿਕਾਰੀ ਸਿਮਰਦੀਪ ਸਿੰਘ ਵੀ ਹਾਜ਼ਰ ਸਨ।

## ਬੱਚਿਆਂ ਵੱਲੋਂ ਕਲਾਂ ਪ੍ਰਦਰਸ਼ਨ



**ਚੋਹਲਾ ਸਾਹਿਬ/ਸਰਹਾਲੀ ਕਲਾਂ (ਰਮਨ ਚੱਵਾ,ਹਰਪ੍ਰੀਤ ਸਿੰਘ ਚੰਬਾ)**- ਨਿਊ ਲਾਈਫ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਚੋਹਲਾ ਸਾਹਿਬ ਵਿਖੇ ਵੇਸਟ ਮਟੀਰੀਅਲ ਦੀ ਵਰਤੋਂ ਕਰਕੇ ਆਪਣੀ ਕਲਾ ਅਨੁਸਾਰ ਕੁਝ ਵੀ ਤਿਆਰ ਕਰਨ ਦੇ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਬੱਚਿਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਪ੍ਰਿੰਸੀਪਲ ਮੈਡਮ ਸਰੋਜ ਬਾਲਾ ਨੇ ਵਿਦਿਆਰਥੀਆਂ ਦੀਆਂ ਕਲਾ ਕ੍ਰਿਤੀਆਂ ਦੇਖ ਕੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਅਧਿਆਪਕ ਸਾਹਿਬਾਨ ਨੇ ਸਾਰੇ ਬੱਚਿਆਂ ਦੇ ਬਣਾਏ ਸਮਾਨ ਨੂੰ ਦੇਖਿਆ ਅਤੇ ਕਾਰਗੁਜ਼ਾਰੀ ਲਈ ਪ੍ਰਸੰਸਾ ਕੀਤੀ। ਯੋਗ ਵਿਦਿਆਰਥੀਆਂ ਨੂੰ ਸਲਾਨਾ ਇਨਾਮ ਵੰਡ ਸਮਾਗਮ ਵੇਲੇ ਇਨਾਮ ਦੇਣ ਦੀ ਘੋਸ਼ਣਾ ਕੀਤੀ ਗਈ।

## ਸਿਆਸਤ ਦੇ ਬਾਬਾ ਬੋਹੜ ਸਨ ਪ੍ਰਕਾਸ਼ ਸਿੰਘ ਬਾਦਲ : ਇੰਜ ਜੇਪੀ/ਕਮਲਜੀਤ ਕੌਰ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**- ਪੰਜਾਬ ਦੀ ਸਿਆਸਤ ਉਸ ਵੇਲੇ ਸੁੰਨਸਾਨ ਹੋ ਗਈ ਜਦੋਂ ਪ੍ਰਕਾਸ਼ ਸਿੰਘ ਬਾਦਲ ਦੇ ਅਕਾਲ ਚਲਾਨਾ ਕਰ ਜਾਣ ਦੀ ਖਬਰ ਆਈ। ਇਹ ਪ੍ਰਗਟਾਵਾ ਕਰਦਿਆਂ ਬੇਦੀ ਕਲੋਨੀ ਧਾਰੀਵਾਲ ਵਿਖੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਪੰਜਾਬ ਸਟੇਟ ਵਰਕਿੰਗ ਕਮੇਟੀ ਮੈਂਬਰ ਬੀਬੀ ਕਮਲਜੀਤ ਕੌਰ ਅਤੇ ਜ਼ਿਲ੍ਹਾ ਮੀਤ ਪ੍ਰਧਾਨ ਇੰਜ. ਜੇਪੀ ਸਿੰਘ ਨੇ ਦੱਸਿਆ ਕਿ ਪ੍ਰਕਾਸ਼ ਸਿੰਘ ਬਾਦਲ ਪੰਜਾਬ ਦੀ ਸਿਆਸਤ ਦੇ ਬਾਬਾ ਬੋਹੜ ਸਨ। ਉਨ੍ਹਾ ਦੇ ਇਸ ਸੰਸਾਰ ਤੋਂ ਚਲੇ ਜਾਣ ਨਾਲ ਸ਼੍ਰੋਮਣੀ ਅਕਾਲੀ ਦਲ ਦੇ ਨਾਲ ਪੂਰੀ ਭਾਰਤ ਦੀ ਸਿਆਸਤ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਉਹ ਪੰਜਾਬ ਦੇ ਪੰਜ ਵਾਰ ਮੁੱਖ ਮੰਤਰੀ ਰਹੇ ਤੇ ਪੰਜਾਬ ਦੇ ਹਿੱਤਾਂ ਲਈ ਉਨ੍ਹਾ ਨੇ ਕਈ ਵਾਰ ਜੇਲ੍ਹਾਂ ਕੱਟੀਆਂ। ਉਹ ਕਿਸਾਨਾਂ ਅਤੇ ਮਜ਼ਦੂਰਾਂ ਦੇ ਮਸੀਹਾ ਸਨ। ਇਸ ਦੁੱਖ ਦੀ ਘੜੀ ਵਿੱਚ ਅਸੀਂ ਬਾਦਲ ਪਰਵਾਰ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਨਾਲ ਖੜ੍ਹੇ ਹਾਂ।

## ਕਣਕ ਦੇ ਲੱਗੇ ਅੰਬਾਰ, ਨਹੀਂ ਪਹੁੰਚ ਰਿਹਾ ਬਾਰਦਾਨਾ : ਮਨਜੀਤ ਬੱਗੂ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਬੱਗੂ ਨੇ ਦਾਣਾ ਮੰਡੀ ਢੋਟੀਆਂ ਦੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਜਾਣਕਾਰੀ ਦਿੱਤੀ ਕਿ ਪੰਜਾਬ ਦੀ ਮਾਨ ਸਰਕਾਰ ਵੱਡੇ ਵੱਡੇ ਦਾਅਵੇ ਕਰ ਰਹੀ ਹੈ ਕਿ ਕਿਸਾਨਾ ਨੂੰ ਮੰਡੀਆਂ ਵਿੱਚ ਨਹੀਂ ਰੁਲਣ ਦੇਣਾ ਅਤੇ ਇਕ ਇਕ ਦਾਣਾ ਸਰਕਾਰ ਚੁੱਕੇਗੀ ਪਰ ਇਸ ਦੇ ਉਲਟ ਹੋ ਰਿਹਾ ਹੈ। ਦਾਣਾ ਮੰਡੀ ਢੋਟੀਆ 'ਚ ਕਈ ਦਿਨ ਤੋਂ ਕਿਸਾਨ ਆਪਣੀਆਂ ਕਣਕ ਦੀਆਂ ਢੇਰੀਆਂ 'ਤੇ ਬੈਠੇ ਹਨ । ਮੰਡੀ ਵਿੱਚ ਬਾਰਦਾਨਾ ਨਹੀਂ ਪਹੁੰਚ ਰਿਹਾ । ਮਨਜੀਤ ਸਿੰਘ ਨੇ ਦੱਸਿਆ ਕਿ ਅਧਿਕਾਰੀਆਂ ਵੱਲੋਂ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ । ਉਨ੍ਹਾ ਦੱਸਿਆ ਕਿ ਫੂਡ ਸਪਲਾਈ ਮੰਤਰੀ ਨਾਲ ਵੀ ਫੋਨ 'ਤੇ ਰਾਬਤਾ ਕੀਤਾ ਜਾ ਰਿਹਾ ਹੈ ਗੱਲਬਾਤ ਨਹੀਂ ਹੋ ਰਹੀ। ਉਨ੍ਹਾਂ ਕਿਹਾ ਕਿ ਛੇਤੀ ਤੋਂ ਛੇਤੀ ਬਾਰਦਾਨਾ ਭੇਜਿਆ ਜਾਵੇ ਅਤੇ ਲਿਫਟਿੰਗ ਦਾ ਪ੍ਰਬੰਧ ਵੀ ਫੌਰੀ ਕੀਤਾ ਜਾਵੇ। ਇਸ ਮੌਕੇ ਜੰਗ ਬਹਾਦਰ ਸਿੰਘ ,ਕੁਲਵਿੰਦਰ ਸਿੰਘ, ਬਲਜੀਤ ਸਿੰਘ, ਮਨਪ੍ਰੀਤ ਸਿੰਘ , ਗੁਰਮੀਤ ਸਿੰਘ ਸਰਦੂਲ ਸਿੰਘ ਆਦਿ ਹਾਜ਼ਰ ਸਨ।

## ਪ੍ਰਕਾਸ਼ ਸਿੰਘ ਬਾਦਲ ਦਾ ਅਕਾਲ ਚਲਾਣਾ ਇੱਕ ਯੁੱਗ ਦਾ ਅੰਤ : ਰਮਨ ਸੰਧੂ

**ਨੌਸਹਿਰਾ ਮੱਝਾ ਸਿੰਘ (ਸਤਨਾਮ ਸਿੰਘ ਕਿਰਤੀ)** ਸਿਆਸਤ ਦੇ ਬੋਹੜ ਵਜੋਂ ਜਾਣੇ ਜਾਂਦੇ, 5 ਵਾਰ ਪੰਜਾਬ ਦੇ ਰਹੇ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਸਰਪ੍ਰਸਤ ਸ੍ਰੋਮਣੀ ਅਕਾਲੀ ਦਲ ਦਾ ਅਕਾਲ ਚਲਾਣਾ ਕਰ ਜਾਣ 'ਤੇ ਪੂਰੇ ਸੰਸਾਰ ਵਿਚ ਸੋਕ ਦੀ ਲਹਿਰ ਪਾਈ ਜਾ ਰਹੀ ਹੈ। ਬਾਦਲ ਦੇ ਅਕਾਲ ਚਲਾਣਾ ਕਰ ਜਾਣ 'ਤੇ ਰਮਨਦੀਪ ਸਿੰਘ ਸੰਧੂ ਜਿਲ੍ਹਾ ਪ੍ਰਧਾਨ ਯੂਥ ਵਿੰਗ ਸ੍ਰੋਮਣੀ ਅਕਾਲੀ ਦਲ ਬਾਦਲ ਨੇ ਗਹਿਰੇ ਦੁੱਖ ਦਾ ਇਜਹਾਰ ਕਰਦਿਆਂ ਸ੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਸਾਬਕਾ ਉੱਪ ਮੁੱਖ ਮੰਤਰੀ ਪੰਜਾਬ, ਬਿਕਰਮ ਸਿੰਘ ਮਜੀਠੀਆ ਸਾਬਕਾ ਮੰਤਰੀ ਪੰਜਾਬ, ਬੀਬੀ ਹਰਸਿਮਰਤ ਕੌਰ ਬਾਦਲ ਸਾਬਕਾ ਕੇਂਦਰੀ ਮੰਤਰੀ ਨਾਲ ਦਿਲੀ ਹਮਦਰਦੀ ਦਾ ਪ੍ਰਗਟਾਵਾ ਕੀਤਾ। ਪ੍ਰਧਾਨ ਰਮਨਦੀਪ ਸਿੰਘ ਸੰਧੂ ਨੇ ਕਿਹਾ ਬਾਦਲ ਪੰਜਾਬ ਦਾ ਪ੍ਰਕਾਸ਼ ਸੀ ਤੇ ਉਹਨਾਂ ਦੇ ਅਕਾਲ ਚਲਾਣਾ ਕਰ ਜਾਣ 'ਤੇ ਸਿਰਫ ਸ੍ਰੋਮਣੀ ਅਕਾਲੀ ਦਲ ਤੇ ਬਾਦਲ ਪਰਵਾਰ ਨੂੰ ਹੀ ਨਹੀਂ, ਸਗੋਂ ਪੂਰੇ ਪੰਜਾਬ ਨੂੰ ਵੱਡਾ ਤੇ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।

## ਸਕੂਲਾਂ ਤੇ ਆਂਗਨਵਾੜੀਆਂ ਦੇ ਬੱਚਿਆਂ ਨੂੰ ਪੇਟ ਦੇ ਕੀੜਿਆਂ ਦੀ ਦਿੱਤੀ ਦਵਾਈ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਕਾਰ ਸਿੰਘ)**- ਸਿਵਲ ਸਰਜਨ ਡਾ: ਬਲਵਿੰਦਰ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾ: ਕਰਨ ਕੁਮਾਰ ਸੈਣੀ ਸੀਨੀਅਰ ਮੈਡੀਕਲ ਅਫਸਰ ਟਾਂਡਾ ਦੀ ਅਗਵਾਈ ਹੇਠ ਟਾਂਡਾ ਬਲਾਕ ਵਿੱਚ ਸਰਕਾਰੀ ਸਕੂਲਾਂ , ਪ੍ਰਾਇਵੇਟ ਸਕੂਲਾਂ ਅਤੇ ਆਂਗਨਵਾੜੀਆਂ ਵਿੱਚ 0 ਤੋਂ 18 ਸਾਲ ਦੇ 33000 ਬੱਚਿਆਂ ਨੂੰ ਪੇਟ ਦੇ ਕੀੜੇ ਮਾਰਨ ਵਾਲੀਆਂ ਦਵਾਈਆਂ ਖਵਾਈਆਂ ਗਈਆਂ । ਇਸ ਮੌਕੇ ਡਾ: ਸੈਣੀ ਨੇ ਦੱਸਿਆ ਕਿ ਇਹ ਗੋਲੀਆਂ ਖਵਾਉਣ ਦਾ ਮੁੱਖ ਮਕਸਦ ਬੱਚਿਆਂ ਦੇ ਪੇਟ ਦੇ ਕੀੜਿਆਂ ਨੂੰ ਮਾਰਨਾ ਹੈ ,ਜੋ ਕਿ ਬੱਚੇ ਦੇ ਸਰੀਰਿਕ ਵਿਕਾਸ ਨੂੰ ਰੋਕਦੇ ਹਨ । ਉਹਨਾਂ ਦੱਸਿਆ ਕਿ ਇਸ ਪ੍ਰੋਗਰਾਮ ਅਧੀਨ 1 ਤੋਂ 2 ਸਾਲ ਤੱਕ ਦੇ 1540 ਬੱਚਿਆਂ ਨੂੰ ਅਲਬੈਂਡਾਜੋਲ ਦਾ ਸੀਰਪ ਦਿੱਤਾ ਗਿਆ ਹੈ। 2 ਤੋਂ 5 ਸਾਲ ਦੇ 3769 ਬੱਚਿਆਂ , 5 ਤੋਂ 18 ਸਾਲ ਦੇ 12903 ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚਿਆਂ ਨੂੰ ਦਵਾਈ ਦਿੱਤੀ ਗਈ । ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਦੇ 15607 ਬੱਚਿਆਂ ਨੂੰ ਇਹ ਦਵਾਈ ਦਿੱਤੀ ਗਈ ਹੈ , ਜਿਸ ਵਿੱਚ 3 ਤੋਂ 5 ਸਾਲ ਦੇ 4770, 5 ਤੋਂ 10 ਸਾਲ ਦੇ 5165 ਬੱਚਿਆਂ, 10 ਤੋਂ 18 ਸਾਲ ਦੇ ਬੱਚਿਆਂ ਨੂੰ 5672 ਦਵਾਈ ਖਵਾਈ ਗਈ । ਇਸ ਮੌਕੇ ਡਾ:ਕਰਨ ਸਿੰਘ ਵਿਰਕ, ਡਾ: ਇੰਦਰਜੀਤ ਸੋਨੀਆ, ਡਾ: ਸਰੋਜ , ਡਾ: ਰਵੀ ਕੁਮਾਰ, ਡਾ: ਦੀਪਕ ਕੁਮਾਰ, ਡਾ: ਮਨੀਸ਼ਾ ਗੁਲੇਰੀਆ ,ਬਲਰਾਜ ਸਿੰਘ ਸੀਨੀਅਰ ਫਾਰਮੇਸੀ ਅਫਸਰ, ਅਵਤਾਰ ਸਿੰਘ ਬੀ.ਈ.ਈ , ਕੁਲਵੀਰ ਸਿੰਘ, ਰੰਜੀਵਪਾਲ ਸਿੰਘ, ਗੁਰਜੀਤ ਸਿੰਘ, ਸ਼ਵਿੰਦਰ ਸਿੰਘ , ਗੁਰਜੋਤ ਸਿੰਘ ਅਤੇ ਹੋਰ ਸਟਾਫ ਹਾਜ਼ਰ ਸੀ ।

## ਸ਼ਹੀਦ ਬਾਬਾ ਜੀਵਨ ਸਿੰਘ ਸੁਸਾਇਟੀ ਵੱਲੋਂ ਬਾਦਲ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ



**ਗੋਇੰਦਵਾਲ ਸਾਹਿਬ ( ਕਾਬਲ ਸਿੰਘ ਮੱਲ੍ਹੀ )**- ਸਮੁੱਚੀ ਦੁਨੀਆ 'ਚ ਮੰਨੇ ਪ੍ਰਮੰਨੇ ਸਿਆਸਤਦਾਨ ਵਜੋਂ ਜਾਣੇ ਜਾਂਦੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਤੁਰ ਜਾਣ ਨਾਲ ਇੱਕ ਯੁੱਗ ਦਾ ਅੰਤ ਹੋ ਗਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼ਹੀਦ ਬਾਬਾ ਜੀਵਨ ਸਿੰਘ ਵੈਲਫੇਅਰ ਸੁਸਾਇਟੀ ਦੇ ਸਰਪ੍ਰਸਤ ਗੁਰਨਾਮ ਸਿੰਘ ਲਾਡੀ ਖੋਖਰ, ਪ੍ਰਧਾਨ ਗੁਰਮੀਤ ਸਿੰਘ ਆਦੀਵਾਲ ਅਤੇ ਸੀਨੀ. ਮੀਤ ਪ੍ਰਧਾਨ ਵਰਿੰਦਰ ਸਿੰਘ ਜੋਤੀ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਸਿਆਸਤ ਦੇ ਬਾਬਾ ਬੋਹੜ ਮੰਨੇ ਜਾਂਦੇ ਪੰਜਾਬ ਦੇ 5 ਵਾਰ ਮੁੱਖ ਮੰਤਰੀ ਰਹੇ ਪ੍ਰਕਾਸ਼ ਸਿੰਘ ਬਾਦਲ ਦੇ ਅਕਾਲ ਚਲਾਣੇ ਨਾਲ ਪੰਜਾਬ ਨੂੰ ਬਹੁਤ ਵੱਡਾ ਘਾਟਾ ਪਿਆ ਹੈ ਜੋ ਕਦੇ ਵੀ ਪੂਰਾ ਨਹੀਂ ਹੋ ਸਕਦਾ। ਇਸ ਮੌਕੇ ਸੁਸਾਇਟੀ ਦੇ ਹਰਜੀਤ ਸਿੰਘ ਠੇਕੇਦਾਰ, ਬਲਦੇਵ ਸਿੰਘ ਠੇਕੇਦਾਰ, ਜਸਪਾਲ ਸਿੰਘ ਆਦੀਵਾਲ, ਅੰਗਰੇਜ ਸਿੰਘ ਕੈਰੋਂ, ਅਮਰਜੀਤ ਸਿੰਘ ਠੇਕੇਦਾਰ, ਤਰਸੇਮ ਲਾਲ, ਸੰਦੀਪ ਸਿੰਘ ਆਦੀਵਾਲ, ਬਲਵਿੰਦਰ ਸਿੰਘ ਆਦਿ ਅਹੁਦੇਦਾਰਾਂ ਵੱਲੋਂ ਪ੍ਰਕਾਸ਼ ਸਿੰਘ ਬਾਦਲ ਦੇ ਅਕਾਲ ਚਲਾਣੇ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

# ਖ਼ਾਲਸਾ ਕਾਲਜ ਆਫ ਫਿਜ਼ੀਕਲ ਐਜੂਕੇਸ਼ਨ ਵਿਖੇ 'ਵਾਤਾਵਰਣ ਅਤੇ ਸਿਹਤ' ਵਿਸ਼ੇ 'ਤੇ ਦੋ ਰੋਜ਼ਾ ਸੈਮੀਨਾਰ



**ਅੰਮ੍ਰਿਤਸਰ ( ਜਸਬੀਰ ਸਿੰਘ ਪੱਟੀ )**- ਖ਼ਾਲਸਾ ਕਾਲਜ ਆਫ਼ ਫਿਜ਼ੀਕਲ ਐਜੂਕੇਸ਼ਨ ਵਿਖੇ 'ਗਲੋਬਲ ਹੈਲਥ ਅਤੇ ਵਾਤਾਵਰਣ' ਵਿਸ਼ੇ 'ਤੇ ਦੋ-ਰੋਜ਼ਾ ਸੈਮੀਨਾਰ ਦੇ ਉਦਘਾਟਨੀ ਸੈਸ਼ਨ ਦੌਰਾਨ ਇਕੱਤਰ ਹੋਏ ਮਾਹਰਾਂ ਨੇ ਕਿਹਾ ਕਿ ਵਾਤਾਵਰਣ ਦੀ ਸੁਰੱਖਿਆ ਲਈ ਹਰ ਯਤਨ ਤੇ ਹੀਲਾ ਤੇਜ਼ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਵਾਤਾਵਰਣ ਦਾ ਨਿਘਾਰ ਆਪਣੀ ਚਰਮ ਸੀਮਾ 'ਤੇ ਪਹੁੰਚ ਗਿਆ ਹੈ ਅਤੇ ਸਮਾਜ, ਸਰਕਾਰ ਤੇ ਹਰੇਕ ਵਿਅਕਤੀ ਨੂੰ ਘਟਦੇ ਪਾਣੀ, ਮਿੱਟੀ ਅਤੇ ਹਵਾ ਦੇ ਪ੍ਰਦੂਸ਼ਣ ਨੂੰ ਬਚਾਉਣ ਲਈ ਸਮੂਹਿਕ ਯਤਨ ਕਰਨ ਦੀ ਜ਼ਰੂਰਤ ਹੈ। ਆਪਣੇ ਮੁੱਖ ਭਾਸ਼ਣ 'ਚ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਦੇ ਉਪ ਕੁਲਪਤੀ ਸੇਵਾਮੁਕਤ ਲੈਫ਼. ਜਨਰਲ ਡਾ. ਜੇ. ਐਸ. ਚੀਮਾ ਨੇ ਕਿਹਾ ਕਿ ਵਾਤਾਵਰਣ ਅਤੇ ਸਿਹਤ ਇੱਕ ਸਿੱਕੇ ਦੇ ਦੋ ਪਹਿਲੂ ਹਨ। ਪਰ ਤ੍ਰਾਸਦੀ ਇਹ ਹੈ ਕਿ ਅਸੀਂ ਵਾਤਾਵਰਣ ਨਾਲ ਖਿਲਵਾੜ ਕਰ ਰਹੇ ਹਾਂ ਤੇ ਚੰਗੀ ਸਿਹਤ ਦੀ ਆਸ ਰੱਖਦੇ ਹਾਂ। ਉਨ੍ਹਾਂ ਕਿਹਾ ਕਿ ਇਹ ਸੰਭਵ ਨਹੀਂ ਅਤੇ ਕਾਰਬਨ ਨਿਕਾਸ ਨੂੰ ਹਰ ਪੱਧਰ 'ਤੇ ਰੋਕਣਾ ਹੋਵੇਗਾ। ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕਰਦਿਆਂ ਕਿਹਾ ਕਿ ਉਹ ਖੇਤਾਂ 'ਚ ਪਰਾਲੀ ਨੂੰ ਅੱਗ ਨਾ ਲਾਉਣ। ਇਸ ਮੌਕੇ ਖਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਸੰਯੁਕਤ ਸਕੱਤਰ (ਵਿੱਤ) ਗੁਨਬੀਰ ਸਿੰਘ ਨੇ ਕਿਹਾ ਕਿ ਸੈਮੀਨਾਰ ਜੋ ਕਿ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (ਪੀ. ਪੀ. ਸੀ. ਬੀ.), ਪਟਿਆਲਾ ਦੇ ਸਹਿਯੋਗ ਨਾਲ ਕੀਤਾ ਗਿਆ ਹੈ, ਜਿਸ ਦਾ ਉਦੇਸ਼ ਵਧ ਰਹੇ ਪ੍ਰਦੂਸ਼ਣ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਇਸ ਦੇ ਹੱਲ ਲੱਭਣਾ ਸੀ। ਉਨ੍ਹਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਉਦਾਹਰਣਾਂ ਅਤੇ ਗੁਰੂ ਸਾਹਿਬਾਨ ਦੇ ਸੰਦੇਸ਼ਾਂ ਸਬੰਧੀ ਚਾਨਣਾ ਪਾਉਂਦਿਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਅੱਛੇ ਜੀਵਨ ਸਬੰਧੀ ਵਾਤਾਵਰਨ ਨੂੰ ਸੁਰੱਖਿਅਤ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਨੌਜਵਾਨਾਂ ਨੂੰ ਵਾਤਾਵਰਣ ਸਬੰਧੀ ਖਤਰੇ ਖਿਲਾਫ ਨਜਿੱਠਣ ਦਾ ਵੀ ਸੱਦਾ ਦਿੱਤਾ। ਇਸ ਮੌਕੇ ਪੀ. ਪੀ. ਸੀ. ਬੀ. ਦੇ ਚੇਅਰਮੈਨ ਡਾ. ਆਦਰਸ਼ ਪਾਲ ਵਿਗ ਨੇ ਹਵਾ, ਪਾਣੀ ਅਤੇ ਜਲਵਾਯੂ ਦੇ ਵਿਗਾੜ ਸਮੇਤ ਵਾਤਾਵਰਣ ਦੇ ਖਤਰਿਆਂ ਨਾਲ ਨਜਿੱਠਣ ਲਈ ਲੋੜੀਂਦੇ ਯਤਨਾਂ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇਕ ਦੂਜੇ 'ਤੇ ਦੋਸ਼ ਲਗਾਉਣ ਨਾਲ ਮੁਸ਼ਕਿਲਾਂ ਹੋਰ ਵਧਣਗੀਆਂ। ਪੀ. ਪੀ. ਸੀ. ਬੀ. ਮੈਂਬਰ ਜੀ. ਐਸ. ਮਜੀਠੀਆ ਨੇ ਉਦਾਹਰਣ ਦਿੰਦਿਆਂ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਕੰਪਲੈਕਸ ਦੇ ਆਲੇ ਦੁਆਲੇ ਵਾਹਨਾਂ, ਪਰਾਲੀ ਅਤੇ ਕੂੜੇ ਨੂੰ ਸਾੜਨ ਕਾਰਨ ਪਿਛਲੇ ਸਾਲਾਂ ਦੌਰਾਨ ਪਵਿੱਤਰ ਸ੍ਰੀ ਹਰਿਮੰਦਰ ਸਾਹਿਬ ਦੀ ਸੋਨੇ ਦੀ ਪਰਤ ਆਪਣੀ ਚਮਕ ਗੁਆ ਰਹੀ ਸੀ, ਜਿਸ ਦੇ ਉਪਰਾਲੇ ਕੀਤੇ ਗਏ ਹਨ ਅਤੇ ਹੋਰ ਉਪਰਾਲੇ ਕਰਨ ਦੀ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਵਾਤਾਵਰਣ ਦੇ ਵਿਗਾੜ ਦੇ ਖਤਰੇ ਨੂੰ ਰੋਕਣ ਲਈ ਸਾਨੂੰ ਸਮਾਜ ਦੇ ਸਹਿਯੋਗ ਦੀ ਲੋੜ ਹੈ। ਇਸ ਤੋਂ ਪਹਿਲਾਂ ਕਾਲਜ ਪ੍ਰਿੰਸੀਪਲ ਡਾ. ਕੰਵਲਜੀਤ ਸਿੰਘ ਨੇ ਬੁਲਾਰਿਆਂ ਅਤੇ ਆਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਅਤੇ ਹਰੇ ਪੌਦੇ ਦੇ ਕੇ ਸਨਮਾਨਤ ਕੀਤਾ। ਉਨ੍ਹਾਂ ਕਿਹਾ ਕਿ ਸੈਮੀਨਾਰ ਦਾ ਮਕਸਦ ਲੋਕਾਂ ਨੂੰ ਸਰੋਤਾਂ ਦੀ ਟਿਕਾਊ ਵਰਤੋਂ ਬਾਰੇ ਜਾਗਰੂਕ ਕਰਨਾ, ਵਾਤਾਵਰਣ ਪੱਖੀ ਗਤੀਵਿਧੀਆਂ 'ਚ ਹਿੱਸਾ ਲੈਣ ਲਈ ਪ੍ਰੇਰਿਤ ਕਰਨਾ ਅਤੇ ਵਾਤਾਵਰਣ ਨੂੰ ਪ੍ਰਦੂਸ਼ਣ ਮੁਕਤ ਬਣਾਉਣਾ ਹੈ।

# ਛੱਪੜ 'ਤੇ ਨਾਜਾਇਜ਼ ਕਬਜ਼ਾ ਕਰਨ ਵਾਲੇ 13 ਵਿਅਕਤੀਆਂ ਖ਼ਿਲਾਫ ਮਾਮਲਾ ਦਰਜ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**- ਬਲਾਕ ਧਾਰੀਵਾਲ ਅਧੀਨ ਪੈਂਦੇ ਪਿੰਡ ਭੋਜਰਾਜ ਦੇ ਛੱਪੜ ਵਿੱਚ ਨਜ਼ਾਇਜ਼ ਕਬਜ਼ਾ ਕਰਨ ਲਈ ਮਿੱਟੀ ਪਾ ਰਹੇ 13 ਵਿਅਕਤੀਆਂ ਖਿਲਾਫ ਥਾਣਾ ਘੁੰਮਣ ਕਲਾਂ ਦੀ ਪੁਲਸ ਨੇ ਮਾਮਲਾ ਦਰਜ ਕੀਤਾ ਹੈ। ਇਸ ਸਬੰਧੀ ਥਾਣਾ ਘੁੰਮਣ ਕਲਾਂ ਦੇ ਐਸ.ਐਸ.ਓ. ਇੰਸਪੈਕਟਰ ਮਨੋਜ ਕੁਮਾਰ ਨੇ ਦੱਸਿਆ ਕਿ ਇਹ ਮਾਮਲਾ ਪਿੰਡ ਭੋਜਰਾਜ ਦੇ ਸਾਬਕਾ ਮੈਂਬਰ ਪੰਚਾਇਤ ਅਜੀਤ ਲਾਲ ਵਲੋਂ ਬੀਡੀਪੀਓ ਧਾਰੀਵਾਲ ਨੂੰ ਦਿੱਤੀ ਲਿਖਤੀ ਸ਼ਿਕਾਇਤ ਤੋਂ ਬਾਅਦ ਦਰਜ ਹੋਇਆ ਹੈ। ਇਸ ਸਬੰਧੀ ਬੀਡੀਪੀਓ ਧਾਰੀਵਾਲ ਕੁਲਵੰਤ ਸਿੰਘ ਵੱਲੋਂ ਪਿੰਡ ਭੋਜਰਾਜ ਵਿਖੇ ਮੌਕੇ 'ਤੇ ਪਹੁੰਚ ਕੇ ਮਾਮਲੇ ਦੀ ਜਾਂਚ ਕਰਕੇ ਮਾਮਲਾ ਦਰਜ ਕਰਨ ਲਈ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਸਿਫਾਰਿਸ਼ ਕੀਤੀ ਗਈ ਸੀ ਜਿਸ ਦੇ ਬਾਅਦ ਥਾਣਾ ਘੁੰਮਣ ਕਲਾਂ ਵਿੱਚ ਪੁਲਸ ਨੇ ਇਸ ਮਾਮਲੇ ਸਬੰਧੀ ਕੁੱਲ 13 ਵਿਅਕਤੀਆਂ ਦੇ ਖ਼ਿਲਾਫ 13 ਏ ਪੰਜਾਬ ਵਿਲੇਜ ਕਾਮਨ ਐਕਟ ਅਧੀਨ ਕੇਸ ਦਰਜ ਕੀਤਾ ਗਿਆ ਹੈ।

ਪਿੰਡ ਭੋਜਰਾਜ ਦੇ ਸਾਬਕਾ ਮੈਂਬਰ ਪੰਚਾਇਤ ਅਜੀਤ ਲਾਲ ਵਲੋਂ ਲਿਖਤੀ ਸ਼ਿਕਾਇਤ ਰਾਹੀਂ ਬੀਡੀਪੀਓ ਧਾਰੀਵਾਲ ਨੂੰ ਦੱਸਿਆ ਕਿ ਉਸ ਦੇ ਪਿੰਡ ਦੇ ਕੁੱਝ ਲੋਕ ਛੱਪੜ ਵਿੱਚ ਮਿੱਟੀ ਪਾ ਰਹੇ ਹਨ ਜਿਸ ਕਾਰਨ ਪਿੰਡ ਵਿੱਚ ਗੰਦਗੀ ਪੈ ਜਾਵੇਗੀ ਜਿਸ 'ਤੇ ਬੀਡੀਪੀਓ ਕੁਲਵੰਤ ਸਿੰਘ ਵੱਲੋਂ ਪਿੰਡ ਭੋਜਰਾਜ ਪਹੁੰਚ ਕੇ ਮੌਕਾ ਵੇਖਿਆ ਅਤੇ ਇਸ ਸਬੰਧੀ ਬਿਆਨ ਹਾਸਲ ਕਰਕੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਦੋਸ਼ੀਆਂ ਖਿਲਾਫ ਮੁਕੱਦਮਾ ਦਰਜ ਕਰਨ ਦੀ ਸਿਫ਼ਾਰਸ਼ ਕੀਤੀ। ਐਸ.ਐਸ.ਪੀ. ਗੁਰਦਾਸਪੁਰ ਦੀ ਮਨਜ਼ੂਰੀ ਤੇ ਥਾਣਾ ਘੁੰਮਣ ਕਲਾਂ ਦੇ ਐੱਸਐੱਚਓ ਇੰਸਪੈਕਟਰ ਮਨੋਜ ਕੁਮਾਰ ਨੇ ਉੱਕਤ ਮਾਮਲੇ ਦੇ ਸਬੰਧੀ ਪਿੰਡ ਭੋਜਰਾਜ ਦੇ ਕੁਲਬੀਰ ਸਿੰਘ ਪੁੱਤਰ ਕੁਲਵਿੰਦਰ ਸਿੰਘ, ਜਸਵੰਤ ਸਿੰਘ, ਸੁਖਪਾਲ ਸਿੰਘ ਪੁੱਤਰ ਕੁਲਬੀਰ ਸਿੰਘ, ਬਲਵਿੰਦਰ ਸਿੰਘ ਪੁੱਤਰ ਬਚਨ ਸਿੰਘ,.ਪਰਮਜੀਤ ਸਿੰਘ ਪੁੱਤਰ ਬਲਵਿੰਦਰ ਸਿੰਘ, ਮੀਤ ਸਿੰਘ ਪੁੱਤਰ ਨਿਰਮਲ ਸਿੰਘ,.ਸੋਨੂੰ ਪੁੱਤਰ ਰਤਨ ਸਿੰਘ, ਸਾਧ ਸਿੰਘ ਪੁੱਤਰ ਰਤਨ ਸਿੰਘ, ਰਾਣਾ ਪੁੱਤਰ ਦਿਲਬਾਗ ਸਿੰਘ, ਸ਼ਰਨਜੀਤ ਸਿੰਘ ਪੁੱਤਰ ਦਿਲਬਾਗ ਸਿੰਘ, ਸਿੰਮਾ ਪੁੱਤਰ ਜਸਵੰਤ ਸਿੰਘ, ਲਖਵਿੰਦਰ ਸਿੰਘ ਪੁੱਤਰ ਅਜੀਤ ਸਿੰਘ, ਸਤਨਾਮ ਸਿੰਘ ਪੁੱਤਰ ਪਰਦੁੰਮਣ ਸਿੰਘ ਸਾਰੇ ਵਾਸੀਆਨ ਭੋਜਰਾਜ। ਪੁਲਸ ਅਧਿਕਾਰੀ ਨੇ ਦੱਸਿਆ ਕਿ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

## ਕਿਸਾਨ-ਮਜ਼ਦੂਰ-ਮੁਲਾਜ਼ਮ ਜਥੇਬੰਦੀਆਂ ਨੇ ਪੱਟੀ ਵਿਖੇ 2 ਮਈ ਦੇ ਵਿਸ਼ਾਲ ਮਾਰਚ ਦੀ ਰੂਪ ਰੇਖਾ ਉਲੀਕੀ



**ਤਰਨ ਤਾਰਨ** -ਕਿਸਾਨ- ਮਜ਼ਦੂਰ-ਮੁਲਾਜ਼ਮ ਜਥੇਬੰਦੀਆਂ ਦੇ ਆਗੂਆਂ ਦੀ ਇੱਕ ਵਿਸ਼ੇਸ਼ ਮੀਟਿੰਗ ਤਰਨ ਤਾਰਨ ਵਿਖੇ ਹੋਈ। ਜਿਸ ਦੀ ਪ੍ਰਧਾਨਗੀ ਮਾਸਟਰ ਦਲਜੀਤ ਸਿੰਘ ਦਿਆਲਪੁਰਾ ਨੇ ਕੀਤੀ। ਮੀਟਿੰਗ ਵਿੱਚ ਪੱਟੀ ਵਿਖੇ 2 ਮਈ ਨੂੰ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੀ ਰਿਹਾਇਸ਼ ਵੱਲ ਕੀਤੇ ਜਾਣ ਵਾਲੇ ਵਿਸ਼ਾਲ ਮਾਰਚ 'ਤੇ ਚਰਚਾ ਹੋਈ। ਇਸ ਪ੍ਰੋਗਰਾਮ ਨੂੰ ਸਫਲ ਕਰਨ ਲਈ ਵੱਖ ਵੱਖ ਆਗੂਆਂ ਨੇ ਆਪਣੇ ਵਿਚਾਰ ਪੇਸ਼ ਕੀਤੇ। ਪ੍ਰੋਗਰਾਮ ਦੀ ਸਫਲਤਾ ਲਈ ਵੱਖ ਵੱਖ ਕਮੇਟੀਆਂ ਦਾ ਗਠਨ ਕੀਤਾ ਗਿਆ। ਜਥੇਬੰਦੀਆਂ ਇਸ ਮਸਲੇ ਉੱਪਰ ਇਕਮਤ ਸਨ ਕਿ ਐਸ. ਈ. ਗੁਰਸਰਨ ਸਿੰਘ ਖੈਹਰਾ ਜੋ ਇਮਾਨਦਾਰ ਅਤੇ ਮਿਹਨਤੀ ਅਫਸਰ ਹਨ, ਉਨ੍ਹਾ ਦੀ ਬਦਲੀ ਨੂੰ ਉਨ੍ਹਾ ਦੀ ਸ਼ਾਨਦਾਰ ਸੇਵਾ ਬਦਲੇ ਇੱਕ ਸਜ਼ਾ ਦੇ ਤੌਰ 'ਤੇ ਵੇਖਿਆ ਜਾ ਰਿਹਾ ਹੈ। ਸਰਕਾਰ ਦੇ ਇਸ ਤਰ੍ਹਾਂ ਦੇ ਕੰਮਾਂ ਪ੍ਰਤੀ ਲੋਕਾਂ ਵਿੱਚ ਗੁੱਸਾ ਹੈ।

ਸਰਕਾਰ ਪ੍ਰਤੀ ਬੇਵਿਸ਼ਵਾਸੀ ਦੀ ਭਾਵਨਾ ਵਧ ਰਹੀ ਹੈ। ਮੀਟਿੰਗ ਵਿੱਚ ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਕੰਵਲਪ੍ਰੀਤ ਸਿੰਘ ਪੰਨੂੰ, ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਹਰਜਿੰਦਰ ਸਿੰਘ ਟਾਂਡਾ, ਕਿਰਤੀ ਕਿਸਾਨ ਯੂਨੀਅਨ ਦੇ ਨਛੱਤਰ ਸਿੰਘ ਮੁਗਲਚਕ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਅੰਮ੍ਰਿਤਪਾਲ ਸਿੰਘ ਜੌੜਾ, ਪੰਜਾਬ ਕਿਸਾਨ ਯੂਨੀਅਨ ਦੇ ਬਲਬੀਰ ਸਿੰਘ ਝਾਮਕਾ, ਕਿਸਾਨ ਸੰਘਰਸ਼ ਕਮੇਟੀ ਕੋਟਬੁੱਢਾ ਦੇ ਸੁਖਦੇਵ ਸਿੰਘ ਗੰਡੀਵਿੰਡ, ਕੁੱਲ ਹਿੰਦ ਕਿਸਾਨ ਸਭਾ ਦੇ ਦਵਿੰਦਰ ਸੋਹਲ, ਗੌਰਮਿੰਟ ਸਕੂਲ ਟੀਚਰ ਯੂਨੀਅਨ ਦੇ ਗੁਰਪ੍ਰੀਤ ਸਿੰਘ ਮਾੜੀਮੇਘਾ, ਟੀ. ਐਸ. ਯੂ. ਦੇ ਅਵਤਾਰ ਸਿੰਘ ਕੈਰੋਂ, ਇੰਪਲਾਈਜ਼ ਫੈਡਰੇਸ਼ਨ ਚਾਹਲ ਦੇ ਮੰਗਲ ਸਿੰਘ ਠਰੂ, ਫੈਡਰੇਸ਼ਨ ਏਟਕ ਦੇ ਗੁਰਪ੍ਰੀਤ ਸਿੰਘ ਗੰਡੀਵਿੰਡ, ਕਰਮਚਾਰੀ ਦਲ ਦੇ ਚਰਨਜੀਤ ਸਿੰਘ ਝਬਾਲ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਸੁਲੱਖਣ ਸਿੰਘ ਤੁੜ, ਟੀ. ਐਸ. ਯੂ. ਦੇ ਸਾਬਕਾ ਜਨਰਲ ਸਕੱਤਰ ਜਗਤਾਰ ਸਿੰਘ ਉੱਪਲ, ਪਾਵਰਕੌਮ ਪੈਨਸ਼ਨ ਯੂਨੀਅਨ ਦੇ ਪੂਰਨ ਸਿੰਘ ਮਾੜੀਮੇਘਾ, ਪਾਵਰਕੌਮ ਪੈਨਸ਼ਨਰ ਐਸੋਸੀਏਸ਼ਨ ਦੇ ਹਰਭਜਨ ਸਿੰਘ ਬੁਟਾਰੀ, ਪ.ਸ.ਸ.ਫ. ਦੇ ਕਾਰਜ ਸਿੰਘ ਕੈਰੋਂ ਵੀ ਹਾਜ਼ਰ ਸਨ।

# ਸਿਤਾਰਿਆਂ ਵਾਂਗ ਚਮਕਣਾ ਚਾਹੁੰਦੀ ਹੈ ਕ੍ਰਿਤਿਕਾ

**ਚੰਡੀਗੜ੍ਹ**,-ਪੰਜਾਬ ਵਿੱਚ ਬੀਤੇ ਇੱਕ ਸਾਲ ਦੌਰਾਨ ਸਰਕਾਰੀ ਨੌਕਰੀਆਂ ਦੇ ਮੌਕਿਆਂ 'ਚ ਹੋਏ ਵੱਡੇ ਵਾਧੇ ਕਾਰਨ ਸੂਬੇ ਦੇ ਨੌਜਵਾਨ ਹੁਣ ਸਿਰਫ ਰੁਜ਼ਗਾਰ ਲਈ ਨਹੀਂ ਬਲਕਿ ਮਨਭਾਉਂਦਾ ਰੁਜ਼ਗਾਰ ਪਾਉਣ ਲਈ ਯਤਨਸ਼ੀਲ ਹਨ। ਜੋ ਨੌਜਵਾਨ ਸਰਕਾਰੀ ਨੌਕਰੀਆਂ 'ਚ ਆ ਰਹੇ ਹਨ ਉਨ੍ਹਾਂ ਵਿੱਚੋਂ ਬਹੁਤਿਆਂ ਦੇ ਪਰਵਾਰਾਂ ਵਿੱਚੋਂ ਪਹਿਲਾਂ ਕੋਈ ਵੀ ਸਰਕਾਰੀ ਨੌਕਰੀ 'ਚ ਨਹੀਂ ਸੀ। ਕੁਝ ਅਜਿਹਾ ਹੀ ਕਿੱਸਾ ਹੈ ਇਸ ਹਫਤੇ ਆਮ ਰਾਜ ਪ੍ਰਬੰਧ ਵਿਭਾਗ ਵਿੱਚ ਬਤੌਰ ਕਲਰਕ ਨਿਯੁਕਤੀ ਪੱਤਰ ਪ੍ਰਾਪਤ ਕਰਨ ਵਾਲੇ ਕ੍ਰਿਤਿਕਾ ਅਤੇ ਸੂਰਜ ਕੁਮਾਰ ਦਾ। ਆਪਣੇ ਨਾਂਅ ਅਨੁਸਾਰ ਸਿਤਾਰਿਆਂ ਵਾਂਗ ਚਮਕਣ ਦੀ ਚਾਹ ਰੱਖਣ ਵਾਲੀ ਪਟਿਆਲਾ ਨਿਵਾਸੀ ਕ੍ਰਿਤਿਕਾ ਦਾ ਕਹਿਣਾ ਹੈ ਕਿ ਉਹ ਪਟਵਾਰੀ ਦੀ ਅਸਾਮੀ ਲਈ ਪੀ ਐਸ ਪੀ ਸੀ ਐਲ ਦਾ ਮੁਢਲਾ ਇਮਤਿਹਾਨ ਅਤੇ ਪੀ ਐਸ ਐਸ ਐਸ ਬੀ ਵੱਲੋਂ ਲਿਆ ਗਿਆ ਲਿਖਤੀ ਅਤੇ ਟਾਈਪਿੰਗ ਟੈਸਟ ਪਾਸ ਕਰ ਚੁੱਕੀ ਹੈ। ਉਸ ਦਾ ਕਹਿਣਾ ਹੈ ਕਿ ਸਰਕਾਰੀ ਨੌਕਰੀ ਵਿੱਚ ਆਉਣ ਵਾਲੀ ਉਹ ਆਪਣੇ ਪਰਵਾਰ ਦੀ ਪਹਿਲੀ ਮੈਂਬਰ ਹੈ। ਕ੍ਰਿਤਿਕਾ ਨੇ ਪੰਜਾਬ ਸਰਕਾਰ ਵੱਲੋਂ ਪਾਰਦਰਸ਼ੀ ਢੰਗ ਨਾਲ ਚਲਾਈ ਜਾ ਰਹੀ ਭਰਤੀ ਮੁਹਿੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਸੂਬੇ ਵਿੱਚੋਂ ਵਿਦੇਸ਼ਾਂ ਨੂੰ ਹੋ ਰਹੇ ਹੁਨਰ ਦੇ ਪ੍ਰਵਾਸ ਨੂੰ ਠੱਲ੍ਹ ਪਵੇਗੀ। ਫਾਜ਼ਿਲਕਾ ਜ਼ਿਲ੍ਹੇ ਦੇ ਪਿੰਡ ਸੌਜ ਦੇ ਛੋਟੇ ਕਿਸਾਨ ਤਿਲਕ ਰਾਜ ਦਾ ਸਪੁੱਤਰ ਸੂਰਜ ਕੁਮਾਰ ਦਾ ਨਿਸ਼ਾਨਾ ਵੀ ਬਤੌਰ ਪੁਲਸ ਅਫਸਰ ਸੇਵਾਵਾਂ ਨਿਭਾਉਣਾ ਹੈ। ਸੂਰਜ ਦਾ ਕਹਿਣਾ ਹੈ ਕਿ ਉਹ ਬਤੌਰ ਕਲਰਕ ਆਪਣੀਆਂ ਸੇਵਾਵਾਂ ਸਮਰਪਤ ਭਾਵਨਾ ਨਾਲ ਨਿਭਾਉਣ ਦੇ ਨਾਲ-ਨਾਲ ਪੁਲਸ ਅਫਸਰ ਭਰਤੀ ਹੋਣ ਲਈ ਤਿਆਰੀ ਜਾਰੀ ਰੱਖੇਗਾ। ਉਸ ਨੇ ਕਿਹਾ ਕਿ ਉਸ ਦੀ ਨਿਯੁਕਤੀ ਨੇ ਉਸ ਅੰਦਰ ਇਹ ਵਿਸ਼ਵਾਸ ਪੈਦਾ ਕੀਤਾ ਹੈ ਕਿ ਇਸ ਸਰਕਾਰ ਦੌਰਾਨ ਸਭ ਕੁਝ ਸੰਭਵ ਹੈ। ਇਸ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਆਪਣੀ ਪ੍ਰਭਾਵਸ਼ਾਲੀ ਤਕਰੀਰ ਰਾਹੀਂ ਇਨ੍ਹਾਂ ਨੌਜਵਾਨਾਂ ਨੂੰ ਜ਼ਿੰਦਗੀ ਵਿੱਚ ਹੋਰ ਮੱਲਾਂ ਮਾਰਨ ਲਈ ਪ੍ਰੇਰਿਆ।

## ਜੌੜਾਮਾਜਰਾ ਵੱਲੋਂ ਜਗਵਿੰਦਰ ਪਟਿਆਲ ਦੇ ਮਾਤਾ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ

**ਚੰਡੀਗੜ੍ਹ:** ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਪੰਜਾਬੀ ਨਿਊਜ਼ ਚੈਨਲ ਏ.ਬੀ.ਪੀ.ਸਾਂਝਾ ਦੇ ਸੀਨੀਅਰ ਸੰਪਾਦਕ ਜਗਵਿੰਦਰ ਪਟਿਆਲ ਦੇ ਮਾਤਾ ਦੇ ਅਚਾਨਕ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਜੌੜਾਮਾਜਰਾ ਨੇ ਮਾਂ ਦੀ ਭੂਮਿਕਾ ਨੂੰ ਯਾਦ ਕਰਦਿਆਂ ਕਿਹਾ ਕਿ ਮਾਂ ਨੂੰ ਪਿਆਰ ਦਾ ਪ੍ਰਤੀਕ ਮੰਨਿਆ ਜਾਂਦਾ ਹੈ ਅਤੇ ਮਾਂ ਦੀ ਅਣਹੋਂਦ ਨਾਲ ਪੈਦਾ ਹੋਇਆ ਖਲਾਅ ਕਦੇ ਵੀ ਭਰਿਆ ਨਹੀਂ ਜਾ ਸਕਦਾ। ਦੁਖੀ ਪਰਵਾਰ ਨਾਲ ਦਿਲੀ ਹਮਦਰਦੀ ਪ੍ਰਗਟ ਕਰਦਿਆਂ ਉਨ੍ਹਾ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਇਸ ਦੁੱਖ ਦੀ ਘੜੀ 'ਚ ਪਰਵਾਰ ਨੂੰ ਇਹ ਨਾ ਪੂਰਾ ਹੋਣ ਵਾਲਾ ਘਾਟਾ ਸਹਿਣ ਕਰਨ ਦਾ ਬਲ ਬਖਸ਼ਣ ਅਤੇ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਸਦੀਵੀ ਨਿਵਾਸ ਬਖਸ਼ਣ।

## ਬਿਜਲੀ ਬੰਦ ਰਹੇਗੀ

**ਫਗਵਾੜਾ ( ਡਾ. ਰਮਨ)** ਪੰਜਾਬ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਸਹਾਇਕ ਕਾਰਜਕਾਰੀ ਇੰਜੀਨੀਅਰ ਟੈਕਨੀਕਲ- ਸ / ਡ ਸ਼ਹਿਰੀ ਪੀ.ਐਸ.ਪੀ.ਸੀ.ਐਲ ਫਗਵਾੜਾ-1 ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਿਤੀ 29,04,2023 ਨੂੰ ਦਿਨ ਸ਼ਨੀਵਾਰ ਸਮਾਂ ਸਵੇਰੇ 09 ਵਜੇ ਤੋਂ ਲੈ ਕੇ ਦੁਪਿਹਰ 1 ਵਜੇ ਤੱਕ 132 ਕੇ ਵੀ ਸ / ਸ ਬੰਗਾ ਰੋਡ ਦੀ ਜ਼ਰੂਰੀ ਸਾਲਾਨਾ ਮੁਰੰਮਤ ਕਾਰਣ ਖੋਥੜਾਂ ਰੋਡ , ਪਟੇਲ ਨਗਰ , ਗਾਂਧੀ ਨਗਰ , ਸਰਾਏ ਰੋਡ , ਪੁਰਾਣਾ ਡਾਕਖਾਨਾ, ਡਾਕਖਾਨਾ ਰੋਡ , ਜੋਸੀਆਂ ਮੁਹੱਲਾ , ਮੁਹੱਲਾ ਆਤਿਸ਼ਬਾਜਾਂ , ਸਿੰਧੂਰਾ ਮੰਦਿਰ , ਨਾਈਆਂ ਵਾਲਾ ਚੌਂਕ , ਸਿਨੇਮਾ ਰੋਡ , ਪੁਰਾਣਾ ਰੇਲਵੇ ਰੋਡ , ਜੀਟੀ ਰੋਡ ਦਾ ਇਲਾਕਾ , ਸਟਾਰਚ ਮਿਲ , ਸ਼ਹੀਦ ਭਗਤ ਸਿੰਘ ਨਗਰ , ਸ਼ਾਮ ਨਗਰ , ਓਂਕਾਰ ਨਗਰ , ਕਿਰਪਾ ਨਗਰ ਅਤੇ ਗ੍ਰੇਟਰ ਕੈਲਾਸ਼ ਇਲਾਕਿਆਂ ਦੀ ਬਿਜਲੀ ਬੰਦ ਰਹੇਗੀ।

## ਸੇਵਾਦਾਰ ਬਾਬਾ ਅਮਰ ਸਿੰਘ ਦੀ ਬਰਸੀ 'ਤੇ ਲਗਾਇਆ ਖ਼ੂਨਦਾਨ ਕੈਂਪ



**ਪੱਟੀ (ਬਲਦੇਵ ਸਿੰਘ ਸੰਧੂ /ਸ਼ਮਸ਼ੇਰ ਸਿੰਘ ਯੋਧਾ)** - ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪਿੰਡ ਫਤਿਹਪੁਰ ਵਿਖੇ ਬਾਬਾ ਕਾਲਾ ਮਾਹਰ ਜੀ ਸੰਧੂ ਦੇ ਮੁੱਖ ਸੇਵਾਦਾਰ ਬਾਬਾ ਅਮਰ ਸਿੰਘ ਦਾ ਸਲਾਨਾ ਜੋੜ ਮੇਲਾ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਸੰਪੂਰਨ ਭੋਗ ਤੋਂ ਬਾਅਦ ਕਥਾਵਾਚਕ ਤੇ ਕੀਰਤਨ ਦਾ ਪ੍ਰਵਾਹ ਚੱਲਿਆ, ਸੰਗਤਾਂ ਨੂੰ ਗੁਰਜੱਸ ਸੁਣਾ ਕੇ ਨਿਹਾਲ ਕੀਤਾ ਗਿਆ। ਮੌਜੂਦਾ ਸੇਵਾਦਾਰ ਬਾਬਾ ਸੁਖਵਿੰਦਰ ਸਿੰਘ ਨੇ ਬਾਬਾ ਕਾਲਾ ਮਾਹਰ ਸੰਧੂ ਤੇ ਬਾਬਾ ਅਮਰ ਸਿੰਘ ਦੀ ਜੀਵਨੀ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ ਗਿਆ। ਇਸ ਤੋਂ ਬਾਅਦ ਬਲੱਡ ਬੈਂਕ ਸੋਸਾਇਟੀ ਹਰੀਕੇ ਵੱਲੋਂ ਖੂਨਦਾਨ ਕੈਂਪ ਲਗਾਇਆ ਜਾ ਗਿਆ। ਅਨਿਲ ਕੁਮਾਰ ਨੇ ਦੱਸਿਆ ਕਿ ਸਾਡਾ ਖਾਣ ਪੀਣ ਤੇ ਪੌਣ ਪਾਣੀ ਖਰਾਬ ਹੋਣ ਕਾਰਨ ਹਰੇਕ ਮਨੁੱਖ ਕਿਸੇ ਨਾ ਕਿਸੇ ਬਿਮਾਰੀ ਦੀ ਦਵਾਈ ਖਾ ਰਿਹਾ ਹੈ। ਬਿਮਾਰੀਆਂ ਜ਼ਿਆਦਾ ਹੋਣ ਕਾਰਨ ਖੂਨ ਦੀ ਮੰਗ ਬਹੁਤ ਜ਼ਿਆਦਾ ਵਧ ਚੁੱਕੀ ਹੈ। ਸੁਸਾਇਟੀ ਦੇ ਪ੍ਰਧਾਨ ਅਨਿਲ ਕੁਮਾਰ ਨੇ ਦੱਸਿਆ ਕਿ ਸੁਸਾਇਟੀ ਇਹੋ ਜਿਹੇ ਉਪਰਾਲੇ ਕਰਦੀ ਰਹਿੰਦੀ ਹੈ। ਬਲੱਡ ਹੈਲਪ ਸੇਵਾ ਸੁਸਾਇਟੀ ਹਰੀਕੇ ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਲਗਾਇਆ ਗਿਆ। ਜਿਸ ਵਿੱਚ ਖ਼ੂਨਦਾਨੀ ਵੀਰਾਂ ਦੇ ਉਤਸ਼ਾਹ ਨਾਲ 30 ਯੂਨਿਟ ਖ਼ੂਨ ਇਕੱਤਰ ਹੋਇਆ। ਖ਼ੂਨਦਾਨੀ ਵੀਰਾਂ ਨੂੰ ਸਰਟੀਫਿਕੇਟ ਤੇ ਸ਼ੀਲਡਾਂ ਨਾਲ ਸਨਮਾਨਤ ਕੀਤਾ ਗਿਆ। ਬਲੱਡ ਹੈਲਪ ਸੇਵਾ ਸੁਸਾਇਟੀ ਹਰੀਕੇ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇਸੂਰਤ ਸਿੰਘ ਹਰੀਕੇ , ਚਮਕੌਰ ਸਿੰਘ, ਯੁਗਰਾਜ ਸਿੰਘ, ਲਵਪ੍ਰੀਤ ਸਿੰਘ, ਸੁਖਮਨਪ੍ਰੀਤ ਸਿੰਘ, ਮਨਜੀਤ ਸਿੰਘ ਪਹਿਲਵਾਨ,ਦਇਆ ਸਿੰਘ,ਇਕਰਾਜ ਸਿੰਘ,ਹਰਮਨ ਸਿੰਘ, ਬਾਬਾ ਰਣਜੀਤ ਸਿੰਘ, ਬਾਬਾ ਬਲਜਿੰਦਰ ਸਿੰਘ,ਬਚਿੱਤਰ ਸਿੰਘ,ਗੁਰਚੰਦ ਸਿੰਘ, ਗੁਰਮੀਤ ਸਿੰਘ, ਜਤਿੰਦਰ ਸਿੰਘ, ਪਰਮਜੀਤ ਸਿੰਘ, ਕਿਰਪਾਲ ਸਿੰਘ, ਜਸਪਾਲ ਸਿੰਘ, ਹਰਚੰਦ ਸਿੰਘ ਚੰਦ, ਗੁਰਵੇਲ ਸਿੰਘ,ਚਾਨਣ ਸਿੰਘ, ਅਮ੍ਰਿਤਪਾਲ ਸਿੰਘ ਆਦਿ ਹਾਜ਼ਰ ਸਨ।

# ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ 'ਚ ਜ਼ਿਲ੍ਹਾ ਪੱਧਰੀ ਬਾਕਸਿੰਗ ਚੈਂਪੀਅਨਸ਼ਿਪ ਆਯੋਜਿਤ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਗੁਰੂ ਗੋਬਿੰਦ ਸਿੰਘ (ਜੀਜੀਐਸ) ਮਾਡਰਨ ਸਕੂਲ ਬਖਤਪੁਰ ਵਿਖੇ ਚੱਲ ਰਹੇ ਜੀ.ਜੀ.ਐਸ ਬਾਕਸਿੰਗ ਕਲੱਬ ਵਿੱਚ ਬਾਕਸਿੰਗ ਐਸੋਸੀਏਸ਼ਨ ਗੁਰਦਾਸਪੁਰ ਵਲੋਂ ਸਬ ਜੂਨੀਅਰ ਲੜਕੇ/ਲੜਕੀਆਂ ਦੀ ਦੋ ਰੋਜ਼ਾ ਜ਼ਿਲ੍ਹਾ ਪੱਧਰੀ ਬਾਕਸਿੰਗ ਚੈਂਪੀਅਨਸ਼ਿਪ ਕਰਵਾਈ ਗਈ। ਸਕੂਲ ਦੇ ਡਾਇਰੈਕਟਰ ਡਾ: ਮਹਿੰਦਰਪਾਲ ਸਿੰਘ ਕਲੇਰ ਅਤੇ ਪ੍ਰਿੰਸੀਪਲ ਮੇਜਰ ਸਿੰਘ ਚਾਹਲ ਦੇ ਪ੍ਰਬੰਧਾਂ ਹੇਠ ਪਹਿਲੇ ਦਿਨ ਲੜਕਿਆਂ ਅਤੇ ਦੂਜੇ ਦਿਨ ਲੜਕੀਆਂ ਦੇ ਵੱਖ ਵੱਖ ਭਾਰ ਵਰਗ ਬਾਕਸਿੰਗ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਜ਼ਿਲ੍ਹੇ ਦੇ ਵੱਖ ਵੱਖ ਸਕੂਲਾਂ ਨੇ ਭਾਗ ਲਿਆ। ਪਹਿਲੇ ਦਿਨ ਬਾਕਸਿੰਗ ਮੁਕਾਬਲੇ (ਲੜਕੇ) ਵਿਚੋਂ ਓਵਰਆਲ ਪਹਿਲੀ ਪੁਜ਼ੀਸ਼ਨ ਰੈਂਕਰ ਇੰਟਰਨੈਸ਼ਨਲ ਸਕੂਲ ਕੋਟ ਧੰਦਲ ਅਤੇ ਦੂਜੀ ਪੁਜ਼ੀਸ਼ਨ ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬੱਖਤਪੁਰ ਨੇ ਪ੍ਰਾਪਤ ਕੀਤੀ। ਪਹਿਲੇ ਦਿਨ ਮੁੱਖ ਮਹਿਮਾਨ ਪ੍ਰਿੰਸੀਪਲ ਸੁਲੱਖਣ ਸਿੰਘ ਚਾਹਲ, ਵਿਸ਼ੇਸ਼ ਮਹਿਮਾਨ ਜਗਮੋਹਨ ਸਿੰਘ ਮੱਲ੍ਹੀ (ਕੈਨੇਡੀਅਨ ਬਿਜ਼ਨੈੱਸਮੈਨ), ਸਵਰਨ ਸਿੰਘ ਪੀਆਰਓ, ਤਰਸ਼ੇਮ ਸਿੰਘ ਸੋਨੂੰ ਹਾਕੀ ਕੋਚ ਦੁਆਰਾ ਜੇਤੂ ਖਿਡਾਰੀਆਂ ਨੂੰ ਟਰਾਫੀ ਤੇ ਮੈਡਲਾਂ ਨਾਲ ਸਨਮਾਨਿਤ ਕੀਤਾ ਗਿਆ।

ਦੂਸਰੇ ਦਿਨ ਬਾਕਸਿੰਗ ਮੁਕਾਬਲਿਆਂ (ਲੜਕੀਆਂ) ਵਿੱਚੋਂ ਓਵਰਆਲ ਪਹਿਲੀ ਪੁਜ਼ੀਸ਼ਨ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਸਕੂਲ ਕਲਾਨੌਰ ਅਤੇ ਦੂਸਰੀ ਪੁਜ਼ੀਸ਼ਨ ਸੇਂਟ ਵੇਰੀਅਸ ਸਕੂਲ ਕਾਦੀਆਂ ਨੇ ਪ੍ਰਾਪਤ ਕੀਤੀ। ਅੰਡਰ-11 ਲੜਕੀਆਂ ਦੇ ਮੁਕਾਬਲੇ 'ਚ ਓਵਰਆਲ ਪਹਿਲੀ ਪੁਜ਼ੀਸ਼ਨ ਪੁਜ਼ੀਸ਼ਨ ਸੇਂਟ ਵੇਰੀਅਸ ਸਕੂਲ ਕਾਦੀਆਂ ਅਤੇ ਦੂਸਰੀ ਪੁਜ਼ੀਸ਼ਨ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਸਕੂਲ ਕਲਾਨੌਰ ਨੇ ਹਾਸਲ ਕੀਤੀ। ਇਸ ਮੌਕੇ ਮੁੱਖ ਮਹਿਮਾਨ ਡਾ: ਦੀਪਕ ਸਹੋਤਰਾ, ਵਿਸ਼ੇਸ਼ ਮਹਿਮਾਨ ਰਾਮ ਸਿੰਘ ਐਨਆਰਆਈ, ਡਾ: ਮਨਪ੍ਰੀਤ ਸਿੰਘ ਕਲੇਰ, ਡਾ: ਕਮਲਪ੍ਰੀਤ ਕੌਰ ਕਲੇਰ, ਸਕੂਲ ਦੇ ਡਾਇਰੈਕਟਰ ਡਾ: ਮਹਿੰਦਰਪਾਲ ਸਿੰਘ ਕਲੇਰ, ਪ੍ਰਿੰਸੀਪਲ ਮੇਜਰ ਸਿੰਘ ਚਾਹਲ, ਪ੍ਰਧਾਨ ਰਣਜੀਤ ਕੌਰ ਦੁਆਰਾ ਜੇਤੂਆਂ ਨੂੰ ਟਰਾਫੀ ਅਤੇ ਮੈਡਲਾਂ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬਾਕਸਿੰਗ ਕੋਚ ਨਵਤੇਜ਼ ਸਿੰਘ, ਕੋਚ ਵਰਿਆਮ ਸਿੰਘ,ਬਾਬਾ ਜੋਗਿੰਦਰ ਸਿੰਘ, ਸੁਖਵਿੰਦਰ ਸਿੰਘ ਪਸਨਾਵਾਲ, ਪਪਿੰਦਰ ਸਿੰਘ ਚਾਹਲ, ਸ਼ਰਨਜੀਤ ਸਿੰਘ ਚਾਹਲ, ਗੁਰਮਹਿਕਦੀਪ ਸਿੰਘ ਚਾਹਲ, ਜਗਪ੍ਰੀਤ ਸਿੰਘ ਬੋਪਾਰਾਏ, ਮਹਾਂਵੀਰਪ੍ਰਤਾਪ ਸਿੰਘ ਰੰਧਾਵਾ, ਮੈਡਮ ਸੁਖਮੀਤ ਕੌਰ ਚਾਹਲ ਆਦਿ ਸਮੇਤ ਸਮੂਹ ਸਕੂਲ ਸਟਾਫ ਅਤੇ ਵੱਖ ਵੱਖ ਸਕੂਲਾਂ ਦੇ ਆਏ ਖਿਡਾਰੀ ਤੇ ਕੋਚ ਅਧਿਆਪਕ ਹਾਜ਼ਰ ਸਨ। ਇਸ ਮੌਕੇ ਪ੍ਰਿੰਸੀਪਲ ਮੇਜਰ ਸਿੰਘ ਚਾਹਲ ਨੇ ਜੇਤੂ ਖਿਡਾਰੀਆਂ ਵਧਾਈ ਦਿੱਤੀ ਅਤੇ ਸਾਰੇ ਖਿਡਾਰੀਆਂ ਨੂੰ ਮੰਜ਼ਿਲ ਤੇ ਪਹੁੰਚਨ ਲਈ ਭਵਿੱਖ ਵਿੱਚ ਹੋਰ ਸਖਤ ਮਿਹਨਤ ਕਰਨ ਲਈ ਉਤਸ਼ਾਹਿਤ ਕੀਤਾ।

## ਬੇਅਦਬੀ ਦੀਆਂ ਘਟਨਾਵਾਂ ਸੰਬੰਧੀ ਸਰਕਾਰ ਬਣਾਵੇ ਠੋਸ ਕਾਨੂੰਨ : ਭੰਗੂ



**ਕਲਾਨੌਰ (ਮਨਦੀਪ ਕੁਮਾਰ)**-ਪੰਜਾਬ ਵਿੱਚ ਆਏ ਦਿਨ ਬੇਅਦਬੀ ਦੀਆਂ ਘਿਨਾਉਣੀਆਂ ਘਟਨਾਵਾਂ ਸਾਹਮਣੇ ਆ ਰਹੀਆਂ ਹਨ ਪਰ ਬੜੀ ਸ਼ਰਮ ਦੀ ਗੱਲ ਹੈ ਕਿ ਇਹ ਘਟਨਾਵਾਂ ਰੁਕਣ ਦਾ ਨਾਂਅ ਨਹੀਂ ਲੈ ਰਹੀਆਂ। ਇਨ੍ਹਾਂ ਘਟਨਾਵਾਂ ਦੇ ਪਿੱਛੇ ਕਿਹੜੀਆਂ ਸ਼ਕਤੀਆਂ ਹਨ, ਕਿਹੜੀਆਂ ਸਰਕਾਰਾਂ ਹਨ ਕੁਝ ਵੀ ਸਮਝ ਨਹੀਂ ਆ ਰਿਹਾ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਖਾਲਸਾ ਪੰਚਾਇਤ ਦੇ ਪ੍ਰਧਾਨ ਭਾਈ ਰਜਿੰਦਰ ਸਿੰਘ ਭੰਗੂ ਨੇ ਨਵਾਂ ਜ਼ਮਾਨਾ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਕੀਤਾ। ਉਨ੍ਹਾ ਕਿਹਾ ਕਿ ਪੰਜਾਬ ਵਿੱਚ ਬੇਅਦਬੀ ਦੀਆਂ ਘਟਨਾਵਾਂ ਘਟਣ ਦੀ ਬਜਾਏ ਵਧ ਰਹੀਆਂ ਹਨ ਜੋ ਕਿ ਬਹੁਤ ਹੀ ਨਿੰਦਣਯੋਗ ਹੈ। ਉਨ੍ਹਾ ਕਿਹਾ ਕਿ ਸਰਕਾਰਾਂ ਵਾਅਦੇ ਤਾਂ ਬਹੁਤ ਕਰਦੀਆਂ ਹਨ ਪਰ ਬੇਅਦਬੀ ਦੇ ਮੁੱਦੇ ਨੂੰ ਸੁਲਝਾਉਣ ਵਿੱਚ ਅਜੇ ਤੱਕ ਸਾਰੀਆਂ ਹੀ ਸਰਕਾਰਾਂ ਨਾਕਾਮ ਰਹੀਆਂ ਹਨ। ਉਨ੍ਹਾ ਕਿਹਾ ਕਿ ਸਰਕਾਰ ਨੂੰ ਇਸ ਪ੍ਰਤੀ ਠੋਸ ਕਦਮ ਚੁੱਕਣੇ ਚਾਹੀਦੇ ਹਨ ਤਾਂ ਕਿ ਕੋਈ ਵੀ ਵਿਅਕਤੀ ਨੂੰ ਬੇਅਦਬੀ ਦੀਆਂ ਘਟਨਾਵਾਂ ਨੂੰ ਅੰਜਾਮ ਦੇਣ ਬਾਰੇ ਸੋਚ ਵੀ ਨਾ ਸਕੇ। ਇਸ ਮੌਕੇ ਉਨ੍ਹਾਂ ਨਾਲ ਕਲਾਨੌਰ ਦੇ ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ ਦੇ ਹੈਡ ਗ੍ਰੰਥੀ ਬਾਬਾ ਬਲਕਾਰ ਸਿੰਘ, ਜਥੇਦਾਰ ਲਖਵਿੰਦਰ ਸਿੰਘ ਆਦੀਆਂ, ਬਿਕਰਮਜੀਤ ਸਿੰਘ ਭੱਟੀ, ਜਥੇਦਾਰ ਰਛਪਾਲ ਸਿੰਘ, ਸਰਦੂਲ ਸਿੰਘ, ਡਾਕਟਰ ਰਛਪਾਲ ਸਿੰਘ, ਬਲਵਿੰਦਰ ਸਿੰਘ ਲਾਡੀ, ਦਲਵਿੰਦਰ ਸਿੰਘ ਬਿੱਟੂ, ਜਤਿੰਦਰ ਸਿੰਘ ਸਿੱਧੂ ਆਦਿ ਹਾਜ਼ਰ ਸਨ।

## ਸ਼ੈਰੀ ਕਲਸੀ ਨੂੰ ਕੋ-ਇੰਚਾਰਜ ਲਗਾਉਣ 'ਤੇ ਪਾਰਟੀ ਹਾਈਕਮਾਂਡ ਦਾ ਧੰਨਵਾਦ

**ਨੌਸ਼ਹਿਰਾ ਮੱਝਾ ਸਿੰਘ (ਸਤਨਾਮ ਸਿੰਘ ਕਿਰਤੀ)**-ਵਿਧਾਇਕ ਬਟਾਲਾ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੂੰ ਮੱਧ ਪ੍ਰਦੇਸ ਦਾ ਕੋ-ਇੰਚਾਰਜ ਲਗਾਉਣ 'ਤੇ ਪਾਰਟੀ ਹਾਈ ਕਮਾਂਡ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦੇ ਹੋਏ ਮਨਦੀਪ ਸਿੰਘ ਸਰਪੰਚ ਨੌਸ਼ਹਿਰਾ ਮੱਝਾ ਸਿੰਘ ਨੇ ਵਿਧਾਇਕ ਸ਼ੈਰੀ ਕਲਸੀ ਨੂੰ ਮੱਧ ਪ੍ਰਦੇਸ ਦਾ ਕੋ-ਇੰਚਾਰਜ ਲਗਾ ਕੇ ਹਲਕਾ ਬਟਾਲਾ ਦੇ ਵੋਟਰਾਂ ਦਾ ਮਾਣ ਵਧਾਇਆ ਹੈ।

ਉਨਾਂ ਕਿਹਾ ਕਿ ਹਲਕਾ ਬਟਾਲਾ ਦੀ ਸਾਰੀ ਟੀਮ ਹਾਈ ਕਮਾਨ ਦਾ ਧੰਨਵਾਦ ਕਰਦੀ ਹੈ। ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸਰਪੰਚ ਮਨਦੀਪ ਸਿੰਘ ਨੇ ਖੁਸੀ ਜ਼ਾਹਰ ਕਰਦਿਆਂ ਕਿਹਾ ਕਿ ਸਾਡੇ ਵਾਸਤੇ ਬੜੇ ਮਾਣ ਵਾਲੀ ਗੱਲ ਹੈ ਕਿ ਹਲਕਾ ਬਟਾਲਾ ਤੋਂ ਆਪ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਜੀ ਦੀ ਪਾਰਟੀ ਪ੍ਰਤੀ ਸ਼ੁਰੂਆਤੀ ਦੌਰ ਤੋਂ ਹੀ ਦ੍ਰਿੜ੍ਹ ਇਰਾਦੇ ਅਤੇ ਕਠੋਰ ਮਿਹਨਤ ਨੂੰ ਦੇਖਦੇ ਹੋਏ ਮੱਧ ਪ੍ਰਦੇਸ ਦੇ ਪ੍ਰਭਾਰੀ ਦੇ ਤੌਰ 'ਤੇ ਅੱਜ ਇੱਕ ਵੱਡੀ ਜ਼ਿੰਮੇਵਾਰੀ ਸੌਂਪੀ ਹੈ।

ਨਵਾਂ ਜ਼ਮਾਨਾ
ਸ਼ਨੀਵਾਰ, 29 ਅਪ੍ਰੈਲ 2023

# ਅਡਾਨੀ ਦਾ ਵਿਰੋਧ ਵੀ ਦੇਸ਼ ਧ੍ਰੋਹ

*ਹਿੰਡਨਬਰਗ ਰਿਪੋਰਟ ਆਉਣ ਤੋਂ ਬਾਅਦ ਸੰਸਦ ਵਿੱਚ ਜਦੋਂ ਰਾਹੁਲ ਗਾਂਧੀ ਨੇ ਅਡਾਨੀ ਦੇ ਆਰਥਕ ਅਪਰਾਧਾਂ ਦਾ ਖੁਲਾਸਾ ਕੀਤਾ ਸੀ ਤਾਂ ਭਾਜਪਾ ਆਗੂਆਂ ਨੇ ਇਸ ਨੂੰ ਦੇਸ਼ ਨੂੰ ਬਦਨਾਮ ਕਰਨ ਦੀ ਕਾਰਵਾਈ ਕਿਹਾ ਸੀ। ਉਸ ਵੇਲੇ ਵਿਰੋਧੀ ਪਾਰਟੀਆਂ ਦੇ ਆਗੂਆਂ ਨੇ ਕਿਹਾ ਸੀ ਕਿ ਭਾਜਪਾ ਲਈ ਤਾਂ ਹੁਣ ਅਡਾਨੀ ਹੀ ਰਾਸ਼ਟਰ ਬਣ ਗਿਆ ਹੈ। ਅਡਾਨੀ ਤੇ ਮੋਦੀ ਦੇ ਸੰਬੰਧਾਂ ਦਾ ਜ਼ਿਕਰ ਕਰਨ ਲਈ ਰਾਹੁਲ ਗਾਂਧੀ ਨੂੰ ਆਪਣੀ ਸੰਸਦ ਮੈਂਬਰੀ ਦੀ ਕੀਮਤ ਤਾਰਨੀ ਪਈ ਹੈ।*

*ਹੁਣ ਗੁਜਰਾਤ ਦੇ ਇੱਕ ਨਾਮੀ ਵਕੀਲ ਉੱਤੇ ਅਡਾਨੀ ਸਮੂਹ ਦੇ ਕਾਲੇ ਕਾਰਨਾਮੇ ਉਜਾਗਰ ਕਰਨ ਲਈ ਸੀ ਬੀ ਆਈ ਵੱਲੋਂ ਸ਼ਿਕੰਜਾ ਕੱਸਿਆ ਗਿਆ ਹੈ। ਇਸ ਸਮੇਂ ਮੋਦੀ ਹਕੂਮਤ ਲਈ ਅਡਾਨੀ ਦੇ ਆਰਥਕ ਹਿੱਤ ਦੇਸ਼ ਦੇ ਹਿੱਤ ਬਣ ਚੁੱਕੇ ਹਨ। ਗੁਜਰਾਤ ਦੇ ਵਕੀਲ ਤੇ ਵਾਤਾਵਰਨ ਸੁਰੱਖਿਆ ਲਈ ਕੰਮ ਕਰਨ ਵਾਲੇ ਰਿਤਵਿਕ ਦੱਤਾ ਨਾਂਅ ਦੇ ਵਿਅਕਤੀ ਵਿਰੁੱਧ ਸੀ ਬੀ ਆਈ ਨੇ ਐੱਫ਼ ਆਈ ਆਰ ਦਰਜ ਕੀਤੀ ਹੈ, ਜਿਸ ਵਿੱਚ ਕਿਹਾ ਗਿਆ ਹੈ ਕਿ ਦੱਤਾ ਅਡਾਨੀ ਸਮੂਹ ਦੀਆਂ ਆਸਟ੍ਰੇਲੀਆ ਵਿਚਲੀਆਂ ਸਰਗਰਮੀਆਂ ਨੂੰ ਨਿਸ਼ਾਨਾ ਬਣਾ ਕੇ ਭਾਰਤ ਦੀਆਂ ਹੱਦਾਂ ਤੋਂ ਬਾਹਰ ਰਾਸ਼ਟਰ ਦੇ ਆਰਥਕ ਹਿੱਤਾਂ ਨੂੰ ਨੁਕਸਾਨ ਪੁਚਾਉਂਦੇ ਹਨ। ਇਸ ਦੇ ਨਾਲ ਹੀ ਦੱਤਾ ਉੱਤੇ ਦੋਸ਼ ਲਾਇਆ ਗਿਆ ਹੈ ਕਿ ਉਹ ਦੇਸ਼ ਦੇ ਵਿਕਾਸ ਲਈ ਸਥਾਪਤ ਸਨਅਤਾਂ ਅਤੇ ਸਰਕਾਰੀ ਨੀਤੀਆਂ ਦਾ ਵਿਰੋਧ ਕਰਨ ਲਈ ਸਥਾਨਕ ਕਿਸਾਨਾਂ ਨੂੰ ਅੰਦੋਲਨ ਕਰਨ ਲਈ ਉਕਸਾਉਂਦੇ ਹਨ।*

*ਦੱਤਾ ਉੱਤੇ ਗੈਰਕਾਨੂੰਨੀ ਢੰਗ ਨਾਲ ਵਿਦੇਸ਼ੀ ਮੁਦਰਾ ਹਾਸਲ ਕਰਕੇ ਰਾਸ਼ਟਰ ਦੇ ਵਿਕਾਸ ਲਈ ਲੱਗੇ ਸਨਅਤਕਾਰਾਂ ਵਿਰੁੱਧ ਅਦਾਲਤਾਂ ਵਿੱਚ ਰਿੱਟ ਪਟੀਸ਼ਨਾਂ ਦਾਖਲ ਕਰਕੇ ਕੰਮਾਂ ਨੂੰ ਰੋਕਣ ਦਾ ਵੀ ਦੋਸ਼ ਲਾਇਆ ਗਿਆ ਹੈ। ਇਹ ਦੋਸ਼ ਸਿੱਧੇ ਤੌਰ ਉੱਤੇ ਅਡਾਨੀ ਸਮੂਹ ਨਾਲ ਸੰਬੰਧਤ ਹੈ, ਕਿਉਂਕਿ ਦੱਤਾ ਨੇ ਅਡਾਨੀ ਸਮੂਹ ਦੀ ਇੱਕ ਕਾਪਰ ਰਿਫਾਇਨਰੀ ਦੇ ਸੰਬੰਧ ਵਿੱਚ ਗੁਜਰਾਤ ਸਰਕਾਰ ਵਿਰੁੱਧ ਇੱਕ ਜਨਹਿੱਤ ਪਟੀਸ਼ਨ ਦਾਖਲ ਕੀਤੀ ਸੀ।*

*ਐੱਫ਼ ਆਈ ਆਰ ਵਿੱਚ ਕਿਹਾ ਗਿਆ ਹੈ ਕਿ ਦੱਤਾ ਆਸਟ੍ਰੇਲੀਆ ਵਿੱਚ ਅਡਾਨੀ ਦੀਆਂ ਸਰਗਰਮੀਆਂ ਨੂੰ ਨਿਸ਼ਾਨਾ ਬਣਾ ਕੇ ਰਾਸ਼ਟਰ ਦੇ ਆਰਥਕ ਹਿੱਤਾਂ ਦਾ ਨੁਕਸਾਨ ਕਰ ਰਿਹਾ ਹੈ। ਉਸ ਉੱਤੇ ਵਿਦੇਸ਼ਾਂ ਤੋਂ ਹਾਸਲ ਫੰਡ ਸਥਾਨਕ ਗੈਰ-ਸਰਕਾਰੀ ਨਾਗਰਿਕ ਸੰਸਥਾਵਾਂ ਨੂੰ ਦੇ ਕੇ ਸਨਅਤਕਾਰਾਂ ਵਿਰੁੱਧ ਅੰਦੋਲਨ ਖੜ੍ਹੇ ਕਰਨ ਦਾ ਵੀ ਦੋਸ਼ ਲਾਇਆ ਗਿਆ ਹੈ। ਇਨ੍ਹਾਂ ਵਿੱਚ ਅਰਾਵਲੀ ਬਚਾਓ ਅੰਦੋਲਨ ਦਾ 'ਬਿਨਾਂ ਮਤਲਬ ਵਿਰੋਧ ਵਿੱਚ ਲੱਗੇ ਹੋਏ' ਦੇ ਰੂਪ ਵਿੱਚ ਵਰਨਣ ਕੀਤਾ ਗਿਆ ਹੈ।*

*ਐੱਫ ਆਈ ਆਰ ਵਿੱਚ ਕਿਹਾ ਗਿਆ ਹੈ ਕਿ ਦੱਤਾ ਜਨਤਕ ਮੀਡੀਆ ਰਾਹੀਂ ਭਾਰਤ ਸਰਕਾਰ ਅਤੇ ਸਰਕਾਰੀ ਨੀਤੀਆਂ ਦੀ ਅਲੋਚਨਾ ਕਰਨ ਤੇ ਦੋਸ਼ ਲਾਉਣ ਵਿੱਚ ਸ਼ਾਮਲ ਹੈ। ਉਹ ਸਨਅਤਕਾਰਾਂ ਤੇ ਸਰਕਾਰ ਦੀ ਸਨਅਤੀ ਨੀਤੀ ਵਿਰੁੱਧ ਕਿਸਾਨਾਂ ਨੂੰ ਭੜਕਾਉਣ ਵਿੱਚ ਸ਼ਾਮਲ ਹੈ। ਉਹ ਖੇਤੀ ਵਿਕਾਸ ਸੇਵਾ ਟਰੱਸਟ ਗੁਜਰਾਤ ਸਰਕਾਰ ਤੇ ਅਡਾਨੀ ਇੰਟਰਪ੍ਰਾਈਜ਼ਿਜ਼ ਵਿਰੁੱਧ ਜਨਹਿੱਤ ਰਿੱਟ ਦਾਖਲ ਕਰਨ ਵਿੱਚ ਸ਼ਾਮਲ ਹੈ। ਅਸਲ ਵਿੱਚ ਵਕੀਲ ਦੱਤਾ ਖੇਤੀ ਵਿਕਾਸ ਸੇਵਾ ਟਰੱਸਟ ਬਨਾਮ ਅਡਾਨੀ ਇੰਟਰਪ੍ਰਾਈਜ਼ਿਜ਼ ਲਿਮਟਿਡ ਮਾਮਲੇ ਵਿੱਚ ਕਿਸਾਨਾਂ ਦੀ ਸੰਸਥਾ ਖੇਤੀ ਵਿਕਾਸ ਸੇਵਾ ਟਰੱਸਟ ਵੱਲੋਂ ਪੇਸ਼ ਹੋਏ ਸਨ। ਸਵਾਲ ਪੈਦਾ ਹੁੰਦਾ ਹੈ ਕਿ ਹੁਣ ਕਿਸੇ ਵੀ ਮਾਮਲੇ ਵਿੱਚ ਨਿਆਂਪਾਲਿਕਾ ਵਿੱਚ ਜਾਣ ਲਈ ਵੀ ਅਡਾਨੀ ਸਮੂਹ ਦੀ ਇਜਾਜ਼ਤ ਲੈਣੀ ਪਿਆ ਕਰੇਗੀ। ਇਸ ਤੋਂ ਸਪੱਸ਼ਟ ਹੈ ਕਿ ਮੋਦੀ ਹਕੂਮਤ ਪੈਰ-ਪੈਰ 'ਤੇ ਤਾਨਾਸ਼ਾਹੀ ਰਾਜ ਵਲ ਵੱਧ ਰਹੀ ਹੈ।*

# ਲੋਕਤੰਤਰ ਬਚਾਓ, ਲੋਕ ਬਚਾਓ, ਰਾਸ਼ਟਰ ਬਚਾਓ

**ਅਮਰਜੀਤ ਕੌਰ**
**ਅਨੁਵਾਦ-ਐੱਮ ਐੱਸ ਭਾਟੀਆ**

ਮਈ ਦਿਵਸ ਸਾਨੂੰ ਮਜ਼ਦੂਰਾਂ ਅਤੇ ਉਨ੍ਹਾਂ ਦੀਆਂ ਯੂਨੀਅਨਾਂ ਦੀ ਵੱਡੀ ਕੁਰਬਾਨੀ ਦੀ ਯਾਦ ਦਿਵਾਉਂਦਾ ਹੈ ਕਿ ਮਜ਼ਦੂਰਾਂ ਨੂੰ ਜਾਨਵਰਾਂ ਵਾਂਗ ਨਹੀਂ ਸਗੋਂ ਮਨੁੱਖਾਂ ਵਾਂਗ ਸਮਝਿਆ ਜਾਵੇ। ਸਗੋਂ ਇਹ ਦਾਅਵਾ ਕੀਤਾ ਜਾ ਸਕਦਾ ਹੈ ਕਿ ਮਨੁੱਖੀ ਇਤਿਹਾਸ 'ਚ ਮਨੁੱਖੀ ਅਧਿਕਾਰਾਂ ਦੀ ਮੰਗ ਅਤੇ ਪ੍ਰਾਪਤੀ ਮਜ਼ਦੂਰ ਲਹਿਰ ਦੁਆਰਾ ਸ਼ੁਰੂ ਕੀਤੀ ਗਈ ਸੀ। ਨਿਸਚਿਤ ਕੰਮ ਦੇ ਘੰਟੇ, ਕੰਮ ਲਈ 8 ਘੰਟੇ, ਆਰਾਮ ਲਈ 8 ਘੰਟੇ ਅਤੇ ਪਰਿਵਾਰ ਨਾਲ 8 ਘੰਟੇ ਦੀ ਅਵਾਜ 19ਵੀਂ ਸਦੀ ਵਿੱਚ ਦੁਨੀਆ ਦੇ ਵੱਖ-ਵੱਖ ਹਿੱਸਿਆਂ ਵਿੱਚ ਗੂੰਜਦੀ ਹੈ। ਭਾਰਤ 'ਚ ਵੀ ਕੰਮ ਦੇ ਨਿਸ਼ਚਿਤ ਘੰਟਿਆਂ ਦੀ ਮੰਗ 1866 ਤੋਂ ਸ਼ੁਰੂ ਹੋਈ, ਜਦੋਂ ਅਜੇ ਸੈਕਟਰ-ਵਾਰ ਯੂਨੀਅਨਾਂ ਨਹੀਂ ਸਨ ਬਣੀਆਂ। 1886 'ਚ ਸ਼ਿਕਾਂਗੋ 'ਚ ਮਜ਼ਦੂਰਾਂ ਨੇ 1 ਮਈ ਨੂੰ ਆਪਣੀ ਰੋਸ ਹੜਤਾਲ ਸ਼ੁਰੂ ਕੀਤੀ, ਜਿਸ ਤੋਂ ਬਾਅਦ ਸਾਜ਼ਿਸ਼ਕਾਰਾਂ ਦੁਆਰਾ ਅੰਦੋਲਨ ਨੂੰ ਕੁਚਲਣ ਦਾ ਬਹਾਨਾ ਲੱਭਣ ਲਈ ਬੰਬ ਵਿਸਫੋਟ ਕੀਤਾ ਗਿਆ। ਜਿਨ੍ਹਾਂ ਅੱਠ ਆਗੂਆਂ ਨੂੰ ਗ੍ਰਿਫਤਾਰ ਕੀਤਾ ਗਿਆ, ਉਨ੍ਹਾਂ 'ਚੋਂ ਚਾਰ ਨੂੰ ਮੌਤ ਦੀ ਸਜ਼ਾ ਦਿੱਤੀ ਗਈ, ਦੋ ਦੀ ਜੇਲ੍ਹ 'ਚ ਮੌਤ ਹੋ ਗਈ ਅਤੇ ਦੋ ਨੂੰ ਉਮਰ ਕੈਦ ਹੋਈ।

1889 'ਚ ਮਜ਼ਦੂਰ ਜਥੇਬੰਦੀਆਂ ਦੀ ਇੱਕ ਅੰਤਰ-ਰਾਸ਼ਟਰੀ ਮੀਟਿੰਗ ਵਿੱਚ, ਜਿੱਥੇ ਕਾਰਲ ਮਾਰਕਸ ਨੇ ਸ਼ਿਕਾਂਗੋ 'ਚ ਮਈ ਦੇ ਰੋਸ ਪ੍ਰਦਰਸ਼ਨਾਂ, ਮਜ਼ਦੂਰ ਜਮਾਤ ਦੇ ਦੁੱਖਾਂ ਦੀ ਗੱਲ ਕੀਤੀ ਅਤੇ ਉਸ ਸੰਘਰਸ਼ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਅਤੇ ਸੰਘਰਸ਼ ਨੂੰ ਜਾਰੀ ਰੱਖਣ ਲਈ ਅਤੇ ਨਿਸ਼ਚਿਤ ਕੰਮਕਾਜੀ ਘੰਟਿਆਂ ਲਈ ਮਈ ਦਿਵਸ ਮਨਾਉਣ ਦਾ ਸੁਝਾਅ ਦਿੱਤਾ।

ਇਹ 1890 ਤੋਂ ਸੀ ਕਿ ਇਹ ਦਿਨ 'ਵਿਸ਼ਵ ਦੇ ਮਜ਼ਦੂਰੋ ਇੱਕ ਜੁੱਟ ਹੋਵੋ' ਦੇ ਨਾਅਰੇ ਨਾਲ ਮਨਾਇਆ ਜਾਣ ਲੱਗਾ। ਸੰਘਰਸ਼ ਜਾਰੀ ਰਿਹਾ ਅਤੇ ਕੌਮਾਂਤਰੀ ਲੇਬਰ ਜਥੇਬੰਦੀ (ਆਈ ਐੱਲ ਓ) ਦੀ ਪਹਿਲੀ ਸਥਾਪਨਾ ਕਨਵੈਨਸ਼ਨ 1919 'ਚ ਜੋ ਫਾਊਂਡੇਸਨ ਕਾਨਫਰੰਸ ਵੀ ਸੀ, ਅੱਠ ਘੰਟੇ ਕੰਮ ਵਾਲੇ ਦਿਨ ਨੂੰ ਸਮਰਪਿਤ ਸੀ।

ਭਾਰਤ ਵਿੱਚ ਐਮ ਸਿੰਗਰਵੇਲੂ ਦੀ ਅਗਵਾਈ 'ਚ ਏ ਆਈ ਟੀ ਯੂ ਸੀ ਮੌਜੂਦਾ ਤਾਮਿਲਨਾਡੂ ਵਿੱਚ 1923 ਵਿੱਚ ਮਈ ਦਿਵਸ ਮਨਾਉਣ ਵਾਲੀ ਪਹਿਲੀ ਯੂਨੀਅਨ ਸੀ।

ਵਿਸ਼ਵ ਭਰ ਵਿੱਚ ਮਜ਼ਦੂਰ ਜਮਾਤ ਨੂੰ ਨਿਸਚਿਤ ਕੰਮ ਦੇ ਘੰਟੇ ਅਤੇ ਹੜਤਾਲ ਦੇ ਅਧਿਕਾਰ ਸਖਤ ਅਤੇ ਲੰਮੀ ਲੜਾਈ ਤੋਂ ਬਾਅਦ ਜਿੱਤੇ ਗਏ ਵੱਖ-ਵੱਖ ਮਜ਼ਦੂਰ ਅਧਿਕਾਰਾਂ ਨੂੰ ਉਲਟਾ ਗੇੜਾ ਦੇਣ ਦੀ ਗੰਭੀਰ ਸਥਿਤੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਭਾਰਤ 'ਚ ਵੀ ਸਾਨੂੰ ਇੱਕ ਅਜਿਹੀ ਸਥਿਤੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਦੋਂ 150 ਸਾਲਾਂ ਦੇ ਸੰਘਰਸ਼ ਤੋਂ ਬਾਅਦ ਸਖ਼ਤ ਮਿਹਨਤ ਨਾਲ ਜਿੱਤੇ ਗਏ ਮਜਦੂਰਾਂ ਦੇ ਅਧਿਕਾਰਾਂ ਨੂੰ ਮਜ਼ਦੂਰ ਵਿਰੋਧੀ ਨੀਤੀਆਂ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਆਰ ਐੱਸ ਐੱਸ-ਭਾਜਪਾ ਸਰਕਾਰ ਦੁਆਰਾ ਅਪਣਾਏ ਜਾ ਰਹੇ ਕਿਰਤ ਕਾਨੂੰਨਾਂ ਦੇ ਕੋਡੀਕਰਨ ਦਾ ਖਤਰਾ ਹੈ। ਇਹ ਯੂਨੀਅਨਾਂ ਨੂੰ ਕਮਜ਼ੋਰ ਕਰਨ ਲਈ ਹੈ, ਕਿਉਂਕਿ ਉਹ ਸਰਕਾਰ ਦੀਆਂ ਨੀਤੀਆਂ ਦਾ ਵਿਰੋਧ ਕਰ ਰਹੀਆਂ ਹਨ, ਜੋ ਵਿਦੇਸ਼ੀ ਅਤੇ ਭਾਰਤੀ ਕਾਰਪੋਰੇਟ ਪੱਖੀ ਹਨ ਅਤੇ ਇਹ ਉਸ ਸਵੈ-ਨਿਰਭਰ ਆਰਥਿਕ ਮਾਡਲ ਦਾ ਉਲਟ ਹਨ, ਜਿਸ ਨੂੰ ਭਾਰਤ ਨੇ ਆਜ਼ਾਦੀ ਤੋਂ ਬਾਅਦ ਅਪਣਾਇਆ ਸੀ। ਮੌਜੂਦਾ ਸਰਕਾਰ ਦੀਆਂ ਇਹਨਾਂ ਨੀਤੀਆਂ ਦੇ ਨਤੀਜੇ ਵਜੋਂ ਲੋਕਾਂ ਦੇ ਜੀਵਨ ਪੱਧਰ ਵਿੱਚ ਪਾੜੇ ਵਧੇ ਹਨ, ਉਹਨਾਂ ਦਾ ਜਿਊਣਾ ਹੋਰ ਵੀ ਦੁੱਭਰ ਹੋ ਗਿਆ ਹੈ।

ਆਰਥਿਕਤਾ ਹੋਰ ਵਿਗੜ ਰਹੀ ਹੈ। ਜ਼ਰੂਰੀ ਵਸਤਾਂ, ਅਨਾਜ, ਦਾਲਾਂ, ਕਣਕ ਦਾ ਆਟਾ, ਚੌਲ, ਤੇਲ, ਰਸੋਈ ਗੈਸ (ਲਗਭਗ 1200 ਰੁਪਏ ਪ੍ਰਤੀ ਸਿਲੰਡਰ) ਦੀਆਂ ਕੀਮਤਾਂ ਲਗਾਤਾਰ ਵਧਣ ਨਾਲ ਪ੍ਰਚੂਨ ਦੁੱਧ ਦੀਆਂ ਕੀਮਤਾਂ ਪਿਛਲੇ ਇਕ ਸਾਲ ਦੌਰਾਨ 15 ਫੀਸਦੀ ਤੋਂ ਵੱਧ ਵਧ ਗਈਆਂ ਹਨ।

ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਦਾ ਆਖਰੀ ਪੂਰਾ ਬਜਟ ਲੋਕ ਸਭਾ ਦੀਆਂ ਆਮ ਚੋਣਾਂ ਤੋਂ ਪਹਿਲਾਂ ਮਜਦੂਰਾਂ, ਕਿਸਾਨਾਂ ਅਤੇ ਆਮ ਤੌਰ 'ਤੇ ਗਰੀਬ ਕਮਜ਼ੋਰ ਵਰਗਾਂ ਦੇ ਹਿੱਤਾਂ ਦੀ ਕੀਮਤ 'ਤੇ ਕਾਰਪੋਰੇਟ ਪੱਖੀ ਨੀਤੀਆਂ ਦੀ ਅਗਵਾਈ ਕਰਨ ਵਾਲੀ ਸਰਕਾਰ ਦੇ ਨਿਰੰਤਰ ਰੁਝਾਨ ਨੂੰ ਦਰਸਾਉਂਦਾ ਹੈ। ਕਾਰਪੋਰੇਟਾਂ ਨੂੰ ਵਧੇਰੇ ਰਿਆਇਤਾਂ ਮਿਲ ਰਹੀਆਂ ਹਨ, ਜਦੋਂ ਕਿ ਸਿੱਖਿਆ, ਸਿਹਤ, ਨਾਗਰਿਕ ਸਹੂਲਤਾਂ, ਐਸ ਸੀ/ਐਸ ਟੀਆਂ ਲਈ ਯੋਜਨਾ 'ਤੇ ਬਜਟ ਦੀ ਵੰਡ ਘਟਾਈ ਗਈ, ਮਨਰੇਗਾ ਅਲਾਟਮੈਂਟ ਵਿੱਚ 30 ਪ੍ਰਤੀਸ਼ਤ ਦੀ ਕਮੀ, ਵੱਖ-ਵੱਖ ਸਮਾਜ ਭਲਾਈ ਸਕੀਮਾਂ ਲਈ ਫੰਡਾਂ ਵਿੱਚ ਕਟੌਤੀ ਬਹੁਤ ਸਪੱਸ਼ਟ ਹੈ। ਪਿਛਲਾ ਬਜਟ ਸੋਹਣੇ ਸ਼ਬਦਾਂ ਦੀ ਜੁਗਲਬੰਦੀ ਸੀ।

ਵਿੱਤ ਮੰਤਰੀ ਦਾ ਬਜਟ ਭਾਸ਼ਣ ਝੂਠਾ ਸੀ। ਪ੍ਰਾਪਤੀਆਂ ਵਜੋਂ ਪੇਸ ਕੀਤੇ ਗਏ ਅੰਦਾਜੇ ਜ਼ਮੀਨੀ ਪੱਧਰ 'ਤੇ ਸੱਚਾਈ ਤੋਂ ਕੋਹਾਂ ਦੂਰ ਸਨ। ਬਜਟ ਵਿੱਚ ਦਰਜ ਸੱਤ ਪ੍ਰਮੁੱਖ ਤਰਜੀਹਾਂ ਜਿਵੇਂ ਕਿ ਸਮਾਵੇਸੀ ਵਿਕਾਸ, ਆਖਰੀ ਮੀਲ 'ਤੇ ਪਹੁੰਚਣਾ, ਨੌਜਵਾਨ ਸ਼ਕਤੀ ਆਦਿ ਬਿਨਾਂ ਕਿਸੇ ਭਰਪਾਈ ਦੇ ਖਾਲੀ ਹੀ ਰਹੇ। ਕਿਰਤੀ ਲੋਕਾਂ ਦੇ ਕਿਸੇ ਵੀ ਅਸਲ ਮੁੱਦੇ ਨੂੰ ਸੰਬੋਧਿਤ ਨਹੀਂ ਕੀਤਾ ਗਿਆ, ਜਿਵੇਂ ਕਿ ਪੁਰਾਣੀ ਪੈਨਸ਼ਨ ਸਕੀਮ ਨੂੰ ਬਹਾਲ ਕਰਨਾ, ਸਭ ਨੂੰ ਸਮਾਜਿਕ ਸੁਰੱਖਿਆ, ਸਾਰਿਆਂ ਨੂੰ ਪੈਨਸ਼ਨ, ਸਕੀਮ ਵਰਕਰਾਂ ਨੂੰ ਰੈਗੂਲਰ ਕਰਨਾ, ਅਸੰਗਠਿਤ/ਗੈਰ-ਰਸਮੀ ਅਤੇ ਖੇਤੀਬਾੜੀ ਮਜਦੂਰਾਂ ਲਈ ਘੱਟੋ-ਘੱਟ ਉਜਰਤਾਂ ਵਿੱਚ ਵਾਧਾ, ਕੇਂਦਰ ਅਤੇ ਰਾਜਾਂ ਵਿੱਚ ਮਨਜੂਰਸੁਦਾ ਅਸਾਮੀਆਂ ਨੂੰ ਭਰਨਾ ਆਦਿ। ਇਸ ਬਜਟ ਨੇ ਦੇਸ਼ ਦੇ ਹਿੱਤਾਂ ਨੂੰ ਪਿੱਛੇ ਪਾ ਦਿੱਤਾ ਹੈ, ਖਾਸ ਕਰ ਇਸ ਦੀ 94% ਗੈਰ-ਰਸਮੀ ਆਰਥਿਕਤਾ ਦੀ ਕਾਰਜ ਸ਼ਕਤੀ, ਜੋ ਜੀ ਡੀ ਪੀ ਵਿੱਚ 60% ਯੋਗਦਾਨ ਪਾਉਂਦੀ ਹੈ।

ਬਜਟ ਵਿੱਚ ਲੰਮੇ ਸਮੇਂ ਦੇ ਰੁਜ਼ਗਾਰ ਅਤੇ ਮਿਆਰੀ ਨੌਕਰੀਆਂ ਦੀ ਸਿਰਜਣਾ ਨੂੰ ਸੰਬੋਧਿਤ ਨਹੀਂ ਕੀਤਾ ਗਿਆ। ਨੌਕਰੀ ਲੱਭਣ ਵਾਲੇ ਇਕ ਕਰੋੜ ਨੌਜਵਾਨ ਹਰ ਸਾਲ ਨੌਕਰੀ ਦੀ ਮੰਡੀ ਵਿੱਚ ਦਾਖਲ ਹੁੰਦੇ ਹਨ। ਬੇਰੁਜ਼ਗਾਰੀ 34% ਦੇ ਸਿਖਰ 'ਤੇ ਹੈ।

ਹਿੰਡਨਬਰਗ ਦੀ ਰਿਪੋਰਟ ਦੇ ਸਾਹਮਣੇ ਆਉਣ ਨਾਲ ਅਡਾਨੀ ਸਾਮਰਾਜ ਦੇ ਪਤਨ ਨਾਲ, ਜਨਤਕ ਖੇਤਰ ਦੇ ਅਦਾਰੇ ਜਿਨ੍ਹਾਂ ਨੇ ਅਡਾਨੀ ਕੰਪਨੀਆਂ ਵਿੱਚ ਵੱਡੀ ਰਕਮ ਦਾ ਨਿਵੇਸ ਕੀਤਾ ਸੀ, ਹੁਣ ਔਖੀ ਸਥਿਤੀ ਵਿੱਚ ਹਨ। ਭਾਰਤੀ ਜੀਵਨ ਬੀਮਾ ਨਿਗਮ ਲਗਭਗ 30000 ਕਰੋੜ ਰੁਪਏ ਅਤੇ ਭਾਰਤੀ ਸਟੇਟ ਬੈਂਕ 42000 ਕਰੋੜ ਰੁਪਏ ਅਤੇ ਇਸੇ ਤਰ੍ਹਾਂ ਸ਼ਿਪਿੰਗ ਕੰਪਨੀ-ਪਰਦੀਪ, ਗੇਲ,ਆਈ ਓ ਸੀ , ਕੁਝ ਜਨਤਕ ਖੇਤਰ ਦੇ ਨਾਂਅ ਅਡਾਨੀ ਕੰਪਨੀਆਂ ਵਿੱਚ ਨਿਵੇਸ ਕਰਨ ਲਈ ਬਣਾਏ ਗਏ ਸਨ ਅਤੇ ਇਹ ਸਮਝਿਆ ਜਾਂਦਾ ਹੈ ਕਿ ਪ੍ਰਧਾਨ ਮੰਤਰੀ ਨੇ ਇਸ ਨੂੰ ਸੁਖਾਲਾ ਬਣਾਉਣ ਦੀ ਭੂਮਿਕਾ ਨਿਭਾਈ ਹੈ। ਇਹ ਦੁਨੀਆ ਭਰ ਵਿੱਚ ਜਾਣਿਆ ਜਾਂਦਾ ਹੈ ਕਿ ਪ੍ਰਧਾਨ ਮੰਤਰੀ ਨੇ ਨਿੱਜੀ ਦਿਲਚਸਪੀ ਲੈ ਕੇ ਅਡਾਨੀ ਕੰਪਨੀਆਂ ਨੂੰ ਕਈ ਦੇਸਾਂ ਵਿੱਚ ਆਪਣੇ ਕਾਰੋਬਾਰ ਦੇ ਵਿਸਥਾਰ ਲਈ ਅੱਗੇ ਵਧਾਇਆ।

ਆਸਟ੍ਰੇਲੀਆ ਦੀਆਂ ਖਾਣਾਂ ਵਿੱਚ ਭਾਰਤ ਸਰਕਾਰ ਅਡਾਨੀ ਕੰਪਨੀ ਲਈ ਗਾਰੰਟੀ ਵਜੋਂ ਖੜ੍ਹੀ ਸੀ ਅਤੇ ਪੈਸੇ ਦਾ ਪ੍ਰਬੰਧਕ ਜਨਤਕ ਖੇਤਰ ਬੈਂਕ ਐੱਸ ਬੀ ਆਈ ਸੀ। ਗ੍ਰਹਿ ਮੰਤਰੀ ਅਡਾਨੀ ਦੀ ਮਾਰੀਸਸ ਕੰਪਨੀ ਲਈ ਢਾਲ ਬਣਿਆ। ਅਡਾਨੀ ਸਮੂਹ ਨੂੰ ਇਜ਼ਰਾਈਲ ਵਿੱਚ ਬੰਦਰਗਾਹ ਲਈ ਭਾਰਤ ਸਰਕਾਰ ਪ੍ਰਭੂਸੱਤਾ ਦੀ ਗਾਰੰਟੀ ਲਈ ਖੜ੍ਹੀ ਸੀ। ਬਿਜਲੀ ਉਤਪਾਦਨ ਦੇ ਠੇਕਿਆਂ ਦੇ ਮਾਮਲੇ ਵਿੱਚ ਸ੍ਰੀਲੰਕਾ ਤੋਂ ਇੱਕ ਨਵੀਂ ਕਹਾਣੀ ਵੀ ਸਾਹਮਣੇ ਆਈ ਹੈ।

16 ਜਨਵਰੀ 2023 ਨੂੰ ਜਾਰੀ ਕੀਤੀ ਗਈ ਭਾਰਤ ਵਿੱਚ ਅਸਮਾਨਤਾ ਬਾਰੇ ਆਕਸਫੈਮ ਇੰਡੀਆ ਦੀ ਰਿਪੋਰਟ ਵਿੱਚ ਪਾਇਆ ਗਿਆ ਹੈ ਕਿ ਸਿਰਫ 5 ਫੀਸਦੀ ਭਾਰਤੀ ਦੇਸ ਦੀ 60 ਫੀਸਦੀ ਤੋਂ ਵੱਧ ਦੌਲਤ ਦੇ ਮਾਲਕ ਹਨ, ਜਦੋਂ ਕਿ ਹੇਠਲੇ 50 ਫੀਸਦੀ ਲੋਕਾਂ ਕੋਲ ਸਿਰਫ 3 ਫੀਸਦੀ ਦੌਲਤ ਹੈ। ਜ਼ਿਕਰਯੋਗ ਹੈ ਕਿ ਇਸ 50 ਫੀਸਦੀ ਆਬਾਦੀ ਕੋਲ ਪਿਛਲੇ ਸਾਲ 2021 ਵਿੱਚ 13 ਫੀਸਦੀ ਸੀ। 2021 ਵਿੱਚ ਕੁੱਲ ਦੌਲਤ ਦਾ 22 ਫੀਸਦੀ ਹਿੱਸਾ ਰੱਖਣ ਵਾਲੀ ਉਪਰਲੀ 1 ਫੀਸਦੀ ਆਬਾਦੀ ਦਾ 2022 ਵਿੱਚ ਹਿੱਸਾ ਵਧ ਕੇ 40.3 ਫੀਸਦੀ ਹੋ ਗਿਆ ਹੈ।

ਰਿਪੋਰਟ 'ਚ ਕਿਹਾ ਗਿਆ ਹੈ ਕਿ ਜੇਕਰ ਭਾਰਤ ਦੇ ਅਰਬਪਤੀਆਂ 'ਤੇ ਉਨ੍ਹਾਂ ਦੀ ਪੂਰੀ ਦੌਲਤ 'ਤੇ ਇਕ ਵਾਰ 2 ਫੀਸਦੀ ਟੈਕਸ ਲਗਾਇਆ ਜਾਂਦਾ ਹੈ, ਤਾਂ ਇਹ ਅਗਲੇ ਤਿੰਨ ਸਾਲਾਂ ਲਈ ਦੇਸ਼ 'ਚ ਕੁਪੋਸ਼ਣ ਦੇ ਸ਼ਿਕਾਰ ਲੋਕਾਂ ਦੇ ਪੋਸਣ ਲਈ 40,423 ਕਰੋੜ ਰੁਪਏ ਦੀ ਜ਼ਰੂਰਤ ਪੂਰੀ ਕਰੇਗਾ। ਇੱਥੇ ਇਹ ਦੱਸਣਾ ਜਰੂਰੀ ਹੋਵੇਗਾ ਕਿ ਸਰਕਾਰ ਦੇ ਵਕੀਲ ਨੇ ਪਿਛਲੇ ਸਾਲ ਸੁਪਰੀਮ ਕੋਰਟ ਵਿੱਚ ਦਿੱਤੇ ਹਲਫਨਾਮੇ ਵਿੱਚ ਮੰਨਿਆ ਸੀ ਕਿ ਪੰਜ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੀਆਂ ਤਕਰੀਬਨ 65 ਫੀਸਦੀ ਮੌਤਾਂ ਕੁਪੋਸ਼ਣ ਕਾਰਨ ਹੁੰਦੀਆਂ ਹਨ। ਭਾਰਤ ਦਾ ਭੁੱਖਮਰੀ ਸੂਚਕ ਅੰਕ ਹੋਰ ਵੀ ਖਰਾਬ ਹੋ ਗਿਆ ਹੈ ਅਤੇ ਦੇਸ਼ 122 ਦੇਸਾਂ ਵਿੱਚੋਂ 107ਵੇਂ ਸਥਾਨ 'ਤੇ ਹੈ। ਦਿਹਾੜੀਦਾਰ ਮਜਦੂਰ ਬੇਹੱਦ ਪ੍ਰੇਸਾਨ ਹਨ। ਇਸ ਸਾਲ ਦੀ ਕ੍ਰਾਈਮ ਬਿਊਰੋ ਦੀ ਰਿਪੋਰਟ ਵਿੱਚ ਖੁਲਾਸਾ ਹੋਇਆ ਹੈ ਕਿ ਪਿਛਲੇ ਸਾਲ ਦਰਜ ਕੀਤੀਆਂ ਗਈਆਂ ਖੁਦਕੁਸੀਆਂ ਵਿੱਚੋਂ ਲਗਭਗ 25 ਪ੍ਰਤੀਸਤ ਦਿਹਾੜੀਦਾਰ ਮਜਦੂਰਾਂ ਦੀਆਂ ਸਨ।

ਮਹਾਂਮਾਰੀ ਤੋਂ ਪਹਿਲਾਂ, 2019 ਵਿੱਚ, ਕੇਂਦਰ ਸਰਕਾਰ ਨੇ ਕਾਰਪੋਰੇਟ ਟੈਕਸ ਸਲੈਬਾਂ ਨੂੰ 30 ਪ੍ਰਤੀਸਤ ਤੋਂ ਘਟਾ ਕੇ 22 ਪ੍ਰਤੀਸਤ ਕਰ ਦਿੱਤਾ ਸੀ, ਜਿਸ ਵਿੱਚ ਨਵੀਆਂ ਸ਼ਾਮਲ ਕੰਪਨੀਆਂ ਘੱਟ ਪ੍ਰਤੀਸਤ (15 ਪ੍ਰਤੀਸਤ) ਦਾ ਭੁਗਤਾਨ ਕਰਦੀਆਂ ਸਨ। ਇਸ ਨਵੀਂ ਟੈਕਸ ਨੀਤੀ ਦੇ ਨਤੀਜੇ ਵਜੋਂ ਕੁੱਲ 1.84 ਲੱਖ ਕਰੋੜ ਰੁਪਏ ਦਾ ਨੁਕਸਾਨ ਹੋਇਆ। ਸਰਕਾਰ ਨੇ ਸਮਾਨ ਅਤੇ ਸੇਵਾਵਾਂ ਟੈਕਸ (ਜੀ ਐੱਸ ਟੀ) ਅਤੇ ਡੀਜ਼ਲ 'ਤੇ ਪੈਟਰੋਲ ਉੱਤੇ ਐਕਸਾਈਜ਼ ਡਿਊਟੀ ਵਧਾਉਣ ਦੀ ਨੀਤੀ ਅਪਣਾਈ ਅਤੇ ਨਾਲ ਹੀ ਛੋਟਾਂ ਵਿੱਚ ਕਟੌਤੀ ਕੀਤੀ। ਜੀ ਐੱਸ ਟੀ ਅਤੇ ਈਂਧਨ ਟੈਕਸ ਦੋਵਾਂ ਦਾ ਅਸਿੱਧਾ ਬੋਝ ਕੁਦਰਤੀ ਤੌਰ 'ਤੇ ਹਮੇਸ਼ਾ ਸਭ ਤੋਂ ਹੇਠਲੇ ਪੱਧਰ ਤੇ ਪੈਂਦਾ ਹੈ। ਪੇਂਡੂ ਅਤੇ ਸ਼ਹਿਰੀ ਮਹਿੰਗਾਈ ਦਾ ਪਾੜਾ ਵਧ ਗਿਆ ਹੈ।

ਸਰਕਾਰ ਅਮੀਰ ਲੋਕਾਂ ਤੇ ਕਾਰਪੋਰੇਸ਼ਨਾਂ 'ਤੇ ਟੈਕਸ ਲਗਾਉਣ ਦੀ ਬਜਾਏ ਬਾਕੀ ਸਮਾਜ 'ਤੇ ਹੋਰ ਟੈਕਸ ਲਗਾਉਣ ਦਾ ਸਹਾਰਾ ਲੈ ਰਹੀ ਹੈ। ਇਹ ਪ੍ਰਤੀਕਿਰਿਆਵਾਦੀ ਕਦਮ ਹੈ ਕਿਉਂਕਿ ਗਰੀਬ ਲੋਕ ਆਪਣੀ ਆਮਦਨ ਦਾ ਵੱਡਾ ਹਿੱਸਾ ਅਦਾ ਕਰਦੇ ਹਨ। "ਸਾਰੇ ਭਾਰਤ ਦੇ ਪੱਧਰ 'ਤੇ ਆਬਾਦੀ ਦਾ ਹੇਠਲਾ 50 ਪ੍ਰਤੀਸਤ ਸਿਖਰਲੇ 10 ਪ੍ਰਤੀਸਤ ਦੇ ਮੁਕਾਬਲੇ ਆਮਦਨ ਦੇ ਪ੍ਰਤੀਸਤ ਵਜੋਂ ਅਸਿੱਧੇ ਟੈਕਸਾਂ 'ਤੇ ਛੇ ਗੁਣਾ ਜ਼ਿਆਦਾ ਭੁਗਤਾਨ ਕਰਦਾ ਹੈ।" ਰਿਪੋਰਟ ਨੇ ਕਿਹਾ ਸੀ।

ਸਾਮਰਾਜਵਾਦੀਆਂ ਦੇ ਹਮਲਾਵਰ ਰੁਖ ਕਿਊਬਾ ਵਿਰੁੱਧ ਜਾਰੀ ਹਨ ਅਤੇ ਇਸੇ ਤਰ੍ਹਾਂ ਅਮਰੀਕਾ ਦੀ ਹਮਾਇਤ ਵਾਲੀ ਇਜ਼ਰਾਈਲੀ ਸਰਕਾਰ ਦੀਆਂ ਨੀਤੀਆਂ ਨਾਲ ਫਲਸਤੀਨੀ ਲੋਕਾਂ ਨੂੰ ਉਨ੍ਹਾਂ ਦੇ ਵਤਨ ਦੇ ਅਧਿਕਾਰਾਂ ਤੋਂ ਇਨਕਾਰ ਕਰਨਾ ਜਾਰੀ ਹੈ। ਏ ਆਈ ਟੀ ਯੂ ਸੀ ਹਮੇਸ਼ਾ ਕਿਊਬਾ ਅਤੇ ਫਲਸਤੀਨ ਦੇ ਲੋਕਾਂ ਅਤੇ ਉਨ੍ਹਾਂ ਸਾਰੇ ਲੋਕਾਂ ਦੇ ਨਾਲ ਖੜ੍ਹੀ ਹੈ, ਜਿਨ੍ਹਾਂ ਸਾਮਰਾਜਵਾਦੀ ਤਾਕਤਾਂ ਵਿਰੁੱਧ ਆਪਣੇ ਪ੍ਰਭੂਸੱਤਾ ਅਧਿਕਾਰਾਂ ਨੂੰ ਨਾ ਛੱਡਣ ਦੀ ਹਿੰਮਤ ਕੀਤੀ ਅਤੇ ਸਿਧਾਂਤਕ ਤੌਰ 'ਤੇ ਡਟੇ ਰਹੇ।

ਸੰਸਾਰ ਭਰ ਵਿੱਚ ਮੰਦੀ ਅਤੇ ਆਰਥਿਕ ਸੰਕਟ ਦੀ ਸਥਿਤੀ ਨੂੰ ਵੱਖ-ਵੱਖ ਦੇਸ਼ਾਂ ਵਿੱਚ ਪੂੰਜੀਵਾਦੀ ਪੱਖੀ ਸ਼ਾਸਨ ਦੁਆਰਾ ਜਵਾਬ ਦਿੱਤਾ ਜਾ ਰਿਹਾ ਹੈ ਅਤੇ ਸਮਾਜਿਕ ਸੁਰੱਖਿਆ, ਪੈਨਸ਼ਨ ਪ੍ਰਣਾਲੀਆਂ, ਨੌਕਰੀ ਅਤੇ ਉਜਰਤ ਸੁਰੱਖਿਆ 'ਤੇ ਹਮਲਾ ਕੀਤਾ ਜਾ ਰਿਹਾ ਹੈ। ਵਿਰੋਧ ਕਰਨ ਅਤੇ ਹੜਤਾਲ ਕਰਨ ਦੇ ਅਧਿਕਾਰਾਂ 'ਤੇ ਹਮਲੇ ਹੋ ਰਹੇ ਹਨ। ਇਸ ਦਾ ਟਰੇਡ ਯੂਨੀਅਨਾਂ ਅਤੇ ਸਮਾਜ ਦੇ ਹੋਰ ਵਰਗਾਂ ਵੱਲੋਂ ਵੱਡੇ ਪੱਧਰ 'ਤੇ ਵਿਰੋਧ ਪ੍ਰਦਰਸਨ ਕਰਕੇ ਜਵਾਬ ਦਿੱਤਾ ਜਾ ਰਿਹਾ ਹੈ। ਅਸੀਂ ਅਜੋਕੇ ਸਮੇਂ ਵਿੱਚ ਫਰਾਂਸ, ਗ੍ਰੇਟ ਬ੍ਰਿਟੇਨ, ਗ੍ਰੀਸ, ਸਪੇਨ, ਅਮਰੀਕਾ, ਆਸਟਰੇਲੀਆ ਆਦਿ ਦੇਸ਼ਾਂ ਵਿੱਚ ਚੱਲ ਰਹੇ ਸੰਘਰਸਾਂ ਦੇ ਗਵਾਹ ਹਾਂ। ਸਰਕਾਰਾਂ ਜਬਰ ਦਾ ਸਹਾਰਾ ਲੈ ਰਹੀਆਂ ਹਨ ਅਤੇ ਯੂਨੀਅਨਾਂ ਨੂੰ ਖਤਮ ਕਰਨ ਲਈ ਕਾਨੂੰਨਾਂ ਵਿੱਚ ਤਬਦੀਲੀਆਂ ਕਰ ਰਹੀਆਂ ਹਨ।

ਸਾਡੇ ਦੇਸ਼ ਵਿੱਚ ਅਸੀਂ ਪਹਿਲਾਂ ਹੀ ਪਿਛਾਖੜੀ ਕਿਰਤ ਕਾਨੂੰਨਾਂ ਦੀਆਂ ਤਬਦੀਲੀਆਂ ਅਤੇ ਕੋਡੀਫਿਕੇਸਨ ਦੇ ਹਮਲੇ ਦੇ ਘੇਰੇ ਵਿੱਚ ਹਾਂ, ਜਿਸ ਦਾ ਅਸੀਂ ਟਰੇਡ ਯੂਨੀਅਨਾਂ ਦੇ ਪਲੇਟਫਾਰਮ ਦੁਆਰਾ ਇੱਕਜੁੱਟ ਹੋ ਕੇ ਵਿਰੋਧ ਕਰ ਰਹੇ ਹਾਂ। ਕੇਂਦਰ ਸਰਕਾਰ ਨੇ ਕੇਂਦਰੀ ਤੌਰ 'ਤੇ ਉਨ੍ਹਾਂ ਰਾਜਾਂ ਵਿੱਚ ਨਿਯਮ ਬਣਾਏ ਹਨ, ਜਿਥੇ ਸੱਤਾ ਉਨ੍ਹਾਂ ਦੀ ਪਾਰਟੀ ਕੋਲ ਹੈ ਜਾਂ ਜਿੱਥੇ ਉਹ ਗੱਠਜੋੜ ਵਿੱਚ ਰਾਜ ਕਰ ਰਹੇ ਹਨ। ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਉਹ ਕੇਂਦਰੀ ਨਿਯਮ ਲਾਗੂ ਕਰ ਰਹੇ ਹਨ। ਕਈ ਸਰਕਾਰਾਂ ਵੱਲੋਂ ਰਾਜਾਂ ਵਿੱਚ ਨਿਯਮ ਬਣਾਉਣੇ ਅਜੇ ਬਾਕੀ ਹਨ। ਰਾਜ ਪੱਧਰ 'ਤੇ ਟਰੇਡ ਯੂਨੀਅਨ ਨਿਯਮਾਂ ਨੂੰ ਨਾ ਬਣਾਉਣ ਲਈ ਜਾਂ ਜਿੱਥੇ ਇਹ ਬਣਾਏ ਗਏ ਹਨ, ਸੂਚਿਤ ਕਰਨ ਅਤੇ ਲਾਗੂ ਕਰਨ ਦੀ ਆਗਿਆ ਨਾ ਦੇਣ ਲਈ ਵੱਡਾ ਵਿਰੋਧ ਪੈਦਾ ਕਰਨਾ ਹੋਵੇਗਾ।

ਪ੍ਰਧਾਨ ਮੰਤਰੀ ਦਫਤਰ ਸਿੱਧੇ ਤੌਰ 'ਤੇ ਦਖਲ ਦੇ ਰਿਹਾ ਹੈ, ਕਿਰਤ ਮੰਤਰਾਲੇ ਅਤੇ ਰਾਜ ਸਰਕਾਰਾਂ ਨੂੰ ਅੱਖੋਂ-ਪਰੋਖੇ ਕਰਕੇ ਅਤੇ ਅੰਤਰ-ਰਾਸ਼ਟਰੀ ਕਾਰਪੋਰੇਟਾਂ ਦੀਆਂ ਮੰਗਾਂ ਨੂੰ ਪੂਰਾ ਕਰਨ ਲਈ ਬਦਲਾਅ ਕਰਨ ਦਾ ਨਿਰਦੇਸ ਦੇ ਰਿਹਾ ਹੈ, ਜਿਨ੍ਹਾਂ ਨਾਲ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਿੱਧੇ ਤੌਰ 'ਤੇ ਗੱਲਬਾਤ ਕਰ ਰਹੇ ਹਨ ਅਤੇ ਨਿਵੇਸ਼ ਲਈ ਉਨ੍ਹਾਂ ਦੀਆਂ ਸ਼ਰਤਾਂ ਅਨੁਸਾਰ ਕਾਨੂੰਨ ਵਿੱਚ ਤਬਦੀਲੀਆਂ ਕਰਨ ਦੇ ਵਾਅਦੇ ਕਰ ਰਹੇ ਹਨ। ਇਹ ਤੱਥ ਕਰਨਾਟਕ ਰਾਜ ਵਿੱਚ ਵਿਧਾਨਕ ਸੋਧ ਬਿੱਲ ਰਾਹੀਂ ਫੈਕਟਰੀ ਐਕਟ ਵਿੱਚ ਲਿਆਂਦੀਆਂ ਗਈਆਂ ਤਾਜ਼ਾ ਸੋਧਾਂ ਵਿੱਚ ਸਾਹਮਣੇ ਆਇਆ ਹੈ। ਯੂਨੀਅਨਾਂ ਨੇ 23 ਮਾਰਚ ਨੂੰ ਭਗਤ ਸਿੰਘ, ਸੁਖਦੇਵ ਅਤੇ ਰਾਜਗੁਰੂ ਦੇ ਸ਼ਹੀਦੀ ਦਿਹਾੜੇ ਨੂੰ ਇਸ ਦੇ ਖਿਲਾਫ ਬਹੁਤ ਸਫਲ ਹੜਤਾਲ ਕੀਤੀ। ਇਸੇ ਤਰ੍ਹਾਂ ਦਾ ਬਿੱਲ ਤਾਮਿਲਨਾਡੂ ਰਾਜ ਵਿੱਚ ਪੇਸ ਕੀਤਾ ਗਿਆ ਸੀ, ਜਿਸ ਕਾਰਨ ਰਾਜ ਸਰਕਾਰ ਵਿੱਚ ਟਰੇਡ ਯੂਨੀਅਨਾਂ ਅਤੇ ਕੁਝ ਰਾਜਨੀਤਿਕ ਪਾਰਟੀਆਂ ਦੇ ਸਹਿਯੋਗੀਆਂ ਨੇ ਇੱਕਜੁੱਟ ਵਿਰੋਧ ਕੀਤਾ ਸੀ। ਵਿਰੋਧ ਤੋਂ ਬਾਅਦ ਬਿੱਲ ਨੂੰ ਟਾਲ ਦਿੱਤਾ ਗਿਆ।

ਸੱਤਾਧਾਰੀ ਆਰ.ਐਸ.ਐਸ./ਭਾਜਪਾ ਦਾ ਹਰ ਪੱਖੋਂ ਅਸਫਲ ਹੋਣਾ ਹੁਣ ਨਫਰਤ, ਫਿਰਕੂ ਵੰਡ ਦੀ ਰਾਜਨੀਤੀ 'ਤੇ ਨਿਰਭਰ ਕਰਦਾ ਹੈ, ਇਸੇ ਕਰਕੇ "ਹਿੰਦੂ ਰਾਸ਼ਟਰ" ਦੇ ਨਾਅਰੇ ਜ਼ਿਆਦਾ ਜੋਰ ਨਾਲ ਦਿੱਤੇ ਜਾ ਰਹੇ ਹਨ। ਆਰ.ਐੱਸ.ਐੱਸ. ਦੇ ਮੁਖੀ ਮੋਹਨ ਭਾਗਵਤ ਦਾ ਇਹ ਬਿਆਨ ਕਿ ਹਿੰਦੂ ਇੱਕ ਹਜ਼ਾਰ ਸਾਲ ਬਾਅਦ ਜਾਗ ਪਏ ਹਨ, ਫਿਰਕੂ ਕੱਟੜਪੰਥੀਆਂ ਨੂੰ ਆਪਣੀਆਂ ਹਿੰਸਾ ਦੀਆਂ ਗਤੀਵਿਧੀਆਂ ਵਿੱਚ ਹੋਰ ਉਤਸ਼ਾਹਤ ਹੋਣ ਦਾ ਸੰਕੇਤ ਹੈ।

ਫਿਰਕੂ ਦੋਸ਼ਾਂ ਵਾਲੇ ਹਿੰਸਕ ਸਮੂਹਾਂ ਨੂੰ ਹੁਲਾਰਾ ਮਿਲ ਰਿਹਾ ਹੈ। ਇਸ ਸਬੰਧ ਵਿੱਚ ਹਰਿਆਣਾ ਤੋਂ ਵੀ ਖੌਫਨਾਕ ਵੇਰਵਿਆਂ ਤੋਂ ਪਤਾ ਲੱਗਦਾ ਹੈ ਕਿ ਪੁਲਸ ਅਜਿਹੇ ਗਰੁੱਪਾਂ ਨੂੰ ਗਊ ਸੁਰੱਖਿਆ ਦੇ ਨਾਂਅ 'ਤੇ ਗਊ ਸੁਰੱਖਿਆ ਬਲ ਚੌਕਸੀ ਗਰੁੱਪਾਂ ਦੀਆਂ ਗਤੀਵਿਧੀਆਂ ਨੂੰ ਅੱਗੇ ਵਧਾਉਣ ਦੀ ਇਜਾਜ਼ਤ ਦੇ ਰਹੀ ਹੈ। ਇਹ ਨਿੱਜੀ ਵਿਅਕਤੀਆਂ ਨੂੰ ਕਾਨੂੰਨ ਆਪਣੇ ਹੱਥਾਂ ਵਿੱਚ ਲੈਣ ਦੀ ਇਜਾਜ਼ਤ ਦੇਣ ਵਾਲੇ ਰਾਜ ਦੇ ਉਪਕਰਣ ਦੀ ਇੱਕ ਉਦਾਹਰਣ ਹੈ।

ਜੇਕਰ ਸਰਕਾਰ ਧਾਰਮਿਕ ਗਤੀਵਿਧੀਆਂ ਦੀ ਆੜ ਵਿੱਚ ਇਨ੍ਹਾਂ ਸਮੂਹਾਂ ਨੂੰ ਪਨਾਹ ਦਿੰਦੀ ਰਹੀ ਤਾਂ ਰਾਮਨਵਮੀ ਵਾਲੇ ਦਿਨ ਫਿਰਕੂ ਹਿੰਸਾ ਦੀਆਂ ਤਾਜਾ ਘਟਨਾਵਾਂ ਭਵਿੱਖ ਦੀਆਂ ਘਟਨਾਵਾਂ ਦੇ ਸਾਹਮਣੇ ਆਉਣ ਲਈ ਕਾਫੀ ਸੰਕੇਤ ਹਨ।

ਸਿਲੇਬਸ ਵਿੱਚ ਲੋੜੀਂਦੀਆਂ ਤਬਦੀਲੀਆਂ ਕਰਨ ਦੀ ਆੜ ਵਿੱਚ ਸਿੱਖਿਆ ਦੇ ਖੇਤਰ ਵਿੱਚ ਪਿਛਾਂਹ-ਖਿੱਚੂ ਪਹੁੰਚ ਅਗਲੀਆਂ ਪੀੜ੍ਹੀਆਂ ਨੂੰ ਹਕੀਕਤਾਂ ਤੋਂ ਅੰਨ੍ਹਾ ਰੱਖਣ ਲਈ ਆਪਣੇ ਹਮਲਾਵਰ ਯਤਨ ਜਾਰੀ ਰੱਖਦੀ ਹੈ। ਫਿਰ ਇਨ੍ਹਾਂ ਤਾਕਤਾਂ ਨੂੰ ਭਾਵਨਾਤਮਕ ਮੁੱਦਿਆਂ 'ਤੇ ਮਿਥਿਹਾਸ ਅਤੇ ਫਿਰਕੂ ਹਿੰਸਾ ਫੈਲਾਉਣਾ ਵਧੇਰੇ ਆਸਾਨ ਲੱਗੇਗਾ।

ਜਨਤਕ ਖੇਤਰ ਦੇ ਅਦਾਰਿਆਂ 'ਤੇ ਹਮਲਾ ਖੁੱਲ੍ਹੇਆਮ ਅਤੇ ਸਪੱਸਟ ਤੌਰ 'ਤੇ ਜਾਰੀ ਹੈ, ਜੋ ਵਿਕਾਸ ਦੀ ਪ੍ਰਕਿਰਿਆ ਨੂੰ ਅੱਗੇ ਵਧਾਉਣ ਲਈ ਆਰਥਿਕਤਾ ਦੇ ਥੰਮ੍ਹਾਂ ਨੂੰ ਨੁਕਸਾਨ ਪਹੁੰਚਾਏਗਾ ਅਤੇ ਨੌਜਵਾਨਾਂ ਲਈ ਬਿਹਤਰ ਨੌਕਰੀਆਂ ਦੇ ਸਬੰਧ ਵਿੱਚ ਇਹ ਘਾਤਕ ਹੋਵੇਗਾ।

ਸਰਕਾਰ ਵੱਲੋਂ ਸੰਸਥਾਵਾਂ ਦੀ ਦੁਰਵਰਤੋਂ ਤੇਜ਼ ਰਫਤਾਰ ਨਾਲ ਚੱਲ ਰਹੀਆਂ ਹਨ ਅਤੇ ਵਿਰੋਧੀ ਆਵਾਜ਼ਾਂ ਨੂੰ ਬੰਦ ਕਰਨ ਲਈ ਈ ਡੀ, ਸੀ ਬੀ ਆਈ, ਯੂ ਏ ਪੀ ਏ ਆਦਿ ਦੀ ਵਰਤੋਂ ਇਸ ਦੀਆਂ ਆਮ ਉਦਾਹਰਣਾਂ ਹਨ। ਰਾਹੁਲ ਗਾਂਧੀ ਦਾ ਕੇਸ ਇਸ ਸਰਕਾਰ ਦੇ ਮਨਸੂਬਿਆਂ ਦੀ ਵਿਆਖਿਆ ਕਰਨ ਲਈ ਖਾਸ ਹੈ ਕਿ ਕਿਵੇਂ ਗੁਜਰਾਤ ਵਿੱਚ ਹੇਠਲੀ ਅਦਾਲਤ ਦੁਆਰਾ ਫੈਸਲਾ ਸੁਣਾਏ ਜਾਣ ਤੋਂ ਬਾਅਦ ਉਸ ਦੀ ਲੋਕ ਸਭਾ ਸੀਟ ਨੂੰ ਰੱਦ ਕਰਨ ਦੇ ਤੁਰੰਤ ਫੈਸਲੇ ਲਏ ਗਏ।

ਭਾਰਤੀ ਸੰਵਿਧਾਨ ਦੇ ਉਲਟ ਸਰਕਾਰ ਨੇ ਸੰਸਥਾਵਾਂ ਨੂੰ ਸੱਤਾਧਾਰੀ ਪਾਰਟੀ ਲਈ ਵਰਤਣਾ ਜਾਰੀ ਰੱਖਿਆ ਹੈ। ਸੰਸਦੀ ਜਮਹੂਰੀਅਤ ਦਾ ਮਜ਼ਾਕ ਉਡਾਉਣ ਦੀ ਰਫਤਾਰ ਉਸ ਵੇਲੇ ਦੇਖਣ ਨੂੰ ਮਿਲੀ, ਜਦੋਂ ਇਸ ਬਜਟ ਸੈਸ਼ਨ ਦੌਰਾਨ ਸਰਕਾਰੀ ਬੈਂਚ ਹੀ ਸੰਸਦ ਦਾ ਕੰਮ ਨਹੀਂ ਚੱਲਣ ਦੇ ਰਹੇ ਸਨ।

ਅਦਾਲਤਾਂ ਨੂੰ ਬੰਦ ਲਿਫਾਫਿਆਂ ਵਿੱਚ ਸੂਚਨਾ ਦੇਣ ਦੀ ਪ੍ਰਣਾਲੀ ਇੱਕ ਹੋਰ ਪ੍ਰਚੱਲਤ ਅਭਿਆਸ ਸੀ, ਜਿਸ ਦੀ ਵਰਤੋਂ ਮੀਡੀਆ ਦੇ ਨਾਲ-ਨਾਲ ਆਮ ਨਾਗਰਿਕਾਂ ਖਾਸ ਤੌਰ 'ਤੇ ਉਨ੍ਹਾਂ ਲੋਕਾਂ ਲਈ ਕੀਤੀ ਜਾਂਦੀ ਸੀ, ਜਿਨ੍ਹਾਂ ਨਾਲ ਸਰਕਾਰ ਅਸਹਿਜ ਹੈ। 5 ਅਪ੍ਰੈਲ ਨੂੰ ਇੱਕ ਹੋਰ ਜੱਜ ਦੇ ਨਾਲ ਚੀਫ ਜਸਟਿਸ ਦੇ ਬੈਂਚ ਦੁਆਰਾ ਸੁਣਾਏ ਗਏ ਫੈਸਲੇ ਨੇ ਇਸ ਪ੍ਰਕਿਰਿਆ ਨੂੰ ਕੁਦਰਤੀ ਨਿਆਂ ਦੇ ਵਿਰੁੱਧ ਦੱਸਦਿਆਂ ਇਸ ਨੂੰ ਖਤਮ ਕਰਨ ਦੀ ਕੋਸ਼ਿਸ਼ ਕੀਤੀ ਹੈ।

ਸੱਤਾਧਾਰੀ ਸਾਸ਼ਨ ਵੱਲੋਂ ਸੰਵਿਧਾਨ 'ਤੇ ਹਮਲਾ ਸਭ ਨੂੰ ਪਤਾ ਹੈ, ਪਰ ਹੁਣ ਅਸੀਂ ਦੇਖਦੇ ਹਾਂ ਕਿ ਕਿਵੇਂ ਭਾਰਤ ਦੇ ਉਪ ਰਾਸ਼ਟਰਪਤੀ ਅਤੇ ਕਾਨੂੰਨ ਮੰਤਰੀ ਵਾਰ-ਵਾਰ ਆਪਣੇ ਬਿਆਨਾਂ ਨਾਲ ਸੰਵਿਧਾਨ ਨੂੰ ਤੋੜਨ ਦੀ ਕੋਸ਼ਿਸ਼ ਕਰਦੇ ਰਹੇ ਹਨ।

ਮਜ਼ਦੂਰ ਜਮਾਤ ਦਾ ਇਹ ਸਭ ਤੋਂ ਵੱਡਾ ਫਰਜ਼ ਹੈ ਕਿ ਉਹ ਆਪਣੇ ਅਤੇ ਸਮੁੱਚੇ ਸਮਾਜ ਲਈ ਇਹਨਾਂ ਅਧਿਕਾਰਾਂ ਦੀ ਰਾਖੀ ਕਰੇ।

30 ਜਨਵਰੀ 2023 ਦੇ ਮਜ਼ਦੂਰਾਂ ਦੀ ਕੌਮੀ ਕਨਵੈਨਸਨ ਦੇ ਫੈਸਲਿਆਂ ਨੂੰ ਅੱਗੇ ਵਧਾਉਣ ਲਈ ਸਾਡੀ ਵਚਨਬੱਧਤਾ, ਇਸ ਦੇ ਸੰਦੇਸ਼ ਨੂੰ ਸਭ ਤੱਕ ਪਹੁੰਚਾਉਣ ਲਈ ਮਜ਼ਦੂਰ ਵਿਰੋਧੀ, ਕਿਸਾਨ ਵਿਰੋਧੀ, ਲੋਕ ਵਿਰੋਧੀ ਅਤੇ ਆਰ.ਐੱਸ.ਐੱਸ- ਭਾਜਪਾ ਸਰਕਾਰ ਦੀਆਂ ਰਾਸ਼ਟਰ ਵਿਰੋਧੀ ਨੀਤੀਆਂ ਦਾ ਟਾਕਰਾ ਕਰਨ ਦਾ ਸੁਨੇਹਾ ਦੇਣਾ ਹੈ। ਦੇਸ਼ ਦੇ ਕੋਨੇ-ਕੋਨੇ 'ਚ ਜਾ ਕੇ ਇਸ ਬੇਰਹਿਮ ਅਤੇ ਜ਼ਾਲਮ ਹਕੂਮਤ ਦਾ ਅਸਲੀ ਚਿਹਰਾ ਲੋਕਾਂ ਸਾਹਮਣੇ ਬੇਨਕਾਬ ਕਰਨਾ ਹੈ ਤਾਂ ਕਿ ਲੋਕ ਇਸ ਨੂੰ ਚਲਦਾ ਕਰਨ।

*ਮਈ ਦਿਵਸ ਜ਼ਿੰਦਾਬਾਦ*

*ਦੁਨੀਆ ਭਰ ਦੇ ਮਿਹਨਤਕਸ਼ੋ ਇਕ ਹੋਵੋ।*

**# ਸੰਪਰਕ : 9988-491002**

# ਨੌਜਵਾਨਾਂ ਦਾ ਯੂ-ਟਿਊਬ 'ਤੇ ਚੈਨਲ ਬਣਾਉਣਾ ਚਿੰਤਾਜਨਕ

**ਲਲਿਤ ਗੁਪਤਾ**

21ਵੀਂ ਸਦੀ ਦਾ ਨੌਜਵਾਨ ਆਸਾਨੀ ਨਾਲ ਪੈਸਾ ਕਮਾਉਣਾ ਚਾਹੁੰਦਾ ਹੈ। ਇਸ ਦੇ ਲਈ ਉਹ ਵੱਖ-ਵੱਖ ਮਾਧਿਅਮ ਲੱਭਦਾ ਹੈ। ਪਰ ਅੱਜ ਦੀ ਨਵੀਂ ਪੀੜ੍ਹੀ ਯੂ-ਟਿਊਬ ਨੂੰ ਸਿਰਫ ਮਨੋਰੰਜਨ ਦਾ ਸਾਧਨ ਨਾ ਮੰਨ ਕੇ ਕਮਾਈ ਦਾ ਸਾਧਨ ਸਮਝ ਰਹੀ ਹੈ। ਇਹੀ ਕਾਰਨ ਹੈ ਕਿ ਯੂਟਿਊਬ ਨੌਜਵਾਨਾਂ ਵਿੱਚ ਇੰਨਾ ਮਸ਼ਹੂਰ ਹੋ ਰਿਹਾ ਹੈ। ਅੱਜ-ਕੱਲ੍ਹ ਆਪਣਾ ਯੂ ਟਿਊਬ ਚੈਨਲ ਬਣਾ ਕੇ ਪੈਸੇ ਕਮਾਉਣ ਅਤੇ ਮਸ਼ਹੂਰ ਹੋਣ ਦਾ ਰੁਝਾਨ ਇੰਨਾ ਜ਼ਿਆਦਾ ਹੈ ਕਿ 12ਵੀਂ ਜਾਂ ਗ੍ਰੈਜੂਏਸ਼ਨ ਤੋਂ ਬਾਅਦ ਬਹੁਤ ਸਾਰੇ ਨੌਜਵਾਨ ਅੱਗੇ ਦੀ ਪੜ੍ਹਾਈ ਬਾਰੇ ਸੋਚੇ ਬਿਨਾਂ ਹੀ ਯੂ ਟਿਊਬ 'ਤੇ ਆਪਣਾ ਚੈਨਲ ਬਣਾਉਣਾ ਸ਼ੁਰੂ ਕਰ ਦਿੰਦੇ ਹਨ। ਕਈ ਵਾਰ ਛੇਵੀਂ, ਸੱਤਵੀਂ ਅਤੇ ਅੱਠਵੀਂ ਜਮਾਤ ਦੇ ਵਿਦਿਆਰਥੀ ਵੀ ਯੂ-ਟਿਊਬ 'ਤੇ ਆਪਣਾ ਚੈਨਲ ਬਣਾਉਣ ਦੀ ਗੱਲ ਕਰਦੇ ਸੁਣੇ ਜਾਂਦੇ ਹਨ। ਜਦੋਂ ਤੁਸੀਂ ਆਪਣਾ ਚੈਨਲ ਸ਼ੁਰੂ ਕਰਦੇ ਹੋ, ਤਾਂ ਤੁਹਾਨੂੰ ਬਹੁਤ ਚੰਗਾ ਲੱਗਦਾ ਹੈ। ਤੁਸੀਂ ਸੋਚਦੇ ਹੋ ਕਿ ਤੁਸੀਂ ਇੱਕ ਵੀਡੀਓ ਬਣਾਓਗੇ ਅਤੇ ਪੂਰੀ ਦੁਨੀਆ ਇਸ ਨੂੰ ਦੇਖੇਗੀ, ਲਾਈਕ ਅਤੇ ਟਿੱਪਣੀ ਕਰੇਗੀ। ਇਸ ਖੁਸ਼ੀ ਵਿੱਚ, ਸਭ ਤੋਂ ਪਹਿਲਾਂ ਤੁਸੀਂ ਆਪਣੇ ਪਰਵਾਰ ਦੇ ਮੈਂਬਰਾਂ, ਰਿਸ਼ਤੇਦਾਰਾਂ, ਦੋਸਤਾਂ ਆਦਿ ਨੂੰ ਆਪਣੇ ਚੈਨਲ ਬਾਰੇ ਦੱਸਦੇ ਹੋ ਅਤੇ ਉਹਨਾਂ ਨੂੰ ਸਬਸਕ੍ਰਾਈਬ ਕਰਨ ਲਈ ਕਹਿੰਦੇ ਹੋ। ਫੇਸਬੁੱਕ ਜਾਂ ਇੰਸਟਾਗ੍ਰਾਮ ਅਤੇ ਹੋਰ ਸੋਸ਼ਲ ਮੀਡੀਆ ਰਾਹੀਂ ਲੋਕਾਂ ਨਾਲ ਸਾਂਝਾ ਕਰਕੇ, ਤੁਸੀਂ 2-3 ਦਿਨਾਂ ਦੇ ਅੰਦਰ ਆਪਣੇ ਚੈਨਲ 'ਤੇ 100 - 200 ਵਿਊਜ਼ ਪ੍ਰਾਪਤ ਕਰ ਸਕਦੇ ਹੋ। ਜਦੋਂ ਤੁਸੀਂ ਚੈਨਲ 'ਤੇ ਇੰਨੇ ਸਾਰੇ ਵਿਊਅਰਜ਼ ਨੂੰ ਦੇਖਦੇ ਹੋ ਤਾਂ ਤੁਸੀਂ ਸੋਚਦੇ ਹੋ ਕਿ "ਹੁਣ ਤਾਂ ਮੇਰੀ ਨਿਕਲ ਪਈ, ਹੁਣ ਮੈਨੂੰ ਕੋਈ ਨਹੀਂ ਰੋਕ ਸਕਦਾ"।

ਇਸ ਤੋਂ ਬਾਅਦ ਜਦੋਂ ਕੁਝ ਦਿਨ ਬੀਤ ਜਾਂਦੇ ਹਨ ਅਤੇ ਤੁਸੀਂ ਆਪਣੇ ਚੈਨਲ 'ਤੇ ਕੋਈ ਗਤੀਵਿਧੀ ਨਹੀਂ ਦੇਖਦੇ, ਗਾਹਕ ਅਤੇ ਸਬਸਕ੍ਰਾਈਬਰ ਨਹੀਂ ਵਧਦੇ, ਫਿਰ ਤੁਹਾਨੂੰ ਬਹੁਤ ਬੁਰਾ ਲੱਗਦਾ ਹੈ। ਜਦੋਂ ਤੁਸੀਂ ਵੀਡੀਓ ਅਪਲੋਡ ਕਰਦੇ ਹੋ, ਤਾਂ 50 ਜਾਂ 60 ਤੋਂ ਵੱਧ ਵਿਊਅਰਜ਼ ਨਹੀਂ ਆਉਂਦੇ ਹਨ। ਜਦੋਂ ਕੋਈ ਰਿਸ਼ਤੇਦਾਰ ਜਾਂ ਦੋਸਤ ਤੁਹਾਨੂੰ ਯੂ ਟਿਊਬ ਚੈਨਲ ਬਾਰੇ ਪੁੱਛਦਾ ਹੈ ਤਾਂ ਇਹ ਜਲੇ ਉੱਤੇ ਲੂਣ ਪਾਉਣ ਵਾਂਗ ਜਾਪਦਾ ਹੈ।

ਅਜਿਹੀ ਸਥਿਤੀ ਵਿੱਚ ਤੁਸੀਂ ਉਨ੍ਹਾਂ ਨੂੰ ਕੁਝ ਵੀ ਨਹੀਂ ਕਹਿ ਸਕਦੇ ਅਤੇ ਚੁੱਪਚਾਪ ਉੱਥੋਂ ਨਿਰਾਸ਼ ਹੋ ਕੇ ਚਲੇ ਜਾਂਦੇ ਹੋ। ਕਈ ਨੌਜਵਾਨ ਨਿਰਾਸ਼ ਹੋ ਕੇ ਜ਼ਿੰਦਗੀ ਵਿੱਚ ਗਲਤ ਕਦਮ ਵੀ ਚੁੱਕ ਲੈਂਦੇ ਹਨ। ਅੱਜ ਦਾ ਨੌਜਵਾਨ ਆਪਣੀ ਜ਼ਿੰਦਗੀ ਨੂੰ ਸਾਰਥਕ ਬਣਾਉਣ ਬਾਰੇ ਸੋਚੇ ਬਿਨਾਂ ਸਿਰਫ ਨਾਂਅਅਤੇ ਪੈਸਾ ਕਮਾਉਣ ਬਾਰੇ ਹੀ ਸੋਚ ਰਿਹਾ ਹੈ। ਇਕ ਸਰਵੇਖਣ ਮੁਤਾਬਕ ਬਹੁਤ ਘੱਟ ਲੋਕ ਅਜਿਹੇ ਹਨ, ਜਿਨ੍ਹਾਂ ਨੇ ਯੂ-ਟਿਊਬ 'ਤੇ 1000 ਜਾਂ ਇਸ ਤੋਂ ਵੱਧ ਸਬਸਕ੍ਰਾਈਬਰ ਬਣਾਏ ਹਨ। ਬਾਕੀ ਜਿਹੜੇ ਲੋਕ ਪੈਸਾ ਅਤੇ ਸ਼ੋਹਰਤ ਕਮਾਉਣਾ ਚਾਹੁੰਦੇ ਸਨ, ਉਹ ਆਪਣੀ ਜ਼ਿੰਦਗੀ ਦੇ ਕਈ ਮਹੱਤਵਪੂਰਨ ਸਾਲ ਬਰਬਾਦ ਕਰ ਦਿੰਦੇ ਹਨ ਅਤੇ ਵਾਪਸ ਪਹਿਲੀ ਸਥਿਤੀ 'ਤੇ ਆ ਜਾਂਦੇ ਹਨ। ਅੱਜ ਦੇ ਨੌਜਵਾਨਾਂ ਨੂੰ ਸਮਝ ਲੈਣਾ ਚਾਹੀਦਾ ਹੈ ਕਿ ਯੂ-ਟਿਊਬ 'ਤੇ ਹਰ ਕੋਈ ਕਾਮਯਾਬ ਨਹੀਂ ਹੋ ਸਕਦਾ। ਅੱਜ ਦੇ ਨੌਜਵਾਨਾਂ ਨੂੰ ਯੂਟਿਊਬ ਨੂੰ ਮਨੋਰੰਜਨ ਦਾ ਸਾਧਨ ਅਤੇ ਕੁਝ ਨਵਾਂ ਸਿੱਖਣ ਦਾ ਸਾਧਨ ਸਮਝਣਾ ਚਾਹੀਦਾ ਹੈ, ਯੂਟਿਊਬ 'ਤੇ ਬਹੁਤ ਸਾਰੀਆਂ ਅਜਿਹੀਆਂ ਚੀਜ਼ਾਂ ਮਿਲਦੀਆਂ ਹਨ, ਜੋ ਬਹੁਤ ਲਾਭਦਾਇਕ ਹੁੰਦੀਆਂ ਹਨ। ਨੌਜਵਾਨਾਂ ਨੂੰ ਅਪੀਲ ਹੈ ਕਿ ਉਹ ਯੂ-ਟਿਊਬ 'ਤੇ ਆਪਣਾ ਚੈਨਲ ਬਣਾਉਣ ਦੀ ਲਤ ਅਤੇ ਭੈੜੀ ਆਦਤ ਤੋਂ ਛੁਟਕਾਰਾ ਪਾਉਣ, ਕਿਉਂਕਿ ਇਸ ਦੀ ਜ਼ਿਆਦਾ ਵਰਤੋਂ ਕਈ ਵਾਰ ਤੁਹਾਨੂੰ ਅਜਿਹੀ ਹਨੇਰੀ ਦੁਨੀਆ ਵਿਚ ਲੈ ਜਾਂਦੀ ਹੈ, ਜਿੱਥੋਂ ਮਾਨਸਿਕ ਤੌਰ 'ਤੇ ਵਾਪਸ ਆਉਣਾ ਬਹੁਤ ਮੁਸ਼ਕਲ ਹੁੰਦਾ ਹੈ।

**# ਸੰਪਰਕ : 97815-90500**

# ਹੁਣ ਪ੍ਰਵਾਸੀ ਪੰਜਾਬੀ ਅਤੇ ਪੰਜਾਬੀ ਪ੍ਰਦੇਸੀ, ਇਹ ਕੈਸੀ ਰੁੱਤ ਆਈ...



ਡਾ. ਬਿਹਾਰੀ ਮੰਡੇਰ

ਪੈਰੀਂ ਚੱਪਲਾਂ, ਹੱਥ ਵਿੱਚ ਫੱਟੀ, ਗਲ ਬੋਰੀ ਦਾ ਝੋਲਾ। ਇਕ ਮੀਲ ਕੱਚਾ ਰਸਤਾ ਸਕੂਲ ਦਾ। ਮਾਸਟਰ ਬਹੁਤੇ ਸ਼ਹਿਰੋਂ ਆਉਂਦੇ ਸੀ। ਕੁਝ ਪਿੰਡ ਦੇ ਵੀ ਸੀ। ਉਹਨਾਂ ਦੇ ਜੁਆਕ ਵੀ ਸਾਡੇ ਨਾਲ ਪੜ੍ਹਦੇ ਸੀ, ਪਰ ਉਹਨਾਂ ਦੇ ਕੱਪੜੇ ਸਾਡੇ ਨਾਲੋਂ ਸੋਹਣੇ ਹੁੰਦੇ ਸੀ ਅਤੇ ਪੈਰੀਂ ਬੂਟ। ਉਹ ਤੱਪੜ 'ਤੇ ਬੈਠਦੇ ਵੀ ਸਾਡੇ ਤੋਂ ਅੱਗੇ ਸੀ। ਫਿਰ ਮਾਸਟਰਾਂ ਦੇ ਜੁਆਕ ਸਕੂਲ ਆਉਣੋਂ ਹਟ ਗਏ। ਪਤਾ ਲੱਗਾ ਕਿ ਲਾਗੇ ਵੱਡੇ ਪਿੰਡ ਵਿੱਚ ਸੰਤ ਬਾਬਾ ਨਾਹਰ ਸਿੰਘ ਪਬਲਿਕ ਅੰਗਰੇਜ਼ੀ ਸਕੂਲ ਖੁੱਲ੍ਹਿਆ ਹੈ, ਉਹ ਉਥੇ ਪੜ੍ਹਨ ਲੱਗ ਗਏ ਨੇ। ਉਸ ਤੋਂ ਬਾਅਦ ਉਹ ਸਾਨੂੰ ਨਹੀਂ ਮਿਲੇ। ਅੱਠਵੀਂ ਦੇ ਪੇਪਰ ਬੋਰਡ ਦੇ ਹੋਣ ਕਰਕੇ ਸ਼ਹਿਰ ਦੇ ਸਕੂਲ ਵਿੱਚ ਸਨ। ਉਥੇ ਪਹਿਲੀ ਵਾਰ ਅੰਗਰੇਜ਼ੀ ਸਕੂਲ ਦੇ ਬੱਚੇ ਵੇਖੇ। ਪੈਂਟਾਂ-ਸ਼ਰਟਾਂ, ਬੂਟ ਪਹਿਨੇ ਹੋਏ ਤੇ ਟਾਈਆਂ ਲੱਗੀਆਂ ਹੋਈਆਂ। ਕਈਆਂ ਦੇ ਐਨਕਾਂ ਲੱਗੀਆਂ ਵੇਖ ਕੇ ਅਸੀਂ ਬਹੁਤ ਹੈਰਾਨ ਹੋਏ ਅਤੇ ਉਨ੍ਹਾਂ ਨੂੰ ਛੇੜਿਆ ਵੀ। ਉਹ ਸਾਰੇ ਦੇ ਸਾਰੇ ਸਾਨੂੰ ਕਾਗਜ਼ੀ ਪਹਿਲਵਾਨ ਹੀ ਲੱਗਦੇ ਸੀ। ਅਸੀਂ ਤੁਰੇ ਜਾਂਦੇ ਉਨ੍ਹਾਂ ਨਾਲ ਧੱਕਾ-ਮੁੱਕੀ ਵੀ ਕਰ ਜਾਂਦੇ। ਕਈ ਤਾਂ ਮਾੜੇ ਜੇ ਧੱਕੇ ਨਾਲ ਡਿੱਗ ਜਾਂਦੇ। ਗੱਲ ਕੀ, ਅਸੀਂ ਉਨ੍ਹਾਂ ਨੂੰ ਟਿੱਚ ਜਾਣਦੇ।

ਫਿਰ ਸਾਡੇ ਪਿੰਡ ਵੀ ਨੰਬਰਦਾਰਾਂ ਦੀ ਹਵੇਲੀ ਵਿੱਚ ਅੰਗਰੇਜ਼ੀ ਸਕੂਲ ਖੁੱਲ੍ਹ ਗਿਆ। ਬੱਚੇ ਨਵੀਆਂ-ਸੋਹਣੀਆਂ ਵਰਦੀਆਂ ਪਹਿਨੇ ਹੋਏ ਸਕੂਲ ਜਾਣ ਲੱਗੇ। ਪਿੰਡ ਦੇ ਅਨਪੜ੍ਹ ਬਾਬੇ ਵੀ ਸਾਨੂੰ ਟਿੱਚਰਾਂ ਕਰਿਆ ਕਰਦੇ ਕਿ ਆਹ ਹੁੰਦੇ ਨੇ ਓਏ ਅੰਗਰੇਜ਼ੀ ਸਕੂਲ ਦੇ ਪੜ੍ਹਨ ਵਾਲੇ ਤੁਸੀਂ ਤਾਂ ਸਰਕਾਰੀ ਸਕੂਲਾਂ ਦੇ ਸੰਦ ਓ। ਸਾਡੇ ਪਿੰਡਾਂ ਵਿੱਚ ਨਖਿੱਧ ਬੰਦੇ ਨੂੰ ਸੰਦ ਕਹਿ ਦਿੰਦੇ ਨੇ।

ਹੁਣ ਅਸੀਂ ਅੰਗਰੇਜ਼ੀ ਸਕੂਲ ਵਾਲੇ ਬੱਚਿਆਂ ਤੋਂ ਝੇਪਣ ਲੱਗ ਪਏ। ਉਨ੍ਹਾਂ ਦਾ ਸਾਡੇ ਨਾਲ ਮੇਲ-ਜੋਲ ਵੀ ਘਟ ਗਿਆ। ਅਸੀਂ ਵੀ ਹੁਣ ਅੰਗਰੇਜ਼ੀ ਸਕੂਲ ਦਾਖਲ ਹੋਣ ਲਈ ਘਰ ਦਿਆਂ ਨੂੰ ਕਹਿਣ ਲੱਗ ਪਏ, ਕਿਉਂਕਿ ਸਾਡੇ ਕਈ ਸਾਥੀ ਸਾਡੇ ਨਾਲੋਂ ਹਟ ਕੇ ਅੰਗਰੇਜ਼ੀ ਸਕੂਲ ਵਿੱਚ ਦਾਖਲ ਹੋ ਗਏ ਸਨ। ਸਾਨੂੰ ਵੀ ਹੁਣ ਘਰ ਦੀ ਦਾਲ ਸੁਆਦੀ ਨਹੀਂ ਸੀ ਲੱਗਦੀ। ਇੱਥੋਂ ਤੱਕ ਕਿ ਸਾਡੇ ਮਾਸਟਰ ਵੀ ਸਾਨੂੰ ਕਹਿਣ ਲੱਗ ਪਏ ਕਿ ਜੇਕਰ ਕੁਝ ਬਣਨਾ ਹੈ ਤਾਂ ਅੰਗਰੇਜ਼ੀ ਸਕੂਲ ਵਿੱਚ ਦਾਖਲ ਹੋ ਜਾਓ। ਸਾਡੇ ਸਕੂਲ ਵਿੱਚੋਂ ਕਾਫੀ ਬੱਚੇ ਆਪਣਾ ਨਾਂਅ ਕਟਵਾ ਕੇ ਪਿੰਡ ਵਿੱਚ ਖੁੱਲ੍ਹੇ ਅੰਗਰੇਜ਼ੀ ਸਕੂਲ ਵਿੱਚ ਦਾਖਲ ਹੋ ਗਏ ਸਨ। ਹੁਣ ਤਾਂ ਸਾਡੀਆਂ ਮਾਵਾਂ ਵੀ ਪਾਥੀਆਂ ਪੱਥਦੀਆ ਅੰਗਰੇਜ਼ੀ ਸਕੂਲ ਵਿੱਚ ਪੜ੍ਹਦੇ ਬੱਚਿਆਂ ਦੀਆਂ ਗੱਲਾਂ ਕਰਦੀਆਂ।

ਅੰਗਰੇਜ਼ੀ ਸਕੂਲ ਵਾਲੇ ਹਰ ਮਹੀਨੇ ਬੱਚਿਆਂ ਦੇ ਮਾਂ-ਬਾਪ ਨੂੰ ਸਕੂਲ ਬੁਲਾਉਂਦੇ। ਉਥੇ ਉਹ ਉਨ੍ਹਾਂ ਨੂੰ ਚਾਹ ਵੀ ਪਿਲਾਉਂਦੇ ਤੇ ਬਿਸਕੁਟ ਵੀ ਖੁਆਉਂਦੇ। ਬਿਸਕੁਟ ਖਾ ਕੇ ਮਾਪੇ ਬੜੇ ਖੁਸ਼ ਹੁੰਦੇ ਕਿ ਜੇਕਰ ਬੱਚੇ ਅੰਗਰੇਜ਼ੀ ਸਕੂਲ ਪੜ੍ਹਨੇ ਪਾਏ ਤਾਂ ਚਾਹ ਨਾਲ ਬਿਸਕੁਟ ਨਸੀਬ ਹੋਏ, ਨਹੀਂ ਤਾਂ ਬੇਹੀਆਂ ਰੋਟੀਆਂ ਹੀ ਖਾਂਦੇ ਰਹੇ ਹਾਂ ਹੁਣ ਤੱਕ। ਹੁਣ ਸਰਕਾਰੀ ਸਕੂਲਾਂ ਦੀਆਂ ਕਮੀਆਂ ਵੀ ਦਿਸਣ ਲੱਗ ਪਈਆਂ। ਮਾਸਟਰਾਂ ਦੇ ਪੋਤੜੇ ਵੀ ਫਰੋਲਣੇ ਸ਼ੁਰੂ ਕਰ ਦਿੱਤੇ। ਇਸ ਪਿੰਡ ਦੇ ਸਕੂਲ ਵਿੱਚ ਨੰਬਰਦਾਰਾਂ ਦੀ ਨੂੰਹ ਹੀ ਪ੍ਰਿੰਸੀਪਲ ਸੀ। ਸਾਰੇ ਕਹਿੰਦੇ ਸੀ ਕਿ ਉਹ ਬੀ ਏ ਪਾਸ ਹੈ। ਉਸ ਦਾ ਬਣ-ਠਣ ਕੇ ਸਕੂਲ ਆਉਣਾ, ਬੱਚਿਆਂ ਨੂੰ ਪਿਆਰ ਨਾਲ ਬੁਲਾਉਣਾ ਤੇ ਸਭ ਤੋਂ ਵੱਧ ਹਰ ਇੱਕ ਨੂੰ ਹੱਸ ਕੇ ਸਤਿ ਸ੍ਰੀ ਅਕਾਲ ਬੁਲਾਉਣਾ ਸਭ ਨੂੰ ਕੀਲ ਰਿਹਾ ਸੀ। ਸੱਥ ਵਿੱਚ ਬੈਠਾ ਕੋਈ ਬਾਬਾ ਡੀਂਗ ਮਾਰਦਾ ਕਿ ਉਸ ਦਾ ਪੋਤਾ ਹੁਣ ਉਸ ਨੂੰ ਸਤਿ ਸ੍ਰੀ ਅਕਾਲ ਅੰਗਰੇਜ਼ੀ ਵਿੱਚ ਬੁਲਾਉਂਦਾ ਹੈ। ਇਸ ਤਰ੍ਹਾਂ ਹੌਲੀ-ਹੌਲੀ ਸਰਕਾਰੀ ਮਾਸਟਰਾਂ ਦਾ ਸਤਿਕਾਰ ਵੀ ਘਟਣ ਲੱਗਾ ਤੇ ਸਰਕਾਰੀ ਸਕੂਲਾਂ ਪ੍ਰਤੀ ਬੇਰੁਖੀ ਵਧ ਗਈ। ਥੋੜ੍ਹੇ ਚਿਰ ਬਾਅਦ ਨੰਬਰਦਾਰਾਂ ਨੇ ਆਪਣੇ ਨਿਆਂਈ ਵਾਲੇ ਖੇਤ ਵਿੱਚ ਨਵੀਂ ਬਿਲਡਿੰਗ ਪਾ ਕੇ ਸਕੂਲ ਉਥੇ ਸ਼ਿਫਟ ਕਰ ਦਿੱਤਾ। ਨੰਬਰਦਾਰ ਗੁਰਦੁਆਰੇ ਦਾ ਪ੍ਰਧਾਨ ਵੀ ਸੀ। ਗੁਰਦੁਆਰੇ ਹੁੰਦੇ ਇਕੱਠਾਂ ਵਿੱਚ ਉਹ ਆਪਣੇ ਸਕੂਲ ਅਤੇ ਨੂੰਹ ਦੀ ਵਡਿਆਈ ਕਰਦਾ। ਹੁਣ ਸਾਡਾ ਪਿੰਡ ਅੰਗਰੇਜ਼ੀ ਸਕੂਲ ਦੇ ਰੰਗ ਵਿੱਚ ਰੰਗਿਆ ਗਿਆ ਸੀ। ਪਿੰਡ ਦੇ ਸਰਦੇ-ਪੁਜਦੇ ਘਰਾਂ ਦੇ ਬੱਚੇ ਹੁਣ ਅੰਗਰੇਜ਼ੀ ਸਕੂਲ ਵਿੱਚ ਦਾਖਲ ਹੋ ਗਏ ਸਨ।

ਸਰਕਾਰੀ ਸਕੂਲ ਵਿੱਚ ਵਿਹੜੇ ਵਾਲਿਆਂ ਦੇ ਬੱਚੇ ਜਾਂ ਫਿਰ ਜਿਹਨਾਂ ਵਿੱਚ ਅੰਗਰੇਜ਼ੀ ਸਕੂਲ ਦੀ ਫੀਸ ਦੇਣ ਦੀ ਪਹੁੰਚ ਨਹੀਂ ਸੀ, ਉਨ੍ਹਾਂ ਦੇ ਬੱਚੇ ਹੀ ਜਾਂਦੇ, ਪਰ ਝੂਰਦੇ ਉਹ ਵੀ ਰਹਿੰਦੇ ਕਿ ਕਾਸ਼ ਉਨ੍ਹਾਂ ਦੇ ਬੱਚੇ ਵੀ ਅੰਗਰੇਜ਼ੀ ਸਕੂਲ ਵਿੱਚ ਪੜ੍ਹਦੇ। ਇਸ ਤਰ੍ਹਾਂ ਹੌਲੀ-ਹੌਲੀ ਸਰਕਾਰੀ ਸਕੂਲ ਵੱਲੋਂ ਪਿੰਡ ਦੀ ਪੰਚਾਇਤ ਅਤੇ ਮੋਹਤਬਰਾਂ ਦਾ ਧਿਆਨ ਹਟਣ ਲੱਗਾ। ਇਹ ਪੱਕੀ ਧਾਰਨਾ ਬਣ ਗਈ ਕਿ ਸਰਕਾਰੀ ਸਕੂਲ ਵਿੱਚ ਪੜ੍ਹ ਕੇ ਬੱਚੇ ਕੁਝ ਨਹੀਂ ਬਣ ਸਕਦੇ। ਇਸ ਤਰ੍ਹਾਂ ਹੌਲੀ-ਹੌਲੀ ਸਾਡੇ ਪਿੰਡ ਨੇ ਸਰਕਾਰੀ ਸਕੂਲ ਨੂੰ ਤਿਲਾਂਜਲੀ ਦੇ ਦਿੱਤੀ।

ਉਸ ਤੋਂ ਬਾਅਦ ਦਾ ਨਜ਼ਾਰਾ ਸਾਡੇ ਸਾਹਮਣੇ ਹੈ। ਕਿਵੇਂ ਧੜਾਧੜ ਪ੍ਰਾਈਵੇਟ ਸਕੂਲ ਜੋ ਕਿ ਨਿੱਜੀ, ਟਰੱਸਟਾਂ ਦੇ, ਧਾਰਮਿਕ ਡੇਰਿਆਂ, ਸੰਸਥਾਵਾਂ ਦੇ, ਵੱਡੇ ਕਾਰੋਬਾਰੀਆਂ ਦੀ ਮਲਕੀਅਤ ਹਨ । ਪੰਜਾਬ ਦੇ ਹਰ ਗਲੀ-ਕੂਚੇ ਖੁੱਲ੍ਹ ਚੁੱਕੇ ਹਨ। ਕਰੋੜਾਂ ਰੁਪਏ ਲੋਕਾਂ ਦੀਆਂ ਜੇਬਾਂ ਵਿੱਚੋਂ ਕਢਵਾਉਣ ਵਿੱਚ ਸਫਲ ਹੋਏ ਹਨ।

ਹੁਣ ਹਾਲਤ ਇਹ ਹੋ ਗਈ ਕਿ ਸਰਕਾਰੀ ਸਕੂਲ ਸਿਰਫ ਵਿਹੜੇ ਵਾਲਿਆਂ ਦੇ ਹੋ ਕੇ ਰਹਿ ਗਏ ਹਨ, ਜਿਹਨਾਂ ਨੂੰ ਅਸੀਂ ਪੜ੍ਹੇ-ਲਿਖੇ ਵੀ ਨਫਰਤ ਕਰਦੇ ਹਾਂ। ਇਸ ਤਰ੍ਹਾਂ ਸਰਕਾਰੀ ਸਕੂਲਾਂ ਵਿੱਚ ਪੜ੍ਹਾਈ ਦਾ ਮਿਆਰ ਡਿੱਗਣਾ ਸ਼ੁਰੂ ਹੋ ਗਿਆ, ਪਰ ਸਮੇਂ ਦੇ ਨਾਲ-ਨਾਲ ਪੜ੍ਹਾਈ ਪ੍ਰਤੀ ਚੇਤਨਾ ਜਾਗਦੀ ਰਹੀ। ਵਿਹੜੇ ਵਾਲਿਆਂ ਦੇ ਬੱਚੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਰਹੇ। ਧੂਹ-ਘੜੀਸ ਹੁੰਦੀ ਰਹੀ। ਹੁਣ ਜਦੋਂ ਪ੍ਰਾਈਵੇਟ ਸਕੂਲ ਦੀਆਂ ਫੀਸਾਂ ਨੇ ਨੱਕ ਵਿੱਚ ਦਮ ਕਰ ਦਿੱਤਾ ਤਾਂ ਸਰਕਾਰੀ ਸਕੂਲਾਂ ਦੀ ਯਾਦ ਆਉਣ ਲੱਗੀ, ਪਰ ਹੁਣ ਤੱਕ ਤਾਂ ਬੱਚੇ ਨੂੰ ਪ੍ਰਾਈਵੇਟ ਸਕੂਲ ਵਿੱਚ ਪੜ੍ਹਾਉਣਾ ਸਿੰਬਲ ਸਟੇਟਸ ਬਣ ਚੁੱਕਿਆ ਸੀ।

ਹੁਣ ਪੰਜਾਬ ਦੇ ਸਰਕਾਰੀ ਸਕੂਲਾਂ ਵਿਚ ਸਾਰੇ ਬੱਚੇ ਪਰਵਾਸੀ ਮਜ਼ਦੂਰਾਂ ਦੇ ਹਨ ਅਤੇ ਸਰਕਾਰੀ ਸਕੂਲ ਦੇ ਵਿਦਿਆਰਥੀ ਹਨ। ਇਹ ਪੰਜਾਬ ਦੇ ਵਸਨੀਕ ਹਨ। ਪੰਜਾਬ ਦੇ ਸਿੱਖਿਆ ਬੋਰਡ ਅਧੀਨ ਚੱਲ ਰਹੇ ਸਰਕਾਰੀ ਸਕੂਲਾਂ ਵਿੱਚ ਪੜ੍ਹਨਗੇ। ਕੁਝ ਨੌਕਰ, ਕੁਝ ਅਫਸਰ ਵੀ ਬਣਨਗੇ। ਅਫਸਰ ਫਿਰ ਪੰਜਾਬ ਦੇ ਫੈਸਲੇ ਵੀ ਕਰਨਗੇ। ਸਾਡੇ ਬੱਚੇ ਅੰਗਰੇਜ਼ੀ ਸਕੂਲ ਵਿੱਚ ਪੜ੍ਹਨਗੇ। ਪਲੱਸ ਟੂ ਤੋਂ ਬਾਅਦ ਆਈਲੈਟਸ ਕਰਨਗੇ। ਫਿਰ ਵਿਦੇਸ਼ ਜਾਣ ਲਈ ਜਹਾਜ਼ ਚੜ੍ਹਨਗੇ। ਸਾਨੂੰ ਤੇ ਆਪਣੀ ਧਰਤੀ ਨੂੰ ਬਾਏ-ਬਾਏ ਕਰਨਗੇ ਤੇ ਅੰਤ ਪਰਵਾਸੀ ਬਣਨਗੇ।

ਹੁਣ ਜਦੋਂ ਅਸੀਂ ਆਪਣੇ ਬੱਚਿਆਂ ਦੇ ਵਿਦੇਸ਼ ਵਿੱਚ ਪੀ ਆਰ ਹੋਣ 'ਤੇ ਲੱਡੂ ਵੰਡਦੇ ਹਾਂ ਤਾਂ ਪਰਵਾਸੀਆਂ ਦੇ ਬੱਚੇ ਜੋ ਪੰਜਾਬ ਦੇ ਸਿਟੀਜ਼ਨ ਹਨ, ਉਨ੍ਹਾਂ ਨੂੰ ਕਿਸ ਅਧਾਰ 'ਤੇ ਕੱਢਣ ਦੀ ਗੱਲ ਹੋ ਰਹੀ ਹੈ। ਡਾਂਗ ਸੋਟਾ ਛੱਡੋ। ਕੁਝ ਅਕਲ ਨੂੰ ਹੱਥ ਮਾਰੋ। ਆਓ ਵੀਰੋ ਸਿਰਾਂ ਨੂੰ ਵਰਤੀਏ।

*# ਸੰਪਰਕ : 98144-65017*

29-APRIL-PAGE-5.qxd 4/28/2023 9:36 PM Page 1



# ਕਾਨੂੰਗੋ ਤੇ ਪਟਵਾਰੀਆਂ ਵੱਲੋਂ ਮੰਗਾਂ ਨੂੰ ਲੈ ਕੇ ਡੀ ਸੀ ਦਫਤਰ ਅੱਗੇ ਧਰਨਾ



ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦਿੰਦੇ ਹੋਏ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਸਮੁੱਚੇ ਕਾਨੂੰਗੋ ਤੇ ਪਟਵਾਰੀ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਦੀ ਰੈਵੀਨਿਊ ਕਾਨੂੰਗੋ ਐਸੋਸੀਏਸ਼ਨ ਪੰਜਾਬ ਦੇ ਸੱਦੇ 'ਤੇ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਸਮੁੱਚੇ ਕਾਨੂੰਗੋ/ਪਟਵਾਰੀਆਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਡਿਪਟੀ ਕਮਿਸ਼ਨਰ ਦਫਤਰ ਸਾਹਮਣੇ ਹਰਪ੍ਰੀਤ ਸਿੰਘ ਜ਼ਿਲ੍ਹਾ ਪ੍ਰਧਾਨ ਦੀ ਅਗਵਾਈ ਵਿੱਚ 11 ਤੋਂ 1 ਵਜੇ ਤੱਕ ਧਰਨਾ ਦਿੱਤਾ ਗਿਆ।ਇਸ ਧਰਨੇ ਵਿੱਚ ਜਸਬੀਰ ਸਿੰਘ ਸੈਣੀ ਪ੍ਰਧਾਨ ਦੀ ਰੈਵੀਨਿਊ ਪਟਵਾਰ ਯੂਨੀਅਨ, ਹਰਮੀਤ ਵਿਦਿਆਰਥੀ ਸੇਵਾ ਮੁਕਤ ਮੁਲਾਜ਼ਮ ਆਗੂ, ਵਤਨਪ੍ਰੀਤ ਸਿੰਘ ਸੀਨੀਅਰ ਮੀਤ ਪ੍ਰਧਾਨ, ਜਗਸੀਰ ਸਿੰਘ ਸੇਖਾ, ਨੁਮਾਇੰਦਾ ਪੰਜਾਬ ਪਟਵਾਰ ਯੂਨੀਅਨ, ਸੁਰਜੀਤ ਸਿੰਘ ਨੁਮਾਇੰਦਾ ਪੰਜਾਬ ਕਾਨੂੰਗੋ ਐਸੋਸੀਏਸ਼ਨ, ਜਸਵਿੰਦਰ ਸਿੰਘ ਜਨਰਲ ਸਕੱਤਰ ਪਟਵਾਰ ਯੂਨੀਅਨ, ਗੁਰਤਾਰ ਸਿੰਘ, ਰਾਮ ਸਿੰਘ, ਸੁਖਦੇਵ ਸਿੰਘ, ਰਾਕੇਸ਼ ਕਪੂਰ, ਬੂਟਾ ਸਿੰਘ ਜਨਰਲ ਸਕੱਤਰ, ਸੁਨਿੰਦਰ ਕੌਰ, ਵਿਜੇ ਚੌਧਰੀ ਤਹਿਸੀਲ ਪ੍ਰਧਾਨ ਤੇ ਸੁਖਵੰਤ ਸਿੰਘ ਸੰਧੂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਸਮੂਹ ਬੁਲਾਰਿਆਂ ਨੇ ਕਾਨੂੰਗੋਆਂ/ਪਟਵਾਰੀਆਂ ਦੀਆਂ ਮੁੱਖ ਮੰਗਾਂ ਜੋ ਕਿ ਸਰਕਾਰ ਵੱਲੋਂ ਮੰਨੀਆਂ ਹੋਈਆਂ ਹਨ, ਪਰ ਲਾਗੂ ਨਹੀਂ ਕੀਤੀਆਂ ਗਈਆਂ। ਭਾਰਤੀ ਸੰਵਿਧਾਨ ਦੇ ਆਰਟੀਕਲ 39-ਡੀ ਮੁਤਾਬਕ ਇਕੋ ਜਿਹਾ ਕੰਮ ਕਰਨ ਵਾਲਿਆਂ ਦੀ ਤਨਖਾਹ ਵਿੱਚ ਅੰਤਰ ਨਹੀਂ ਹੋ ਸਕਦਾ, ਪਰ ਪੰਜਾਬ ਦੇ ਪਟਵਾਰੀਆਂ ਨੂੰ 1-1-1986 ਤੋਂ ਲੈ ਕੇ 31-12-1995 ਤੱਕ ਦੋ ਤਰ੍ਹਾਂ ਦੇ ਗਰੇਡ ਦਿੱਤੇ ਜਾ ਰਹੇ ਹਨ।50 ਪ੍ਰਤੀਸ਼ਤ ਜੂਨੀਅਰ ਪਟਵਾਰੀਆਂ ਨੂੰ 950-1800 ਦਾ ਸਕੇਲ ਦਿੱਤਾ ਗਿਆ ਸੀ ਤੇ 50 ਪ੍ਰਤੀਸ਼ਤ ਸੀਨੀਅਰ ਪਟਵਾਰੀਆਂ ਨੂੰ 1365-2410 ਦਾ ਸਕੇਲ ਦਿੱਤਾ ਗਿਆ ਸੀ।ਮਿਤੀ 9-9-2022 ਨੂੰ ਪਟਵਾਰ ਯੂਨੀਅਨ ਤੇ ਕਾਨੂੰਗੋ ਐਸੋਸੀਏਸ਼ਨ ਪੰਜਾਬ ਦੀ ਮੀਟਿੰਗ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਮਾਲ ਮੰਤਰੀ ਬ੍ਰਹਮ ਸੰਕਰ ਜਿੰਪਾ, ਵਿੱਤ ਕਮਿਸ਼ਨਰ ਮਾਲ, ਸੈਕਟਰੀ ਫਾਇਨਾਂਸ ਗੁਰਪ੍ਰੀਤ ਕੌਰ ਸਪਰਾ ਆਈ ਏ ਐੱਸ ਕਮਿਸ਼ਨਰ ਮੰਡਲ ਜਲੰਧਰ ਦੀ ਹਾਜ਼ਰੀ ਵਿੱਚ ਹੋਈ ਸੀ।ਵਿੱਤ ਮੰਤਰੀ ਨੇ ਮੀਟਿੰਗ ਵਿੱਚ ਮਿਤੀ 1-1-1986 ਤੋਂ 31-12-1995 ਤੱਕ ਭਰਤੀ ਹੋਏ ਪਟਵਾਰੀਆਂ ਦੀ 1365-2410 ਮੁਤਾਬਿਕ ਤਨਖਾਹ ਫਿਕਸ ਕਰਨ ਦਾ ਫੈਸਲਾ ਕਰ ਦਿੱਤਾ ਸੀ।ਸੈਕਟਰੀ ਫਾਇਨਾਂਸ ਨੂੰ ਫਾਇਲ ਪੁੱਟ ਅੱਪ ਕਰਨ ਲਈ ਕਿਹਾ ਗਿਆ, ਪਰ ਵਿੱਤ ਵਿਭਾਗ ਨੇ ਵਿੱਤ ਮੰਤਰੀ ਦੇ ਹੁਕਮਾਂ ਨੂੰ ਟਿੱਚ ਜਾਣਦੇ ਹੋਏ ਫਾਇਲ ਮਾਲ ਵਿਭਾਗ ਨੂੰ ਵਾਪਸ ਭੇਜ ਦਿੱਤੀ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਦੀ ਰੈਵੀਨਿਊ ਕਾਨੂੰਗੋ ਐਸੋਸੀਏਸ਼ਨ ਪੰਜਾਬ ਦੀਆਂ ਮੰਨੀਆਂ ਹੋਈਆਂ ਮੰਗਾਂ ਨਾ ਮੰਨੀਆਂ ਤਾਂ ਜ਼ਿਮਨੀ ਚੋਣ ਲੋਕ ਸਭਾ ਹਲਕਾ ਜਲੰਧਰ ਵਿਖੇ ਸੰਘਰਸ਼ ਕੀਤਾ ਜਾਵੇਗਾ।

ਇਸ ਬਾਰੇ ਕਾਨੂੰਗੋ ਐਸੋਸੀਏਸ਼ਨ ਦੀ ਹੰਗਾਮੀ ਮੀਟਿੰਗ 29 ਅਪ੍ਰੈਲ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋਵੇਗੀ।ਇਸ ਮੀਟਿੰਗ ਵਿੱਚ ਸਖ਼ਤ ਫੈਸਲੇ ਲਏ ਜਾਣਗੇ, ਜਿਸ ਦੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ। ਧਰਨੇ ਵਿੱਚ ਡੀ ਸੀ ਦਫ਼ਤਰ ਮੁਲਾਜ਼ਮ ਯੂਨੀਅਨ ਤੇ ਮਨੀਸਟੀਰੀਅਲ ਸਰਵਿਸਜ਼ ਯੂਨੀਅਨ ਦੇ ਆਗੂਆਂ ਨੇ ਮਨੋਹਰ ਲਾਲ ਤੇ ਜਗਸੀਰ ਸਿੰਘ ਭਾਂਗਰ ਦੀ ਅਗਵਾਈ ਵਿੱਚ ਹਾਜ਼ਰੀ ਭਰੀ ਅਤੇ ਹਰ ਤਰ੍ਹਾਂ ਦੇ ਸਹਿਯੋਗ ਦਾ ਯਕੀਨ ਦੁਆਇਆ।

# ਸ਼ਹੀਦ ਗੁਰਮੇਲ ਹੂੰਝਣ ਤੇ ਜੋਗਿੰਦਰ ਸਿੰਘ ਦੀ ਬਰਸੀ 14 ਨੂੰ ਜ਼ੋਰ-ਸ਼ੋਰ ਨਾਲ ਮਨਾਈ ਜਾਵੇਗੀ : ਡੀ ਪੀ ਮੌੜ



**ਲੁਧਿਆਣਾ/ਮਾਛੀਵਾੜਾ (ਐੱਮ ਐੱਸ ਭਾਟੀਆ, ਜਗਦੀਸ਼ ਰਾਏ)**-ਜ਼ਿਲ੍ਹਾ ਐਗਜ਼ੈਕਟਿਵ ਦੀ ਮੀਟਿੰਗ ਕਾਮਰੇਡ ਗੁਰਮੇਲ ਸਿੰਘ ਮੈਡਲੇ ਦੀ ਪ੍ਰਧਾਨਗੀ ਹੇਠ ਹੋਈ।

ਮੀਟਿੰਗ ਵਿੱਚ ਜ਼ਿਲ੍ਹਾ ਸਕੱਤਰ ਕਾਮਰੇਡ ਡੀ ਪੀ ਮੌੜ ਨੇ ਦੱਸਿਆ ਕਿ ਕੇਂਦਰੀ ਪਾਰਟੀ ਦੇ ਸੱਦੇ 'ਤੇ 14 ਅਪ੍ਰੈਲ ਤੋਂ 15 ਮਈ ਤੱਕ ਚਲਾਈ ਜਾ ਰਹੀ ਜਨ ਸੰਪਰਕ ਮੁਹਿੰਮ ਤਹਿਤ ਵੱਖ ਵੱਖ ਪਿੰਡਾਂ, ਕਸਬਿਆਂ ਤੇ ਬਲਾਕਾਂ ਵਿੱਚ ਇਸ ਨੂੰ ਹੋਰ ਤੇਜ਼ ਕੀਤਾ ਜਾਵੇਗਾ। 30 ਅਪ੍ਰੈਲ ਤੇ 1 ਮਈ ਨੂੰ ਮਾਛੀਵਾੜਾ ਬਲਾਕ ਦੇ ਏਰੀਏ ਵਿੱਚ, 8 ਤੇ 9 ਮਈ ਨੂੰ ਮੁੱਲਾਂਪੁਰ ਤੇ ਸੁਧਾਰ ਦੇ ਏਰੀਏ ਵਿੱਚ, 10 ਤੋਂ 14 ਮਈ ਤੱਕ ਬਲਾਕ ਮਲੌਦ ਤੇ ਦੋਰਾਹਾ ਵਿੱਚ ਇਹ ਮੁਹਿੰਮ ਚਲਾਈ ਜਾਵੇਗੀ। ਇਸ ਦੀ ਸਮਾਪਤੀ 14 ਮਈ ਨੂੰ ਦੇਸ਼ ਦੀ ਏਕਤਾ ਤੇ ਅਖੰਡਤਾ ਨੂੰ ਬਚਾਉਂਦੇ ਹੋਏ ਸ਼ਹੀਦ ਹੋਏ ਕਾਮਰੇਡ ਗੁਰਮੇਲ ਸਿੰਘ ਹੂੰਝਣ ਤੇ ਕਾਮਰੇਡ ਜੁਗਿੰਦਰ ਸਿੰਘ ਦੀ ਬਰਸੀ ਮੌਕੇ ਪਿੰਡ ਪੰਧੇਰ ਖੇੜੀ ਵਿਖੇ ਕੀਤੀ ਜਾਵੇਗੀ। ਇਹ ਵੀ ਫੈਸਲਾ ਕੀਤਾ ਗਿਆ ਕਿ ਸ਼ਹੀਦ ਕਾਮਰੇਡ ਗੁਰਮੇਲ ਸਿੰਘ ਹੂੰਝਣ ਦੀ ਬਰਸੀ ਮੌਕੇ, ਜਿਸ ਨੂੰ ਕਿ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਤੇ ਸਾਬਕਾ ਐੱਮ ਐੱਲ ਏ ਸੰਬੋਧਨ ਕਰਨਗੇ, ਭਾਰੀ ਇਕੱਠ ਕੀਤਾ ਜਾਵੇਗਾ। ਕਾਮਰੇਡ ਮੌੜ ਨੇ ਕਿਹਾ ਕਿ ਜ਼ਿਲ੍ਹਾ ਐਗਜ਼ੈਕਟਿਵ ਦੀ ਮੀਟਿੰਗ ਵਿੱਚ ਕੌਮਾਂਤਰੀ ਮਜ਼ਦੂਰ ਦਿਵਸ ਜ਼ਿਲ੍ਹੇ ਦੇ ਸਾਰੇ ਕਸਬਿਆਂ ਵਿੱਚ ਝੰਡਾ ਲਹਿਰਾ ਕੇ ਮਨਾਉਣ ਦਾ ਫੈਸਲਾ ਕੀਤਾ ਗਿਆ ਹੈ ਅਤੇ 5 ਮਈ ਨੂੰ ਕਾਰਲ ਮਾਰਕਸ ਦਾ ਜਨਮ ਦਿਹਾੜਾ ਮਨਾਉਣ ਲਈ ਪਾਰਟੀ ਦਫਤਰ ਵਿਖੇ ਇੱਕ ਸੈਮੀਨਾਰ ਕੀਤਾ ਜਾਵੇਗਾ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਕਾਮਰੇਡ ਚਮਕੌਰ ਸਿੰਘ, ਕਾਮਰੇਡ ਮਨਿੰਦਰ ਭਾਟੀਆ ਕਾਮਰੇਡ, ਕਾਮਰੇਡ ਰਮੇਸ਼ ਰਤਨ, ਕਾਮਰੇਡ ਗੁਰਮੇਲ ਮੈਲਡੇ, ਕਾਮਰੇਡ ਕੇਵਲ ਸਿੰਘ ਬਨਵੈਤ, ਕਾਮਰੇਡ ਜਗਦੀਸ਼ ਰਾਏ, ਕਾਮਰੇਡ ਦੀਪਕ ਮਾਛੀਵਾੜਾ, ਕਾਮਰੇਡ ਗੁਲਜਾਰ ਪੰਧੇਰ, ਕਾਮਰੇਡ ਨਿਰੰਜਣ ਧੀਰ, ਕਾਮਰੇਡ ਚਮਕੌਰ ਸਿੰਘ ਜਗਰਾਓਂ, ਕਾਮਰੇਡ ਚਰਨ ਸਰਾਭਾ, ਕਾਮਰੇਡ ਪ੍ਰਿੰ. ਜਗਜੀਤ ਸਿੰਘ, ਕਾਮਰੇਡ ਡਾ. ਵਿਨੋਦ ਕੁਮਾਰ, ਕਾਮਰੇਡ ਕੁਲਵੰਤ ਸਿੰਘ ਪੰਧੇਰ ਖੇੜੀ, ਬੀਬੀ ਕੁਲਵੰਤ ਕੌਰ, ਕਾਮਰੇਡ ਗੁਰਮੀਤ ਸਿੰਘ ਖੰਨਾ ਆਦਿ ਸ਼ਾਮਲ ਸਨ।

# ਆਂਗਣਵਾੜੀ ਵਰਕਰਾਂ/ਹੈਲਪਰਾਂ ਨੇ ਮੰਗਾਂ ਨੂੰ ਲੈ ਕੇ ਕੀਤਾ ਰੋਸ ਪ੍ਰਦਰਸ਼ਨ



ਸੀ ਡੀ ਪੀ ਓ ਨੂੰ ਮੰਗ ਪੱਤਰ ਸੌਂਪਦੀਆਂ ਆਂਗਣਵਾੜੀ ਵਰਕਰ ਤੇ ਹੈਲਪਰ।

**ਸੰਗਰੂਰ (ਪ੍ਰਵੀਨ ਸਿੰਘ)**-ਆਲ ਇੰਡੀਆ ਫੈਡਰੇਸ਼ਨ ਦੇ ਸੱਦੇ 'ਤੇ ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ (ਸੀਟੂ) ਵੱਲੋਂ ਜ਼ਿਲ੍ਹਾ ਸੰਗਰੂਰ ਦੇ ਬਲਾਕ ਸੰਗਰੂਰ ਵਿਖੇ ਬਲਾਕ ਪ੍ਰਧਾਨ ਮਨਦੀਪ ਕੁਮਾਰੀ ਦੀ ਅਗਵਾਈ ਅਧੀਨ ਆਂਗਣਵਾੜੀ ਵਰਕਰ/ਹੈਲਪਰਾਂ ਨੇ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਨਾਅਰੇ ਅਤੇ ਮਾਟੋਆਂ ਨਾਲ ਸੀ ਡੀ ਪੀ ਓ ਦਫਤਰ ਅੱਗੇ ਪ੍ਰਦਰਸ਼ਨ ਕਰਕੇ ਮੰਗ ਪੱਤਰ ਕੇਂਦਰ ਤੇ ਪੰਜਾਬ ਸਰਕਾਰ ਨੂੰ ਭੇਜਦੇ ਹੋਏ ਮੰਗ ਕੀਤੀ ਕਿ ਪਿਛਲੇ 47 ਸਾਲਾਂ ਤੋਂ ਕੰਮ ਕਰਦੀਆਂ ਆ ਰਹੀਆਂ ਆਂਗਣਵਾੜੀ ਵਰਕਰਾਂ ਹੈਲਪਰਾਂ ਨੂੰ ਮਾਣਯੋਗ ਸੁਪਰੀਮ ਕੋਰਟ ਦੇ ਇਤਿਹਾਸਕ ਫੈਸਲੇ ਅਨੁਸਾਰ ਮਜ਼ਦੂਰ ਦਾ ਦਰਜਾ ਦਿੰਦੇ ਹੋਏ ਘੱਟੋ ਘੱਟ ਉਜਰਤ ਦੇ ਘੇਰੇ ਵਿੱਚ ਸ਼ਾਮਲ ਕੀਤਾ ਜਾਵੇ। ਇਸ ਮੌਕੇ ਬੋਲਦਿਆਂ ਬਲਾਕ ਸੈਕਟਰੀ ਰਾਜਵਿੰਦਰ ਕੌਰ ਨੇ ਦੱਸਿਆ ਕਿ 25 ਅਪ੍ਰੈਲ 2022 ਨੂੰ ਸੁਪਰੀਮ ਕੋਰਟ ਆਫ ਇੰਡੀਆ ਵੱਲੋਂ ਇਤਿਹਾਸਕ ਫੈਸਲੇ ਵਿੱਚ ਕਿਹਾ ਗਿਆ ਹੈ ਕਿ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਵਰਕਰ ਮੰਨਿਆ ਜਾਣਾ ਚਾਹੀਦਾ ਹੈ ਤੇ ਉਹ ਪੇਮੈਂਟ ਆਫ ਗਰੈਚੁਟੀ ਐਕਟ 1972 ਦੇ ਤਹਿਤ ਗਰੈਚੁਟੀ ਦੇ ਹੱਕਦਾਰ ਹਨ। ਸੁਪਰੀਮ ਕੋਰਟ ਵੱਲੋਂ ਰਾਜ ਤੇ ਕੇਂਦਰ ਵੱਲੋਂ ਦਿੱਤੇ ਜਾ ਰਿਹਾ ਮਿਹਨਤਾਨੇ ਨੂੰ ਮਾਣ ਭੱਤਾ ਨਹੀਂ ਮਜ਼ਦੂਰੀ ਦਾ ਰੂਪ ਦੇਣਾ ਚਾਹੀਦਾ ਹੈ ਤੇ ਵਰਕਰਾਂ ਅਤੇ ਹੈਲਪਰਾਂ ਨੂੰ ਬਿਹਤਰ ਸੇਵਾਵਾਂ ਸ਼ਰਤਾਂ 'ਮਜ਼ਦੂਰੀ' ਦੇ ਤੌਰ 'ਤੇ ਮੰਨਿਆ ਜਾਣਾ ਚਾਹੀਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਮਹਿਲਾ ਤੇ ਬਾਲ ਵਿਕਾਸ ਮੰਤਰਾਲੇ ਨੇ ਪਿਛਲੇ ਇੱਕ ਸਾਲ ਤੋਂ ਇਸ ਹੁਕਮ ਨੂੰ ਪੂਰੀ ਤਰ੍ਹਾਂ ਅਣਗੌਲਿਆ ਕਰ ਦਿੱਤਾ ਹੈ, ਜਿਸ ਦਾ ਸਿੱਧਾ ਅਸਰ ਸਾਡੇ ਦੇਸ਼ ਦੀਆਂ 26 ਲੱਖ ਮਹਿਲਾ ਕਾਮਿਆਂ ਦੀ ਜ਼ਿੰਦਗੀ 'ਤੇ ਪੈ ਰਿਹਾ ਹੈ। ਮੀਟਿੰਗ ਦਾ ਸਮਾਂ ਦੇ ਕੇ ਮੀਟਿੰਗ ਨਾ ਕਰਨਾ ਸਰਕਾਰ ਦੀ ਆਮ ਲੋਕਾਂ ਪ੍ਰਤੀ ਨੀਤੀ ਨੂੰ ਜ਼ਾਹਰ ਕਰਦਾ ਹੈ। ਸਾਡੀ ਜਥੇਬੰਦੀ ਦੀ ਮੰਗ ਅਨੁਸਾਰ ਆਂਗਣਵਾੜੀ ਹੈਲਪਰ ਤੋਂ ਵਰਕਰ ਦੀ ਪਦ ਉਨਤੀ ਸਮੇਂ ਤਜਰਬੇ ਨੂੰ ਪਹਿਲ ਹੋਣੀ ਚਾਹੀਦੀ ਹੈ, ਜੋ ਵਿਭਾਗ ਵੱਲੋਂ ਮੰਨੀ ਵੀ ਗਈ ਸੀ। ਮੰਨਣ ਦੇ ਬਾਅਦ ਵੀ ਲਟਕਿਆ ਜਾ ਰਿਹਾ ਹੈ, ਜਿਸ ਨੂੰ ਲੈ ਕੇ ਹੈਲਪਰਾਂ ਵਿੱਚ ਤਿੱਖਾ ਰੋਸ ਹੈ। ਪੰਜਾਬ ਸਰਕਾਰ ਨੇ ਸੱਤਾ 'ਚ ਆਉਣ ਤੋਂ ਪਹਿਲਾਂ ਆਂਗਣਵਾੜੀ ਵਰਕਰਾਂ/ਹੈਲਪਰਾਂ ਦੇ ਮਾਣ ਭੱਤੇ ਨੂੰ ਦੁੱਗਣਾ ਕਰਨ ਦਾ ਐਲਾਨ ਕੀਤਾ ਸੀ, ਪਰ ਮਾਣ-ਭੱਤਾ ਦੁਗਣਾ ਤਾਂ ਕੀ ਕਰਨਾ ਸੀ, ਸਾਲ 2022 'ਚ ਸਾਰਾ ਸਮਾਂ ਮਾਣ-ਭੱਤਾ ਇੱਕ ਸਾਰ ਪ੍ਰਾਪਤ ਨਹੀਂ ਹੋਇਆ, ਜਿਸ ਕਾਰਨ ਗਰੀਬ ਵਰਕਰਾਂ/ਹੈਲਪਰਾਂ ਦੇ ਚੁੱਲ੍ਹੇ ਠੰਡੇ ਪੈ ਗਏ ਅਤੇ ਚਿੰਤਾ 'ਚ ਕਈ ਹੈਲਪਰਾਂ ਦੀ ਮੌਤ ਵੀ ਹੋ ਗਈ। ਇਸ ਲਈ ਜ਼ਿਮਨੀ ਚੋਣ ਦੌਰਾਨ ਜਲੰਧਰ ਵਿਖੇ ਆਪਣੇ ਹੱਕਾਂ ਦੀ ਆਵਾਜ਼ ਬੁਲੰਦ ਕੀਤੀ ਜਾਵੇਗੀ। ਇਸ ਮੌਕੇ ਰਾਜਵਿੰਦਰ ਕੌਰ, ਸਰਬਜੀਤ ਕੌਰ, ਗੁਰਪ੍ਰੀਤ ਕੌਰ, ਸਿੰਦਰ ਕੌਰ, ਸਰਬਜੀਤ ਕੌਰ ਈਲਵਾਲ, ਵਿੰਦਰ ਕੌਰ, ਕਮਲੇਸ਼ ਰਾਣੀ, ਮੀਨਾਕਸ਼ੀ, ਨੀਲਮ ਹਾਜ਼ਰ ਸਨ।

## ਕਾਤਰਾਂ

### ਜ਼ਮੀਨੀ ਝਗੜੇ ਨੂੰ ਲੈ ਕੇ 2 ਨਾਮਜ਼ਦ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ ਜ਼ਮੀਨ ਦੇ ਵਟਾਂਦਰੇ ਨੂੰ ਲੈ ਕੇ ਹੋਏ ਝਗੜੇ ਵਿੱਚ ਕੁੱਟਮਾਰ ਕਰਨ ਦੇ ਦੋਸ਼ ਵਿੱਚ 2 ਵਿਅਕਤੀਆਂ ਖਿਲਾਫ ਪਰਚਾ ਦਰਜ ਕੀਤਾ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਮੁਦੱਈ ਹਰਨੇਕ ਸਿੰਘ ਪੁੱਤਰ ਮੰਗਤ ਸਿੰਘ ਵਾਸੀ ਪਿੰਡ ਢਾਣੀ ਫੌਜਾ ਸਿੰਘ (ਸ਼ੇਰ ਮੁਹੰਮਦ ਮਹਾਗੀਰ) ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ ਬੀਤੀ 21 ਅਪ੍ਰੈਲ ਨੂੰ ਜਦੋਂ ਪਿੰਡ ਬੁਰਵਾਲਾ ਨਜ਼ਦੀਕ ਜਾ ਰਿਹਾ ਸੀ ਤਾਂ ਪਿੱਛੇ ਤੋਂ ਮੋਟਰਸਾਈਕਲ 'ਤੇ ਲਵਪ੍ਰੀਤ ਸਿੰਘ ਉਰਫ ਲਵਲੀ ਤੇ ਗੁਰਪ੍ਰੀਤ ਸਿੰਘ ਉਰਫ ਗੋਪੀ ਨੇ ਆ ਕੇ ਵਟਾਂਦਰੇ ਵਾਲੀ ਜ਼ਮੀਨ ਨੂੰ ਲੈ ਕੇ ਕੁੱਟਮਾਰ ਕੀਤੀ। ਪੁਲਸ ਨੇ ਮੁਦੱਈ ਹਰਨੇਕ ਸਿੰਘ ਦੇ ਬਿਆਨਾਂ 'ਤੇ ਲਵਪ੍ਰੀਤ ਸਿੰਘ ਉਰਫ ਲਵਲੀ ਪੁੱਤਰ ਲਖਮੀਰ ਸਿੰਘ ਵਾਸੀ ਪਿੰਡ ਕਮਰੇਵਾਲਾ (ਥਾਣਾ ਸਿਟੀ ਜਲਾਲਾਬਾਦ) ਤੇ ਗੁਰਪ੍ਰੀਤ ਸਿੰਘ ਉਰਫ ਗੋਪੀ ਪੁੱਤਰ ਰਾਜ ਸਿੰਘ ਵਾਸੀ ਸ਼ੇਰ ਮੁਹੰਮਦ ਮਹਾਗੀਰ ਖਿਲਾਫ ਮੁਕੱਦਮਾ ਦਰਜ ਕੀਤਾ ਹੈ।

### ਟਰੈਕਟਰ ਚਾਲਕ ਖਿਲਾਫ ਮਾਮਲਾ ਦਰਜ

**ਮਮਦੋਟ (ਜਸਬੀਰ ਸਿੰਘ ਕੰਬੋਜ)**-ਮਮਦੋਟ-ਫਿਰੋਜ਼ਪੁਰ ਸੜਕ 'ਤੇ ਦਾਣਾ ਮੰਡੀ ਦੇ ਗੇਟ ਸਾਹਮਣੇ ਬੀਤੀ 25 ਅਪ੍ਰੈਲ ਨੂੰ ਟਰੈਕਟਰ-ਮੋਟਰਸਾਈਕਲ ਹਾਦਸੇ 'ਚ ਮੋਟਰਸਾਈਕਲ ਸਵਾਰ 17 ਸਾਲਾ ਨੌਜਵਾਨ ਸੰਦੀਪ ਸਿੰਘ ਵਾਸੀ ਲੱਖਾ ਸਿੰਘ ਵਾਲਾ ਹਿਠਾੜ ਦੀ ਮੌਤ ਹੋ ਗਈ ਸੀ ਤੇ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਉਂਦਿਆਂ ਪੁਲਸ ਵੱਲੋਂ ਮ੍ਰਿਤਕ ਸੰਦੀਪ ਸਿੰਘ ਦੇ ਪਿਤਾ ਸਰਜੀਤ ਸਿੰਘ ਦੇ ਬਿਆਨਾਂ 'ਤੇ ਟਰੈਕਟਰ ਚਾਲਕ ਖਿਲਾਫ ਮਾਮਲਾ ਦਰਜ ਕੀਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਤਫਤੀਸ਼ੀ ਅਫਸਰ ਓਮ ਪ੍ਰਕਾਸ਼ ਨੇ ਦੱਸਿਆ ਕਿ ਉਕਤ ਸਰਜੀਤ ਸਿੰਘ ਦੇ ਬਿਆਨਾਂ 'ਤੇ ਟਰੈਕਟਰ ਚਾਲਕ, ਜਿਸ ਦੀ ਪਹਿਚਾਣ ਗੁਰਵਿੰਦਰ ਸਿੰਘ ਵਜੋਂ ਹੋਈ ਹੈ, ਖਿਲਾਫ ਆਈ ਪੀ ਸੀ ਧਾਰਾ 304 ਏ,427,337 ਤਹਿਤ ਮਾਮਲਾ ਦਰਜ ਕਰ ਲਿਆ ਹੈ ਤੇ ਜਲਦ ਹੀ ਮੁਲਜ਼ਮ ਨੂੰ ਗ੍ਰਿਫਤਾਰ ਕਰ ਲਿਆ ਜਾਵੇਗਾ।

### ਮੈਡੀਕਲ ਸਟੋਰ 'ਤੇ ਨਸ਼ੇ ਵੇਚਣ ਦਾ ਮਾਮਲਾ ਵਾਇਰਲ

**ਮਾਨਸਾ (ਮੁਨੀਸ਼ ਕੁਮਾਰ)**-ਪਿਛਲੇ ਕੁਝ ਦਿਨਾਂ ਤੋਂ ਸੋਸ਼ਲ ਮੀਡੀਆ 'ਤੇ ਸਥਾਨਕ ਸ਼ਹਿਰ ਦੇ ਇੱਕ ਮੈਡੀਕਲ ਸਟੋਰ 'ਤੇ ਨਸ਼ੇ ਵੇਚਣ ਦਾ ਮਾਮਲਾ ਖੂਬ ਵਾਇਰਲ ਹੋ ਰਿਹਾ ਹੈ। ਇਹ ਮੁੱਦਾ ਪਰਮਿੰਦਰ ਸਿੰਘ ਝੋਟਾ ਨਾਮ ਦੇ ਵਿਅਕਤੀ ਵੱਲੋਂ ਚੁੱਕਿਆ ਗਿਆ ਹੈ, ਜਿਸ 'ਚ ਪਰਮਿੰਦਰ ਸਿੰਘ ਵੱਲੋਂ ਦੁਕਾਨਦਾਰ ਤੇ ਦੋਸ਼ ਲਗਾਏ ਜਾ ਰਹੇ ਹਨ ਕਿ ਇਹ ਦੁਕਾਨਦਾਰ ਸ਼ਰੇਆਮ ਨਸ਼ੇ ਦੀਆਂ ਦਵਾਈਆਂ ਵੇਚ ਕੇ ਨੌਜਵਾਨਾਂ ਦੀ ਜ਼ਿੰਦਗੀ ਨਾਲ ਖਿਲਵਾੜ ਕਰ ਰਿਹਾ ਹੈ। ਇਸ ਸਬੰਧੀ ਸਮਾਜਸੇਵੀ ਐਡਵੋਕੇਟ ਲਖਵਿੰਦਰ ਸਿੰਘ ਲਖਣਪਾਲ ਨੇ ਲੋਕਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰ ਰਹੇ ਪਰਮਿੰਦਰ ਸਿੰਘ ਦਾ ਸਾਥ ਦੇਣ ਤੇ ਅਸੀਂ ਵੀ ਇਸ ਮਾਮਲੇ 'ਚ ਪਰਮਿੰਦਰ ਸਿੰਘ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੇ ਹਾਂ ਅਤੇ ਸਾਡੇ ਵੱਲੋਂ ਕਾਨੂੰਨੀ ਮਦਦ ਵੀ ਫਰੀ ਦਿੱਤੀ ਜਾਵੇਗੀ। ਐਡਵੋਕੇਟ ਲਖਣਪਾਲ ਨੇ ਕਿਹਾ ਕਿ ਇਸ ਮਾਮਲੇ ਦੀ ਬਾਰੀਕੀ ਨਾਲ ਜਾਂਚ ਹੋਣੀ ਚਾਹੀਦੀ ਹੈ।

# ਧਾਂਦਰਾ 'ਚ ਠੇਕਾ ਖੋਲ੍ਹਣ ਨੂੰ ਲੈ ਕੇ ਲੋਕਾਂ ਵੱਲੋਂ ਵਿਰੋਧ



**ਧੂਰੀ (ਸੁਖਦੇਵ ਧੂਰੀ)**-ਧੂਰੀ ਦੇ ਨੇੜਲੇ ਪਿੰਡ ਧਾਂਦਰਾ ਦੀ ਹਦੂਦ ਅੰਦਰ ਖੋਲ੍ਹੇ ਜਾ ਰਹੇ ਸ਼ਰਾਬ ਦੇ ਠੇਕੇ ਨੂੰ ਲੈ ਕੇ ਪਿੰਡ ਧਾਂਦਰਾ ਵਾਸੀਆਂ ਵੱਲੋਂ ਭਾਰੀ ਵਿਰੋਧ ਕੀਤਾ ਜਾ ਰਿਹਾ ਹੈ, ਜਿਸ ਸੰਬੰਧੀ ਪਿੰਡ ਧਾਂਦਰਾ ਦੇ ਸਰਪੰਚ ਲਛਮਣ ਸਿੰਘ ਤੇ ਸਵਰਨ ਸਿੰਘ ਪੰਚਾਇਤ ਮੈਂਬਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਧਾਂਦਰਾ-ਮੀਮਸਾ ਰੋਡ 'ਤੇ 500 ਮੀਟਰ ਦੂਰ ਇੱਕ ਸ਼ਰਾਬ ਦਾ ਠੇਕਾ ਪਹਿਲਾਂ ਹੀ ਖੁੱਲ੍ਹਾ ਹੋਇਆ ਹੈ ਅਤੇ ਧਾਂਦਰਾ-ਧੂਰੀ ਰੋਡ 'ਤੇ 500 ਮੀਟਰ 'ਤੇ ਵੀ ਸ਼ਰਾਬ ਦਾ ਠੇਕਾ ਖੁੱਲ੍ਹਾ ਹੈ ਅਤੇ ਮਹਿਜ ਡੇਢ ਕਿਲੋਮੀਟਰ ਦੂਰੀ 'ਤੇ ਪਿੰਡ ਬੰਗਾਵਾਲੀ ਵਿਖੇ ਵੀ ਸ਼ਰਾਬ ਦਾ ਠੇਕਾ ਮੌਜੂਦ ਹੈ। ਉਨ੍ਹਾਂ ਕਿਹਾ ਕਿ ਹੁਣ ਸਾਡੇ ਪਿੰਡ ਧਾਂਦਰਾ ਵਿਖੇ ਧੂਰੀ-ਬੰਗਾਵਾਲੀ ਰੋਡ 'ਤੇ ਨਵਾਂ ਸ਼ਰਾਬ ਦਾ ਠੇਕਾ ਖੋਲ੍ਹਿਆ ਜਾ ਰਿਹਾ ਹੈ, ਜਿਸ ਦੇ ਨੇੜੇ ਇੱਕ ਧਾਰਮਿਕ ਸਮਾਧ ਦਾ ਅਸਥਾਨ ਵੀ ਮੌਜੂਦ ਹੈ। ਸਾਡੇ ਸਮੂਹ ਪਿੰਡ ਵਾਸੀਆਂ ਨੂੰ ਨਵੇਂ ਖੁੱਲ੍ਹਣ ਜਾ ਰਹੇ ਠੇਕੇ ਕਾਰਨ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪਵੇਗਾ, ਕਿਉਂਕਿ ਜਿਸ ਰੋਡ 'ਤੇ ਠੇਕਾ ਖੁੱਲ੍ਹ ਰਿਹਾ ਹੈ, ਉਸ ਸੜਕ 'ਤੇ ਸਾਡੇ ਪਿੰਡ ਦੀਆਂ ਔਰਤਾਂ ਸਵੇਰੇ-ਸ਼ਾਮ ਸੈਰ ਕਰਨ ਵੀ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਇਸ ਖੁੱਲ੍ਹ ਰਹੇ ਠੇਕੇ ਵਿਰੁੱਧ ਉੱਚ ਅਧਿਕਾਰੀਆਂ ਨੂੰ ਪੰਚਾਇਤ ਤੇ ਪਿੰਡ ਵਾਸੀਆਂ ਵੱਲੋਂ ਮੰਗ ਪੱਤਰ ਵੀ ਦਿੱਤੇ ਜਾ ਰਹੇ ਹਨ। ਇਸ ਮੌਕੇ ਧੰਨਾ ਸਿੰਘ, ਸ਼ੇਰ ਸਿੰਘ, ਕਰਮਜੀਤ ਸਿੰਘ, ਸਮਸ਼ੇਰ ਸਿੰਘ, ਕੁਲਵਿੰਦਰ ਸਿੰਘ ਤੇ ਨਿਰਮਲ ਸਿੰਘ ਮੈਂਬਰ ਆਦਿ ਹਾਜ਼ਰ ਸਨ।

# ਮਹਿਲਾ ਪਹਿਲਵਾਨਾਂ ਦੇ ਸਮਰਥਨ 'ਚ ਨਿੱਤਰੇ ਸਿਰਸਾ ਦੇ ਜਨਵਾਦੀ ਸੰਗਠਨ

## ਭਾਜਪਾਈ ਸੰਸਦ ਮੈਂਬਰ ਬ੍ਰਿਜ ਭੂਸ਼ਣ ਨੂੰ ਤੁਰੰਤ ਗ੍ਰਿਫ਼ਤਾਰ ਕਰਨ ਦੀ ਮੰਗ



**ਸਿਰਸਾ (ਸੁਰਿੰਦਰ ਪਾਲ ਸਿੰਘ)** ਜਨਵਾਦੀ ਇਸਤਰੀ ਸਭਾ, ਕਿਸਾਨ ਸਭਾ, ਸੀਟੂ ਤੇ ਸੇਵਾਮੁਕਤ ਮੁਲਾਜ਼ਮ ਸੰਗਠਨਾਂ ਵੱਲੋਂ ਇਨਸਾਫ਼ ਲਈ ਸੰਘਰਸ਼ ਕਰ ਰਹੇ ਪਹਿਲਵਾਨਾਂ ਦੇ ਸਮਰਥਨ 'ਚ ਕੀਤੇ ਜਾ ਰਹੇ ਪ੍ਰਦਰਸ਼ਨਾਂ ਦੀ ਲੜੀ ਤਹਿਤ ਡੀ ਸੀ ਸਿਰਸਾ ਨੂੰ ਰਾਸ਼ਟਰਪਤੀ ਨੂੰ ਸਾਂਝਾ ਮੰਗ ਪੱਤਰ ਦਿੱਤਾ। ਇਸ ਮੌਕੇ ਬੋਲਦਿਆਂ ਸੀਟੂ ਦੇ ਜ਼ਿਲ੍ਹਾ ਪ੍ਰਧਾਨ ਕ੍ਰਿਪਾ ਸ਼ੰਕਰ ਤ੍ਰਿਪਾਠੀ ਨੇ ਕਿਹਾ ਕਿ ਤਿੰਨ ਮਹੀਨੇ ਪਹਿਲਾਂ ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਤੇ ਭਾਜਪਾ ਦੇ ਸੰਸਦ ਮੈਂਬਰ ਬ੍ਰਿਜ ਭੂਸ਼ਣ ਤੇ ਜਿਨਸੀ ਸ਼ੋਸ਼ਣ ਅਤੇ ਭ੍ਰਿਸ਼ਟਾਚਾਰ ਦੇ ਗੰਭੀਰ ਦੋਸ਼ ਲੱਗੇ, ਜਿਸ ਤੋਂ ਬਾਅਦ ਕੇਂਦਰ ਸਰਕਾਰ ਨੇ ਸਮਾਂਬੱਧ ਤਰੀਕੇ ਨਾਲ ਨਿਰਪੱਖ ਜਾਂਚ ਲਈ 6 ਮੈਂਬਰੀ ਜਾਂਚ ਕਮੇਟੀ ਦਾ ਗਠਨ ਕੀਤਾ ਤੇ ਕਮੇਟੀ ਵੱਲੋਂ ਜਾਂਚ ਰਿਪੋਰਟ ਸਰਕਾਰ ਨੂੰ ਸੌਂਪਣ ਦੇ ਬਾਵਜੂਦ ਅਜੇ ਤੱਕ ਇਸ ਨੂੰ ਜਨਤਕ ਨਹੀਂ ਕੀਤਾ ਗਿਆ।ਜਨਵਾਦੀ ਮਹਿਲਾ ਸਮਿਤੀ ਸਿਰਸਾ ਦੀ ਜ਼ਿਲ੍ਹਾ ਸਕੱਤਰ ਬਲਬੀਰ ਕੌਰ ਗਾਂਧੀ ਨੇ ਕਿਹਾ ਕਿ ਬ੍ਰਿਜਭੂਸ਼ਣ ਸ਼ਰਨ ਵਿਰੁੱਧ 7 ਮਹਿਲਾ ਪਹਿਲਵਾਨਾਂ (ਜਿਨ੍ਹਾਂ ਵਿੱਚੋਂ ਇੱਕ ਨਾਬਾਲਗ ਹੈ) ਵੱਲੋਂ ਕਨਾਟ ਪਲੇਸ ਥਾਣੇ ਵਿੱਚ ਦਰਜ ਕਰਵਾਈਆਂ ਗਈਆਂ, ਜਿਨਸੀ ਹਿੰਸਾ ਦੀਆਂ ਸ਼ਿਕਾਇਤਾਂ ਦੇ ਬਾਵਜੂਦ ਨਾਂ ਤਾਂ ਐੱਫ ਆਈ ਆਰ ਦਰਜ ਕੀਤੀ ਗਈ ਤੇ ਨਾ ਹੀ ਕੋਈ ਹੋਰ ਕਾਰਵਾਈ ਕੀਤੀ ਗਈ, ਜਿਸ ਦੇ ਵਿਰੋਧ ਵਿੱਚ ਪਹਿਲਵਾਨਾਂ ਨੇ ਜੰਤਰ-ਮੰਤਰ ਵਿਖੇ ਧਰਨਾ ਸ਼ੁਰੂ ਕਰ ਦਿੱਤਾ ਹੈ।ਮੈਡਮ ਗਾਂਧੀ ਨੇ ਕਿਹਾ ਕਿ ਇਹ ਬਹੁਤ ਸ਼ਰਮਨਾਕ ਸਥਿਤੀ ਹੈ ਕਿ ਪੂਰੇ ਦੇਸ਼ ਤੇ ਹਰਿਆਣਾ ਦਾ ਨਾਮ ਰੌਸ਼ਨ ਕਰਨ ਵਾਲੇ ਓਲੰਪਿਕ ਤਮਗਾ ਜੇਤੂ ਖਿਡਾਰੀਆਂ ਨੂੰ ਆਪਣਾ ਕੈਰੀਅਰ ਖ਼ਤਰੇ ਵਿੱਚ ਪਾ ਕੇ ਇਨਸਾਫ਼ ਲਈ ਜੰਤਰ-ਮੰਤਰ 'ਤੇ ਬੈਠਣ ਲਈ ਮਜਬੂਰ ਹੋਣਾ ਪੈ ਰਿਹਾ ਹੈ। ਇਨ੍ਹਾਂ ਆਗੂਆਂ ਨੇ ਕਿਹਾ ਕਿ ਇੱਕ ਪਾਸੇ ਭਾਜਪਾ ਸਰਕਾਰ 'ਬੇਟੀ ਬਚਾਓ, ਬੇਟੀ ਪੜ੍ਹਾਓ' ਮੁਹਿੰਮ ਚਲਾ ਰਹੀ ਹੈ, ਪਰ ਦੂਜੇ ਪਾਸੇ ਇਸ ਘਿਨਾਉਣੇ ਅਪਰਾਧ ਵਿੱਚ ਦੋਸ਼ੀ ਭਾਜਪਾ ਸੰਸਦ ਮੈਂਬਰ ਨੂੰ ਬਚਾਉਣ ਦੀ ਕੋਸ਼ਿਸ਼ ਕਰ ਰਹੀ ਹੈ।ਕਿਸਾਨ ਆਗੂ ਹਮਜਿੰਦਰ ਸਿੰਘ ਨੇ ਕਿਹਾ ਕਿ ਹਰਿਆਣਾ ਦੀ ਭਾਜਪਾ ਸਰਕਾਰ ਨੇ ਜਿਨਸੀ ਹਿੰਸਾ ਦੇ ਦੋਸ਼ੀ ਮੰਤਰੀ ਸੰਦੀਪ ਸਿੰਘ ਨੂੰ ਬਚਾਉਣ ਲਈ ਜੂਨੀਅਰ ਕੋਚ ਤੇ ਉਸ ਦੇ ਪਰਿਵਾਰ ਨੂੰ ਤੰਗ ਪ੍ਰੇਸ਼ਾਨ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ।

ਇਨ੍ਹਾਂ ਸਾਰੇ ਆਗੂਆਂ ਨੇ ਕਿਹਾ ਕਿ ਅਸੀਂ ਇਨਸਾਫ਼ ਲਈ ਲੜ ਰਹੇ ਸਨਮਾਨਤ ਖਿਡਾਰੀਆਂ ਨਾਲ ਏਕਤਾ ਦਿਖਾਉਣ ਲਈ ਪ੍ਰਦਰਸ਼ਨ ਕਰ ਰਹੇ ਹਾਂ।ਇਸ ਮੌਕੇ ਰੇਖਾ, ਨੀਲਮ, ਰੋਸ਼ਨੀ, ਵੀਰਪਾਲ, ਮਲੂਕ ਸਿੰਘ ਨੇ ਵੀ ਆਪਣੇ ਵਿਚਾਰ ਰੱਖੇ।

# ਮਨਿਸਟਰੀਅਲ ਸਟਾਫ ਵੱਲੋਂ ਗੇਟ ਰੈਲੀ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਪੀਐੱਸਐੱਮਐੱਸਯੂ ਪੰਜਾਬ ਵੱਲੋਂ ਦਿੱਤੇ ਗਏ ਸੰਘਰਸ਼ ਅਨੁਸਾਰ ਡੀ ਸੀ ਦਫਤਰ ਫਿਰੋਜ਼ਪੁਰ ਸਾਹਮਣੇ ਜ਼ਿਲ੍ਹਾ ਫਿਰੋਜ਼ਪੁਰ ਦੇ ਮਨਿਸਟਰੀਅਲ ਸਟਾਫ ਵੱਲੋਂ ਸਰਕਾਰ ਵਿਰੁੱਧ ਗੇਟ ਰੈਲੀ ਕੀਤੀ ਗਈ। ਰੈਲੀ ਨੂੰ ਸੰਬੋਧਨ ਕਰਦੇ ਹੋਏ ਮਨੋਹਰ ਲਾਲ ਜ਼ਿਲ੍ਹਾ ਪ੍ਰਧਾਨ ਪੀ ਐੱਸ ਐੱਮ ਐੱਸ ਯੂ ਨੇ ਮੁਲਾਜ਼ਮ ਆਗੂਆਂ ਤੇ ਹੋਰ ਮੁਲਾਜ਼ਮਾਂ ਨੂੰ ਦੱਸਿਆ ਕਿ ਸੂਬਾ ਕਮੇਟੀ ਵੱਲੋਂ ਲਏ ਗਏ ਫੈਸਲੇ ਅਨੁਸਾਰ 4 ਮਈ 2023 ਨੂੰ ਪੰਜਾਬ ਦੇ ਸਮੂਹ ਮਨਿਸਟਰੀਅਲ ਕਾਮੇ ਸਮੂਹਿਕ ਛੁੱਟੀ ਲੈ ਕੇ ਜ਼ਿਮਨੀ ਚੋਣਾਂ ਨੂੰ ਮੁੱਖ ਰੱਖਦੇ ਹੋਏ ਆਪਣੀਆਂ ਹੱਕੀ ਮੰਗਾਂ ਦੇ ਸਬੰਧ ਵਿੱਚ ਜਲੰਧਰ ਵਿਖੇ ਸੂਬਾ ਪੱਧਰੀ ਰੈਲੀ ਕਰਨਗੇ। ਜੇਕਰ ਪੰਜਾਬ ਸਰਕਾਰ ਵੱਲੋਂ ਜਲਦ ਮੁਲਾਜ਼ਮ ਮੰਗਾਂ 'ਤੇ ਗੌਰ ਕਰਦੇ ਹੋਏ ਸਬੰਧਤ ਨੋਟੀਫਿਕੇਸ਼ਨ ਜਾਰੀ ਨਹੀਂ ਕੀਤੇ ਤਾਂ ਮੁਲਾਜ਼ਮਾਂ ਨੂੰ ਆਪਣੀਆਂ ਮੰਗਾਂ ਲਈ ਹੋਰ ਸਖ਼ਤ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪਵੇਗਾ, ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਇਸ ਮੌਕੇ ਪ੍ਰਦੀਪ ਵਿਨਾਇਕ ਜ਼ਿਲ੍ਹਾ ਖਜ਼ਾਨਚੀ ਪੀ ਐੱਸ ਐੱਮ ਐੱਸ ਯੂ, ਜਗਸੀਰ ਸਿੰਘ ਭਾਂਗਰ ਜ਼ਿਲ੍ਹਾ ਪ੍ਰਧਾਨ ਸੀ ਪੀ ਐੱਫ ਕਰਮਚਾਰੀ ਯੂਨੀਅਨ ਫਿਰੋਜ਼ਪੁਰ, ਵਰੁਣ ਕੁਮਾਰ ਜ਼ਿਲ੍ਹਾ ਪ੍ਰਧਾਨ ਸਿੱਖਿਆ ਵਿਭਾਗ, ਵਿਸ਼ਾਲ ਮਹਿਤਾ ਜਨਰਲ ਸਕੱਤਰ ਡੀ ਸੀ ਦਫਤਰ, ਗੋਬਿੰਦ ਮਟਨੇਜਾ ਜ਼ਿਲ੍ਹਾ ਪ੍ਰਧਾਨ ਫੂਡ ਸਪਲਾਈ, ਹਰਮੀਤ ਫੂਡ ਸਪਲਾਈ ਵਿਭਾਗ, ਅਮਨਦੀਪ ਸਿੰਘ ਜ਼ਿਲ੍ਹਾ ਪ੍ਰਧਾਨ ਖਜ਼ਾਨਾ ਵਿਭਾਗ, ਹਰਪ੍ਰੀਤ ਦੁੱਗਲ ਖਜ਼ਾਨਾ ਵਿਭਾਗ, ਜਸਮੀਤ ਸਿੰਘ ਸੈਂਡੀ ਜ਼ਿਲ੍ਹਾ ਪ੍ਰਧਾਨ ਜਲ ਸਰੋਤ ਵਿਭਾਗ, ਪਰਮਵੀਰ ਮੌਂਗਾ ਜ਼ਿਲ੍ਹਾ ਪ੍ਰਧਾਨ ਸਿਹਤ ਵਿਭਾਗ, ਵਿਕਾਸ ਕਾਲੜਾ ਸਿਹਤ ਵਿਭਾਗ, ਸੁਰਿੰਦਰ ਕੁਮਾਰ ਲੋਕ ਸੰਪਰਕ ਵਿਭਾਗ, ਪਿੱਪਲ ਸਿੰਘ ਚੋਣ ਵਿਭਾਗ, ਰੀਤੂ ਅਰੋੜਾ, ਪ੍ਰਵੀਨ ਸੇਠੀ, ਪ੍ਰੇਮ ਕੁਮਾਰੀ, ਬਲਜੀਤ ਕੌਰ, ਰਜਨੀਸ਼ ਕੁਮਾਰ, ਮਹਿਤਾਬ ਸਿੰਘ, ਸੰਦੀਪ ਸਿੰਘ ਦਿਓਲ, ਨਰਿੰਦਰ ਕੌਰ, ਓਮ ਪ੍ਰਕਾਸ਼ ਰਾਣਾ ਆਦਿ ਡੀ ਸੀ ਦਫਤਰ ਦੇ ਕਰਮਚਾਰੀ ਹਾਜ਼ਰ ਸਨ।

# ਸੰਧਵਾਂ ਤੇ ਸੰਤ ਸੀਚੇਵਾਲ ਵਿਧਾਇਕ ਕਾਕਾ ਬਰਾੜ ਦੇ ਗ੍ਰਹਿ ਪੁੱਜੇ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਵਾਤਾਵਰਣ ਨੂੰ ਲੋਕ ਸਭਾ ਹਲਕਾ ਜਲੰਧਰ ਦੀ ਚੋਣ ਵਿੱਚ ਮੁੱਖ ਮੁੱਦਾ ਬਣਾਉਣ ਲਈ ਸਾਰੀਆਂ ਪਾਰਟੀਆਂ ਦੇ ਉਮੀਦਵਾਰਾਂ ਨੂੰ ਮੰਗ ਪੱਤਰ ਸੌਂਪੇ ਜਾ ਰਹੇ ਹਨ ਤਾਂ ਜੁ ਵਾਤਾਵਰਣ ਨੂੰ ਸਾਫ਼ ਸੁਥਰਾ ਰੱਖਿਆ ਜਾ ਸਕੇ। ਇਹ ਜਾਣਕਾਰੀ ਮੈਂਬਰ ਰਾਜ ਸਭਾ ਬਾਬਾ ਬਲਬੀਰ ਸਿੰਘ ਸੀਚੇਵਾਲ ਉੱਘੇ ਵਾਤਾਵਰਣ ਪ੍ਰੇਮੀ ਨੇ ਜਗਦੀਪ ਸਿੰਘ ਕਾਕਾ ਬਰਾੜ ਹਲਕਾ ਵਿਧਾਇਕ ਦੀ ਰਿਹਾਇਸ਼ ਵਿਖੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨਾਲ ਮੁਲਾਕਾਤ ਦੌਰਾਨ ਦਿੱਤੀ। ਮੈਂਬਰ ਰਾਜ ਸਭਾ ਬਾਬਾ ਬਲਬੀਰ ਸਿੰਘ ਸੀਚੇਵਾਲ ਨੇ ਆਖਿਆ ਕਿ ਪੰਜਾਬ ਦੇ ਵਸਨੀਕਾਂ ਦੀ ਹੁਣ ਜ਼ਰੂਰੀ ਮੰਗ ਇਹੀ ਹੈ ਕਿ ਵਾਤਾਵਰਣ ਨੂੰ ਮੁੱਖ ਚੋਣ ਮੁੱਦਾ ਬਣਾਇਆ ਜਾਵੇ, ਕਿਉਂਕਿ ਇਸ ਸਮੇਂ ਵਾਤਾਵਰਣ ਦਾ ਪ੍ਰਦੂਸ਼ਣ ਸਭ ਤੋਂ ਅਹਿਮ ਤੇ ਗੰਭੀਰ ਮੁੱਦਾ ਬਣਿਆ ਹੋਇਆ ਹੈ।

ਇਸ ਮੌਕੇ ਹਵਾ, ਪਾਣੀ ਤੇ ਧਰਤੀ ਅਰਥਾਤ ਵਾਤਾਵਰਣ ਪ੍ਰਦੂਸ਼ਤ ਹੋਣ ਅਤੇ ਇਸ ਦੇ ਹੱਲ ਸਬੰਧੀ ਸਾਰਿਆਂ ਨੇ ਆਪੋ-ਆਪਣੇ ਵਿਚਾਰ ਰੱਖੇ। ਜਲੰਧਰ ਲੋਕ ਸਭਾ ਹਲਕੇ ਦੀਆਂ ਵਾਤਾਵਰਣ ਨਾਲ ਸੰਬੰਧਤ 7 ਪ੍ਰਮੁੱਖ ਮੰਗਾਂ ਦਾ ਵਿਸਥਾਰ ਸਮਝਾਉਂਦਿਆਂ ਬਾਬਾ ਬਲਬੀਰ ਸਿੰਘ ਸੀਚੇਵਾਲ ਨੇ ਦੱਸਿਆ ਕਿ ਕਾਲਾ ਸੰਘਿਆ ਤੇ ਜਮਸ਼ੇਰ ਡਰੇਨਾ ਸਮੇਤ ਚਿੱਟੀ ਵੇਈਂ ਦਾ ਗੰਦਾ ਤੇ ਜਹਿਰੀਲਾ ਪਾਣੀ ਸਤਲੁਜ ਦਰਿਆ ਵਿੱਚ ਸੁੱਟਿਆ ਜਾ ਰਿਹਾ ਹੈ, ਜਿਸ ਨਾਲ ਮਾਲਵਾ ਤੇ ਰਾਜਸਥਾਨ ਦੇ ਲੋਕ ਕੈਂਸਰ, ਕਾਲਾ ਪੀਲੀਆ ਸਮੇਤ ਵੱਖ-ਵੱਖ ਭਿਆਨਕ ਬਿਮਾਰੀਆਂ ਦੇ ਸ਼ਿਕਾਰ ਹੋ ਰਹੇ ਹਨ।

ਜ਼ਹਿਰੀਲਾ ਪਾਣੀ ਧਰਤੀ ਹੇਠਲੇ ਪਾਣੀ ਨੂੰ ਵੀ ਪ੍ਰਦੂਸ਼ਿਤ ਕਰ ਰਿਹਾ ਹੈ। ਉਨ੍ਹਾਂ 1974 ਦੇ ਵਾਟਰ ਐਕਟ ਨੂੰ ਸਖਤੀ ਨਾਲ ਲਾਗੂ ਕਰਨ, ਪਾਣੀ ਦੇ ਕੁਦਰਤੀ ਸੋਮਿਆਂ ਦੇ ਸੁਧਾਰਾਂ ਲਈ ਲੋੜ ਮੁਤਾਬਕ ਟਰੀਟਮੈਂਟ ਪਲਾਂਟ ਲਾਉਣ, ਉਕਤ ਟਰੀਟਮੈਂਟ ਪਲਾਂਟਾਂ ਦਾ ਸੋਧਿਆ ਹੋਇਆ ਪਾਣੀ ਖੇਤੀ ਲਈ ਵਰਤਣ ਵਾਸਤੇ ਪ੍ਰਬੰਧ ਕਰਨ ਆਦਿਕ ਸਮੱਸਿਆਵਾਂ ਵੱਲ ਤੁਰੰਤ ਧਿਆਨ ਦੇਣ ਦੀ ਲੋੜ ਹੈ। ਬਾਬਾ ਸੀਚੇਵਾਲ ਨੇ ਦਾਅਵਾ ਕੀਤਾ ਕਿ ਪਿੰਡ ਸੀਚੇਵਾਲ, ਸੁਲਤਾਨਪੁਰ ਲੋਧੀ, ਦਸੂਹਾ ਤੇ ਫਗਵਾੜਾ ਆਦਿ ਇਲਾਕਿਆਂ ਤੇ ਕਸਬਿਆਂ ਦਾ ਸੋਧਿਆ ਹੋਇਆ ਪਾਣੀ ਖੇਤੀ ਲਈ ਵਰਤਿਆ ਜਾ ਰਿਹਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਜਿੰਦਰ ਸਿੰਘ ਬੱਬਲੂ ਬਰਾੜ ਪ੍ਰਧਾਨ ਟਰੱਕ ਯੂਨੀਅਨ, ਪਰਮਜੀਤ ਸਿੰਘ ਪੰਮਾ ਨੰਬਰਦਾਰ, ਸੰਦੀਪ ਸ਼ਰਮਾ, ਸੁਰਜੀਤ ਸਿੰਘ ਸੰਧੂ ਜ਼ਿਲ੍ਹਾ ਪ੍ਰਧਾਨ ਕਿਸਾਨ ਵਿੰਗ, ਸੁਖਪਾਲ ਸਿੰਘ ਪਾਲ ਫੱਤਣਵਾਲਾ, ਅਸ਼ੋਕ ਨਰੂਲਾ ਤੇ ਪਤਵੰਤੇ ਵਿਅਕਤੀ ਮੌਜੂਦ ਸਨ।

# ਡੀ ਟੀ ਐੱਫ਼ ਵੱਲੋਂ ਮਈ ਦਿਵਸ ਜਨਤਕ ਜਥੇਬੰਦੀਆਂ ਨਾਲ ਮਨਾਇਆ ਜਾਵੇਗਾ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਮਜ਼ਦੂਰ ਦਿਹਾੜੇ 'ਤੇ ਪੰਜਾਬ ਸਰਕਾਰ ਵੱਲੋਂ ਸਰਕਾਰੀ ਛੁੱਟੀ ਦਾ ਐਲਾਨ ਕੀਤਾ ਗਿਆ, ਪਰ ਹਰ ਦੀਵਾਲੀ-ਹੋਲੀ ਦੇ ਤਿਉਹਾਰਾਂ ਦੀ ਤਰ੍ਹਾਂ ਨਿੱਜੀ ਖੇਤਰਾਂ 'ਚ ਫੈਕਟਰੀਆਂ, ਉਦਯੋਗਾਂ, ਸਨਅਤੀ ਖੇਤਰਾਂ, ਮੰਡੀਆਂ ਵਿੱਚ ਕੰਮ ਕਰਦੇ ਮਜ਼ਦੂਰ ਤੇ ਪੱਲੇਦਾਰ ਮਈ ਦਿਵਸ 'ਤੇ ਦਿਹਾੜੀ 'ਤੇ ਜਾਣ ਲਈ ਮਜਬੂਰ ਹੋਣਗੇ। ਡੈਮੋਕ੍ਰੇਟਿਕ ਟੀਚਰਜ ਫਰੰਟ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਮੁੱਖ ਮੰਤਰੀ ਇਸ ਛੁੱਟੀ ਨੂੰ ਨਿੱਜੀ ਖੇਤਰਾਂ ਵਿੱਚ ਕੰਮ ਕਰਦੇ ਹਰ ਮਜ਼ਦੂਰ ਨੂੰ ਪੂਰੀ ਤਨਖਾਹ/ਦਿਹਾੜੀ ਸਮੇਤ ਲਾਗੂ ਕਰੇ ਤਾਂ ਜੁ ਸਦੀਆਂ ਤੋਂ ਮਿੱਟੀ ਨਾਲ ਮਿੱਟੀ ਤੇ ਮਸ਼ੀਨਾਂ ਨਾਲ ਮਸ਼ੀਨ ਬਣੇ ਮਜ਼ਦੂਰ ਘਰ ਰਹਿ ਕੇ ਆਪਣੇ ਪਰਵਾਰ ਤੇ ਬੱਚਿਆਂ ਨਾਲ ਛੁੱਟੀ ਦਾ ਆਨੰਦ ਮਾਣ ਸਕਣ।

ਬਠਿੰਡਾ ਜ਼ਿਲ੍ਹੇ ਦੇ ਪ੍ਰਧਾਨ ਰੇਸ਼ਮ ਸਿੰਘ, ਸਕੱਤਰ ਜਸਵਿੰਦਰ ਸੀਨੀਅਰ ਮੀਤ ਪ੍ਰਧਾਨ ਬਲਜਿੰਦਰ ਸਿੰਘ ਨੇ ਦੱਸਿਆ ਕਿ ਅਧਿਆਪਕਾਂ ਵੀ ਡੀ.ਟੀ.ਐੱਫ. ਦੀ ਅਗਵਾਈ ਵਿੱਚ ਜਥੇਬੰਦੀ ਦੀ ਸੂਬਾ ਕਮੇਟੀ ਦੇ ਫ਼ੈਸਲੇ ਨੂੰ ਲਾਗੂ ਕਰਦਿਆਂ ਜਨਤਕ ਜਥੇਬੰਦੀਆਂ ਨਾਲ ਮਿਲ ਕੇ ਸਾਂਝੇ ਰੂਪ ਵਿੱਚ ਪਹਿਲੀ ਮਈ ਨੂੰ ਮਈ ਦਿਵਸ ਮਨਾਏਗੀ। ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਪ੍ਰੀਤ ਖੇਮੂਆਣਾ ਤੇ ਮੀਤ ਪ੍ਰਧਾਨ ਵਿਕਾਸ ਗਰਗ ਰਾਮਪੁਰਾ ਨੇ ਦੱਸਿਆ ਕਿ ਬਠਿੰਡਾ ਜ਼ਿਲ੍ਹੇ ਦਾ ਜ਼ਿਲ੍ਹਾ ਪੱਧਰੀ ਮਜ਼ਦੂਰ ਦਿਵਸ ਜਨਤਕ ਜਥੇਬੰਦੀਆਂ ਨਾਲ ਮਿਲ ਕੇ ਗੁਰੂ ਹਰਗੋਬਿੰਦ ਥਰਮਲ ਪਲਾਂਟ ਲਹਿਰਾ ਮੁਹੱਬਤ ਵਿਖੇ ਮਨਾਇਆ ਜਾਵੇਗਾ।

ਜਥੇਬੰਦੀ ਦੇ ਜਥੇਬੰਦਕ ਸਕੱਤਰ ਕੁਲਵਿੰਦਰ ਵਿਰਕ ਨੇ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰ ਮਜ਼ਦੂਰਾਂ ਦਾ ਸਰਕਾਰੀ ਅਤੇ ਜਨਤਕ ਅਦਾਰਿਆਂ ਵਿੱਚ ਮਜ਼ਦੂਰਾਂ ਦੇ ਹੁੰਦੇ ਆਰਥਿਕ ਸੋਸ਼ਣ ਖਿਲਾਫ਼ ਸਖਤ ਕਾਨੂੰਨ ਬਣਾਇਆ ਜਾਵੇ।

# ਪਾਤੜਾਂ-ਪਟਿਆਲਾ ਸੜਕ 'ਤੇ ਤਿੰਨ ਕਾਰਾਂ 'ਚ ਟੱਕਰ, ਇੱਕ ਮੌਤ, ਪੰਜ ਜ਼ਖਮੀਂ



ਹਾਦਸੇ ਵਿੱਚ ਨੁਕਸਾਨੀ ਗਈ ਕਾਰ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਪਾਤੜਾਂ-ਪਟਿਆਲਾ ਮੁੱਖ ਮਾਰਗ 'ਤੇ ਪਿੰਡ ਕਕਰਾਲਾ ਦੇ ਨਜ਼ਦੀਕ ਸ਼ੁੱਕਰਵਾਰ ਦੁਪਹਿਰ ਸਮੇਂ ਤਿੰਨ ਕਾਰਾਂ ਦੇ ਆਪਸ ਵਿੱਚ ਟਕਰਾ ਜਾਣ ਕਾਰਨ ਵਾਪਰੇ ਦਰਦਨਾਕ ਹਾਦਸੇ ਵਿੱਚ ਇੱਕ ਸਕੂਲ ਅਧਿਆਪਕ ਦੀ ਮੌਤ ਹੋ ਗਈ, ਜਦੋਂ ਕਿ ਇੱਕ ਬੱਚੇ ਸਮੇਤ ਪੰਜ ਵਿਅਕਤੀ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਇਲਾਜ ਲਈ ਸਮਾਣਾ ਦੇ ਸਰਕਾਰੀ ਹਸਪਤਾਲ 'ਚ ਭਰਤੀ ਕਰਵਾਇਆ ਗਿਆ, ਜਿੱਥੇ ਇੱਕ ਦੀ ਗੰਭੀਰ ਹਾਲਤ ਨੂੰ ਦੇਖਦਿਆਂ ਉਸ ਨੂੰ ਪਟਿਆਲਾ ਰੈਫਰ ਕਰ ਦਿੱਤਾ ਗਿਆ ਹੈ। ਹਾਦਸੇ ਦਾ ਪਤਾ ਲੱਗਦੇ ਹੀ ਪੁਲਸ ਚੌਕੀ ਮਵੀ ਦੀ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਜਾਣਕਾਰੀ ਅਨੁਸਾਰ ਅਲਟੋ ਕਾਰ ਵਿੱਚ ਸਵਾਰ ਪਤੀ-ਪਤਨੀ ਤੇ ਉਨ੍ਹਾਂ ਦਾ ਬੱਚਾ ਪਟਿਆਲਾ ਤੋਂ ਪੁਲਸ ਥਾਣਾ ਖਨੌਰੀ ਅਧੀਨ ਪੈਂਦੇ ਗੁਲਾੜੀ ਵੱਲ ਆ ਰਹੇ ਸਨ ਕਿ ਪਿੱਛੇ ਤੋਂ ਆ ਰਹੇ ਦੋ ਵਾਹਨਾਂ ਨੇ ਟੱਕਰ ਮਾਰ ਦਿੱਤੀ, ਜਿਸ ਵਿੱਚ ਇੱਕ ਅਧਿਆਪਕ ਸੁਰਿੰਦਰ ਸਿੰਘ ਦੀ ਮੌਤ ਹੋ ਗਈ। ਉਸ ਦੀ ਪਤਨੀ ਤੇ ਬੱਚੇ ਜ਼ਖ਼ਮੀ ਹੋ ਗਏ ਹਨ। ਕਾਰ ਵਿੱਚ ਦੋ ਨੌਜਵਾਨ ਸਵਾਰ ਸਨ, ਜੋ ਕਿ ਨਰਵਾਣਾ ਤੋਂ ਚੰਡੀਗੜ੍ਹ ਜਾ ਰਹੇ ਸਨ। ਪੁਲਸ ਨੇ ਮੌਕੇ 'ਤੇ ਪਹੁੰਚ ਕੇ ਰਾਹਗੀਰਾਂ ਦੀ ਮਦਦ ਨਾਲ ਜ਼ਖਮੀ ਵਿਅਕਤੀਆਂ ਨੂੰ ਸਰਕਾਰੀ ਹਸਪਤਾਲ ਪਹੁੰਚਾਇਆ। ਡਾਕਟਰਾਂ ਨੇ ਮੁੱਢਲੀ ਸਹਾਇਤਾ ਦੇਣ ਤੋਂ ਬਾਅਦ ਗੰਭੀਰ ਹਾਲਤ ਨੂੰ ਦੇਖਦੇ ਹੋਏ ਪਟਿਆਲਾ ਲਈ ਰੈਫਰ ਕਰ ਦਿੱਤਾ। ਆਲਟੋ ਕਾਰ 'ਚ ਸਵਾਰ 8 ਸਾਲ ਦਾ ਜਸਪ੍ਰੀਤ ਸਿੰਘ ਪਿੰਡ ਗੁਲਾੜੀ ਦਾ ਰਹਿਣ ਵਾਲਾ ਸੀ। ਹਾਦਸੇ ਵਿੱਚ ਜ਼ਖਮੀ ਨੌਜਵਾਨ ਨੌਜਵਾਨ ਬੰਟੀ ਪਾਤੜਾਂ ਦਾ ਰਹਿਣ ਵਾਲਾ ਸੀ, ਉਸ ਨੂੰ ਪਟਿਆਲਾ ਰੈਫਰ ਕਰ ਦਿੱਤਾ ਗਿਆ ਹੈ। ਦੱਸਣਯੋਗ ਹੈ ਕਿ ਦਰਦਨਾਕ ਸੜਕ ਹਾਦਸੇ ਦਾ ਸ਼ਿਕਾਰ ਹੋਇਆ ਸਕੂਲ ਅਧਿਆਪਕ ਸੁਰਿੰਦਰ ਸਿੰਘ ਪਟਿਆਲਾ ਤੋਂ ਦਵਾਈ ਲੈ ਕੇ ਵਾਪਸ ਆਪਣੇ ਪਿੰਡ ਗੁਲਾੜੀ ਪਰਤ ਰਿਹਾ ਸੀ।

# ਸ਼ਹੀਦ ਜਗਜੀਤ ਸਿੰਘ ਜੱਗਾ ਦੀ ਯਾਦ 'ਚ ਬਣਨ ਵਾਲੇ ਯਾਦਗਾਰੀ ਗੇਟ ਲਈ ਚੈੱਕ ਭੇਟ



**ਮੋਗਾ (ਅਮਰਜੀਤ ਬੱਬਰੀ)** ਦੇਸ਼ ਦੀ ਸ਼ਾਨ ਲਈ ਸ਼ਹੀਦ ਹੋਏ ਸੈਨਿਕ ਜਗਜੀਤ ਸਿੰਘ ਜੱਗਾ ਸਾਫੂਵਾਲਾ ਦੀ ਯਾਦ ਵਿੱਚ ਪਿੰਡ ਸਾਫੂਵਾਲਾ ਵਿਖੇ ਬਣਨ ਵਾਲੇ ਯਾਦਗਾਰੀ ਗੇਟ ਲਈ 7 ਲੱਖ ਰੁਪਏ ਦੀ ਗ੍ਰਾਂਟ ਦਾ ਚੈੱਕ ਸ਼ਹੀਦ ਦੀ ਮਾਤਾ ਨੂੰ ਹਲਕਾ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਭੇਟ ਕੀਤਾ। ਇਸ ਤੋਂ ਪਹਿਲਾਂ ਪਿੰਡ ਸਾਫੂਵਾਲਾ ਵਿਖੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਪੁੱਜਣ 'ਤੇ ਪਿੰਡ ਨਿਵਾਸੀਆਂ, ਆਮ ਆਦਮੀ ਪਾਰਟੀ ਦੇ ਵਲੰਟੀਅਰਾਂ ਵੱਲੋਂ ਸਿਰੋਪਾ ਪਾ ਕੇ ਸਵਾਗਤ ਕਰਕੇ ਸਨਮਾਨਤ ਕੀਤਾ। ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਸੀਂ ਸ਼ਹੀਦਾਂ ਦੀ ਬਦੌਲਤ ਹੀ ਆਜ਼ਾਦੀ ਦਾ ਆਨੰਦ ਲੈ ਰਹੇ ਹਾਂ। ਉਨ੍ਹਾਂ ਕਿਹਾ ਕਿ ਸ਼ਹੀਦ ਸਾਡੇ ਦੇਸ਼ ਦਾ ਸਰਮਾਇਆ ਹੈ, ਜਿਨ੍ਹਾਂ ਦੀ ਕੁਰਬਾਨੀਆਂ ਨੂੰ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਸ਼ਹੀਦ ਸੈਨਿਕ ਜਗਜੀਤ ਸਿੰਘ ਜੱਗਾ ਦੀ ਯਾਦ ਵਿੱਚ ਯਾਦਗਾਰੀ ਗੇਟ ਪਿੰਡ ਸਾਫੂਵੀਲਾ ਵਿੱਚ ਬਣਾਉਣ ਲਈ 7 ਲੱਖ ਰੁਪਏ ਦੀ ਗ੍ਰਾਂਟ ਦਾ ਚੈੱਕ ਸ਼ਹੀਦ ਦੀ ਮਾਤਾ ਨੂੰ ਸੌਂਪਿਆ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸ਼ਹੀਦਾਂ ਦੇ ਪਰਵਾਰਾਂ ਦੇ ਨਾਲ ਹਮੇਸ਼ਾ ਖੜੀ ਹੈ ਅਤੇ ਉਨ੍ਹਾਂ ਦੇ ਨਾਲ ਮੋਢੇ ਨਾਲ ਮੋਢਾ ਮਿਲਾ ਕੇ ਚੱਲਦੀ ਰਹੇਗੀ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਕਿਸੇ ਪ੍ਰਕਾਰ ਦੀ ਸਮੱਸਿਆ ਪੇਸ਼ ਆਉਂਦੀ ਹੈ ਤਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਉਣ, ਜਿਸਦਾ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ।

# ਰਵਨੀਤ ਬਿੱਟੂ ਵੱਲੋਂ ਕੀਤੀ ਝੂਠੀ ਬਿਆਨਬਾਜ਼ੀ ਤੋਂ 'ਆਪ' ਆਗੂ ਭੜਕੇ

**ਜਗਰਾਓਂ (ਅਮਿਤ ਖੰਨਾ)**-ਲੋਕ ਸਭਾ ਹਲਕਾ ਲੁਧਿਆਣਾ ਤੋਂ ਕਾਂਗਰਸ ਪਾਰਟੀ ਦੇ ਮੈਂਬਰ ਪਾਰਲੀਮੈਂਟ ਰਵਨੀਤ ਸਿੰਘ ਬਿੱਟੂ ਵੱਲੋਂ ਟਰੱਕ ਯੂਨੀਅਨ ਜਗਰਾਉਂ ਦੇ ਚੱਲ ਰਹੇ ਵਿਵਾਦ ਦੌਰਾਨ ਹਲਕਾ ਜਗਰਾਉਂ ਦੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਤੇ ਉਨ੍ਹਾਂ ਦੇ ਪਤੀ ਪ੍ਰੋਫੈਸਰ ਸੁਖਵਿੰਦਰ ਸਿੰਘ ਵਿਰੁੱਧ ਕੀਤੀ ਗਈ ਬਿਆਨਬਾਜ਼ੀ ਤੇ ਲਗਾਏ ਗਏ ਦੋਸ਼ਾਂ ਤੋਂ ਆਮ ਆਦਮੀ ਪਾਰਟੀ ਹਲਕਾ ਜਗਰਾਉਂ ਦੇ ਆਗੂਆਂ ਦਾ ਗੁੱਸਾ ਸੱਤਵੇਂ ਅਸਮਾਨ ਉੱਪਰ ਜਾ ਚੜ੍ਹਿਆ ਹੈ। ਅੱਜ ਆਮ ਆਦਮੀ ਪਾਰਟੀ ਹਲਕਾ ਜਗਰਾਉਂ ਦੇ ਬਲਾਕ ਪ੍ਰਧਾਨਾਂ ਤੇ ਸਰਕਲ ਪ੍ਰਧਾਨਾਂ ਨੇ ਗੱਲਬਾਤ ਕਰਦਿਆਂ ਆਖਿਆ ਕਿ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਤੇ ਉਨ੍ਹਾਂ ਦੇ ਪਤੀ ਪ੍ਰੋਫੈਸਰ ਸੁਖਵਿੰਦਰ ਸਿੰਘ ਦਾ ਦਾਮਨ ਚਿੱਟੇ ਦੁੱਧ ਵਾਂਗ ਸਾਫ਼ ਹੈ। ਜੇਕਰ ਕੋਈ ਸੌੜੀ ਸਿਆਸਤ ਕਰਕੇ ਆਪਣੇ ਨਿੱਜੀ ਹਿੱਤਾਂ ਲਈ ਸਾਡੇ ਸਨਮਾਨਯੋਗ ਆਗੂਆਂ ਵਿਰੁੱਧ ਝੂਠੀ ਬਿਆਨਬਾਜ਼ੀ ਕਰੇਗਾ, ਉਹ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਦੋਸ਼ ਲਾਉਂਦਿਆਂ ਆਖਿਆ ਕਿ ਬਿੱਟੂ ਨੇ ਚੋਣਾਂ ਜਿੱਤਣ ਤੋਂ ਬਾਅਦ ਕਦੇ ਜਗਰਾਉਂ ਹਲਕੇ ਦਾ ਗੇੜਾ ਤੱਕ ਨਹੀਂ ਮਾਰਿਆ ਤੇ ਹੁਣ 2024 ਦੀਆਂ ਐੱਮ. ਪੀ. ਚੋਣਾਂ ਨੇੜੇ ਵੇਖ ਕੇ ਇਹ ਝੂਠੀ ਸਿਆਸਤ ਚਮਕਾਉਣ ਲੱਗ ਪਿਆ ਹੈ। ਬਲਾਕ ਪ੍ਰਧਾਨਾਂ ਤੇ ਸਰਕਲ ਪ੍ਰਧਾਨਾਂ ਨੇ ਰਵਨੀਤ ਬਿੱਟੂ ਨੂੰ ਸੁਆਲ ਕਰਦਿਆਂ ਆਖਿਆ ਕਿ ਐੱਮ. ਪੀ. ਬਿੱਟੂ ਦੂਜਿਆਂ 'ਤੇ ਦੋਸ਼ ਲਗਾਉਣ ਤੋਂ ਪਹਿਲਾਂ ਆਪਣੀ ਪੀੜ੍ਹੀ ਹੇਠਾਂ ਸੋਟਾ ਫੇਰੇ ਤੇ ਦੱਸੇ 9 ਸਾਲ ਐੱਮ. ਪੀ. ਰਹਿਣ ਦੇ ਬਾਵਜੂਦ ਲੁਧਿਆਣਾ ਲੋਕ ਸਭਾ ਹਲਕੇ ਲਈ ਕਿਹੜੇ ਪ੍ਰੋਜੈਕਟ ਲਿਆਂਦੇ ਤੇ ਜਗਰਾਉਂ ਹਲਕੇ ਅੰਦਰ ਐੱਮ. ਪੀ. ਕੋਟੇ ਵਿੱਚੋਂ ਕੀ ਕਰਵਾਇਆ ਹੈ? ਆਗੂਆਂ ਨੇ ਕਿਹਾ ਕਿ ਰਵਨੀਤ ਬਿੱਟੂ ਆਪਣੀ ਗੁਆਚੀ ਹੋਈ ਸਿਆਸੀ ਜ਼ਮੀਨ ਬਚਾਉਣ ਲਈ ਐੱਮ.ਐੱਲ.ਏ. ਬੀਬੀ ਮਾਣੂੰਕੇ ਤੇ ਉਨ੍ਹਾਂ ਦੇ ਪਤੀ ਪ੍ਰੋਫੈਸਰ ਸੁਖਵਿੰਦਰ ਸਿੰਘ ਉਪਰ ਝੂਠੇ ਦੋਸ਼ ਲਗਾ ਕੇ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ ਤੇ ਝੂਠੀ ਬਿਆਨਬਾਜ਼ੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਐੱਮ. ਪੀ. ਬਿੱਟੂ ਨੂੰ ਆੜੇ ਹੱਥੀਂ ਲੈਣ ਵਾਲਿਆਂ 'ਚ ਡਾਇਰੈਕਟਰ ਹਰਪ੍ਰੀਤ ਸਿੰਘ ਮਾਣੂੰਕੇ, ਕੋਆਰਡੀਨੇਟਰ ਕਮਲਜੀਤ ਸਿੰਘ ਹੰਸਰਾ, ਸਰਪੰਚ ਸੁਰਜੀਤ ਸਿੰਘ ਜਨੇਤਪੁਰਾ, ਛਿੰਦਰਪਾਲ ਸਿੰਘ ਮੀਨੀਆਂ, ਨਿਰਭੈ ਸਿੰਘ ਕਮਾਲਪੁਰਾ, ਗੁਰਪ੍ਰੀਤ ਸਿੰਘ ਨੋਨੀ (ਸਾਰੇ ਬਲਾਕ ਪ੍ਰਧਾਨ), ਕਰਤਾਰ ਸਿੰਘ ਸਵੱਦੀ, ਸੁਖਦੇਵ ਸਿੰਘ ਕਾਉਂਕੇ, ਗੁਰਪ੍ਰੀਤ ਸਿੰਘ ਡਾਂਗੀਆਂ, ਇੰਦਰਜੀਤ ਸਿੰਘ ਲੰਮੇ, ਮਿੰਟੂ ਮਾਣੂੰਕੇ, ਸਰੋਜ ਰਾਣੀ, ਬਲਜੀਤ ਸਿੰਘ ਸ਼ੇਖ ਦੌਲਤ, ਪਾਲੀ ਡੱਲਾ (ਸਾਰੇ ਸਰਕਲ ਪ੍ਰਧਾਨ), ਜਸਵਿੰਦਰ ਸਿੰਘ ਲੋਪੋਂ, ਡਾ. ਮਨਦੀਪ ਸਿੰਘ ਸਰਾਂ, ਸੋਨੀ ਕਾਉਂਕੇ, ਸਰਪੰਚ ਗੁਰਨਾਮ ਸਿੰਘ ਭੈਣੀ, ਲਖਵੀਰ ਸਿੰਘ ਲੱਖਾ, ਦੇਸ਼ਾ ਬਾਘੀਆਂ, ਐੱਸ. ਡੀ. ਰਸੂਲਪੁਰ, ਗੁਰਦੇਵ ਸਿੰਘ ਚਕਰ, ਡਾ. ਜਗਦੇਵ ਸਿੰਘ ਗਿੱਦੜਵਿੰਡੀ, ਸੁਭਾਸ਼ ਕੁਮਾਰ ਆਦਿ ਹਾਜ਼ਰ ਸਨ।



# ਆਬਕਾਰੀ ਤੇ ਕਰ ਵਿਭਾਗ ਦੇ ਚੌਥਾ ਦਰਜਾ ਮੁਲਾਜ਼ਮਾਂ ਵੱਲੋਂ ਅਫਸਰਸ਼ਾਹੀ ਦਾ ਪਿੱਟ-ਸਿਆਪਾ



**ਪਟਿਆਲਾ (ਨਵਾਂ ਜ਼ਮਾਨਾ ਸਰਵਿਸ)** ਆਬਕਾਰੀ ਤੇ ਕਰ ਵਿਭਾਗ ਪੰਜਾਬ ਵਿਚਲੇ ਚੌਥਾ ਦਰਜਾ ਕਰਮਚਾਰੀਆਂ ਨੇ ਆਪਣੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਰਾਜ ਕਰ ਕਮਿਸ਼ਨਰ ਦਫਤਰ ਅੱਗੇ ਵਿਸ਼ਾਲ ਧਰਨਾ ਦੇ ਕੇ ਵਿਭਾਗ ਦੀ ਅਫਸਰਸ਼ਾਹੀ ਦਾ ਪਿੱਟ ਸਿਆਪਾ ਕੀਤਾ ਤੇ ਰੈਲੀ ਕੀਤੀ।

ਇਸ ਮੌਕੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ ਵਿਸ਼ੇਸ਼ ਤੌਰ 'ਤੇ ਪਹੁੰਚੇ ਤੇ ਜ਼ਿਲ੍ਹਾ ਆਗੂ ਵੀ ਹਾਜ਼ਰ ਸਨ। ਵਿਭਾਗ ਦੀ ਕਮੇਟੀ ਦੇ ਚੇਅਰਮੈਨ ਵੇਦ ਪ੍ਰਕਾਸ਼, ਪ੍ਰਧਾਨ ਮੱਖਣ ਸਿੰਘ ਤੇ ਜਨਰਲ ਸਕੱਤਰ, ਮੇਘ ਰਾਜ ਤੇ ਗੋਪਾਲ ਕਿਸ਼ਨ, ਨਰੇਸ਼ ਕੁਮਾਰ ਨੇ ਦੱਸਿਆ ਕਿ ਵਿਭਾਗ ਵਿਚਲਿਆਂ ਚੌਥਾ ਦਰਜਾ ਮੁਲਾਜ਼ਮ, ਜੋ ਵਿੱਦਿਅਕ ਯੋਗਤਾ ਰੱਖਦੇ ਹਨ, ਨੂੰ ਤਰੱਕੀਆਂ ਨਹੀਂ ਦਿੱਤੀਆਂ ਜਾ ਰਹੀਆਂ। ਇਸ ਤਰ੍ਹਾਂ ਵਿਭਾਗ ਵਿਚਲੀਆਂ ਖਾਲੀ ਪਈਆਂ ਦਰਜਾ ਚਾਰ ਦੀਆਂ ਅਸਾਮੀਆਂ ਨੂੰ ਭਰਿਆ ਨਹੀਂ ਜਾ ਰਿਹਾ, ਜਿਸ ਕਰਕੇ ਬਾਕੀ ਕਰਮਚਾਰੀਆਂ 'ਤੇ ਕੰਮ ਦਾ ਬੋਝ ਵਧ ਰਿਹਾ ਹੈ। ਬਗਾਰ ਪ੍ਰਥਾ ਨੂੰ ਖਤਮ ਨਹੀਂ ਕੀਤਾ ਜਾ ਰਿਹਾ। ਕੱਚੇ ਕਰਮੀ ਪੱਕੇ ਨਹੀਂ ਕੀਤੇ ਜਾ ਰਹੇ, ਅਫਸਰਸ਼ਾਹੀ ਮੁਲਾਜ਼ਮਾਂ ਦੀਆਂ ਡਿਊਟੀਆਂ ਆਪਣੀ ਮਨ ਮਰਜ਼ੀ ਨਾਲ ਲਗਾ ਕੇ ਮੁਲਾਜ਼ਮਾਂ ਨੂੰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਵਰਦੀਆਂ ਵੀ ਨਹੀਂ ਮਿਲ ਰਹੀਆਂ ਆਦਿ ਇੱਕ ਦਰਜਨ ਮੰਗਾਂ ਸ਼ਾਮਲ ਹਨ।

ਧਰਨੇ ਨੂੰ ਬਲਜਿੰਦਰ ਸਿੰਘ, ਜਗਮੋਹਨ ਨੌਲੱਖਾ, ਮਾਧੋ ਲਾਲ ਰਾਹੀ, ਰਾਮ ਲਾਲ ਰਾਮਾ, ਨਾਰੰਗ ਸਿੰਘ, ਉਂਕਾਰ ਸਿੰਘ, ਪ੍ਰਕਾਸ਼ ਲੁਬਾਣਾ, ਸ਼ਿਵ ਚਰਨ, ਬਲਬੀਰ ਸਿੰਘ, ਕੁਲਵਿੰਦਰ ਸਿੰਘ, ਤਰਲੋਚਨ ਮਾੜੂ, ਮੋਧ ਨਾਥ, ਦਲਜੀਤ ਸਿੰਘ, ਸੋਹਨ ਸਿੰਘ, ਸ਼ਾਮ ਸਿੰਘ, ਇੰਦਰਪਾਲ ਸਿੰਘ, ਤਰਲੋਚਨ ਰਾਜਪੁਰਾ, ਦਿਆ ਸ਼ੰਕਰ, ਦਿਲਬਾਗ ਸਿੰਘ, ਸਤਿਨਰਾਇਣ ਗੋਨੀ ਆਦਿ ਮੁਲਾਜ਼ਮ ਆਗੂਆਂ ਨੇ ਵੀ ਸੰਬੋਧਨ ਕੀਤਾ।

# 392ਵੇਂ ਦਿਨ ਵੀ ਥਾਣੇ ਅੱਗੇ ਲਾਇਆ ਧਰਨਾ

### ਮਈ ਦਿਵਸ ਥਾਣੇ ਮੂਹਰੇ ਹੀ ਮਨਾਇਆ ਜਾਵੇਗਾ



ਜਗਰਾਉਂ (ਨਛੱਤਰ ਸੰਧੂ, ਅਮਿਤ ਖੰਨਾ)

ਇਲਾਕੇ ਦੀਆਂ ਧਰਨਾਕਾਰੀ ਜਨਤਕ ਜਥੇਬੰਦੀਆਂ ਵੱਲੋਂ ਪੁਲਸ ਅੱਤਿਆਚਾਰ ਖਿਲਾਫ਼ ਥਾਣਾ ਸਿਟੀ ਮੂਹਰੇ ਆਰੰਭ ਕੀਤਾ ਅਣਮਿਥੇ ਸਮੇਂ ਦਾ ਧਰਨਾ 392ਵੇਂ ਦਿਨ ਵੀ ਜਾਰੀ ਰਿਹਾ।

ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਤਰਲੋਚਨ ਸਿੰਘ ਝੋਰੜਾਂ ਨੇ ਕਿਹਾ ਕਿ ਪਿਛਲੇ ਸਾਲ ਦੀ ਤਰ੍ਹਾਂ ਇਸ ਵਾਰ ਵੀ ਪਹਿਲੀ ਮਈ ਦਾ ਕੌਮਾਂਤਰੀ ਮਜ਼ਦੂਰ ਦਿਹਾੜਾ ਥਾਣਾ ਸਿਟੀ ਮੂਹਰੇ ਚੱਲ ਰਹੇ ਅਣਮਿੱਥੇ ਸਮੇਂ ਦੇ ਧਰਨੇ ਵਿੱਚ ਹੀ ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਮਈ ਦਿਵਸ ਮਜ਼ਦੂਰਾਂ ਦਾ ਦਿਨ ਹੈ, ਜੋ ਪੂਰੀ ਦੁਨੀਆ ਵਿੱਚ ਕਿਰਤੀ ਲੋਕਾਂ ਵੱਲੋਂ ਸਿਰ ਜੋੜ ਕੇ ਸਾਮਰਾਜਵਾਦ ਦੇ ਖਿਲਾਫ ਮਨਾਇਆ ਜਾਂਦਾ ਹੈ। ਦਸਮੇਸ ਕਿਸਾਨ ਮਜ਼ਦੂਰ ਯੂਨੀਅਨ (ਰਜ਼ਿ:) ਦੇ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ ਤੇ ਸਕੱਤਰ ਜਸਦੇਵ ਸਿੰਘ ਲਲਤੋਂ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਪੰਜਾਬ ਦੀ ਮੌਜੂਦਾ ਸਰਕਾਰ ਵੀ ਸਾਮਰਾਜ ਪੱਖੀ ਸਰਕਾਰ ਹੈ, ਜਿਸ ਨੂੰ ਸਵਾ ਸਾਲ ਤੋਂ ਨਿਆਂ ਮੰਗਦੇ ਕਿਰਤੀ ਲੋਕ ਨਜ਼ਰ ਨਹੀਂ ਆ ਰਹੇ।

ਉਨ੍ਹਾਂ ਹੈਰਾਨੀ ਪ੍ਰਗਟਾਉਂਦਿਆ ਕਿਹਾ ਕਿ ਆਮ ਲੋਕਾਂ ਦੀ ਸਰਕਾਰ ਦਾ ਦਾਅਵਾ ਕਰਨ ਵਾਲੀ ਭਗਵੰਤ ਮਾਨ ਸਰਕਾਰ ਹੁਣ ਤੱਕ ਦੀ ਸਭ ਤੋਂ ਨਖਿੱਧ ਸਰਕਾਰ ਹੈ। ਰਸੂਲਪੁਰ ਨੇ ਦੋਸ਼ ਲਾਇਆ ਕਿ ਤਫ਼ਤੀਸ਼ੀ ਅਧਿਕਾਰੀ ਏ.ਆਈ.ਜੀ. ਕ੍ਰਾਇਮ ਜਲੰਧਰ ਨੇ ਜਿਸ ਤਰੀਕੇ ਦੀ ਮੁਕੱਦਮੇ ਨੂੰ ਖਾਰਜ ਕਰਨ ਦੀ ਰਿਪੋਰਟ ਤਿਆਰ ਕੀਤੀ ਹੈ, ਉਸ ਨੂੰ ਪੜ੍ਹ ਕੇ ਤਫ਼ਤੀਸ਼ੀ ਤੇ ਦੋਸ਼ੀਆਂ ਦਰਮਿਆਨ ਕਥਿਤ ਮਿਲੀਭੁਗਤ ਸਾਫ਼ ਝਲਕ ਰਹੀ ਹੈ। ਦੱਸਣਯੋਗ ਹੈ ਕਿ ਰਸੂਲਪੁਰ ਪਿੰਡ ਦੀ ਧੀ ਕੁਲਵੰਤ ਕੌਰ ਨੂੰ ਨਜਾਇਜ਼ ਹਿਰਾਸਤ ਕਰੰਟ ਲਾ ਕੇ ਮੌਤ ਦੇ ਮੂੰਹ 'ਚ ਧੱਕਣ ਸਬੰਧੀ ਦਰਜ ਮੁਕੱਦਮੇ 'ਚ ਨਾਮਜ਼ਦ ਡੀਐਸਪੀ, ਐਸਆਈ, ਸਰਪੰਚ ਤੇ ਪੰਚ ਖਿਲਾਫ਼ ਮੁਕੱਦਮਾ ਦਰਜ ਹੋਣ ਤੋਂ ਬਾਅਦ ਕੌਮੀ ਅਨੁਸੂਚਿਤ ਜਾਤੀਆਂ ਕਮਿਸਨ ਦਿੱਲੀ ਦੇ ਹੁਕਮਾਂ ਅਨੁਸਾਰ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ ਅਤੇ ਪੀੜ੍ਹਤ ਪਰਵਾਰ ਤੇ ਇਨਸਾਫ਼ਪਸੰਦ ਲੋਕ ਸਵਾ ਸਾਲ ਤੋਂ ਥਾਣੇ ਮੂਹਰੇ ਧਰਨਾ ਲਾਈ ਬੈਠਾ ਹਨ।

# ਗੰਦੇ ਪਾਣੀ ਦੀ ਸਮੱਸਿਆ ਦੇ ਹੱਲ ਲਈ ਰੋਸ ਮਾਰਚ



**ਮੂਨਕ (ਰਾਜਪਾਲ ਸਿੰਗਲਾ)**-ਸ਼ਹਿਰ ਵਿੱਚ ਗੰਦੇ ਪਾਣੀ ਦੀ ਸਮੱਸਿਆ ਨੂੰ ਲੈ ਕੇ ਪਿਛਲੇ ਪੰਜ ਦਿਨਾਂ ਤੋਂ ਲਗਾਤਾਰ ਨਗਰ ਪੰਚਾਇਤ ਦੇ ਦਫ਼ਤਰ ਦੇ ਅੱਗੇ ਦਿੱਤੇ ਜਾ ਰਹੇ ਧਰਨੇ ਦੌਰਾਨ ਕੋਈ ਮਸਲਾ ਹੱਲ ਨਾ ਹੋਣ ਦੇ ਕਾਰਨ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਸਹਿਯੋਗ ਨਾਲ ਸ਼ਹਿਰ ਦੇ ਲੋਕਾਂ ਨੇ ਸੰਘਰਸ਼ ਨੂੰ ਹੋਰ ਤੇਜ਼ ਕਰਦੇ ਹੋਏ ਇਹ ਧਰਨਾ ਰੋਸ ਮਾਰਚ ਦਾ ਰੂਪ ਧਾਰਨ ਕਰ ਗਿਆ। ਇਹ ਰੋਸ ਧਰਨਾ ਮੂਨਕ ਵਾਸੀ ਰਿੰਕੂ ਸੈਣੀ ਅਗਵਾਈ ਹੇਠ ਪੰਜਾਬ ਸਰਕਾਰ, ਸਬੰਧਤ ਪ੍ਰਸ਼ਾਸਨ ਤੇ ਹਲਕਾ ਵਿਧਾਇਕ ਬਰਿੰਦਰ ਗੋਇਲ ਦੇ ਖਿਲਾਫ਼ ਜੰਮ ਕੇ ਨਾਅਰੇਬਾਜ਼ੀ ਕਰਦੇ ਹੋਏ ਮੇਨ ਬਜ਼ਾਰ ਹੁੰਦਾ ਹੋਇਆ ਸ਼ਹਿਰ ਦੇ ਮੇਨ ਬੈਰਿਅਰ ਚੌਕ ਵਿੱਚ ਧਰਨਾ ਲਾ ਕੇ ਸਾਰੇ ਪਾਸੋਂ ਰੋਡ ਜਾਮ ਕਰ ਦਿੱਤਾ ਗਿਆ। ਇਸ ਰੋਡ ਜਾਮ ਹੋਣ ਦੇ ਕਾਰਨ ਪ੍ਰੇਸ਼ਾਨ ਹੋਏ ਆਉਣ-ਜਾਣ ਵਾਲੇ ਲੋਕਾਂ ਦੀ ਧਰਨਾਕਾਰੀਆਂ ਨਾਲ ਆਪਸੀ ਤੂੰ-ਤੂੰ, ਮੈਂ-ਮੈਂ ਹੁੰਦੀ ਵੀ ਦੇਖੀ ਗਈ। ਇਸ ਮੌਕੇ ਰੋਸ ਵਜੋਂ ਹਲਕਾ ਵਿਧਾਇਕ ਬਰਿੰਦਰ ਗੋਇਲ ਦਾ ਪੁਤਲਾ ਫੂਕ ਕੇ ਪਿੱਟ ਸਿਆਪਾ ਕੀਤਾ ਗਿਆ। ਇਸ ਦੇ ਨਾਲ ਹੀ ਕਿਹਾ ਕਿ ਜੇਕਰ ਮਸਲਾ ਹੱਲ ਨਾ ਹੋਇਆ ਤਾਂ ਦੋ ਦਿਨਾਂ ਤੱਕ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

# ਭਲਾਈ ਕਾਰਜ ਪਰਿਵਾਰਕ ਸਹਿਮਤੀ ਤੋਂ ਬਿਨਾਂ ਸੰਭਵ ਨਹੀਂ : ਮਾਨਸ਼ਾਹੀਆ

### ਖਾਰਾ ਵਿਖੇ ਸਿਲਾਈ-ਕਢਾਈ ਸਿੱਖ ਰਹੀਆਂ ਲੜਕੀਆਂ ਨੂੰ ਸਿਲਾਈ ਮਸ਼ੀਨਾਂ ਵੰਡੀਆਂ



ਮਾਨਸਾ (ਆਤਮਾ ਸਿੰਘ ਪਮਾਰ)

ਸਾਬਕਾ ਵਿਧਾਇਕ ਸ੍ਰ. ਨਾਜਰ ਸਿੰਘ ਮਾਨਸ਼ਾਹੀਆ ਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਪਹਿਲਾਂ ਦੀ ਤਰ੍ਹਾਂ ਲੋੜਵੰਦ ਔਰਤਾਂ ਤੇ ਅਪੰਗ ਵਿਅਕਤੀਆਂ ਨੂੰ ਸਿਲਾਈ ਮਸ਼ੀਨਾਂ ਤੇ ਟਰਾਈ ਸਾਈਕਲ ਵੰਡਣ ਦਾ ਸਿਲਸਲਾ ਬਾਦਸਤੂਰ ਜਾਰੀ ਹੈ, ਜਿਸ ਕਰਕੇ ਵਿਧਾਨ ਸਭਾ ਹਲਕਾ ਮਾਨਸਾ ਦੀਆਂ ਸੈਂਕੜੇ ਔਰਤਾਂ ਰੁਜ਼ਗਾਰ ਚਲਾ ਕੇ ਆਪਣੇ ਪੈਰਾਂ 'ਤੇ ਖੜ੍ਹੀਆਂ ਹੋ ਗਈਆਂ ਹਨ। ਉਨ੍ਹਾ ਮਾਨਸਾ ਹਲਕੇ ਦੇ ਪਿੰਡ ਖਾਰਾ ਵਿਖੇ ਪਹੁੰਚ ਕੇ ਸਿਲਾਈ ਕਢਾਈ ਸਿੱਖ ਰਹੀਆਂ 15 ਲੜਕੀਆਂ ਨੂੰ ਸਬੰਧਤ ਸੈਂਟਰ ਵਿੱਚ ਜਾ ਕੇ ਸਿਲਾਈ ਮਸ਼ੀਨਾਂ ਤਕਸੀਮ ਕੀਤੀਆਂ।

ਇਸ ਸਮੇਂ ਗੱਲਬਾਤ ਕਰਦਿਆਂ ਮਾਨਸ਼ਾਹੀਆ ਨੇ ਦੱਸਿਆ ਕਿ ਭਲਾਈ ਕਾਰਜ ਸਾਡੇ ਪਰਿਵਾਰ ਨੂੰ ਵਿਰਾਸਤ ਵਿੱਚੋਂ ਹੀ ਮਿਲੇ ਹਨ, ਜਿਸ ਨੂੰ ਆਪਣੀ ਸਮਰੱਥਾ ਅਨੁਸਾਰ ਪਰਿਵਾਰਕ ਮੈਂਬਰਾਂ ਦੀ ਸਹਿਮਤੀ ਨਾਲ ਬਾਦਸਤੂਰ ਜਾਰੀ ਰੱਖਣ ਦਾ ਨਿਮਾਣਾ ਜਿਹਾ ਯਤਨ ਕਰ ਰਹੇ ਹਾਂ। ਉਨ੍ਹਾ ਸਪੱਸ਼ਟ ਕੀਤਾ ਕਿ ਅਜਿਹੇ ਕਾਰਜ ਪਰਿਵਾਰਕ ਸਹਿਮਤੀ ਤੋਂ ਬਿਨਾਂ ਸੰਭਵ ਹੀ ਨਹੀਂ। ਇਸ ਸਮੇਂ ਸੰਦੀਪ ਸਿੰਘ ਘੰਡ ਪ੍ਰੋਗਰਾਮ ਅਫਸਰ, ਸਰਬਜੀਤ ਸਿੰਘ ਜ਼ਿਲ੍ਹਾ ਯੂਥ ਅਫਸਰ, ਐਡਵੋਕੇਟ ਸਿਮਰਜੀਤ ਸਿੰਘ ਮਾਨਸ਼ਾਹੀਆ ਚੇਅਰਮੈਨ ਗੁਰੂ ਤੇਗ ਬਹਾਦਰ ਭਲਾਈ ਸੁਸਾਇਟੀ ਮਾਨਸਾ, ਸੰਤ ਪਰਮਾ ਨੰਦ ਡੇਰਾ ਬਾਬਾ ਗੁਲਾਬ ਪੁਰੀ, ਕਲੱਬ ਪ੍ਰਧਾਨ ਦੀਦਾਰ ਸਿੰਘ ਖਾਰਾ, ਮੱਖਣ ਸਿੰਘ ਚੱਠਾ, ਮਾਸਟਰ ਚਮਕੌਰ ਸਿੰਘ, ਹਰਦੀਪ ਸਿੰਘ ਸਿੱਧੂ, ਸਿਲਾਈ ਸੈਂਟਰ ਇੰਚਾਰਜ ਸਰਬਜੀਤ ਕੌਰ, ਮਨੋਜ ਕੁਮਾਰ, ਜ਼ੋਨੀ ਗਰਗ ਤੇ ਪਿੰਡ ਦੇ ਪਤਵੰਤੇ ਸੱਜਣ ਹਾਜ਼ਰ ਸਨ।

## ਕਾਤਰਾਂ

### ਆਂਗਨਵਾੜੀ ਮੁਲਾਜ਼ਮ ਪਹਿਲੀ ਨੂੰ ਭੇਜਣਗੇ ਮੰਤਰੀ ਦੇ ਨਾਂਅ ਧਰਨੇ ਦਾ ਨੋਟਿਸ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਆਲ ਪੰਜਾਬ ਆਂਗਨਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਦੀ ਅਗਵਾਈ ਹੇਠ ਸੂਬੇ ਭਰ ਵਿੱਚ 1 ਮਈ ਨੂੰ ਸੀਡੀਪੀਓ ਰਾਹੀਂ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੀ ਮੰਤਰੀ ਡਾਕਟਰ ਬਲਜੀਤ ਕੌਰ ਨੂੰ ਧਰਨੇ ਦਾ ਨੋਟਿਸ ਭੇਜਿਆ ਜਾਵੇਗਾ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਮੰਤਰੀ ਦੇ ਘਰ ਅੱਗੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਇਹ ਜਾਣਕਾਰੀ ਯੂਨੀਅਨ ਦੀ ਜ਼ਿਲ੍ਹਾ ਪ੍ਰਧਾਨ ਸ਼ੀਲਾ ਰਾਣੀ ਨੇ ਦਿੱਤੀ।ਉਨ੍ਹਾਂ ਕਿਹਾ ਕਿ ਯੂਨੀਅਨ ਦੀ ਮੰਗ ਹੈ ਕਿ ਆਂਗਨਵਾੜੀ ਵਰਕਰਾਂ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ ਤੇ ਹੈਲਪਰਾਂ ਨੂੰ ਚੌਥੇ ਦਰਜੇ ਦਾ ਗਰੇਡ ਦਿੱਤਾ ਜਾਵੇ।ਉਨ੍ਹਾ ਕਿਹਾ ਕਿ 2017 ਤੋਂ ਆਂਗਨਵਾੜੀ ਸੈਂਟਰਾਂ ਦੇ ਖੋਹੇ ਹੋਏ ਬੱਚੇ ਵਾਪਸ ਆਂਗਨਵਾੜੀ ਸੈਂਟਰਾਂ ਵਿੱਚ ਭੇਜੇ ਜਾਣ।ਗਰਮੀਆਂ ਦੀਆਂ ਛੁੱਟੀਆਂ ਸਰਕਾਰੀ ਪ੍ਰਾਇਮਰੀ ਸਕੂਲਾਂ ਦੇ ਬੱਚਿਆਂ ਦੇ ਬਰਾਬਰ ਕੀਤੀਆਂ ਜਾਣ, ਕਿਉਂਕਿ ਬਹੁਤ ਸਾਰੇ ਆਂਗਨਵਾੜੀ ਸੈਂਟਰ ਸਰਕਾਰੀ ਸਕੂਲਾਂ 'ਚ ਚਲਦੇ ਹਨ।ਜਦ ਸਕੂਲ ਬੰਦ ਹੋ ਜਾਂਦੇ ਹਨ ਤਾਂ ਵਰਕਰਾਂ ਤੇ ਹੈਲਪਰਾਂ ਨੂੰ ਔਖ ਆਉਂਦੀ ਹੈ।ਵਰਕਰਾਂ ਤੇ ਹੈਲਪਰਾਂ ਦੀ ਭਰਤੀ 'ਚ ਸੋਧਾਂ ਕੀਤੀਆਂ ਜਾਣ।ਇਸ ਮੌਕੇ ਹੋਰ ਵੀ ਆਂਗਨਵਾੜੀ ਵਰਕਰਾਂ ਮੌਜੂਦ ਸਨ।

### ਨਜਾਇਜ਼ ਸ਼ਰਾਬ ਸਣੇ ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਦੀ ਪੁਲਸ ਨੇ ਸਵਾ 20 ਬੋਤਲਾਂ ਨਜਾਇਜ਼ ਸ਼ਰਾਬ ਸਣੇ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਜਾਣਕਾਰੀ ਦੇ ਅਨੁਸਾਰ ਸਹਾਇਕ ਥਾਣੇਦਾਰ ਮੱਖਣ ਸਿੰਘ ਸਾਥੀ ਕਰਮਚਾਰੀਆਂ ਨਾਲ ਗਸ਼ਤ ਦੌਰਾਨ ਪਿੰਡ ਚੱਕ ਕਾਠਗੜ੍ਹ ਉਰਫ ਹਿਸਾਨਵਾਲਾ ਵਿਖੇ ਪੁੱਜੇ ਤਾਂ ਮੁਖ਼ਬਰ ਖਾਸ ਪਾਸੋਂ ਇਤਲਾਹ ਮਿਲੀ ਕਿ ਬਲਕਾਰ ਸਿੰਘ ਨਜਾਇਜ਼ ਸ਼ਰਾਬ ਕੱਢਣ ਤੇ ਵੇਚਣ ਦਾ ਆਦੀ ਹੈ, ਜੇਕਰ ਹੁਣੇ ਇਸ ਦੇ ਘਰ ਰੇਡ ਕੀਤੀ ਜਾਵੇ ਤਾਂ ਰੰਗੇ ਹੱਥੀਂ ਕਾਬੂ ਆ ਸਕਦਾ ਹੈ। ਇਸ ਉਪਰੰਤ ਛਾਪੇਮਾਰੀ ਕਰਕੇ ਬਲਕਾਰ ਸਿੰਘ ਪੁੱਤਰ ਬੰਗੀਚਾ ਸਿੰਘ ਵਾਸੀ ਚੱਕ ਕਾਠਗੜ੍ਹ ਉਰਫ ਹਿਸਾਨਵਾਲਾ ਨੂੰ ਸਵਾ 20 ਬੋਤਲਾਂ ਨਜਾਇਜ਼ ਸ਼ਰਾਬ ਸਣੇ ਕਾਬੂ ਕਰਕੇ ਉਸ ਖਿਲਾਫ ਪੁਲਸ ਨੇ ਮੁਕੱਦਮਾ ਦਰਜ ਕਰ ਲਿਆ ਹੈ।

### ਟੈਕਸ ਬਾਰ ਐਸੋਸੀਏਸ਼ਨ ਨੇ ਇਨਕਮ ਟੈਕਸ ਅਧਿਕਾਰੀ ਨੂੰ ਦਿੱਤਾ ਮੰਗ ਪੱਤਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਅੰਦਰ ਇਨਕਮ ਟੈਕਸ ਵਿਭਾਗ ਨੂੰ ਫ਼ਰਜ਼ੀ ਤਰੀਕੇ ਨਾਲ 2 ਕਰੋੜ ਦੀ ਠੱਗੀ ਉਪਰੰਤ ਟੈਕਸ ਬਾਰ ਐਸੋਸੀਏਸ਼ਨ ਨੇ ਅਣ-ਅਧਿਕਾਰਤ ਤੇ ਅਯੋਗ ਵਿਅਕਤੀਆਂ ਰਾਹੀਂ ਫਾਈਲ ਕੀਤੀਆਂ ਜਾਂਦੀਆਂ ਰਿਟਰਨਾਂ 'ਤੇ ਰੋਕ ਲਗਾਉਣ ਦੀ ਮੰਗ ਕੀਤੀ ਹੈ। ਜਾਣਕਾਰੀ ਅਨੁਸਾਰ ਟੈਕਸ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਸੁਨੀਲ ਗਾਖੜ, ਉੱਪ-ਪ੍ਰਧਾਨ ਅਨੁਜ ਅਸ਼ਵਨੀ, ਸਕੱਤਰ ਸੁਨੀਲ ਨਰੂਲਾ ਤੇ ਖ਼ਜ਼ਾਨਚੀ ਕਿਰਤੀ ਨਰੂਲਾ ਦਾ ਇੱਕ ਵਫ਼ਦ ਇਨਕਮ ਟੈਕਸ ਅਧਿਕਾਰੀ ਨੂੰ ਮਿਲਿਆ। ਵਫ਼ਦ ਨੇ ਦੱਸਿਆ ਕਿ ਪ੍ਰਿੰਸ ਚੋਪੜਾ ਨਾਂਅ ਦੇ ਵਿਅਕਤੀ ਨੇ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਦੇ ਟੀ ਡੀ ਐੱਸ ਤੇ ਇਨਕਮ ਟੈਕਸ ਰਿਟਰਨ ਨੂੰ ਗੈਰ-ਕਾਨੂੰਨੀ ਢੰਗ ਨਾਲ ਫਾਈਲ ਕਰਕੇ 2 ਕਰੋੜ ਰੁਪਏ ਦੇ ਇਨਕਮ ਟੈਕਸ ਰਿਫੰਡ ਦੀ ਠੱਗੀ ਕੀਤੀ ਹੈ, ਜਿਸ ਨਾਲ ਆਮਦਨ ਕਰ ਵਿਭਾਗ ਦੇ ਨਾਲ-ਨਾਲ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਨੂੰ ਭਾਰੀ ਨੁਕਸਾਨ ਹੋਇਆ ਹੈ। ਇਸ ਸੰਬੰਧੀ 25 ਅਪ੍ਰੈਲ ਨੂੰ ਟੈਕਸੇਸ਼ਨ ਬਾਰ ਐਸੋਸੀਏਸ਼ਨ ਦੀ ਮੀਟਿੰਗ ਹੋਈ, ਜਿਸ 'ਚ ਸਰਬਸੰਮਤੀ ਨਾਲ ਫ਼ੈਸਲਾ ਕੀਤਾ ਗਿਆ ਕਿ ਹਾਲ ਹੀ ਦੇ ਮਾਮਲੇ ਸਬੰਧੀ ਇਨਕਮ ਟੈਕਸ ਵਿਭਾਗ ਨੂੰ ਮੰਗ-ਪੱਤਰ ਦਿੱਤਾ ਜਾਵੇਗਾ ਤੇ ਵਿਭਾਗ ਨੂੰ ਅਣ-ਅਧਿਕਾਰਤ ਅਤੇ ਅਯੋਗ ਵਿਅਕਤੀਆਂ ਬਾਰੇ ਵੀ ਜਾਣੂ ਕਰਵਾਇਆ ਜਾਵੇਗਾ, ਜੋ ਅਜੇ ਵੀ ਫ਼ਿਰੋਜ਼ਪੁਰ 'ਚ ਬਿਨਾਂ ਕਿਸੇ ਪੇਸ਼ੇਵਰ ਯੋਗਤਾ/ਡਿਗਰੀ ਦੇ ਟੈਕਸੇਸ਼ਨ ਦਾ ਕੰਮ ਕਰ ਰਹੇ ਹਨ, ਜਿਸ 'ਚ ਕੁਝ ਕੰਪਿਊਟਰ ਕੈਫ਼ੇ ਤੇ ਕੁਝ ਲੇਖਾਕਾਰ ਵੀ ਸ਼ਾਮਲ ਹਨ। ਟੈਕਸ ਬਾਰ ਐਸੋਸੀਏਸ਼ਨ ਫ਼ਿਰੋਜ਼ਪੁਰ ਨੇ ਮੰਗ ਕੀਤੀ ਕਿ ਅਜਿਹੇ ਵਿਅਕਤੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ ਤਾਂ ਕਿ ਲੋਕਾਂ ਦੇ ਨਾਲ-ਨਾਲ ਵਿਭਾਗ ਨੂੰ ਬਚਾਇਆ ਜਾ ਸਕੇ।

### ਅੱਜ ਬਿਜਲੀ ਬੰਦ ਰਹੇਗੀ

**ਤਲਵੰਡੀ ਸਾਬੋ (ਜਗਦੀਪ ਗਿੱਲ)**-ਸਪਲਾਈ ਲਾਈਨਾਂ ਦੀ ਰਪੇਅਰ ਦੇ ਚਲਦਿਆਂ 29 ਅਪ੍ਰੈਲ 2023 ਦਿਨ ਸ਼ਨੀਵਾਰ ਨੂੰ 220 ਕੇ ਵੀ ਏ ਗਰਿਡ ਤਲਵੰਡੀ ਸਾਬੋ ਤੋਂ ਚਲਦੇ ਗੁਰੂਸਰ +400 ਕੇ ਵੀ ਏ ਗਰਿਡ ਤਿਉਣਾ, ਸੰਗਤ, ਤੁੰਗਾਲੀ, ਗਾਟਵਾਲੀ, ਜੋਗੇਵਾਲਾ ਤੇ ਰਾਮਾਂ ਰੋਡ ਕੈਟਾਗਰੀ-1 ਮੌੜ ਰੋਡ ਲਾਈਨ ਦੀ ਜ਼ਰੂਰੀ ਮੈਨਟੀਨੈਂਸ ਕਰਨ ਲਈ ਬਿਜਲੀ ਸਪਲਾਈ ਬੰਦ ਕੀਤੀ ਜਾਵੇਗੀ, ਜੋ ਸਵੇਰੇ 9:00 ਵਜੇ ਤੋਂ ਸ਼ਾਮ 5:00 ਵਜੇ ਤੱਕ ਬੰਦ ਰਹੇਗੀ। ਇਹ ਜਾਣਕਾਰੀ ਇੰਜ: ਅਮਨਦੀਪ ਸਹਾਇਕ ਕਾਰਜਕਾਰੀ ਇੰਜੀਨੀਅਰ ਵੰਡ ਉਪ-ਮੰਡਲ ਤਲਵੰਡੀ ਸਾਬੋ ਨੇ ਦਿੱਤੀ ਹੈ।

# ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਹੁਣ 4 ਮਈ ਨੂੰ ਜਲੰਧਰ 'ਚ ਕਰਨਗੇ ਪੋਲ ਖੋਲ੍ਹ ਰੈਲੀ



**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਕੌਰ ਉਟਾਲ ਤੇ ਹੋਰ ਆਗੂ ਸਾਥੀਆਂ ਵੱਲੋਂ ਸੰਗਰੂਰ ਜ਼ਿਮਨੀ ਚੋਣਾਂ ਜਲੰਧਰ ਵਿਖੇ ਸੂਬਾ ਕਮੇਟੀ ਮੈਂਬਰਾਨ ਵੱਲੋਂ 29 ਅਪ੍ਰੈਲ ਦੀ ਬਜਾਏ ਹੁਣ ਚਾਰ ਮਈ ਨੂੰ ਕੀਤੀ ਜਾਣ ਵਾਲੀ ਪੰਜਾਬ ਸਰਕਾਰ ਦੇ ਝੂਠੇ ਵਾਅਦਿਆਂ ਦੀ ਪੋਲ ਖੋਲ੍ਹ ਰੈਲੀ ਵਿੱਚ ਹਰ ਕੱਚੇ ਵਰਕਰ ਨੂੰ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਵੀ ਪਹਿਲੀਆਂ ਸਰਕਾਰਾਂ ਵਾਂਗੂੰ ਵੋਟਾਂ ਵੇਲੇ ਝੂਠ ਦੇ ਗੱਫੇ ਵੰਡੇ ਤੇ ਕੱਚੇ ਵਰਕਰਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਦੇ ਹੋਏ ਵੱਡਾ ਧੋਖਾ ਕੀਤਾ। ਇਸ ਲਈ ਸਾਰੇ ਕੱਚੇ ਤੇ ਆਊਟਸੋਰਸਿੰਗ ਵਰਕਰ ਸੈਂਕੜਿਆਂ ਦੀ ਗਿਣਤੀ ਵਿੱਚ ਜਲੰਧਰ ਪਹੁੰਚ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਹਰਾ ਪੈੱਨ ਕੱਚੇ ਵਰਕਰਾਂ ਨੂੰ ਰੈਗੂਲਰ ਕਰਨ ਲਈ ਹਸਤਾਖਰ ਕਰਨ ਲਈ ਮਜਬੂਰ ਕਰ ਦੇਵਾਂਗੇ। ਇਸ ਸਮੇਂ ਰੇਂਜ ਪ੍ਰਧਾਨ ਜਗਵੀਰ ਸਿੰਘ ਨਾਗਰਾ, ਸਿਮਰਨਜੀਤ ਸਿੰਘ ਉਟਾਲ, ਲਖਵੀਰ ਸਿੰਘ, ਹਰਜੀਤ ਸਿੰਘ, ਰਜਿੰਦਰ ਕੌਰ, ਦਵਿੰਦਰ ਸਿੰਘ, ਹਰਦੀਪ ਸਿੰਘ, ਬਲਕਾਰ ਰਾਮ, ਸੁਖਵਿੰਦਰ ਸਿੰਘ, ਸੁਖਚੈਨ ਸਿੰਘ, ਹਰਦੇਵ ਸਿੰਘ, ਗੁਰਬਚਨ ਸਿੰਘ, ਰਜਿੰਦਰ ਸਿੰਘ, ਅਮਰ ਸਿੰਘ ਤੇ ਡੀ.ਐੱਮ.ਐੱਫ. ਦੇ ਆਗੂ ਮਲਾਗਰ ਸਿੰਘ ਖਮਾਣੋਂ, ਵਿਜੇ ਪ੍ਰਕਾਸ਼ ਕਜੋਲੀ, ਦਲਵੀਰ ਸਿੰਘ ਕਜੋਲੀ, ਸੁੱਖ ਰਾਮ ਕਾਲੇਵਾਲ, ਸਰਬਜੀਤ ਸਿੰਘ ਤੇ ਹਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਪ੍ਰਕਾਸ਼ ਸਿੰਘ ਬਾਦਲ ਦਾ ਅੰਗੀਠਾ ਸੰਭਾਲਿਆ

ਮਲੋਟ (ਗੁਰਮੀਤ ਸਿੰਘ ਮੱਕੜ)

ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਸਿਆਸਤ ਦੀ ਦੁਨੀਆ ਵਿੱਚ ਬਾਬਾ ਬੋਹੜ ਵਜੋਂ ਮੰਨੇ ਜਾਂਦੇ ਸਨ, ਜਿਨ੍ਹਾਂ ਨੇ ਖੇਤੀਬਾੜੀ ਪੇਸ਼ੇ ਦੇ ਨਾਲ ਨਾਲ ਸਿਆਸਤ ਦੀ ਸ਼ੁਰੂਆਤ ਇੱਕ ਸਰਪੰਚ ਵਜੋਂ ਕੀਤੀ ਅਤੇ ਸਭ ਤੋਂ ਛੋਟੀ ਉਮਰ ਦੇ ਪਹਿਲੇ ਪਹਿਲੀ ਵਾਰ ਮੁੱਖ ਮੰਤਰੀ ਬਣੇ ਤੇ ਫਿਰ ਇਨ੍ਹਾਂ ਨੇ ਰਾਜਨੀਤੀ ਦੇ ਖੇਤਰ ਵਿੱਚ ਪਿੱਛੇ ਮੁੜ ਕੇ ਨਹੀਂ ਦੇਖਿਆ ਅਤੇ ਪੰਜਾਬ ਦੇ ਪੰਜ ਵਾਰ ਮੁੱਖ ਮੰਤਰੀ ਬਣ ਕੇ ਪੰਜਾਬ ਦੀ ਕਮਾਂਡ ਸੰਭਾਲੀ। ਇਨ੍ਹਾਂ ਵੱਲੋਂ ਲੰਮਾ ਸਮਾਂ ਸਿਆਸਤ ਕਰਨ ਤੋਂ ਬਾਅਦ ਆਖ਼ਿਰ ਇਹ 95 ਸਾਲ ਦੀ ਉਮਰ ਭੋਗਦੇ ਹੋਏ ਹਮੇਸ਼ਾ ਲਈ ਦੁਨੀਆ ਨੂੰ ਅਲਵਿਦਾ ਕਹਿ ਗਏ ਅਤੇ ਉਨ੍ਹਾਂ ਦਾ ਪਿੰਡ ਬਾਦਲ ਵਿਖੇ ਉਨ੍ਹਾਂ ਦੇ ਖੇਤ ਵਿਖੇ ਅੰਤਿਮ ਸੰਸਕਾਰ ਕੀਤਾ ਗਿਆ। ਉਨ੍ਹਾਂ ਨੂੰ ਸ਼੍ਰੋਮਣੀ ਅਕਾਲੀ ਦਲ ਬਾਦਲ ਪਾਰਟੀ ਦੇ ਨਾਲ ਨਾਲ ਵੱਖ-ਵੱਖ ਰਾਜਨੀਤਕ ਪਾਰਟੀਆਂ ਦੇ ਵੱਖ ਵੱਖ ਰਾਜਾਂ ਤੋਂ ਆਏ ਰਾਜਨੀਤਕ ਆਗੂਆਂ ਨੇ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ, ਜਿਸ ਉਪਰੰਤ ਅੱਜ ਬਾਦਲ ਪਰਿਵਾਰ ਵੱਲੋਂ ਅੰਗੀਠਾ ਸੰਭਾਲਣ ਦੀ ਰਸਮ ਕੀਤੀ ਗਈ।



ਅੰਗੀਠਾ ਸੰਭਾਲਦੇ ਹੋਏ ਸੁਖਬੀਰ ਸਿੰਘ ਬਾਦਲ ਤੇ ਪਰਿਵਾਰਕ ਮੈਂਬਰ।

ਇਸ ਮੌਕੇ ਸੁਖਬੀਰ ਸਿੰਘ ਬਾਦਲ, ਬੀਬਾ ਹਰਸਿਮਰਤ ਕੌਰ ਬਾਦਲ, ਮਨਪ੍ਰੀਤ ਸਿੰਘ ਬਾਦਲ, ਅਨੰਤਬੀਰ ਸਿੰਘ, ਅਕਾਲ ਤਖਤ ਦੇ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ, ਦਮਦਮੀ ਟਕਸਾਲ ਦੇ ਮੁਖੀ ਗਿਆਨੀ ਹਰਨਾਮ ਸਿੰਘ, ਮੀਡੀਆ ਐਡਵਾਇਜ਼ਰ ਰਾਜਦੀਪ ਆਦਿ ਸਮੂਹ ਪਰਿਵਾਰਕ ਮੈਂਬਰ ਹਾਜ਼ਰ ਸਨ।

# ਐੱਨ ਆਰ ਆਈ ਸੋਨੀ ਕੰਗ ਵੱਲੋਂ ਸਰਕਾਰੀ ਸਕੂਲ ਨੂੰ ਇਨਵਰਟਰ ਭੇਟ



**ਕੋਟ ਈਸੇ ਖਾਂ (ਅਰੋੜਾ)**-ਗਰਮੀ ਦੇ ਮੌਸਮ ਦੌਰਾਨ ਬੱਚਿਆਂ ਦੀ ਸਹੂਲਤ ਲਈ ਸਮਾਜ ਸੇਵੀ ਐੱਨ ਆਰ ਆਈ ਗੁਰਪ੍ਰੀਤ ਸਿੰਘ (ਸੋਨੀ ਕੰਗ) ਵੱਲੋਂ ਆਪਣੇ ਪਿਤਾ ਸਵ: ਬਖਸ਼ੀਸ਼ ਸਿੰਘ ਕੰਗ ਦੀ ਯਾਦ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਕਿੱਲੀ ਗਾਧਰਾਂ ਨੂੰ ਇਨਵਰਟਰ ਭੇਟ ਕੀਤਾ ਗਿਆ ਤੇ ਬੱਚਿਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾ ਕਿਹਾ ਕਿ ਗਰਮੀ ਦਾ ਮੌਸਮ ਸ਼ੁਰੂ ਹੋ ਚੁੱਕਾ ਹੈ ਤੇ ਸਕੂਲ ਵਿੱਚ ਇਨਵਰਟਰ ਦੀ ਸਹੂਲਤ ਦਾ ਹੋਣਾ ਲਾਜ਼ਮੀ ਹੈ ਤਾਂ ਜੋ ਵਿਦਿਆਰਥੀਆਂ ਨੂੰ ਲਾਈਟ ਜਾਂ ਪੱਖਿਆਂ ਤੋਂ ਵਾਂਝਾ ਨਾ ਰਹਿਣਾ ਪਵੇ ਅਤੇ ਪੜ੍ਹਾਈ ਵਿੱਚ ਕੋਈ ਵਿਘਨ ਨਾ ਪਵੇ। ਉਨ੍ਹਾਂ ਕਿਹਾ ਕਿ ਉਹ ਭਵਿੱਖ ਵਿੱਚ ਵੀ ਸਕੂਲ ਦੀ ਮਦਦ ਲਈ ਅੱਗੇ ਆਉਂਦੇ ਰਹਿਣਗੇ। ਇਸ ਸਮੇਂ ਉਨ੍ਹਾਂ ਦੀ ਪਤਨੀ ਗੁਰਮੀਤ ਕੌਰ ਤੇ ਲੜਕਾ ਹਰਪਾਲ ਸਿੰਘ ਕੰਗ ਵੀ ਮੌਜੂਦ ਸਨ। ਇਸ ਦੌਰਾਨ ਸਕੂਲ ਮੈਨੇਜਮੈਂਟ ਕਮੇਟੀ ਵੱਲੋਂ ਸਿਰੋਪਾਓ ਤੇ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ ਅਤੇ ਧੰਨਵਾਦ ਕੀਤਾ।

ਇਸ ਮੌਕੇ ਸਕੂਲ ਸਟਾਫ ਮੈਡਮ ਬਲਵੰਤ ਕੌਰ, ਰੇਨੂ ਬਾਲਾ, ਜਸਮੀਤ ਕੌਰ ਆਂਗਨਵਾੜੀ ਵਰਕਰ, ਬਿੰਦਰ ਕੌਰ ਕੁੱਕ, ਇਚਾਰਜ ਵੀਰਪਾਲ ਸਿੰਘ ਤੋਂ ਇਲਾਵਾ ਹੋਰ ਪਤਵੰਤੇ ਹਰਿੰਦਰਪਾਲ ਸਿੰਘ, ਬਲਜੀਤ ਸਿੰਘ ਨੰਬਰਦਾਰ, ਰਾਜਬੀਰ ਸਿੰਘ ਕੰਗ, ਵਿਕਰਮਜੀਤ ਸਿੰਘ ਵਿੱਕੀ, ਹਰਵਿੰਦਰ ਸਿੰਘ, ਜਸਪ੍ਰੀਤ ਸਿੰਘ ਕੰਗ ਆਦਿ ਹਾਜ਼ਰ ਸਨ।

### ਨਸ਼ੇ ਦੇ ਮਾਮਲੇ 'ਚ 10 ਸਾਲ ਕੈਦ ਤੇ ਜੁਰਮਾਨਾ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਪਾਬੰਦੀਸ਼ੁਦਾ ਟੀਕਿਆਂ ਦੀ ਬਰਾਮਦਗੀ ਦੇ ਇੱਕ ਮਾਮਲੇ 'ਚ ਗ੍ਰਿਫਤਾਰ ਕੀਤੇ ਵਿਅਕਤੀ ਨੂੰ ਇੱਥੋਂ ਦੀ ਇੱਕ ਅਦਾਲਤ ਨੇ ਕੈਦ ਤੇ ਜ਼ੁਰਮਾਨੇ ਦੀ ਸਜ਼ਾ ਸੁਣਾਈ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਦਸੰਬਰ 2018 'ਚ ਪਰਵਿੰਦਰ ਸਿੰਘ ਵਾਸੀ ਪਿੰਡ ਬੇਲਾ (ਰੂਪਨਗਰ) ਨੂੰ ਅ/ਧ 22/61/85 ਐਨ.ਡੀ.ਪੀ.ਐਸ. ਐਕਟ ਤਹਿਤ ਗ੍ਰਿਫਤਾਰ ਕਰਦਿਆਂ ਖੇੜੀ ਨੌਧ ਸਿੰਘ ਪੁਲਸ ਨੇ ਪਰਵਿੰਦਰ ਸਿੰਘ ਨੂੰ 20 ਟੀਕੇ ਬਿਉਪਰੋਨੋਰਫ਼ਿਨ ਸਮੇਤ ਗ੍ਰਿਫ਼ਤਾਰ ਕੀਤਾ ਸੀ।

ਮੁਕੱਦਮੇ ਦੀ ਸੁਣਵਾਈ ਪੂਰੀ ਹੋਣ 'ਤੇ ਸਪੈਸ਼ਲ ਅਦਾਲਤ ਨੇ ਪਰਵਿੰਦਰ ਸਿੰਘ ਨੂੰ ਮਾਮਲੇ 'ਚ ਅ/ਧ 22 ਐਨ.ਡੀ.ਪੀ.ਐਸ. ਐਕਟ ਤਹਿਤ ਦੋਸ਼ੀ ਮੰਨਦਿਆਂ 10 ਸਾਲ ਕੈਦ ਬਾਮੁਸ਼ੱਕਤ ਤੇ ਇੱਕ ਲੱਖ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ।

# ਨਸ਼ਿਆਂ ਖਿਲਾਫ ਜੰਗ ਦੀ ਸਟਾਰ ਕਾਸਟ ਨੇ ਕੀਤੀ ਪ੍ਰਮੋਸ਼ਨ

### ਬਾਬਾ ਫਰੀਦ ਕਾਲਜ 'ਚ ਪੰਜਾਬੀ ਫਿਲਮ 'ਗਿੱਲ ਸਾਹਿਬ ਸਕੂਟਰ ਵਾਲੇ' ਦੀ ਪੁੱਜੀ ਟੀਮ



ਕੋਟਕਪੂਰਾ (ਰਛਪਾਲ ਭੁੱਲਰ)

ਪੰਜਾਬੀ ਫਿਲਮ 'ਗਿੱਲ ਸਾਹਿਬ ਸਕੂਟਰ ਵਾਲੇ' ਵਾਰ ਅਗੇਂਸਟ ਡਰੱਗ ਦੀ ਸਟਾਰ ਕਾਸਟ ਸਥਾਨਕ ਬਾਬਾ ਫਰੀਦ ਕਾਲਜ ਆਫ ਨਰਸਿੰਗ ਵਿਖੇ ਪ੍ਰਮੋਸ਼ਨ ਲਈ ਪੁੱਜੀ। ਉਕਤ ਫਿਲਮ 19 ਮਈ ਨੂੰ ਰਿਲੀਜ਼ ਹੋ ਰਹੀ ਹੈ। ਫਿਲਮ ਦੀ ਸਕ੍ਰਿਪਟ ਰਾਜੀਵ ਦਾਸ ਤੇ ਕੇ ਕੇ ਗਿੱਲ ਵੱਲੋਂ ਲਿਖੀ ਗਈ ਹੈ ਅਤੇ ਇੰਡੋ ਕੀਵੀ ਫਿਲਮਜ਼ ਦੇ ਬੈਨਰ ਹੇਠ ਬਣਾਈ ਗਈ ਹੈ। ਰਾਜੀਵ ਦਾਸ ਨੇ ਕਿਹਾ ਕਿ ਫਿਲਮ ਦੀ ਕਹਾਣੀ ਨਸ਼ੇ ਦੇ ਦੁਆਲੇ ਘੁੰਮਦੀ ਹੈ ਤੇ ਅਸੀਂ ਸਮਾਜ ਨੂੰ ਨਸ਼ਾਮੁਕਤ ਭਾਰਤ ਬਣਾਉਣ ਲਈ ਇਸ ਜੰਗ 'ਚ ਸ਼ਾਮਲ ਹੋਣ ਦਾ ਸੁਨੇਹਾ ਦੇਣ ਦੀ ਕੋਸ਼ਿਸ਼ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਇੱਕ ਪਰਿਵਾਰਕ ਫਿਲਮ ਹੈ ਤੇ ਪਰਿਵਾਰ ਦੇ ਮੈਂਬਰਾਂ ਨਾਲ ਦੇਖੀ ਜਾ ਸਕਦੀ ਹੈ। ਕੋਈ ਅਸ਼ਲੀਲਤਾ ਤੇ ਦੋਹਰੇ ਅਰਥ ਵਾਲੀ ਲਿਪੀ ਨਹੀਂ ਹੈ। ਸਕ੍ਰਿਪਟ ਮਨੋਰੰਜਨ ਨਾਲ ਵੀ ਭਰਪੂਰ ਹੈ। ਉਕਤ ਫਿਲਮ ਦੀ ਸਟਾਰ ਕਾਸਟ 'ਚੋਂ ਸਰਦਾਰ ਸੋਹੀ, ਅਮਰਿੰਦਰ ਬੌਬੀ, ਦਿਵਿਆ ਸ਼ਰਮਾ ਵੀ ਹਾਜ਼ਰ ਸਨ। ਸਰਦਾਰ ਸੋਹੀ ਨੇ ਆਪਣੀ ਜ਼ਿੰਦਗੀ ਦੇ ਸੰਘਰਸ਼ਮਈ ਦਿਨਾਂ ਦਾ ਜ਼ਿਕਰ ਕਰਦਿਆਂ ਆਪਣੇ ਤਜਰਬੇ ਵੀ ਵਿਦਿਆਰਥੀਆਂ ਨਾਲ ਸਾਂਝੇ ਕੀਤੇ। ਉਨ੍ਹਾਂ ਨੇ ਆਪਣੇ ਕਿਰਦਾਰ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਨੇ ਇਸ ਮੂਵੀ 'ਚ ਵੱਖ-ਵੱਖ ਕਿਰਦਾਰ ਨਿਭਾਏ ਹਨ। ਕਾਲਜ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਜੀਤ ਸਿੰਘ ਢਿੱਲੋਂ ਨੇ ਫਿਲਮ ਦੇ ਵਿਸ਼ੇ ਨੂੰ ਦੇਖਦਿਆਂ ਸਟਾਰ ਕਾਸਟ ਨੂੰ ਆਪਣੀਆਂ ਸ਼ੁੱਭ-ਕਾਮਨਾਵਾਂ ਦਿੰਦਿਆਂ ਕਿਹਾ ਕਿ ਨਸ਼ਿਆਂ ਨਾਲ ਹੋਣ ਵਾਲੇ ਸਮਾਜਿਕ, ਆਰਥਿਕ, ਪਰਿਵਾਰਕ ਤੇ ਸਰੀਰਕ ਨੁਕਸਾਨ ਤੋਂ ਸਾਰਿਆਂ ਦਾ ਜਾਣੂ ਹੋਣਾ ਬਹੁਤ ਜ਼ਰੂਰੀ ਹੈ। ਇਸ ਮੌਕੇ ਉਪਰੋਕਤ ਤੋਂ ਇਲਾਵਾ ਕਾਲਜ ਦੇ ਡਿਪਟੀ ਡਾਇਰੈਕਟਰ ਡਾ. ਪ੍ਰੀਤਮ ਸਿੰਘ ਛੌਕਰ, ਪ੍ਰਬੰਧਕ ਅਫਸਰ ਹਰਪ੍ਰੀਤ ਸਿੰਘ ਢਿੱਲੋਂ ਸਮੇਤ ਸਮੂਹ ਸਟਾਫ ਹਾਜ਼ਰ ਸੀ।

# ਜਲੰਧਰ ਜ਼ਿਮਨੀ ਚੋਣ 'ਚ 'ਆਪ' ਦੀ ਸਥਿਤੀ ਮਜ਼ਬੂਤ : ਵਿਧਾਇਕ ਬੁੱਧ ਰਾਮ



**ਮਾਨਸਾ (ਆਤਮਾ ਸਿੰਘ ਪਮਾਰ)**-ਹਲਕਾ ਵਿਧਾਇਕ ਬੁਢਲਾਡਾ ਬੁੱਧ ਰਾਮ ਨੇ ਜਲੰਧਰ ਜ਼ਿਮਨੀ ਚੋਣ ਵਿੱਚ 'ਆਪ' ਦੀ ਮਜ਼ਬੂਤ ਸਥਿਤੀ ਬਾਰੇ ਚਾਨਣਾ ਪਾਉਂਦਿਆਂ ਦੱਸਿਆ ਕਿ 'ਆਪ' ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕ੍ਰਮਵਾਰ ਦਿੱਲੀ ਤੇ ਪੰਜਾਬ ਵਿੱਚ ਲੋਕ ਹਿੱਤ ਵਿੱਚ ਵੱਡੇ ਤੇ ਇਤਿਹਾਸਕ ਫੈਸਲੇ ਲਏ ਗਏ ਹਨ, ਜੋ ਪਹਿਲੀਆਂ ਰਵਾਇਤੀ ਪਾਰਟੀਆਂ ਕਰਨ ਤੋਂ ਅਸਮਰੱਥ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜਲੰਧਰ ਜ਼ਿਮਨੀ ਚੋਣ ਵਿੱਚ 'ਆਪ' ਦੀ ਸਥਿਤੀ ਦਿਨੋ ਦਿਨ ਮਜ਼ਬੂਤ ਹੋ ਰਹੀ ਹੈ ਤੇ ਲੋਕ ਆਪ ਪਾਰਟੀ ਦੀਆਂ ਲੋਕਪੱਖੀ ਨੀਤੀਆਂ ਤੋਂ ਸੰਤੁਸ਼ਟ ਹਨ। ਵਿਧਾਇਕ ਬੁੱਧ ਰਾਮ ਨੇ ਦੱਸਿਆ ਕਿ ਉਨ੍ਹਾਂ ਨੇ ਜਲੰਧਰ ਲੋਕ ਸਭਾ ਹਲਕਾ ਵਿਚਲੇ ਵਿਧਾਨ ਸਭਾ ਹਲਕਾ ਫਿਲੌਰ ਦੇ ਪਿੰਡ ਬੂੰਡਾਲਾ, ਢੀਂਡਸਾ ਆਦਿ ਵਿੱਚ ਲੋਕਾਂ ਦੇ ਇਕੱਠਾਂ ਨੂੰ ਸੰਬੋਧਨ ਕੀਤਾ, ਜਿਥੇ ਲੋਕਾਂ ਵਿੱਚ ਆਮ ਆਦਮੀ ਪਾਰਟੀ ਪ੍ਰਤੀ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜ਼ਿਮਨੀ ਚੋਣ ਵਿੱਚ ਪਾਰਟੀ ਵਲੋਂ ਡਿਊਟੀ ਲਾਈ ਹੈ ਤੇ ਉਹ ਪਾਰਟੀ ਦੇ ਉਮੀਦਵਾਰ ਸੁਸ਼ੀਲ ਰਿੰਕੂ ਦੇ ਹੱਕ ਵਿੱਚ ਹਲਕਾ ਫਿਲੌਰ ਵਿਖੇ ਲਗਾਤਾਰ ਚੋਣ ਮੀਟਿੰਗਾਂ ਕਰ ਰਹੇ ਹਨ।

# ਵਿਦਿਆਰਥੀਆਂ 'ਚ ਕੈਰੀਅਰ ਬਣਾਉਣ ਦੀ ਭਾਵਨਾ ਨੂੰ ਉਤਸ਼ਾਹਤ ਕਰਨ ਲਈ ਵਰਕਸ਼ਾਪ ਕਰਾਈ



ਤਲਵੰਡੀ ਸਾਬੋ (ਜਗਦੀਪ ਗਿੱਲ)

ਵਿਦਿਆਰਥੀਆਂ ਵਿੱਚ ਕੈਰੀਅਰ ਬਣਾਉਣ ਦੀ ਭਾਵਨਾ ਨੂੰ ਉਤਸ਼ਾਹਤ ਕਰਨ ਲਈ ਬਿਜ਼ਨੈੱਸ ਸਟੱਡੀਜ਼ ਵਿਭਾਗ ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦਮਦਮਾ ਸਾਹਿਬ (ਤਲਵੰਡੀ ਸਾਬੋ) ਦੇ ਪ੍ਰਗਤੀ ਕਲੱਬ ਵੱਲੋਂ ਵਰਕਸ਼ਾਪ ਦਾ ਆਯੋਜਨ ਕਰਾਇਆ ਗਿਆ। 'ਗ੍ਰੈਜੂਏਸ਼ਨ ਤੋਂ ਬਾਅਦ ਵਿਦਿਆਰਥੀਆਂ ਲਈ ਕੈਰੀਅਰ ਵਿਕਲਪ' ਸਿਰਲੇਖ ਹੇਠ ਕਰਾਈ ਇਸ ਵਰਕਸ਼ਾਪ ਦਾ ਮੁੱਖ ਮੰਤਵ ਵਿਦਿਆਰਥੀਆਂ ਨੂੰ ਗ੍ਰੈਜੂਏਸ਼ਨ ਤੋਂ ਬਾਅਦ ਉਪਲਬਧ ਕੈਰੀਅਰ ਵਿਕਲਪਾਂ ਤੋਂ ਜਾਣੂ ਕਰਾਉਣਾ ਅਤੇ ਵੱਖ-ਵੱਖ ਸਰਕਾਰੀ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਪ੍ਰੇਰਿਤ ਕਰਨਾ ਸੀ। ਇਸ ਵਿੱਚ ਵਿਦਿਆਰਥੀਆਂ ਨੂੰ ਗ੍ਰੈਜੂਏਸ਼ਨ ਤੋਂ ਬਾਅਦ ਅੱਗੇ ਵਧਣ ਲਈ ਵੱਖ-ਵੱਖ ਵਿਕਲਪਾਂ, ਜਿਵੇਂ ਮੁਕਾਬਲੇ ਦੀਆਂ ਪ੍ਰੀਖਿਆਵਾਂ, ਪੋਸਟ-ਗ੍ਰੈਜੂਏਸ਼ਨ ਤੇ ਹੋਰ ਪ੍ਰੋਫੈਸਨਲ ਕੋਰਸਾਂ ਬਾਰੇ ਜਾਣੂ ਕਰਾਇਆ। ਡਾ. ਗੁਰਵਿੰਦਰ ਸਿੰਘ ਦੀ ਅਗਵਾਈ ਹੇਠ ਕਰਾਈ ਗਈ ਇਸ ਵਰਕਸ਼ਾਪ ਵਿੱਚ ਕੈਂਪਸ ਦੇ ਵੱਖ-ਵੱਖ ਵਿਭਾਗਾਂ ਦੇ ਅੰਤਮ ਸਾਲ ਦੇ ਵਿਦਿਆਰਥੀਆਂ ਨੇ ਭਾਗ ਲਿਆ।

ਡਾ. ਵਿਕਾਸ ਦੀਪ, ਸਹਾਇਕ ਪ੍ਰੋਫੈਸਰ ਨੇ ਵੀ ਵਿਦਿਆਰਥੀਆਂ ਨੂੰ ਰੁਜ਼ਗਾਰ ਯੋਗਤਾ ਲਈ ਹੁਨਰ ਵਿਕਸਤ ਕਰਨ ਸਬੰਧੀ ਸੰਬੋਧਨ ਕੀਤਾ। ਡਾ. ਸ਼ਸ਼ੀ ਕਲਾ, ਸਹਾਇਕ ਪ੍ਰੋਫੈਸਰ ਨੇ ਕੈਰੀਅਰ ਨਿਰਮਾਣ ਵਿੱਚ ਸੋਸ਼ਲ ਮੀਡੀਆ ਦੀ ਭੂਮਿਕਾ ਬਾਰੇ ਚਾਨਣਾ ਪਾਇਆ। ਵਿਭਾਗ ਦੇ ਮੁਖੀ ਪ੍ਰੋ (ਡਾ.) ਆਨੰਦ ਬਾਂਸਲ, ਨੇ ਸਮਾਗਮ ਦੇ ਆਯੋਜਨ ਵਿੱਚ ਕਲੱਬ ਦੇ ਪ੍ਰਧਾਨ ਅਤੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਇਹ ਯਕੀਨੀ ਬਣਾਇਆ ਕਿ ਭਵਿੱਖ ਵਿੱਚ ਵੱਖ-ਵੱਖ ਪਹਿਲੂਆਂ ਨੂੰ ਸ਼ਾਮਲ ਕਰਨ ਵਾਲੀ ਇਸ ਤਰ੍ਹਾਂ ਦੀਆਂ ਹੋਰ ਕੈਰੀਅਰ ਗਾਈਡੈਂਸ ਵਰਕਸ਼ਾਪਾਂ ਦਾ ਆਯੋਜਨ ਕੀਤਾ ਜਾਵੇਗਾ।

# ਬੀ ਡੀ ਪੀ ਓ ਦਫਤਰ ਸਾਹਮਣੇ ਧਰਨਾ ਪ੍ਰਦਰਸ਼ਨ




**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਬੀ ਡੀ ਪੀ ਓ ਦਫਤਰ ਸਾਹਮਣੇ ਦੋ ਪਿੰਡ ਦੇ ਨਰੇਗਾ ਮਜ਼ਦੂਰਾਂ ਨੇ ਨਰੇਗਾ ਦੇ ਕੰਮ ਚਾਲੂ ਕਰਾਉਣ ਲਈ ਰੋਹ ਭਰਪੂਰ ਧਰਨਾ ਪ੍ਰਦਰਸਨ ਕੀਤਾ ਗਿਆ ਤੇ ਅਧਿਕਾਰੀਆਂ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਸੰਯੁਕਤ ਸਕੱਤਰ ਜਗਜੀਤ ਸਿੰਘ ਜੱਸੇਆਣਾ ਨੇ ਕਿਹਾ ਉਪਰੋਕਤ ਪਿੰਡਾਂ ਵਿੱਚ ਨਰੇਗਾ ਮਜ਼ਦੂਰਾਂ ਦੇ ਕੰਮ ਚਾਲੂ ਕੀਤੇ ਅਤੇ ਹੋਰ ਪਿੰਡਾਂ ਬੰਦ ਕੰਮ ਚਾਲੂ ਕੀਤੇ ਜਾਣ। ਇਸ ਮੌਕੇ ਮਜ਼ਦੂਰਾਂ ਨੂੰ ਸੰਬੋਧਨ ਕਰਦੇ ਹੋਏ ਦਿਹਾਤੀ ਮਜ਼ਦੂਰ ਸਭਾ ਸਬ ਤਹਿਸੀਲ ਮੰਡੀ ਬਰੀਵਾਲਾ ਦੇ ਪ੍ਰਧਾਨ ਬੇਅੰਤ ਸਿੰਘ ਸਾਬਕਾ ਸਰਪੰਚ ਵੰਗਲ ਨੇ ਕਿਹਾ ਕਿ ਕੇਂਦਰ ਮੋਦੀ ਸਰਕਾਰ ਵੱਲੋਂ ਨਰੇਗਾ ਮਜ਼ਦੂਰਾਂ ਦੀ ਦਿਹਾੜੀ ਵਿੱਚ ਨਿਗੂਣਾ ਜਿਹਾ ਵਾਧਾ ਕਰਕੇ ਮਜ਼ਦੂਰਾਂ ਨਾਲ ਕੋਝਾ ਮਜ਼ਾਕ ਕੀਤਾ ਹੈ, ਜਦੋਂ ਕਿ ਮਹਿੰਗਾਈ ਦੇ ਜ਼ਮਾਨੇ ਵਿਚ ਇਸ ਸਮੇਂ ਮਜ਼ਦੂਰਾਂ ਦੀ ਦਿਹਾੜੀ 700 ਰੁਪਏ ਦੇਣਾ ਬਣਦੀ ਹੈ ਤੇ ਸਾਰਾ ਕੰਮ ਦੇਣ ਦੀ ਲੋੜ ਹੈ। ਧਰਨੇ ਸੰਬੋਧਨ ਕਰਦਿਆਂ ਦਿਹਾਤੀ ਮਜ਼ਦੂਰ ਦੀਆਂ ਇਕਾਈ ਆਗੂ ਰਾਜ ਕੌਰ ਡੋਹਕ ਪਿੰਡ ਜੱਸੇਆਣਾ ਦੀਆਂ ਇਕਾਈ ਆਗੂਆਂ ਸੁਖਨਿੰਦਰ ਕੌਰ ਤੇ ਮਨਜੀਤ ਕੌਰ ਨੇ ਵੀ ਸੰਬੋਧਨ ਕੀਤਾ।

# ਨੌਜਵਾਨਾਂ ਨੂੰ ਵੱਧ ਤੋਂ ਵੱਧ ਖੇਡਾਂ ਨਾਲ ਜੁੜਨਾ ਚਾਹੀਦਾ : ਮਿੰਟੂ ਜੌੜਾਮਾਜਰਾ, ਪੀ ਏ ਟਿਵਾਣਾ




**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪਬਲਿਕ ਕਾਲਜ ਵਿਖੇ ਬਾਕਸਿੰਗ ਐਸੋਸੀਏਸ਼ਨ ਆਫ਼ ਪੰਜਾਬ ਵੱਲੋਂ ਬਾਕਸਰ ਸਵ. ਸੰਦੀਪ ਦੱਤਾ ਦੀ ਯਾਦ ਨੂੰ ਸਮਰਪਤ ਉੱਘੇ ਬਾਕਸਰ ਰਾਮ ਸਿੰਘ ਯੂ ਐੱਸ ਏ ਦੀ ਸਰਪ੍ਰਸਤੀ ਹੇਠ ਹਰਪਾਲ ਸਿੰਘ ਮਵੀਂ, ਫ਼ਤਿਹ ਸਿੰਘ ਬੁਜਰਕ, ਕੋਚ ਸੁਨੀਲ ਟਾਇਸਨ, ਰੁਪੇਸ਼ ਵਰਮਾ, ਬਲਕਾਰ ਬਰਾੜ, ਧਰਮਵੀਰ ਕਲਿਆਣ, ਜਗਿੰਦਰ ਲਾਲ, ਕਾਕਾ ਧਨੇਠਾ, ਕੁਲਜੀਤ ਤੁਲੇਵਾਲ, ਕਾਕਾ ਕਲਬਾਨੂੰ ਤੇ ਵਿੰਦਰ ਸਮਾਣਾ ਆਦਿ ਵੱਲੋਂ ਚਾਰ ਰੋਜ਼ਾ ਸਬ ਜੂਨੀਅਰ ਬਾਕਸਿੰਗ ਚੈਂਪੀਅਨਸ਼ਿਪ ਮੁਕਾਬਲੇ ਸ਼ੁਰੂ ਕਰਾਏ ਗਏ। ਇਸ ਪ੍ਰਤੀਯੋਗਤਾ ਦਾ ਉਦਘਾਟਨ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਦੇ ਭਰਾ ਹਰਜਿੰਦਰ ਸਿੰਘ ਮਿੰਟੂ ਜੌੜਾਮਾਜਰਾ ਤੇ ਪੀ ਏ ਗੁਰਦੇਵ ਟਿਵਾਣਾ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਉਨ੍ਹਾਂ ਇਸ ਪ੍ਰਤੀਯੋਗਤਾ ਵਿੱਚ ਭਾਗ ਲੈਣ ਵਾਲੇ ਖਿਡਾਰੀਆਂ ਦੀ ਖੇਡ ਭਾਵਨਾ ਦੀ ਭਰਪੂਰ ਪ੍ਰਸੰਸਾ ਕੀਤੀ। ਉਨ੍ਹਾਂ ਇਸ ਮੌਕੇ ਖਿਡਾਰੀਆਂ ਨੂੰ ਜੀਵਨ ਵਿੱਚ ਖੇਡਾਂ ਦੇ ਬਹੁਮੁੱਲੇ ਮਹੱਤਵ ਤੋਂ ਜਾਣੂ ਕਰਾਇਆ ਅਤੇ ਸਮਾਜਿਕ ਜੀਵਨ ਵਿੱਚ ਵਧ ਰਹੀ ਹਿੰਸਾ ਤੇ ਭਾਈਚਾਰਕ ਜੀਵਨ ਵਿੱਚ ਆ ਰਹੀ ਗਿਰਾਵਟ ਦੇ ਬਦਲ ਵਜੋਂ ਨਵੀਂ ਪੀੜ੍ਹੀ ਨੂੰ ਵੱਧ ਤੋਂ ਵੱਧ ਖੇਡਾਂ ਨਾਲ ਜੁੜਨ ਦਾ ਸੁਨੇਹਾ ਦਿੱਤਾ। ਇਸ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਪਹਿਲੇ ਦਿਨ 17 ਮੈਚ ਕਰਾਏ ਗਏ, ਜਿਨ੍ਹਾਂ ਵਿੱਚ ਪੰਜਾਬ ਤੇ ਨਾਲ ਲਗਦੇ ਸੂਬਿਆਂ ਤੋਂ 34 ਬਾਕਸਰਾਂ ਨੇ ਹਿੱਸਾ ਲਿਆ।

ਇਸ ਮੌਕੇ ਆੜ੍ਹਤੀ ਐਸੋਸੀਏਸ਼ਨ ਦੇ ਉਪ ਪ੍ਰਧਾਨ ਨਿਰਭੈ ਸਿੰਘ ਫ਼ਤਿਹਮਾਜਰੀ, ਸੰਦੀਪ ਸ਼ਰਮਾ, ਕੁਲਦੀਪ ਵਿਰਕ, ਹਰਦੀਪ ਚੀਮਾ, ਦੀਪਕ ਵਧਵਾ, ਰਵਿੰਦਰ ਬੱਲੀ ਤੇ ਹਰਮੇਸ਼ ਕੁਮਾਰ ਆਦਿ ਵੀ ਮੌਜੂਦ ਰਹੇ।

# ਬਾਦਲ ਨੇ ਵਿਤਕਰੇਬਾਜ਼ੀ ਤੋਂ ਉੱਪਰ ਉੱਠ ਕੇ ਲੋਕਾਈ ਦੀ ਸੇਵਾ ਕੀਤੀ : ਡਾ. ਰਜਿੰਦਰ ਕੌਰ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਦੇ ਪੰਜ ਵਾਰ ਦੇ ਮੁੱਖ ਮੰਤਰੀ ਰਹੇ ਤੇ ਭਾਰਤ ਦੀ ਸਿਆਸਤ ਦੇ ਪਿਤਾਮਾ ਸ੍ਰ. ਪ੍ਰਕਾਸ ਸਿੰਘ ਬਾਦਲ ਦੀ ਮੌਤ 'ਤੇ ਜਿੱਥੇ ਸਮੁੱਚੇ ਪੰਜਾਬੀਆਂ ਵਿੱਚ ਸੋਗ ਦੀ ਲਹਿਰ ਹੈ, ਉੱਥੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਰਪ੍ਰਸਤੀ ਹੇਠ ਚੱਲ ਰਹੇ ਲੜਕੀਆਂ ਦੇ ਕਾਲਜ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਹਿਬ ਵਿੱਚ ਵੀ ਵਿਦਿਆਰਥਣਾਂ ਤੇ ਸਟਾਫ ਵਿੱਚ ਸੋਗ ਦੀ ਲਹਿਰ ਪਾਈ ਜਾ ਰਹੀ ਹੈ। ਕਾਲਜ ਪਰਿਵਾਰ ਨੇ ਸ੍ਰ. ਪ੍ਰਕਾਸ਼ ਸਿੰਘ ਬਾਦਲ ਦੇ ਅਕਾਲ ਚਲਾਣੇ 'ਤੇ ਇੱਕ ਸੋਗ ਸਭਾ ਕਰਕੇ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਵਾਹਿਗੁਰੂ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਕਾਲਜ ਦੀ ਸ਼ੋਕ ਸਭਾ, ਜਿਸ ਵਿੱਚ ਵਿਦਿਆਰਥਣਾਂ ਤੇ ਕਾਲਜ ਸਟਾਫ ਸ਼ਾਮਲ ਸਨ, ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ੍ਰ. ਬਾਦਲ ਭਾਰਤੀ ਸਿਆਸਤ ਵਿੱਚ ਇੱਕ ਅਜਿਹੀ ਸ਼ਖਸੀਅਤ ਦੇ ਮਾਲਕ ਸਨ ਕਿ ਜਿਨ੍ਹਾਂ ਦੀ ਦੇਸ਼ ਦੀਆਂ ਸਾਰੀਆਂ ਸਿਆਸੀਆਂ ਪਾਰਟੀਆਂ ਦੇ ਆਗੂ ਜਿੱਥੇ ਸਿਫਤ ਕਰਦੇ ਸਨ, ਉੱਥੇ ਉਨ੍ਹਾਂ ਦਾ ਸਨਮਾਨ ਵੀ ਕਰਦੇ ਸਨ। ਉਨ੍ਹਾ ਕਿਹਾ ਕਿ ਸ੍ਰ. ਬਾਦਲ ਸਮਾਜ ਦੇ ਹਰ ਵਰਗ ਦੇ ਲੋਕਾਂ ਨੂੰ ਪਿਆਰ ਕਰਦੇ ਸਨ। ਉਹ ਜਾਤ-ਪਾਤ, ਧਰਮ ਤੇ ਰਾਜਨੀਤਕ ਵਿਤਕਰੇ ਤੋਂ ਉੱਤੇ ਉਠ ਕੇ ਲੋਕਾਂ ਵਿੱਚ ਵਿਚਰਦੇ ਸਨ। ਇਹੋ ਕਾਰਨ ਹੈ ਕਿ ਉਹ ਲੋਕਾਂ ਦੇ ਹਰਮਨ ਪਿਆਰੇ ਲੀਡਰ ਸਾਬਿਤ ਹੋਏ। ਉਨ੍ਹਾਂ ਆਪਣੇ ਜੀਵਨ ਕਾਲ ਵਿੱਚ ਲੋਕਾਂ ਦੇ ਭਲੇ ਲਈ ਬਹੁਤ ਕੰਮ ਕੀਤੇ। ਉਹ ਜਿੱਥੇ ਕਿਸਾਨਾਂ ਦੇ ਆਗੂ ਸਨ, ਉੱਥੇ ਉਹ ਦੱਬੇ-ਕੁਚਲੇ ਲੋਕਾਂ ਲਈ ਦਿਨ-ਰਾਤ ਕੰਮ ਕਰਦੇ ਸਨ।

ਉਨ੍ਹਾ ਕਿਹਾ ਕਿ ਦੇਸ਼ ਦੀ ਰਤਜਨੀਤੀ ਦੇ ਅਕਾਸ਼ ਤੋਂ ਅਜਿਹੇ ਧਰੂ ਤਾਰੇ ਦਾ ਅਚਾਨਕ ਅਸਤ ਹੋ ਜਾਣਾ ਸਾਡੇ ਸਾਰਿਆਂ ਲਈ ਦੁੱਖਦਾਈ ਹੈ। ਉਨ੍ਹਾ ਕਿਹਾ ਕਿ ਉਹ ਪੰਜਾਬੀਆਂ ਦੇ ਹਮਦਰਦ ਸਨ। ਉਹ ਪੰਜਾਬੀਆਂ ਦੇ ਪਿਆਰ ਸਦਕਾ ਹੀ ਆਪਣਾ ਰਾਜਨੀਤਕ ਸਫਰ ਪਿੰਡ ਦੇ ਸਰਪੰਚ ਤੋਂ ਸ਼ੁਰੂ ਕਰਕੇ ਪੰਜਾਬ ਦੇ ਪੰਜ ਵਾਰ ਮੁੱਖ ਮੰਤਰੀ ਬਣ ਸਕੇ। ਪ੍ਰਿੰਸੀਪਲ ਨੇ ਕਿਹਾ ਕਿ ਉਹ 1947 ਵਿੱਚ ਆਪਣੇ ਪਿੰਡ ਬਾਦਲ ਦੇ ਸਰਪੰਚ ਬਣੇ ਤੇ ਫੇਰ ਪਿੱਛੇ ਮੁੜ ਕੇ ਨਾ ਦੇਖਿਆ। ਉਹ 1970 ਵਿੱਚ ਪਹਿਲੀ ਵਾਰ ਮੁੱਖ ਮੰਤਰੀ ਬਣੇ। ਉਨ੍ਹਾ ਕਿਹਾ ਕਿ ਸ੍ਰ. ਬਾਦਲ ਪੰਜਾਬ ਦੇ ਅਜਿਹੇ ਮੁੱਖ ਮੰਤਰੀ ਸਨ, ਜੋ ਸਭ ਤੋਂ ਛੋਟੀ ਉਮਰ ਦੇ ਅਤੇ ਸਭ ਤੋਂ ਉਮਰ ਦਰਾਜ ਮੁੱਖ ਮੰਤਰੀ ਰਹੇ। ਅਜਿਹੀ ਮਿਸਾਲ ਇਤਿਹਾਸ ਵਿੱਚ ਘੱਟ ਹੀ ਦੇਖਣ ਨੂੰ ਮਿਲਦੀ ਹੈ।

ਉਨ੍ਹਾਂ 1980 ਦੇ ਦਹਾਕੇ ਵਿੱਚ ਰਾਜਾਂ ਲਈ ਵਧੇਰੇ ਖ਼ੁਦ ਮੁਖਤਿਆਰੀ ਲਈ ਸਿੱਖ ਅੰਦੋਲਨ ਸਮੇਂ ਜੇਲ੍ਹਾਂ ਕੱਟੀਆਂ। ਉਨ੍ਹਾਂ ਦੇ ਸਿਆਸੀ ਜੀਵਨ ਵਿੱਚ ਹੋਰ ਮਹੱਤਵਪੂਰਣ ਗੱਲ ਇਹ ਹੈ ਕਿ ਉਹ ਦੇਸ਼ ਦੇ ਸਭ ਤੋਂ ਵੱਧ ਜੇਲ੍ਹਾਂ ਕੱਟਣ ਵਾਲੇ ਸਿਆਸਤਦਾਨ ਸਨ। ਉਨ੍ਹਾਂ ਸਿੱਖ ਇਤਿਹਾਸ, ਸਿੱਖੀ ਪ੍ਰਚਾਰ, ਵਿਰਾਸਤ ਸੰਭਾਲਣ, ਖੇਤੀਬਾੜੀ, ਉਦਯੋਗਿਕ, ਆਰਥਿਕ ਸਰਗਰਮੀਆਂ ਦੇ ਕਾਰਜ ਹੀ ਨਹੀਂ ਕੀਤੇ, ਸਗੋਂ ਵਿੱਦਿਆ ਦੇ ਪ੍ਰਸਾਰ ਵਿੱਚ ਵੀ ਆਪਣਾ ਵੱਡਮੁੱਲਾ ਯੋਗਦਾਨ ਪਾਇਆ। ਅਜਿਹੇ ਦੇਵਤਾ ਸਰੂਪ ਸਿਆਸਤਦਾਨ ਦੀ ਘਾਟ ਨੂੰ ਦੇਸ਼ ਤੇ ਵਿਸ਼ੇਸ਼ ਤੌਰ 'ਤੇ ਪੰਜਾਬ ਲੰਮੇ ਸਮੇਂ ਤੱਕ ਮਹਿਸੂਸ ਕਰਦਾ ਰਹੇਗਾ। ਸਮੁੱਚਾ ਝਾੜ ਸਾਹਿਬ ਕਾਲਜ ਪਰਿਵਾਰ ਉਨ੍ਹਾਂ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕਰਦਾ ਹੈ।

# ਇੰਗਲਿਸ਼ ਸਟੂਡੀਓ ਨੇ ਲਵਾਇਆ ਕੈਨੇਡਾ ਦਾ ਸਟੱਡੀ ਵੀਜ਼ਾ




**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਸ਼ਹਿਰ ਦੀ ਕੋਟਕਪੂਰਾ ਸੜਕ ਉੱਪਰਲੇ ਪੈਟਰੋਲ ਪੰਪ ਦੇ ਸਾਹਮਣੇ ਸਥਿਤ ਇਲਾਕੇ ਦੀ ਨਾਮਵਾਰ ਸੰਸਥਾ ਇੰਗਲਿਸ਼ ਸਟੂਡੀਓ, ਜੋ ਵਿਦਿਆਰਥੀਆਂ ਨੂੰ ਆਇਲਟਸ ਦੀ ਪ੍ਰੀਖਿਆ ਸਬੰਧੀ ਸ਼ਾਨਦਾਰ ਕੋਚਿੰਗ ਦੇ ਰਹੀ ਹੈ ਅਤੇ ਚੰਗੇ ਬੈਂਡ ਦਿਵਾ ਕੇ ਇੰਮੀਗ੍ਰੇਸ਼ਨ ਦੇ ਖੇਤਰ ਵਿੱਚ ਵੀ ਉੱਚ ਸੇਵਾਵਾ ਪ੍ਰਦਾਨ ਕਰਵਾ ਰਹੀ ਹੈ,ਜਿਸ ਕਰਕੇ ਵਿਦਿਆਰਥੀ ਆਏ ਦਿਨ ਆਪਣੇ ਵਿਦੇਸ਼ ਜਾਣ ਦੇ ਸੁਪਨਿਆਂ ਨੂੰ ਸਾਕਾਰ ਕਰ ਰਹੇ ਹਨ। ਇਸੇ ਕੜੀ ਤਹਿਤ ਇਸ ਵਾਰ ਸੰਸਥਾ ਨੇ ਕਰਮਵੀਰ ਕੌਰ ਬਰਾੜ ਸਪੁੱਤਰੀ ਸੁਖਦੀਪ ਸਿੰਘ ਬਰਾੜ ਵਾਸੀ ਬਾਘਾ ਪੁਰਾਣਾ (ਮੋਗਾ) ਦਾ ਪੰਜ ਸਾਲ ਦਾ ਸਟੱਡੀ ਗੈਪ ਤੇ ਤਿੰਨ ਵਾਰ ਰਿਫਿਊਜ਼ਲ ਹੋਣ ਦੇ ਬਾਵਜੂਦ ਕੈਨੇਡਾ ਦੇ ਟੋਰਾਂਟੋ ਸ਼ਹਿਰ ਵਿਚਲੇ ਸ਼ੈਰੀਡਨ ਕਾਲਜ ਦਾ ਸਟੱਡੀ ਵੀਜ਼ਾ ਲਗਵਾਇਆ ਹੈ। ਇਸ ਮੌਕੇ ਸੰਸਥਾ ਦੇ ਮੁਖੀ ਪੰਕਜ ਬਾਂਸਲ ਤੇ ਗੌਰਵ ਕਾਲੜਾ ਨੇ ਵਿਦਿਆਰਥਣ ਨੂੰ ਕੈਨੇਡਾ ਸਟੱਡੀ ਵੀਜ਼ੇ ਦੀ ਕਾਪੀ ਸੌਂਪਦਿਆਂ ਵਧਾਈ ਦਿੱਤੀ ਅਤੇ ਉਸ ਦੇ ਉੱਚ ਪੱਧਰੇ ਭਵਿੱਖ ਦੀ ਕਾਮਨਾ ਕੀਤੀ।

# ਡਾ. ਅੰਬੇਡਕਰ ਨੇ ਸਮਾਜਿਕ, ਆਰਥਿਕ ਨਿਆਂ ਤੇ ਪ੍ਰਜਾਤੰਤਰ ਨੂੰ ਮਜ਼ਬੂਤ ਕਰਨ ਦੀ ਨੀਂਹ ਰੱਖੀ : ਸੰਤੋਖ ਸਿੰਘ ਗੁੰਮਟਾਲਾ




ਭਾਜਪਾ ਐਸ.ਸੀ. ਮੋਰਚੇ ਦੇ ਰਾਸ਼ਟਰੀ ਸਕੱਤਰ ਸੰਤੋਖ ਸਿੰਘ ਨੂੰ ਸਨਮਾਨਤ ਕਰਦੇ ਭਾਜਪਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ, ਸਾਬਕਾ ਡੀ.ਜੀ.ਪੀ. ਪਰਮਦੀਪ ਸਿੰਘ ਗਿੱਲ, ਭਾਜਪਾ ਐਸ.ਸੀ. ਮੋਰਚਾ ਦੇ ਪ੍ਰਧਾਨ ਅਰਜਨ ਕੁਮਾਰ, ਮਹਾ ਮੰਤਰੀ ਮੁਖਤਿਆਰ ਸਿੰਘ ਤੇ ਹੋਰ ਆਗੂ।

ਮੋਗਾ (ਅਮਰਜੀਤ ਬੱਬਰੀ)

ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਸੰਵਿਧਾਨ ਦੇ ਚੀਫ਼ ਆਰਕੀਟੇਕਟ ਰਹੇ। ਉਨ੍ਹਾਂ ਨੇ ਭਾਰਤ ਦੇ ਸੰਵਿਧਾਨ ਵਿੱਚ ਸਮਾਜਿਕ, ਨਿਆਂ, ਆਰਥਿਕ ਨਿਆਂ ਅਤੇ ਪ੍ਰਜਾਤੰਤਰ ਕਿਸ ਤਰ੍ਹਾਂ ਨਾਲ ਮਜ਼ਬੂਤ ਹੋ ਸਕਦਾ ਹੈ, ਇਸ ਦੀ ਨੀਂਹ ਉਨ੍ਹਾਂ ਨੇ ਸੰਵਿਧਾਨ ਦੇ ਰਾਹੀਂ ਰੱਖੀ ਸੀ। ਭਾਰਤ ਜੋ ਤੇਜ਼ ਗਤੀ ਨਾਲ ਅੱਗੇ ਵਧ ਰਿਹਾ ਹੈ, ਇਸ ਵਿੱਚ ਉਨ੍ਹਾਂ ਦਾ ਬਹੁਤ ਵੱਡਾ ਯੋਗਦਾਨ ਹੈ। ਇਹ ਵਿਚਾਰ ਭਾਜਪਾ ਐਸ.ਸੀ ਮੋਰਚੇ ਦੇ ਰਾਸ਼ਟਰੀ ਸਕੱਤਰ ਸੰਤੋਖ ਸਿੰਘ ਗੁੰਮਟਾਲਾ ਨੇ ਚੋਖਾ ਕੰਪਲੈਕਸ ਵਿੱਚ ਭਾਜਪਾ ਐਸ.ਸੀ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਅਰਜਨ ਕੁਮਾਰ ਵੱਲੋਂ ਭਾਰਤ ਰਤਨ ਡਾ. ਭੀਮ ਰਾਓ ਅੰਬੇਦਕਰ ਦੇ ਜਨਮ ਦਿਨ ਨੂੰ ਸਮਰਪਤ ਵਿਸ਼ਾਲ ਚੇਤਨਾ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ।

ਇਸ ਮੌਕੇ ਭਾਜਪਾ ਐਸ.ਸੀ ਮੋਰਚਾ ਦੇ ਰਾਸ਼ਟਰੀ ਸਕੱਤਰ ਸੰਤੋਖ ਸਿੰਘ ਗੁੰਮਟਲਾ, ਕਿਸਾਨ ਮੋਰਚਾ ਦੇ ਰਾਸਟਰੀ ਸਕੱਤਰ ਸੁਖਮੰਦਰ ਪਾਲ ਸਿੰਘ ਗਰੇਵਾਲ ਤੇ ਹੋਰ ਨੇਤਾਵਾਂ ਨੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਤੇ ਐਸ.ਸੀ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਅਰਜਨ ਕੁਮਾਰ, ਮਹਾਂਮੰਤਰੀ ਮੁਖਤਿਆਰ ਸਿੰਘ ਨੇ ਬੁੱਕੇ ਦੇ ਕੇ ਸਨਮਾਨਤ ਕੀਤਾ। ਸੰਤੋਖ ਸਿੰਘ ਨੇ ਕਿਹਾ ਕਿ ਭਾਜਪਾ ਹੀ ਦੇਸ਼ ਦੀ ਅਜਿਹੀ ਪਾਰਟ ਹੈ, ਜੋ ਕੇਂਦਰ ਵਿੱਚ ਬਣਾਈ ਗਈ ਯੋਜਨਾਵਾਂ ਦਾ ਲਾਭ ਜ਼ਮੀਨੀ ਪੱਧਰ ਤੱਕ ਲੋਕਾਂ ਤੱਕ ਪੁਚਾਉਂਦੀ ਹੈ। ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਡਾ. ਭੀਮ ਰਾਓ ਅੰਬੇਦਕਰ ਦੇ ਦਿਖਾਏ ਰਸਤੇ 'ਤੇ ਚੱਲ ਕੇ ਗਰੀਬਾਂ ਦੇ ਲਈ ਯੋਜਨਾਵਾਂ ਬਣਾ ਕੇ ਜ਼ਮੀਨੀ ਪੱਧਰ 'ਤੇ ਲਾਭ ਪਹੁੰਚਾ ਰਹੇ ਹਨ। ਇਸ ਮੌਕੇ ਸਾਬਕਾ ਡੀਜੀਪੀ ਪਰਮਦੀਪ ਸਿੰਘ ਗਿੱਲ, ਮਹਾਂਮੰਤਰੀ ਵਿੱਕੀ ਸਿਤਾਰਾ, ਪ੍ਰਦੇਸ ਉਪ ਪ੍ਰਧਾਨ ਪ੍ਰੇਮ ਸਿੰਘ ਸਫ਼ਰੀ, ਸੁਖਮੰਦਰ ਸਿੰਘ ਗੱਜਣਵਾਲਾ ਆਲ ਇੰਡੀਆ ਮਜ਼ਬੀ ਸਿੱਖ ਐਸੋਸੀਏਸ਼ਨ ਦੇ ਰਾਸ਼ਟਰੀ ਪ੍ਰਧਾਨ, ਐਸ.ਸੀ ਮੋਰਚਾ ਦੇ ਪ੍ਰਦੇਸ਼ ਬੁਲਾਰਾ ਸਤਪਾਲ ਸਿੰਘ, ਕਿਸਾਨ ਮੋਰਚਾ ਦੇ ਪ੍ਰਦੇਸ਼ ਆਗੂ ਗੁਰਮੇਲ ਸਿੰਘ ਸਰਾਂ, ਭਾਜਪਾ ਦੇ ਜ਼ਿਲ੍ਹਾ ਉਪ ਪ੍ਰਧਾਨ ਬਲਦੇਵ ਸਿੰਘ ਗਿੱਲ ਦੇ ਇਲਾਵਾ ਵੱਡੀ ਗਿਣਤੀ ਵਿੱਚ ਭਾਜਪਾ ਆਗੂ ਤੇ ਵਰਕਰ ਹਾਜ਼ਰ ਸਨ।

# ਮੋਦੀ ਸਰਕਾਰ ਵਿਦਿਆ ਦੇ ਮਾਮਲੇ 'ਚ ਬੱਚਿਆਂ ਨੂੰ ਪਿਛਾਖੜੀ ਮੋੜਾ ਦੇਣ ਦੇ ਰਾਹ-ਟਿੱਬਾ



**ਸੁਲਤਾਨਪੁਰ ਲੋਧੀ: (ਬਲਵਿੰਦਰ ਸਿੰਘ ਧਾਲੀਵਾਲ ਰਾਜਵੀਰ ਸਿੰਘ)**-ਤਰਕਸ਼ੀਲ ਸੁਸਾਇਟੀ ਪੰਜਾਬ ਦੀ ਇਕਾਈ ਟਿੱਬਾ ਦੀ ਮੀਟਿੰਗ ਸੁਲਤਾਨਪੁਰ ਲੋਧੀ ਪ੍ਰੈਸ ਕਲੱਬ ਵਿਖੇ ਹੋਈ ਜਿਸਦੀ ਪ੍ਰਧਾਨਗੀ ਇਕਾਈ ਮੁਖੀ ਮਾ. ਜਸਬੀਰ ਸਿੰਘ ਨੇ ਕੀਤੀ। ਇਸ ਮੀਟਿੰਗ ਵਿਚ ਜੋਨ ਜਲੰਧਰ ਦੇ ਮੁਖੀ ਸੁਰਜੀਤ ਟਿੱਬਾ ਨੇ ਹਾਜ਼ਰ ਮੈਂਬਰਾਂ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਪਿਛਲੇ ਦਿਨੀ ਐਨਸੀਆਰਟੀ ਵੱਲੋਂ ਦਸਵੀਂ ਜਮਾਤ ਦੇ ਵਿਗਿਆਨ ਦੇ ਸਿਲੇਬਸ ਵਿੱਚੋਂ ਸੰਸਾਰ ਪ੍ਰਸਿੱਧ ਵਿਗਿਆਨੀ ਚਾਰਲਿਸ ਡਾਰਵਿਨ ਦੇ ਜੀਵ ਉਤਪਤੀ ਸਿਧਾਂਤ ਨੂੰ ਬਾਹਰ ਕੱਢ ਦੇਣਾ ਇਕ ਸੋਚੀ ਸਮਝੀ ਚਾਲ ਹੈ ਤੇ ਅਸੀਂ ਇਸਦੀ ਜੋਰਦਾਰ ਸ਼ਬਦਾਂ ਵਿਚ ਨਿਖੇਦੀ ਕਰਦੇ ਹਾਂ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਵੱਲੋਂ ਪਿਛਲ਼ੇ ਸਾਲਾਂ ਤੋਂ ਸਿਲੇਬਸ ਵਿੱਚੋਂ ਗਦਰੀ ਇਤਿਹਾਸ, ਗਾਂਧੀ ਦੇ ਕਾਤਲ ਗੋਡਸੇ ਤੇ ਉਸ ਤੋਂ ਬਾਅਦ ਦੇ ਹਾਲਾਤ, ਗੁਜਰਾਤ ਦੰਗਿਆਂ ਨੂੰ ਤੇ ਹੁਣ ਡਾਰਵਿਨ ਦੇ ਸਿਧਾਂਤ ਨੂੰ ਵੀ ਬਾਹਰ ਕੱਢ ਦਿੱਤਾ ਗਿਆ ਹੈ ਤੇ ਇਹ ਦੱਸਣ ਦੀ ਕੋਸ਼ਿਸ਼ ਕੀਤੀ ਹੈ ਕਿ ਮੋਦੀ ਸਰਕਾਰ ਵਿਦਿਆ ਦੇਣ ਦੇ ਮਾਮਲੇ ਵਿਚ ਬੱਚਿਆਂ ਨੂੰ ਪਿਛਾਖੜੀ ਮੋੜਾ ਦੇਣ ਦੇ ਰਾਹ ਪਈ ਹੋਈ ਹੈ। ਜਿਸ ਪਿੱਛੇ ਮੋਦੀ ਸਰਕਾਰ ਦੀ ਮਨਸ਼ਾ ਫਾਸ਼ੀਵਾਦੀ ਤਾਕਤਾ ਨੂੰ ਬੜਾਵਾ ਦੇਣ ਦੀ ਹੈ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਨਹੀਂ ਚਾਹੁੰਦੀ ਕਿ ਸਾਡੇ ਬੱਚੇ ਇਸ ਧਰਤੀ ਤੇ ਉਤਪਤੀ ਦੇ ਸਿਧਾਂਤ ਤੋਂ ਜਾਣੂ ਹੋ ਸਕਣ ਸਗੋਂ ਉਹ ਇਹ ਚਾਹ ਰਹੇ ਹਨ ਕਿ ਬੱਚੇ ਅੰਧਵਿਸ਼ਵਾਸ ਤੇ ਪਿਛਾਖੜੀ ਰੂੜੀਵਾਦੀ ਸੋਚ ਨਾਲ ਓਤਪੋਤ ਹੋ ਜਾਣ ਤੇ ਸੱਚ ਨਾ ਜਾਣ ਸਕਣ। ਉਨ੍ਹਾਂ ਕਿਹਾ ਕਿ ਜਦੋਂ ਸਾਰਾ ਯੂਰਪ, ਅਮਰੀਕਾ, ਕੈਨੇਡਾ, ਆਸਟ੍ਰੇਲੀਆਂ, ਜਪਾਨ ਤੇ ਹੋਰ ਵਿਕਸਿਤ ਦੇਸ਼ ਵਿਗਿਆਨ ਦੀਆਂ ਗੱਲਾਂ ਕਰ ਰਹੇ ਹਨ ਤਾਂ ਸਾਡੇ ਦੇਸ਼ ਦੇ ਆਗੂ ਦੇਸ਼ ਨੂੰ ਪਿਛਾਹ ਵੱਲ ਧੱਕਣ ਲਈ ਪੂਰਾ ਜੋਰ ਲਾ ਰਹੇ ਹਨ। ਮਾ. ਜਸਬੀਰ ਸਿੰਘ ਨੇ ਕਿਹਾ ਕਿ ਤਰਕਸ਼ੀਲ ਸੁਸਾਇਟੀ ਪੰਜਾਬ ਪਿਛਲ਼ੇ 38 ਸਾਲਾਂ ਤੋਂ ਸਮਾਜ ਵਿਚ ਫੈਲੇ ਅੰਧਵਿਸ਼ਵਾਸਾਂ ਤੇ ਰੂੜੀਵਾਦੀ ਵਿਚਾਰਾਂ ਨੂੰ ਰੱਦ ਕਰਨ ਤੇ ਵਿਗਿਆਨਿਕ ਸੋਚ ਨੂੰ ਪ੍ਰਫੁਲਤ ਕਰਨ ਲਈ ਕੰਮ ਕਰ ਰਹੀ ਹੈ ਇਸ ਮੋਕੇ ਅਮਰਜੀਤ ਸਿੰਘ,ਰਾਮਸਿੰਘ ਤੇ ਰਾਣਾ ਰਾਜਿੰਦਰ ਸਿੰਘ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਇਕਾਈ ਟਿੱਬਾ ਵੱਲੋਂ ਬਰਨਾਲਾ ਵਿਖੇ 30 ਅਪ੍ਰੈਲ ਨੂੰ ਹੋ ਰਹੇ ਚੋਣ ਇਜਲਾਸ ਵਿਚ ਜਾਣ ਦੀ ਤਿਆਰੀ ਲਈ ਵੀ ਚਰਚਾ ਕੀਤੀ ਗਈ। ਇਸ ਮੌਕੇ ਰੇਸ਼ਮ ਸਿੰਘ,ਹਰਜਿੰਦਰ ਸਿੰਘ,ਬਨਵਾਰੀ ਲਾਲ,ਮੁਕੰਦ ਸਿੰਘ,ਮਾ.ਚਰਨ ਸਿੰਘ,ਰਾਜੂ ਜਤਿੰਦਰ ਸੁਲਤਾਨਪੁਰ,ਮਦਨ ਲਾਲ ਵਿਕੀ ਤਲਵੰਡੀ ਹਾਜਰ ਸਨ।

# ਆਮ ਆਦਮੀ ਪਾਰਟੀ ਦੇ ਮਹਿਲਾ ਵਿੰਗ ਨੇ ਕੀਤੀ ਅਹਿਮ ਬੈਠਕ

**ਜਲੰਧਰ, ( ਸੁਰਿੰਦਰ ਕੁਮਾਰ)** -ਆਮ ਆਦਮੀ ਪਾਰਟੀ ਦੇ ਪੰਜਾਬ ਸਟੇਟ ਸਕੱਤਰ ਅਤੇ ਦੁਆਬਾ ਇੰਚਾਰਜ ਰਾਜਵਿੰਦਰ ਕੌਰ ਥਿਆੜਾ ਦੀ ਅਗਵਾਈ ਹੇਠ ਅੱਜ ਜਲੰਧਰ ਵਿਖੇ ਪਾਰਟੀ ਦੇ ਮਹਿਲਾ ਵਿੰਗ ਦੀ ਇਕ ਅਹਿਮ ਮੀਟਿੰਗ ਹੋਈ। ਪਾਰਟੀ ਦਫਤਰ ਵਿਖੇ ਹੋਈ ਮੀਟਿੰਗ ਦੌਰਾਨ ਮਾਨ ਸਰਕਾਰ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਅਤੇ ਚੋਣ ਪ੍ਰਚਾਰ ਵਿੱਚ 'ਆਪ' ਦੀ ਮਜ਼ਬੂਤ ਹੋ ਰਹੀ ਸਥਿਤੀ ਅਤੇ ਮਹਿਲਾ ਵਿੰਗ ਦੀ ਇਸ ਚੋਣ ਵਿੱਚ ਅਹਿਮ ਭੂਮਿਕਾ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ । ਮੀਟਿੰਗ ਦੌਰਾਨ ਆਮ ਆਦਮੀ ਪਾਰਟੀ ਪੰਜਾਬ ਦੇ ਮਹਿਲਾ ਵਿੰਗ ਪ੍ਰਧਾਨ ਬਲਜਿੰਦਰ ਕੌਰ, ਸਕੱਤਰ ਰਿਪੀ ਗਰੇਵਾਲ ਸਮੇਤ ਰਾਜ ਅਤੇ ਜ਼ਿਲ੍ਹਾ ਪੱਧਰ ਤੋਂ ਸਮੂਹ ਅਹੁਦੇਦਾਰ ਸ਼ਾਮਲ ਸਨ। ਇਸ ਦੌਰਾਨ 'ਆਪ' ਪੰਜਾਬ ਦੇ ਸਟੇਟ ਸਕੱਤਰ ਰਾਜਵਿੰਦਰ ਕੌਰ ਥਿਆੜਾ ਨੇ ਜਲੰਧਰ ਜ਼ਿਮਨੀ ਚੋਣ ਦੇ ਸੰਬੰਧ ਵਿੱਚ ਮਹਿਲਾਵਾਂ ਦੀਆਂ ਵੱਖ-ਵੱਖ ਹਲਕਿਆਂ ਵਿੱਚ ਲਗਾਈਆਂ ਡਿਊਟੀਆਂ ਬਾਰੇ ਜਾਣਕਾਰੀ ਦਿੱਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਬੀਬੀ ਥਿਆੜਾ ਨੇ ਕਿਹਾ ਕਿ ਜਿਸ ਤਰ੍ਹਾਂ ਅਸੀਂ ਮਹਿਲਾਵਾਂ ਨੇ ਪਹਿਲਾਂ 2022 ਦੀਆਂ ਚੋਣਾਂ ਦੌਰਾਨ 'ਆਪ' ਦੀ ਸਰਕਾਰ ਬਣਾਉਣ ਵਿੱਚ ਅਹਿਮ ਰੋਲ ਅਦਾ ਕੀਤਾ ਸੀ, ਉਸੇ ਤਰ੍ਹਾਂ ਇਸ ਲੋਕ-ਸਭਾ ਜ਼ਿਮਨੀ ਚੋਣ ਵਿੱਚ ਵੀ 'ਆਪ' ਉਮੀਦਵਾਰ ਦੀ ਇੱਕਤਰਫਾ ਜਿੱਤ ਲਈ ਮਹਿਲਾਵਾਂ ਆਪਣਾ ਪੂਰਾ ਯੋਗਦਾਨ ਪਾਉਣਗੀਆਂ। ਉਨ੍ਹਾ ਦੱਸਿਆ ਕਿ ਜਲਦ ਹੀ ਮਹਿਲਾਵਾਂ ਨੂੰ ਦਿੱਤੀਆਂ ਗਾਰੰਟੀਆਂ ਵੀ ਪੂਰੀਆਂ ਹੋਣ ਜਾ ਰਹੀਆਂ ਹਨ। ਰਾਜਵਿੰਦਰ ਕੌਰ ਥਿਆੜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਮਹਿਲਾਵਾਂ ਦਾ ਬਹੁਤ ਸਤਿਕਾਰ ਕਰਦੀ ਹੈ। ਇਹੀ ਵਜ੍ਹਾ ਹੈ ਕਿ ਮਹਿਲਾਵਾਂ ਵੀ 'ਆਪ' ਨੂੰ ਹਰ ਚੋਣ ਵਿੱਚ ਜੇਤੂ ਬਣਾਉਣ ਲਈ ਤਤਪਰ ਰਹਿੰਦੀਆਂ ਹਨ। ਮੀਟਿੰਗ ਦੌਰਾਨ ਹਾਜ਼ਰ ਪਾਰਟੀ ਦੀਆਂ ਸਮੂਹ ਮਹਿਲਾ ਆਗੂਆਂ ਤੇ ਵਰਕਰਾਂ ਨੇ ਜਲੰਧਰ ਜ਼ਿਮਨੀ ਚੋਣ ਜਿੱਤ ਕੇ ਪਾਰਟੀ ਦੀ ਝੋਲੀ ਵਿਚ ਪਾਉਣ ਦਾ ਭਰੋਸਾ ਦਿੱਤਾ । ਇਸ ਮੌਕੇ ਸ਼ੋਭਾ ਭਗਤ, ਮਨਦੀਪ ਕੌਰ, ਗੁਰਪ੍ਰੀਤ ਕੌਰ, ਹਰਜੀਤ ਕੌਰ, ਅੰਜਨਾ ਤੇ ਸੁਮਨ ਪ੍ਰਮੁੱਖ ਤੌਰ 'ਤੇ ਹਾਜ਼ਰ ਸਨ।

# ਸੇਂਟ ਸੋਲਜਰ ਦੇ ਨਤੀਜੇ ਰਹੇ ਸ਼ਾਨਦਾਰ



**ਜਲੰਧਰ (ਇਕਬਾਲ ਸਿੰਘ ਉੱਭੀ)**- ਸੇਂਟ ਸੋਲਜਰ ਮੈਨੇਜਮੈਂਟ ਐਂਡ ਟੈਕਨੀਕਲ ਇੰਸਟੀਚਿਊਟ, ਕਪੂਰਥਲਾ ਰੋਡ ਦੇ ਵਿਦਿਆਰਥੀਆਂ ਨੇ ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਬੀ.ਏ (ਜਰਨਲਿਜ਼ਮ ਐਂਡ ਮਾਸ ਕਮਿਊਨੀਕੇਸ਼ਨ) ਦੇ ਨਤੀਜਿਆਂ ਵਿਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਜਾਣਕਾਰੀ ਦਿੰਦਿਆਂ ਚੇਅਰਮੈਨ ਅਨਿਲ ਚੋਪੜਾ, ਪ੍ਰਿੰਸੀਪਲ ਡਾ.ਰੋਹਨ ਸ਼ਰਮਾ ਨੇ ਦੱਸਿਆ ਕਿ ਬੀ.ਏ ਜਰਨਲਿਜ਼ਮ ਐਂਡ ਮਾਸ ਕਮਿਊਨੀਕੇਸ਼ਨ ਦੇ ਪੰਜਵੇਂ ਸਮੈਸਟਰ 'ਚ ਸਪਨਾ ਸਿੰਘ ਨੇ 9.29 ਐੱਸ.ਜੀ.ਪੀ.ਏ, ਪ੍ਰਿਅੰਕਾ ਨੇ 9.06 ਐੱਸ.ਜੀ.ਪੀ.ਏ, ਵਰਿੰਦਰਜੀਤ ਕੌਰ, ਮੀਨੂੰ ਨੇ 8.82 ਐੱਸ.ਜੀ.ਪੀ.ਏ., ਤੀਸਰੇ ਸਮੈਸਟਰ 'ਚ ਵਿਸ਼ਾਲ ਯਾਦਵ ਨੇ 8.67 ਐੱਸ.ਜੀ.ਪੀ.ਏ., ਰੀਆ, ਦੀਪਿਕਾ ਨੇ 8.48 ਐਸ.ਜੀ.ਪੀ.ਏ., ਰਜਨੀ ਨੇ 8.43 ਐਸ.ਜੀ.ਪੀ.ਏ., ਲਵਜੋਤ ਕੁਮਾਰੀ ਨੇ 8.24 ਐਸ.ਜੀ.ਪੀ.ਏ., ਮਨੀਸ਼ ਕਪੂਰ, ਰਵਿੰਦਰ ਸਿੰਘ, ਅਪੇਕਸ਼ਾ ਨੇ 8.10 ਐਸ.ਜੀ.ਪੀ.ਏ., ਪਹਿਲੇ ਸਮੈਸਟਰ 'ਚ ਸ਼ਿਲਪਾ ਨੇ 8.70 ਐਸ.ਜੀ.ਪੀ.ਏ., ਮਹਿਰ ਰਾਣੀ ਨੇ 8.40 ਐਸ.ਜੀ.ਪੀ.ਏ. ਰਿੰਪੀ ਨੇ 8.20 ਐਸਜੀਪੀਏ, ਅੰਜਲੀ ਨੇ 8.05 ਐਸਜੀਪੀਏ ਪ੍ਰਾਪਤ ਕੀਤੇ ਹਨ। ਚੇਅਰਮੈਨ ਅਨਿਲ ਚੋਪੜਾ, ਵਾਈਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਵਿਦਿਆਰਥੀਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਐਚ ਓ ਡੀ ਜਸਪ੍ਰੀਤ ਕੌਰ ਅਤੇ ਸਾਰੇ ਅਧਿਆਪਕ ਮੌਜੂਦ ਰਹੇ।

# ਤਿੰਨ ਕਿਲੋ ਅਫੀਮ ਸਮੇਤ ਕਾਬੂ

**ਕਪੂਰਥਲਾ ( ਰਵਿੰਦਰ ਸਿੰਘ)** ਇੰਸਪੈਕਟਰ ਜਰਨੈਲ ਸਿੰਘ ਇੰਚਾਰਜ ਸੀ.ਆਈ.ਏ ਸਟਾਫ ਕਪੂਰਥਲਾ ਦੀ ਨਿਗਰਾਨੀ ਹੇਠ ਨਿਰਮਲ ਸਿੰਘ ਨੇ ਸਮੇਤ ਪੁਲਸ ਪਾਰਟੀ ਦੇ ਕਾਂਜਲੀ ਰੋਡ ਕਪੂਰਥਲਾ ਤੋਂ ਬਲਵੀਰ ਚੰਦ ਉਰਫ ਸਾਬੀ ਪੁੱਤਰ ਮਲਕੀਤ ਚੰਦ ਵਾਸੀ ਨਿਹਾਲਗੜ ਥਾਣਾ ਸੁਭਾਨਪੁਰ ਜ਼ਿਲ੍ਹਾ ਕਪੂਰਥਲਾ ਨੂੰ ਸਮੇਤ ਮੋਟਰਸਾਈਕਲ ਪਲਸਰ ਰੰਗ ਕਾਲਾ ਬਿਨਾਂ ਨੰਬਰੀ ਦੇ ਕਾਬੂ ਕਰਕੇ ਉਸ ਪਾਸੋਂ 03 ਕਿਲੋ ਅਫੀਮ ਬ੍ਰਾਮਦ ਕਰਕੇ ਮੁਕੱਦਮਾ ਨੰਬਰ 95 ਮਿਤੀ 26.04.2023 ਅਧ 18 ਥਾਣਾ ਸਿਟੀ ਕਪੂਰਥਲਾ ਦਰਜ ਕੀਤਾ ਗਿਆ। ਸਾਬੀ ਫੋਟੋਗ੍ਰਾਫੀ ਦਾ ਕੰਮ ਕਰਦਾ ਹੈ ਅਤੇ ਫੋਟੋਗ੍ਰਾਫੀ ਦੀ ਆੜ ਵਿੱਚ ਹੀ ਵੱਡੀ ਪੱਧਰ 'ਤੇ ਅਫੀਮ ਲਿਆ ਕੇ ਵੇਚਦਾ ਹੈ।

# ਸੂਬੇ ਨੂੰ ਰੰਗਲਾ ਪੰਜਾਬ ਬਣਾਉਣ 'ਚ ਨੌਜਵਾਨਾਂ ਦੀ ਵਿਸ਼ੇਸ਼ ਭੂਮਿਕਾ : ਜਿੰਪਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਵਿਕਾਸਸ਼ੀਲ ਅਤੇ ਦੂਰਦਰਸ਼ੀ ਸੋਚ 'ਤੇ ਪਹਿਰਾ ਦਿੰਦੇ ਹੋਏ ਪੰਜਾਬ ਨੂੰ 'ਰੰਗਲਾ ਪੰਜਾਬ' ਬਣਾਉਣ ਦੀ ਦਿਸ਼ਾ ਵਿਚ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਸੁਪਨੇ ਨੂੰ ਸਾਕਾਰ ਕਰਨ ਵਿਚ ਨੌਜਵਾਨਾਂ ਦੀ ਅਹਿਮ ਭੂਮਿਕਾ ਹੈ। ਉਹ ਪਿੰਡ ਢੋਲਣਵਾਲ ਵਿਚ ਵੱਖ-ਵੱਖ ਵਿਕਾਸ ਕਾਰਜ ਲਈ ਚੈੱਕ ਸੌਂਪਣ ਦੌਰਾਨ ਪਿੰਡ ਵਾਸੀਆਂ ਨੂੰ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਪਿੰਡ ਨੂੰ 4 ਲੱਖ ਰੁਪਏ ਦੇ ਚੈਕ ਸੌਂਪੇ, ਜਿਸ ਵਿਚ 2 ਲੱਖ ਰੁਪਏ ਪਿੰਡ ਦੇ ਸਰਕਾਰੀ ਐਲੀਮੈਂਟਰੀ ਸਕੂਲ ਨੂੰ ਅਤੇ 2 ਲੱਖ ਰੁਪਏ ਪਿੰਡ ਦੀ ਗਰਾਊਂਡ ਲਈ ਦਿੱਤੇ। ਉਨ੍ਹਾਂ ਕਿਹਾ ਕਿ ਸੂਬੇ ਦੇ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਲਈ ਪੰਜਾਬ ਸਰਕਾਰ ਵਲੋਂ 'ਖੇਡਾਂ ਵਤਨ ਪੰਜਾਬ ਦੀਆਂ' ਦਾ ਆਯੋਜਨ ਕਰਵਾਇਆ ਗਿਆ, ਜਿਸ ਵਿਚ ਸੂਬੇ ਦੇ 5 ਲੱਖ ਨੌਜਵਾਨਾਂ ਨੇ ਹਿੱਸਾ ਲਿਆ। ਉਨ੍ਹਾਂ ਅਪੀਲ ਕਰਦੇ ਹੋਏ ਕਿਹਾ ਕਿ ਪਿੰਡ ਵਾਸੀ ਨਸ਼ਿਆਂ ਦੇ ਖਿਲਾਫ਼ ਇਕਜੁੱਟ ਹੋਣ, ਕਿਉਂਕਿ ਇਕਜੁੱਟਤਾ ਨਾਲ ਹੀ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕਦਾ ਹੈ। ਇਸ ਮੌਕੇ ਬੀ.ਡੀ.ਪੀ.ਓ ਸੁਖਜਿੰਦਰ ਸਿੰਘ, ਸਰਪੰਚ ਆਤਮਾ ਰਾਮ, ਰਜਿੰਦਰ ਕੁਮਾਰ, ਅਮਨਦੀਪ ਸੈਣੀ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

# ਧਾਰਮਕ ਸਥਾਨ 'ਤੇ ਮੱਥਾ ਟੇਕਣ ਗਈ ਔਰਤ ਦੇ ਗਲੇ 'ਚੋਂ ਚੈਨ ਝਪਟੀ



**ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ)**- ਬੀਤੇ ਦਿਨ ਧਾਰਮਿਕ ਅਸਥਾਨ 'ਤੇ ਮੱਥਾ ਟੇਕਣ ਗਈ ਇੱਕ ਔਰਤ ਦੇ ਗਲੇ ਵਿੱਚੋ ਚੈਨੀ ਝਪਟ ਲਈ ਗਈ। ਪੀੜਤ ਔਰਤ ਸੰਦੀਪ ਕੌਰ ਪਤਨੀ ਉਕਾਰ ਸਿੰਘ ਨਿਵਾਸੀ ਬਾਹਮਣ ਮਾਜਰਾ ਨੇ ਦੱਸਿਆ ਕਿ ਉਹ ਸਵੇਰੇ 10-30 ਵਜੇ ਆਪਣੇ ਬੱਚਿਆਂ ਨਾਲ ਨੂਰਪੁਰਬੇਦੀ ਪੀਰ ਬਾਬਾ ਜਿੰਦਾ ਸ਼ਹੀਦ ਜੀ ਦੇ ਅਸਥਾਨ 'ਤੇ ਮੱਥਾ ਟੇਕਣ ਲਈ ਗਈ ਸੀ , ਤਾਂ ਉਥੇ ਭੀੜ ਵਿੱਚ ਪਿੱਛੋ ਕਿਸੇ ਨੇ ਉਸ ਨੂੰ ਧੱਕਾ ਮਾਰਿਆ ਇੰਨੇ ਟਾਇਮ ਵਿੱਚ ਕਿਸੇ ਨੇ ਉਸ ਦੀ ਡੇਢ ਤੋਲੇ ਦੀ ਚੈਨੀ ਝਪਟ ਲਈ। ਪੀੜਤ ਮਹਿਲਾ ਦੇ ਨੂਰਪੁਰਬੇਦੀ ਵਿਖੇ ਰਹਿੰਦੇ ਭਰਾ ਸੁਖਦੇਵ ਸਿੰਘ ਧਾਂਦਲੀ ਵਲੋਂ ਸੂਚਨਾ ਦੇਣ ਤੇ ਮਹਿਲਾ ਕਰਮਚਾਰੀ ਸੰਦੀਪ ਤੇ ਰਜਨੀ ਬਾਲਾ ਫਰਾਰ ਝਪਟਮਾਰਾਂ ਦੀ ਭਾਲ ਵਿੱਚ ਜੁੱਟ ਗਈਆਂ। ਭਾਵੇਂ ਝਪਟਮਾਰ ਔਰਤਾਂ ਗੁਰੂਦੁਆਰਾ ਸਾਹਿਬ ਵਿਖੇ ਲੱਗੇ ਕੈਮਰਿਆਂ ਵਿੱਚ ਕੈਦ ਹੋ ਗਈਆਂ ਹਨ ਪਰ ਫਿਰ ਵੀ ਪੀੜਤ ਔਰਤ ਦੇ ਰਿਸ਼ਤੇਦਾਰਾਂ ਨੇ ਰੋਸ ਜਿਤਾਉਦਿਆਂ ਦੱਸਿਆ ਕਿ ਕੈਮਰਿਆਂ ਦੀ ਕੁਆਲਟੀ ਇੰਨੀ ਘਟੀਆ ਹੈ ਕਿ ਵਾਰਦਾਤ ਨੂੰ ਅੰਜਾਮ ਦੇਣ ਵਾਲਿਆ ਦੇ ਫੁਟੇਜ ਸਾਫ ਦਿਖਾਈ ਨਹੀ ਦਿੰਦੇ।

# 'ਆਪ' ਵਲੋਂ ਗਿੱਦੜਪਿੰਡੀ ਵਿਖੇ ਵਿਸ਼ਾਲ ਰੈਲੀ



**ਜਲੰਧਰ, (ਸ਼ੈਲੀ, ਸੁਰਿੰਦਰ)**- ਜਲੰਧਰ ਜ਼ਿਮਨੀ ਚੋਣਾਂ ਨੂੰ ਲੈਕੇ ਆਮ ਆਦਮੀ ਪਾਰਟੀ ਵਲੋਂ ਕੀਤੇ ਜਾ ਰਹੇ ਜ਼ੋਰਦਾਰ ਚੋਣ ਪ੍ਰਚਾਰ ਦੌਰਾਨ ਰੈਲੀਆਂ ਦਾ ਦੌਰ ਜਾਰੀ ਹੈ, ਉਥੇ 'ਆਪ' ਦੀਆਂ ਨੀਤੀਆਂ ਤੇ ਮਾਨ ਸਰਕਾਰ ਦੇ ਕੰਮਾਂ ਨੂੰ ਲੈ ਕੇ ਹੋਰਨਾਂ ਪਾਰਟੀਆਂ ਦੇ ਆਗੂਆਂ ਤੇ ਸਮਰਥਕਾਂ ਦਾ ਪਾਰਟੀ ਵਿੱਚ ਸ਼ਾਮਲ ਹੋਣ ਦਾ ਸਿਲਸਿਲਾ ਜਾਰੀ ਹੈ। 'ਆਪ' ਪੰਜਾਬ ਦੇ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਦੀ ਅਗਵਾਈ ਹੇਠ ਜਲੰਧਰ ਲੋਕ ਸਭਾ ਦੇ ਹਲਕਾ ਸ਼ਾਹਕੋਟ ਦੇ ਪਿੰਡ ਗਿੱਦੜ ਪਿੰਡੀ ਵਿਖੇ ਇੱਕ ਵਿਸ਼ਾਲ ਚੋਣ ਰੈਲੀ ਕੀਤੀ ਗਈ। 'ਆਪ' ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਦੇ ਹੱਕ ਵਿੱਚ ਇਥੇ ਕੀਤੀ ਗਈ ਰੈਲੀ ਦੌਰਾਨ ਵੱਖ-ਵੱਖ ਪਾਰਟੀਆਂ ਤੋਂ ਆਏ ਆਗੂ ਆਪਣੇ ਸਮਰਥਕਾਂ ਸਮੇਤ ਪਾਰਟੀ ਵਿੱਚ ਸ਼ਾਮਲ ਹੋਏ। ਬਰਸਟ ਨੇ ਉਨ੍ਹਾਂ ਨੂੰ ਪਾਰਟੀ ਵਿੱਚ ਸ਼ਾਮਲ ਕਰਵਾਇਆ ਅਤੇ ਸਵਾਗਤ ਕੀਤਾ ਅਤੇ ਦੱਸਿਆ ਕਿ ਕਿਵੇਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਲੋਂ ਅੰਬਾਨੀ ਤੇ ਅਡਾਨੀ ਦਾ ਸਵਾ ਛੇ ਲੱਖ ਕਰੋੜ ਰੁਪਏ ਕਰਜਾ ਮੁਆਫ ਕੀਤਾ ਤੇ ਹੋਰ ਦੂਜੇ ਕਈ ਕਾਰੋਬਾਰ ਖਤਮ ਕਰਨ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਆਪਣੇ ਸੰਬੋਧਨ ਵਿੱਚ ਅੱਗੇ ਦੱਸਿਆ ਕਿ ਕਿਵੇਂ ਦੇਸ਼ ਦਾ ਅੰਨ ਦਾਤਾ ਕਿਸਾਨ ਰਾਜਧਾਨੀ ਦਿੱਲੀ ਦੇ ਬਾਰਡਰਾਂ 'ਤੇ ਆਪਣੇ ਹੱਕਾ ਲਈ ਲੜਾਈ ਲੜਦੇ ਰਹੇ, ਕਿਵੇਂ ਕੇਂਦਰ ਸਰਕਾਰ ਨੇ ਪੰਜਾਬ ਮੰਡੀ ਬੋਰਡ ਦੇ 3200 ਕਰੋੜ ਰੋਕ ਕੇ ਰੱਖੇ ਹੋਏ ਹਨ, ਜਿਸ ਨਾਲ ਮੰਡੀਆਂ ਦੇ ਵਿਕਾਸ ਸਮੇਤ ਹੋਰ ਕਈ ਕੰਮ ਰੁਕੇ ਹੋਏ ਹਨ। ਇਸ ਮੌਕੇ ਵਿਧਾਇਕਾ ਅਮਨਦੀਪ ਕੌਰ ਅਰੋੜਾ, ਵਿਧਾਇਕ ਦਵਿੰਦਰ ਸਿੰਘ ਲਾਡੀ ਢੋਸ, ਸਰਬਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਦਿਹਾਤੀ ,ਰਤਨ ਸਿੰਘ ਕਾਕੜ ਕਲਾਂ ਹਲਕਾ ਇੰਚਾਰਜ, ਤੇਜਿੰਦਰ ਸਿੰਘ ਰਾਮਪੁਰਾ ਹਾਜ਼ਰ ਰਹੇ।

ਪਾਰਟੀ ਵਿਚ ਸ਼ਾਮਲ ਹੋਣ ਵਾਲੇ ਜਥੇਦਾਰ ਮੁਖਤਿਆਰ ਸਿੰਘ, ਸ਼ਰਨਜੀਤ ਸਿੰਘ, ਭੁਪਿੰਦਰ ਸਿੰਘ, ਜਸਪ੍ਰੀਤ ਸਿੰਘ, ਗੁਰਪਾਲ ਸਿੰਘ, ਬਚਨ ਸਿੰਘ, ਮਹਿੰਦਰ ਸਿੰਘ, ਇੰਦਰਜੀਤ ਸਿੰਘ, ਮੰਗਲ ਸਿੰਘ, ਭਜਨ ਸਿੰਘ, ਅਜੀਤ ਸਿੰਘ ਤੇ ਹੋਰ ਪਤਵੰਤੇ ਵੀ ਹਨ।

# ਰੁੜਕਾ ਕਲਾਂ ਵਿਖੇ ਸੀ ਪੀ ਐੱਮ ਦੀ ਮੀਟਿੰਗ 2 ਨੂੰ

**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ)** ਸੀਪੀਆਈ ( ਐਮ ) ਦੇ ਸੂਬਾ ਕਮੇਟੀ ਮੈਂਬਰ ਕਾਮਰੇਡ ਸੁਖਪ੍ਰੀਤ ਸਿੰਘ ਜੌਹਲ ਅਤੇ ਤਹਿਸੀਲ ਫਿਲੌਰ ਦੇ ਸਕੱਤਰ ਮਾਸਟਰ ਪ੍ਰਸ਼ੋਤਮ ਬਿਲਗਾ ਵੱਲੋਂ ਪ੍ਰੈਸ ਬਿਆਨ ਜਾਰੀ ਕਰਦੇ ਹੋਏ ਦੱਸਿਆ ਕਿ ਸੀਪੀਆਈ ( ਐਮ ) ਦੇ ਆਗੂਆਂ ਵੱਲੋਂ ਜਲੰਧਰ ਲੋਕ ਸਭਾ ਦੀ ਜ਼ਿਮਨੀ ਚੋਣ ਲਈ ਹਲਕੇ ਅੰਦਰ ਜਨ ਸੰਪਰਕ ਮੁਹਿੰਮ ਚਲਾਈ ਜਾ ਰਹੀ ਹੈ । ਜ਼ਿਲ੍ਹਾ ਜਨਰਲ ਬਾਡੀ ਮੀਟਿੰਗ ਦੇ ਫੈਸਲੇ ਅਨੁਸਾਰ 2 ਮਈ ਨੂੰ ਰੁੜਕਾ ਕਲਾਂ ਵਿਖੇ ਠੀਕ 2 ਵਜੇ ਬਾਅਦ ਦੁਪਹਿਰ ਵਿਸ਼ਾਲ ਇਕੱਠ ਕਰਕੇ ਚੋਣ ਮੀਟਿੰਗ ਕੀਤੀ ਜਾਵੇਗੀ । ਇਸ ਮੀਟਿੰਗ ਨੂੰ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਅਤੇ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਰਾਮ ਸਿੰਘ ਨੂਰਪੁਰੀ ਵੱਲੋਂ ਸੰਬੋਧਨ ਕੀਤਾ ਜਾਵੇਗਾ। ਸਮੂਹ ਜ਼ਿਲ੍ਹਾ ਕਮੇਟੀ ਮੈਂਬਰਾਂ , ਤਹਿਸੀਲ ਕਮੇਟੀ ਮੈਂਬਰਾਂ ਅਤੇ ਪਾਰਟੀ ਮੈਂਬਰਾਂ ਨੂੰ ਸੱਦਾ ਦਿੱਤਾ ਗਿਆ ਹੈ ਕਿ ਉਹ ਅਗਾਂਹ ਵਧੂ , ਧਰਮ ਨਿਰਪੱਖ ਅਤੇ ਜਮਹੂਰੀਅਤ ਪਸੰਦ ਵੋਟਰਾਂ ਨੂੰ ਨਾਲ ਲੈ ਕੇ ਰੁੜਕਾ ਕਲਾਂ ਵਿਖੇ ਚੋਣ ਮੀਟਿੰਗ ਵਿੱਚ ਹਾਜਰ ਹੋਣਗੇ । ਕਾਮਰੇਡ ਬਿਲਗਾ ਵੱਲੋਂ ਇਹ ਵੀ ਦੱਸਿਆ ਕਿ ਰੁੜਕਾ ਕਲਾਂ ਦੀ ਮੀਟਿੰਗ ਤੋਂ ਪਹਿਲਾਂ 2 ਮਈ ਨੂੰ ਸਵੇਰੇ 11 ਵਜੇ ਸੁਖਵਿੰਦਰ ਸਿੰਘ ਸੇਖੋਂ ਅਤੇ ਹੋਰ ਪਾਰਟੀ ਆਗੂ ਸੀਪੀਆਈ ( ਐਮ ) ਦਫਤਰ ਫਿਲੌਰ ਵਿਖੇ ਚੋਣ ਮੀਟਿੰਗ ਨੂੰ ਸੰਬੋਧਨ ਕਰਨਗੇ । ਜਲੰਧਰ ਜ਼ਿਮਨੀ ਚੋਣ ਲਈ ਮੀਟਿੰਗਾਂ ਤੇ ਜਨਸੰਪਰਕ ਦਾ ਸਿਲਸਿਲਾ ਲਗਾਤਾਰ ਜਾਰੀ ਹੈ ਅਤੇ 8 ਮਈ ਤੱਕ ਜਾਰੀ ਰਹੇਗਾ । ਸੀਪੀਆਈ ( ਐਮ ) ਵਲੋਂ 1 , 5 ਅਤੇ 7 ਮਈ ਨੂੰ ਜਲੰਧਰ ਸ਼ਹਿਰ ਵਿਖੇ ਮੀਟਿੰਗ ਕਰਕੇ ਵੋਟਰਾਂ ਨੂੰ ਧਰਮ-ਨਿਰਪੱਖ ਅਤੇ ਜਮਹੂਰੀਅਤ ਪਸੰਦ ਉਮੀਦਵਾਰ ਨੂੰ ਵੋਟ ਪਾਉਣ ਦਾ ਸੱਦਾ ਦਿੱਤਾ ਜਾਵੇਗਾ। ਇਸੇ ਤਰ੍ਹਾਂ ਹੀ 3 ਮਈ ਨੂੰ ਸ਼ਾਹਕੋਟ , ਲੋਹੀਆਂ ਅਤੇ 4 ਮਈ ਨੂੰ ਮਹਿਤਪੁਰ ਅਤੇ ਨੂਰਮਹਿਲ ਦੇ ਲੋਕਾਂ ਦਾ ਇਕੱਠ ਕਰਕੇ ਚੋਣ ਮੀਟਿੰਗਾਂ ਕੀਤੀਆਂ ਜਾਣਗੀਆ। ਮੀਟਿੰਗ ਦਾ ਸਮਾਂ ਸਵੇਰੇ 11 ਵਜੇ ਅਤੇ ਬਾਅਦ ਦੁਪਹਿਰ 2 ਵਜੇ ਦਾ ਰਹੇਗਾ ।

# ਪੀ ਸੀ ਐੱਮ ਐੱਸ ਡੀ ਕਾਲਜ 'ਚ ਅੰਤਰਰਾਸ਼ਟਰੀ ਵੈਬੀਨਾਰ

ਜਲੰਧਰ (ਇਕਬਾਲ ਸਿੰਘ ਉੱਭੀ)- ਪੀ ਸੀ ਐਮ ਐਸ ਡੀ ਕਾਲਜ ਫਾਰ ਵੂਮੈਨ ਦੇ ਪੀ ਜੀ ਡਿਪਾਰਟਮੈਂਟ ਆਫ ਫੈਸ਼ਨ ਡਿਜ਼ਾਈਨਿੰਗ ਨੇ ਪ੍ਰਿੰਸੀਪਲ ਦੀ ਯੋਗ ਅਗਵਾਈ ਹੇਠ 'ਫੈਸ਼ਨ ਬਿਜ਼ਨਸ ਵਿੱਚ ਈ-ਕਾਮਰਸ ਦੀ ਭੂਮਿਕਾ' ਵਿਸ਼ੇ 'ਤੇ ਇੱਕ ਅੰਤਰਰਾਸ਼ਟਰੀ ਵੈਬੀਨਾਰ ਦਾ ਆਯੋਜਨ ਕੀਤਾ। ਇਸ ਸੈਸ਼ਨ ਦੇ ਰਿਸੋਰਸ ਪਰਸਨ ਕਰਮਨਪ੍ਰੀਤ ਕੌਰ, ਅੰਤਰਰਾਸ਼ਟਰੀ ਫੈਸ਼ਨ ਬ੍ਰਾਂਡ ਅਰਡੇਨ, ਕੈਨੇਡਾ ਦੇ ਸਟੋਰ ਮੈਨੇਜਰ ਸਨ।

ਉਨ੍ਹਾ ਫੈਸ਼ਨ ਉਦਯੋਗ ਵਿੱਚ ਈ-ਕਾਮਰਸ ਦੁਆਰਾ ਪ੍ਰਾਪਤ ਕੀਤੀਆਂ ਵੱਡੀਆਂ ਉਚਾਈਆਂ ਬਾਰੇ ਪ੍ਰਤੀਭਾਗੀਆਂ ਦਾ ਮਾਰਗਦਰਸ਼ਨ ਕੀਤਾ। ਉਨ੍ਹਾ ਨੇ ਆਰਡੀਨ ਬ੍ਰਾਂਡ ਦੇ ਵਿਸ਼ੇਸ਼ ਸੰਦਰਭ ਵਿੱਚ ਬ੍ਰਾਂਡ ਨੂੰ ਉਤਸ਼ਾਹਿਤ ਕਰਨ ਅਤੇ ਗਾਹਕਾਂ ਨੂੰ ਔਨਲਾਈਨ ਆਕਰਸ਼ਿਤ ਕਰਨ ਦੇ ਵੱਖ-ਵੱਖ ਤਰੀਕਿਆਂ ਬਾਰੇ ਵੀ ਦੱਸਿਆ। ਇਹ ਸੈਸ਼ਨ ਇੱਕ ਸਫਲ ਈਵੈਂਟ ਸਾਬਤ ਹੋਇਆ ਕਿਉਂਕਿ ਇਸ ਨੇ ਭਾਗੀਦਾਰਾਂ ਨੂੰ ਫੈਸ਼ਨ ਉਦਯੋਗ ਵਿੱਚ ਵਿਸ਼ਵ ਪੱਧਰ 'ਤੇ ਕੀਤੀਆਂ ਗਈਆਂ ਵੱਖ-ਵੱਖ ਰਣਨੀਤੀਆਂ ਬਾਰੇ ਜਾਣੂ ਕਰਵਾਇਆ। ਇਸ ਮੌਕੇ ਪ੍ਰਧਾਨ ਨਰੇਸ਼ ਕੁਮਾਰ ਬੁਧੀਆ, ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ , ਪ੍ਰਬੰਧਕੀ ਕਮੇਟੀ ਦੇ ਹੋਰ ਮੈਂਬਰਾਂ ਅਤੇ ਪ੍ਰਿੰਸੀਪਲ ਪ੍ਰੋ. (ਡਾ.) ਪੂਜਾ ਪਰਾਸ਼ਰ ਨੇ ਸਮਾਗਮ ਦੇ ਆਯੋਜਨ ਵਿੱਚ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ।

# ਰਾਜਾ ਵੜਿੰਗ ਤੇ ਬਾਜਵਾ ਨੇ ਮਾਨ ਸਰਕਾਰ ਨੂੰ ਲਾਏ ਰਗੜੇ



**ਭੋਗਪੁਰ:- (ਗੁਰਪ੍ਰੀਤ ਸਿੰਘ ਭੋਗਲ)**-ਜਲੰਧਰ ਲੋਕ ਸਭਾ ਜ਼ਿਮਨੀ ਚੋਣ ਦੇ ਮੱਦੇਨਜ਼ਰ ਕਾਂਗਰਸ ਪਾਰਟੀ ਨੇ ਆਪਣੀਆਂ ਸਰਗਰਮੀਆਂ ਤੇਜ ਕਰ ਦਿੱਤੀਆਂ ਹਨ। ਅੱਜ ਭੋਗਪੁਰ ਵਿਖੇ ਕਾਂਗਰਸੀ ਉਮੀਦਵਾਰ ਪ੍ਰੋ. ਕਰਮਜੀਤ ਕੌਰ ਚੌਧਰੀ ਦੇ ਹੱਕ ਵਿੱਚ ਆਪਣਾ ਚੋਣ ਦਫਤਰ ਦਾ ਆਗਾਜ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ ਦੀ ਅਗਵਾਈ ਵਿੱਚ ਅਮਰਿੰਦਰ ਸਿੰਘ ਰਾਜਾ ਵੜਿੰਗ ਪ੍ਰਧਾਨ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਅਤੇ ਪ੍ਰਤਾਪ ਸਿੰਘ ਬਾਜਵਾ ਨੇ ਸਾਂਝੇ ਤੌਰ 'ਤੇ ਕੀਤਾ। ਇਸ ਮੌਕੇ ਸਾਬਕਾ ਮੰਤਰੀ ਸੰਗਤ ਸਿੰਘ ਗਿਲਜੀਆਂ, ਗੁਰਕੀਰਤ ਸਿੰਘ ਕੋਟਲੀ ਸਾਬਕਾ ਮੰਤਰੀ, ਸਾਬਕਾ ਮੰਤਰੀ ਮਲਕੀਤ ਸਿੰਘ ਦਾਖਾ, ਲਖਵੀਰ ਸਿੰਘ ਲੱਖਾ ਸਾਬਕਾ ਵਿਧਾਇਕ, ਗੁਰਪ੍ਰੀਤ ਸਿੰਘ ਜੀਪੀ ਸਾਬਕਾ ਵਿਧਾਇਕ, ਵਿਕਰਮ ਸਿੰਘ ਬਾਜਵਾ, ਸਾਬਕਾ ਵਿਧਾਇਕ ਪਵਨ ਕੁਮਾਰ ਆਦੀਆਂ, ਸਾਬਕਾ ਵਿਧਾਇਕ ਇੰਦੂਬਾਲਾ ਵੀ ਉਚੇਚੇ ਤੌਰ 'ਤੇ ਪੁੱਜੇ। ਇਸ ਮੌਕੇ ਰਾਜਾ ਵੜਿੰਗ ਤੇ ਬਾਜਵਾ ਨੇ ਸਾਂਝੇ ਤੌਰ ਤੇ ਕਿਹਾ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਦੀ ਸਰਕਾਰ ਪੰਜਾਬ ਦਾ ਬੇੜਾ ਡੋਬਣ ਵੱਲ ਨੂੰ ਲੈ ਤੁਰੀ ਹੈ, ਉਨ੍ਹਾਂ ਕਿਹਾ ਕਿ ਬਦਲਾਅ ਦੇ ਨਾਂਅ 'ਤੇ ਲੋਕਾਂ ਨੂੰ ਗੁੰਮਰਾਹ ਕਰਕੇ ਸੱਤਾ ਹਾਸਲ ਕਰ ਆਮ ਆਦਮੀ ਪਾਰਟੀ ਨੇ ਪੰਜਾਬ ਦੇ ਲੋਕਾਂ ਨਾਲ ਧੋਖਾ ਕੀਤਾ, ਹੁਣ ਪੰਜਾਬ ਦੀ ਕਮਾਨ ਸੰਭਾਲ ਨਹੀਂ ਹੋ ਰਹੀ। ਪੰਜਾਬ ਨੂੰ ਬਚਾਉਣ ਲਈ ਕਾਂਗਰਸ ਨੂੰ ਅੱਗੇ ਲਿਆਉਣਾ ਪਵੇਗਾ। ਇਸ ਲਈ ਜਲੰਧਰ ਲੋਕ ਸਭਾ ਜ਼ਿਮਨੀ ਚੋਣ ਦੇ ਵਿੱਚ ਮਿਲੇ ਮੌਕੇ ਨੂੰ ਗਵਾਉਣਾ ਨਹੀਂ ਚਾਹੀਦਾ। 10 ਮਈ ਨੂੰ ਪ੍ਰੋ. ਕਰਮਜੀਤ ਕੌਰ ਚੌਧਰੀ ਨੂੰ ਵੋਟ ਪਾ ਕੇ ਆਪ ਦੀ ਮਾਨ ਸਰਕਾਰ ਨੂੰ ਸਬਕ ਸਿਖਾਉਣਾ ਚਾਹੀਦਾ ਹੈ। ਇਸ ਮੌਕੇ ਅਸ਼ਵਿਨ ਭੱਲਾ, ਹਨੀ ਜੋਸ਼ੀ, ਪਰਮਿੰਦਰ ਸਿੰਘ ਮੱਲ੍ਹੀ ਬਲਾਕ ਪ੍ਰਧਾਨ, ਜਸਵੀਰ ਸੈਣੀ, ਰਾਜਕੁਮਾਰ ਰਾਜਾ ਸਾਬਕਾ ਪ੍ਰਧਾਨ ਨਗਰ ਕੌਂਸਲ ਭੋਗਪੁਰ, ਜਸਕਰਨ ਸਿੰਘ ਕਾਹਲੋਂ, ਜਸਵੀਰ ਨਰਵਾਲ, ਕਿਸਨ ਕੁਮਾਰ ਬਾਵਾ ਸਾਬਕਾ ਵਿਧਾਇਕ ਪਵਨ ਆਦੀਆ ,ਸਰਪੰਚ ਜਤਿੰਦਰ ਸਿੰਘ, ਕਮਲਜੀਤ ਮੁਲਤਾਨੀ, ਭੁਪਿੰਦਰ ਸਿੰਘ ਸੈਣੀ, ਪਵਨਦੀਪ ਸਿੰਘ ,ਕੌਂਸਲਰ ਜਸਪਾਲ ਸਿੰਘ, ਮੁਨੀਸ਼ ਕੁਮਾਰ ਕੌਂਸਲਰ, ਕੌਂਸਲਰ ਸੰਤੋਸ਼ ਕੌਰ, ਸਤਨਾਮ ਸਿੰਘ ਸਾਬੀ ਸਰਪੰਚ ਹਨੀ ਜੋਸ਼ੀ ਸਾਬਕਾ ਪ੍ਰਧਾਨ, ਜਸਪ੍ਰੀਤ ਸਿੰਘ ਬੁਲਾਰਾ ਕਾਂਗਰਸ ਰਾਜ ਕੁਮਾਰ ਭੱਲਾ, ਨੰਬ: ਜਰਨੈਲ ਸਿੰਘ ਮੁਕੰਦ ਸਿੰਘ, ਨਸੀਬ ਸਿੰਘ, ਅਵਤਾਰ ਸਿੰਘ ਆਦਿ ਤੋਂ ਇਲਾਵਾ ਸੈਂਕੜੇ ਵਰਕਰ ਹਾਜਰ ਸਨ।

# ਲੁਟੇਰੇ ਮਨੀ ਚੇਂਜਰ ਦੇ ਕਰਿੰਦੇ ਤੋਂ ਨਕਦੀ ਲੁੱਟ ਕੇ ਫਰਾਰ



**ਅਲਾਵਲਪੁਰ ( ਮਦਨ ਬੰਗੜ)** ਪੁਲਸ ਥਾਣਾ ਆਦਮਪੁਰ ਦੇ ਅਧੀਨ ਆਉਂਦੇ ਕਸਬਾ ਅਲਾਵਲਪੁਰ ਵਿਖੇ ਬੀਤੀ ਸ਼ਾਮ ਤਿੰਨ ਲੁਟੇਰਿਆ ਵੱਲੋਂ ਇਕ ਵਿਅਕਤੀ ਕੋਲੋਂ ਨਕਦੀ ਖੋਹ ਲਈ। ਪੀੜਤ ਪਵਨ ਕੁਮਾਰ ਪੁੱਤਰ ਰਾਮ ਕ੍ਰਿਸ਼ਨ ਵਾਸੀ ਸੁੰਦਰ ਨਗਰ ਅਲਾਵਲਪੁਰ ਨੇ ਦੱਸਿਆ ਕਿ ਉਹ ਮੁਹੱਲਾ ਚੁੱਪ ਸ਼ਾਹ ਅਲਾਵਲਪੁਰ ਵਿਖੇ ਚੁੱਘ ਇੰਟਰਪਰਾਈਜ ਵਿਖੇ ਕੰਮ ਕਰਦਾ ਹੈ , ਜਦੋਂ ਰਾਤ ਉਹ ਦਫਤਰ ਬੰਦ ਕਰਕੇ 8 ਵਜ ਕੇ 50 ਮਿੰਟ 'ਤੇ ਆਪਣੇ ਘਰ ਨੂੰ ਜਾਣ ਵੇਲੇ ਸਕੂਟਰ 'ਤੇ ਨਿਕਲਿਆ ਤਾਂ ਥੋੜ੍ਹੀ ਦੂਰ ਗਿਆ ਸੀ ਕਿ ਪਿੱਛਿਓਂ ਆ ਰਹੇ ਮੋਟਰਸਾਈਕਲ 'ਤੇ ਸਵਾਰ 3 ਲੁਟੇਰਿਆਂ ਨੇ ਉਸ ਨੂੰ ਧੱਕਾ ਮਾਰਿਆ ਅਤੇ ਉਹ ਡਿੱਗ ਪਿਆ। ਇੰਨੇ ਵਿਚ ਹੀ ਲੁਟੇਰਿਆਂ ਨੇ ਉਸਦੀ ਕੁੱਟਮਾਰ ਸ਼ੁਰੂ ਕਰ ਦਿੱਤੀ ਅਤੇ ਉਸ ਦਾ ਪੈਸਿਆਂ ਵਾਲਾ ਬੈਗ ਖੋਹ ਲਿਆ ਤੇ ਫਰਾਰ ਹੋ ਗਏ। ਬੈਗ ਵਿਚ ਲਗਭਗ 30 ਹਜਾਰ ਰੁਪਏ ਅਤੇ ਮੋਬਾਇਲ ਫੋਨ ਸੀ। ਇਸ ਸਬੰਧੀ ਸਥਾਨਕ ਪੁਲਸ ਚੌਕੀ ਨੂੰ ਸੂਚਨਾ ਦੇ ਦਿੱਤੀ ਗਈ ਹੈ।

# ਰੇਲ ਲਾਈਨਾਂ ਤੋਂ ਅਣਪਛਾਤੇ ਦੀ ਲਾਸ਼ ਮਿਲੀ



**ਫਿਲੌਰ (ਨਿਰਮਲ, ਰਵੀ ਕੁਮਾਰ)** - ਰੇਲਵੇ ਪੁਲਿਸ ਚੌਕੀ ਫਿਲੌਰ ਦੇ ਇੰਚਾਰਜ ਥਾਣੇਦਾਰ ਸਤਨਾਮ ਸਿੰਘ ਨੇ ਦੱਸਿਆ ਕਿ ਫਿਲੌਰ ਰੇਲਵੇ ਫਾਟਕਾਂ ਨੇੜਿਓਂ ਰੇਲਵੇ ਟ੍ਰੈਕ ਤੋਂ ਇਕ 38-40 ਸਾਲ ਮੋਨੇ ਵਿਅਕਤੀ ਦੀ ਲਾਸ਼ ਮਿਲੀ ਹੈ ਅਤੇ ਕਿਸੇ ਨਾਮਲੂਮ ਰੇਲਗੱਡੀ ਦੀ ਲਪੇਟ ਵਿੱਚ ਆਇਆ ਜਾਪਦਾ ਹੈ। ਮ੍ਰਿਤਕ ਦੀ ਪਹਿਚਾਣ ਨਹੀ ਹੋ ਸਕੀ। ਮ੍ਰਿਤਕ ਨੇ ਟੀ ਸ਼ਰਟ ਰੰਗ ਹਰਾ ਅੱਧੀ ਬਾਂਹ ਵਾਲੀ, ਅਸਮਾਨੀ ਰੰਗ ਦਾ ਪਜਾਮਾ ਧਾਰੀਦਾਰ ਪਾਇਆ ਹੋਇਆ ਹੈ। ਲਾਸ਼ 72 ਘੰਟੇ ਲਈ ਸਿਵਲ ਹਸਪਤਾਲ ਫਿਲੌਰ ਵਿਖੇ ਰੱਖ ਕੇ ਉਸ ਦੇ ਵਾਰਸਾਂ ਦਾ ਪਤਾ ਲਗਾਉਣ ਦੀ ਕੋਸ਼ਿਸ਼ ਜਾਰੀ ਹੈ।

# ਚੱਢਾ ਨੇ ਠੇਕੇਦਾਰ ਵਿਰੁੱਧ ਕਾਰਵਾਈ ਲਈ ਕੀਤੀ ਹਦਾਇਤ



**ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ)**-ਵਿਧਾਇਕ ਦਿਨੇਸ਼ ਚੱਢਾ ਨੇ ਪਿੰਡ ਬਜਰੂੜ ਵਿਖੇ ਸਥਾਪਿਤ ਗੌਦਾਮ ਦਾ ਦੌਰਾ ਕੀਤਾ ਅਤੇ ਮੌਕੇ 'ਤੇ ਮਜ਼ਦੂਰਾਂ ਦੀ ਕਮੀ ਕਾਰਨ ਅਨਲੋਡਿੰਗ ਦੇ ਚੱਲ ਰਹੇ ਢਿੱਲੇ ਕੰਮ ਦਾ ਗੰਭੀਰ ਨੋਟਿਸ ਲੈਂਦਿਆਂ ਅਧਿਕਾਰੀਆਂ ਨੂੰ ਸਬੰਧਿਤ ਠੇਕੇਦਾਰ ਵਿਰੁੱਧ ਕਾਰਵਾਈ ਕਰਨ ਲਈ ਆਖਿਆ। ਚੱਢਾ ਨੇ ਆਖਿਆ ਕਿ ਸਰਕਾਰ ਵੱਲੋਂ ਕਿਸਾਨਾਂ ਦੀ ਫਸਲ ਖਰੀਦਣ ਲਈ ਕੋਈ ਕਮੀ ਨਹੀਂ ਛੱਡੀ ਜਾ ਰਹੀ ਹੈ ਜਦਕਿ ਦੂਸਰੀ ਤਰਫ਼ ਅਧਿਕਾਰੀਆਂ ਦੀ ਅਣਦੇਖੀ ਕਾਰਨ ਲੇਬਰ ਅਤੇ ਟਰਾਂਸਪੋਰਟ ਦੇ ਕੰਮ 'ਚ ਢਿੱਲ ਦੇਖਣ ਨੂੰ ਮਿਲ ਰਹੀ ਹੈ। ਉਨਾਂ ਕਿਹਾ ਕਿ ਗੋਦਾਮ 'ਚ ਲੇਬਰ ਘੱਟ ਹੋਣ ਕਰਕੇ ਜਦੋਂ ਅਨਲੋਡਿੰਗ ਦਾ ਕੰਮ ਹੀ ਸਹੀ ਤਰੀਕੇ ਨਾਲ ਨਹੀਂ ਹੋ ਰਿਹਾ ਹੈ ਤਦ ਮੰਡੀਆਂ 'ਚੋਂ ਲਿਫਟਿੰਗ ਦਾ ਕੰਮ ਕਿਵੇਂ ਸਿਰੇ ਚੜੇਗਾ। ਉਨਾਂ ਕਿਹਾ ਕਿ ਸਬੰਧਿਤ ਠੇਕੇਦਾਰ ਦੀ ਜਿੰਮੇਵਾਰੀ ਬਣਦੀ ਹੈ ਕਿ ਲੋਡਿੰਗ ਅਤੇ ਅਨਲੋਡਿੰਗ ਦਾ ਕੰਮ ਸਹੀ ਢੰਗ ਨਾਲ ਚਲਾਇਆ ਜਾਵੇ ਅਤੇ ਮਜ਼ਦੂਰਾਂ ਦੀ ਸੰਖਿਆ ਨੂੰ ਵਧਾ ਕੇ ਇਸ ਸਮੱਸਿਆ ਨਾਲ ਨਿਪਟਿਆ ਜਾਵੇ। ਉਨਾਂ ਮੌਕੇ 'ਤੇ ਹੀ ਫੋਨ ਕਰਕੇ ਸਬੰਧਿਤ ਠੇਕੇਦਾਰ ਵਿਰੁੱਧ ਲੋੜੀਂਦੀ ਕਾਰਵਾਈ ਕਰਨ ਲਈ ਅਧਿਕਾਰੀਆਂ ਨੂੰ ਆਦੇਸ਼ ਦਿੱਤੇ। ਉਨਾਂ ਨੇ ਤਖਤਗੜ ਦੀ ਅਨਾਜ ਮੰਡੀ ਵਿਖੇ ਪਹੁੰਚ ਕੇ ਕਣਕ ਦੀ ਖਰੀਦ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਹਦਾਇਤ ਕੀਤੀ ਕਿ ਕਿਸਾਨਾਂ ਨੂੰ ਮੰਡੀ 'ਚ ਕਿਸੀ ਵੀ ਪ੍ਰਕਾਰ ਦੀ ਔਕੜ ਪੇਸ਼ ਨਾ ਆਉਣ ਦਿੱਤੀ ਜਾਵੇ।

# ਦੂਸਰਾ ਵਿਸ਼ਾਲ ਜਾਗ੍ਰਿਤੀ ਸਮਾਗਮ ਕਰਵਾਇਆ



**ਭੋਗਪੁਰ:-( ਗੁਰਪ੍ਰੀਤ ਸਿੰਘ ਭੋਗਲ )**-ਆਦਿਵਾਸੀ ਗੁਰੂ ਗਿਆਨ ਨਾਥ ਪੂਰਨ ਸੰਘਰਸ਼ ਦਲ ਭਾਰਤ ਦੀ ਵਲੋਂ ਭਗਵਾਨ ਵਾਲਮੀਕਿ ਆਸ਼ਰਮ ਵਰਕਤ ਕੁਟੀਆ ਹਰਦੋਖਾਨਪੁਰ ਵਿਖੇ ਬਾਬਾ ਸਾਹਿਬ ਡਾ: ਭੀਮ ਰਾਓ ਅੰਬੇਡਕਰ ਅਤੇ ਸੰਤ ਗੁਰੂ ਪੂਰਨ ਨਾਥ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਦੂਸਰਾ ਵਿਸ਼ਾਲ ਜਾਗ੍ਰਿਤੀ ਸਮਾਗਮ ਕਰਵਾਇਆ ਗਿਆ। ਇਹ ਸਮਾਗਮ ਕੌਮੀ ਗ੍ਰੰਥ ਗਿਆਨ ਪ੍ਰਕਾਸ਼ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਹੋਇਆ। ਬਾਣੀ ਦਾ ਜਾਪ ਕੀਤਾ ਗਿਆ, ਪਾਠ ਦੇ ਭੋਗ ਪਾਏ ਗਏ ਅਤੇ ਦੀਵਾਨ ਸਜਾਏ ਗਏ। ਸੰਘਰਸ਼ ਦਲ ਦੇ ਕੌਮੀ ਚੇਅਰਮੈਨ ਜੋਗਿੰਦਰ ਸਿੰਘ ਮਾਨ ਨੇ ਮੁੱਖ ਮਹਿਮਾਨ ਭਗਵਾਨ ਵਾਲਮੀਕ ਤੀਰਥ ਗਿਆਨ ਆਸ਼ਰਮ ਅੰਮ੍ਰਿਤਸਰ ਦੇ ਗੱਦੀਨਸ਼ੀਨ ਸੰਤ ਗੁਰੂ ਗਿਰਧਾਰੀ ਨਾਥ ਦਾ ਸੁਆਗਤ ਕੀਤਾ ਅਤੇ ਸੰਗਤ ਸਮੇਤ ਉਨ੍ਹਾਂ ਦੇ ਪ੍ਰਵਚਨ ਸੁਣੇ। ਕੀਰਤਨੀ ਜੱਥਾ ਅਸ਼ੋਕ ਗਿੱਲ ਲਵਲੀ ਗਿੱਲ ਬਹਿਰਾਮ, ਭਾਈ ਜਗਰੂਪ ਗਿੱਲ ਕੀਰਤਨੀ ਜੱਥਾ, ਮਨੋਹਰ ਸੋਨੀ ਗੁਰੂ ਸੇਵਕ ਜੱਥਾ ਬਹਿਰਾਮ ਅਤੇ ਗਾਇਕ ਬੇਗਮਪੁਰੀ ਸਮੇਤ ਕਈ ਕੀਰਤਨੀ ਜੱਥਿਆਂ ਨੇ ਬਾਬਾ ਸਾਹਿਬ ਡਾ: ਅੰਬੇਡਕਰ ਦਾ ਗੁਣਗਾਨ ਕੀਤਾ ਅਤੇ ਭਗਵਾਨ ਵਾਲਮੀਕਿ ਜੀ ਦੇ ਦਰਸਾਏ ਮਾਰਗ 'ਤੇ ਚੱਲਣ ਲਈ ਸੰਗਤ ਪ੍ਰੇਰਿਤ ਕੀਤਾ। ਪ੍ਰਚਾਰਕ ਡਾ: ਭੁਪਿੰਦਰ ਸਿੱਧੂ, ਕੌਮੀ ਵਾਈਸ ਚੇਅਰਮੈਨ ਬਿੰਦਰ ਸਿੰਘ ਭੀਮ, ਕੌਮੀ ਪ੍ਰਚਾਰਕ ਡਾ: ਦਵਿੰਦਰ ਸਿੰਘ ਗੁਗਲਾਨੀ ਤੋਂ ਇਲਾਵਾ ਇਸ ਮੌਕੇ ਸੰਤ ਗੁਰੂ ਗਿਰਧਾਰੀ ਨਾਥ, ਸ਼ਲਿੰਦਰ ਸਿੰਘ, ਕਮਲਜੀਤ ਕੌਰ, ਰਾਮ ਲਾਲ, ਨਾਨਕ ਸਹੋਤਾ ਪੰਜਾਬ ਵਾਈਸ ਪ੍ਰਧਾਨ ਸੰਘਰਸ਼ ਦਲ, ਸਤਨਾਮ ਸਿੰਘ ਭਗਾਣਾ ਫਗਵਾੜਾ ਇੰਚਾਰਜ, ਸਾਈਂ ਅਵਤਾਰ ਸ਼ਾਹ ਭੋਗਪੁਰ, ਬਾਬਾ ਧਰਮਪਾਲ ਭੋਗਪੁਰ, ਸਾਬਕਾ ਵਿਧਾਇਕ ਪਵਨ ਆਦੀਆ, ਕੌਮੀ ਚੇਅਰਮੈਨ ਜੋਗਿੰਦਰ ਸਿੰਘ ਮਾਨ, ਡਾ: ਦਵਿੰਦਰ ਸਿੰਘ ਗੁਗਲਾਨੀ, ਡਾ: ਭੁਪਿੰਦਰ ਸਿੰਘ, ਚਰਨਜੀਤ ਮਾਨ, ਦਿਲਵਰ ਬੁੱਟਰ ਕਾਰ ਸੇਵਾਦਾਰ, ਬਾਊ ਰਾਮ ਕੌਂਸਲਰ ਦਸੂਹਾ, ਗੁਰਦੀਪ ਸਿੰਘ ਵਾਈਸ ਚੇਅਰਮੈਨ ਹੁਸ਼ਿਆਰਪੁਰ, ਮਨਸਾ ਸਿੰਘ ਰਾਵਾ ਵਾਈਸ ਪ੍ਰਧਾਨ, ਕਮਲ ਕੋਟਲਾ ਵਾਈਸ ਪ੍ਰਧਾਨ ਦਸੂਹਾ, ਲਖਵਿੰਦਰ ਸਿੰਘ ਵਾਈਸ ਪ੍ਰਧਾਨ ਕਾਵੇਂ, ਬਲਵਿੰਦਰ ਸਿੰਘ ਪ੍ਰਧਾਨ ਕਾਵੇ, ਸੇਠ ਥਾਪਰ ਜ਼ਿਲ੍ਹਾ ਪ੍ਰਧਾਨ ਹੁਸ਼ਿਆਰਪੁਰ, ਮਨਸਾ ਸਿੰਘ ਮੀਤ ਪ੍ਰਧਾਨ, ਕੇਵਲ ਕ੍ਰਿਸ਼ਨ ਬਿੱਟੀ ਸੈਕਟਰੀ , ਸਨਮ ਸੈਕਟਰੀ ਕਪੂਰਥਲਾ, ਦੀਪਕ ਮੱਟੂ ਜ਼ਿਲ੍ਹਾ ਮੀਡੀਆ ਇੰਚਾਰਜ ਹੁਸ਼ਿਆਰਪੁਰ, ਮਨੋਹਰ ਸੋਨੀ ਚੇਅਰਮੈਨ ਲੇਬਰ ਸੈੱਲ ਦੋਆਬਾ, ਲਖਵਿੰਦਰ ਸਿੰਘ ਮੀਤ ਪ੍ਰਧਾਨ ਦਸੂਹਾ ਅਤੇ ਹੋਰ ਵੀ ਹਾਜਰ ਸਨ।

# ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਦੀਆਂ ਮੰਡੀਆਂ 'ਚ 193018 ਮੀਟ੍ਰਿਕ ਟਨ ਕਣਕ ਦੀ ਖਰੀਦ



**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਦੀਆਂ ਮੰਡੀਆਂ 'ਚ ਹੁਣ ਤੱਕ 193018 ਮੀਟ੍ਰਿਕ ਟਨ ਕਣਕ ਦੀ ਖਰੀਦ ਦਰਜ ਕੀਤੀ ਗਈ ਹੈ। ਜ਼ਿਲ੍ਹੇ ਦਾ ਕੁੱਲ ਖਰੀਦ ਟੀਚਾ 231600 ਮੀਟ੍ਰਿਕ ਟਨ ਰੱਖਿਆ ਗਿਆ ਹੈ। ਹੁਣ ਤੱਕ ਦੀ ਖਰੀਦ ਨੂੰ ਮਿਲਾ ਕੇ ਜ਼ਿਲ੍ਹੇ ਨੇ 84 ਫੀਸਦੀ ਟੀਚਾ ਪ੍ਰਾਪਤ ਕਰ ਲਿਆ ਹੈ। ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਉਕਤ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਜਿਸ ਰਫਤਾਰ ਨਾਲ ਕਣਕ ਦੀ ਆਮਦ ਅਤੇ ਖਰੀਦ ਹੋ ਰਹੀ ਹੈ, ਉਸ ਤੋਂ ਇਹ ਜਾਪਦਾ ਹੈ ਕਿ ਅਗਲੇ ਕੁਝ ਦਿਨਾਂ 'ਚ ਖਰੀਦ ਦਾ ਮਿੱਥਿਆ ਟੀਚਾ ਪ੍ਰਾਪਤ ਕਰ ਲਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਕਿਸਾਨਾਂ ਨੂੰ ਖਰੀਦ ਅਤੇ ਅਦਾਇਗੀ ਨੂੰ ਲੈ ਕੇ ਕਿਸੇ ਤਰ੍ਹਾਂ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾ ਰਹੀ। ਹੁਣ ਤੱਕ ਵੱਖ ਵੱਖ ਖਰੀਦ ਏਜੰਸੀਆਂ ਵੱਲੋਂ 19091 ਕਿਸਾਨਾਂ ਨੂੰ 340.25 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਉਨ੍ਹਾ ਦੱਸਿਆ ਕਿ ਏਜੰਸੀ ਵਾਰ ਖਰੀਦ ਅੰਕੜੇ ਮੁਤਾਬਕ ਪਨਗ੍ਰੇਨ ਨੇ 45793 ਮੀਟ੍ਰਿਕ ਟਨ, ਮਾਰਕਫੈੱਡ ਨੇ 52135 ਮੀਟ੍ਰਿਕ ਟਨ, ਪਨਸਪ ਨੇ 46770 ਮੀਟ੍ਰਿਕ ਟਨ, ਪੰਜਾਬ ਰਾਜ ਗੋਦਾਮ ਨਿਗਮ ਨੇ 29712 ਮੀਟ੍ਰਿਕ ਟਨ, ਭਾਰਤੀ ਖੁਰਾਕ ਨਿਗਮ ਨੇ 18601 ਮੀਟ੍ਰਿਕ ਟਨ ਅਤੇ ਨਿੱਜੀ ਵਪਾਰੀਆਂ ਨੇ 7 ਮੀਟ੍ਰਿਕ ਟਨ ਕਣਕ ਖਰੀਦੀ ਹੈ। ਉਨ੍ਹਾ ਦੱਸਿਆ ਕਿ ਹੁਣ ਤੱਕ 79451 ਮੀਟ੍ਰਿਕ ਟਨ ਕਣਕ ਦੀ ਮੰਡੀਆਂ ਵਿੱਚੋਂ ਲਿਫਟਿੰਗ ਹੋ ਚੁੱਕੀ ਹੈ ਜੋ ਕਿ 72 ਘੰਟਿਆਂ ਦੀਆਂ ਹਦਾਇਤਾਂ ਮੁਤਾਬਕ 58 ਫੀਸਦੀ ਹੋ ਗਈ ਹੈ। ਉਨ੍ਹਾਂ ਦੱਸਿਆ ਕਿ ਅੱਜ 10133 ਮੀਟ੍ਰਿਕ ਟਨ ਕਣਕ ਦੀ ਲਿਫਟਿੰਗ ਕੀਤੀ ਗਈ।

# ਭਾਰਗੋ ਕੈਂਪ ਦੇ ਵੋਟਰਾਂ ਨੇ ਅਟਵਾਲ ਨੂੰ ਦਿੱਤਾ ਸਮਰਥਨ



**ਜਲੰਧਰ ( ਇਕਬਾਲ ਸਿੰਘ ਉੱਭੀ ):** ਭਾਰਤੀ ਜਨਤਾ ਪਾਰਟੀ ਅਤੇ ਸ਼੍ਰੋਮਣੀ ਅਕਾਲੀ ਦਲ ਯੂਨਾਈਟਿਡ ਦੇ ਸਾਂਝੇ ਉਮੀਦਵਾਰ ਇੰਦਰ ਇਕਬਾਲ ਸਿੰਘ ਅਟਵਾਲ ਨੇ ਵੈਸਟ ਵਿਧਾਨ ਸਭਾ ਹਲਕੇ ਵਿੱਚ ਭਾਜਪਾ ਦਾ ਗੜ੍ਹ ਮੰਨੇ ਜਾਂਦੇ ਭਾਰਗੋ ਕੈਂਪ ਵਿੱਚ ਡੋਰ-ਟੂ-ਡੋਰ ਚੋਣ ਪ੍ਰਚਾਰ ਕੀਤਾ, ਜਿਥੇ ਭਗਤ ਭਾਈਚਾਰਾ ਅਤੇ ਹੋਰ ਇਲਾਕਾ ਨਿਵਾਸੀਆਂ ਨੇ ਅਟਵਾਲ ਨੂੰ ਭਾਜਪਾ ਦੇ ਝੰਡੇ ਲਹਿਰਾ ਕੇ ਸਮਰਥਨ ਦਿੱਤਾ। ਇਸ ਮੌਕੇ ਹਰਿਆਣਾ ਤੋਂ ਲੋਕ ਸਭਾ ਮੈਂਬਰ ਸੁਨੀਤਾ ਦੁੱਗਲ, ਡਾ: ਸ਼ਿਵ ਦਿਆਲ ਮਾਲੀ, ਭਾਜਪਾ ਵੈਸਟ ਵਿਧਾਨ ਸਭਾ ਹਲਕਾ ਇੰਚਾਰਜ ਅਸ਼ੋਕ ਸਰੀਨ ਹਿੱਕੀ, ਭਾਜਪਾ ਜ਼ਿਲ੍ਹਾ ਮੀਤ ਪ੍ਰਧਾਨ ਦਰਸ਼ਨ ਭਗਤ, ਮੰਡਲ ਪ੍ਰਧਾਨ ਸੁਦੇਸ਼ ਭਗਤ, ਸੁਭਾਸ਼ ਭਗਤ, ਸੁਰਿੰਦਰ ਮੋਹਨ ਭਗਤ ਆਦਿ ਹਾਜਰ ਸਨ। ਅਟਵਾਲ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਭਰੋਸਾ ਦਿਵਾਇਆ ਕਿ ਜਿੱਤਣ ਤੋਂ ਬਾਅਦ ਉਨ੍ਹਾਂ ਦਾ ਪਹਿਲਾ ਫਰਜ ਜਲੰਧਰ ਦੇ ਲੋਕਾਂ ਅਤੇ ਉਦਯੋਗਪਤੀਆਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨਾ ਹੋਵੇਗਾ। ਅਟਵਾਲ ਨੇ ਭਾਰਗੋ ਕੈਂਪ ਸਥਿਤ ਭਗਵਾਨ ਮਹਾਂਰਿਸ਼ੀ ਵਾਲਮੀਕਿ ਜੀ ਦੇ ਮੰਦਰ, ਸੰਤ ਗਿਆਨ ਗਿਰੀ ਜੀ ਦੇ ਮੰਦਰ ਅਤੇ ਭਾਰਗਵ ਕੈਂਪ ਦੇ ਮੁੱਖ ਮੰਦਰ ਸਤਿਗੁਰੂ ਕਬੀਰ ਜੀ ਮਹਾਰਾਜ ਜੀ ਦੇ ਮੰਦਰ 'ਚ ਮੱਥਾ ਟੇਕ ਕੇ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਮੰਡਲ ਮੀਤ ਪ੍ਰਧਾਨ ਭਗਤ ਪੂਰਨ ਚੰਦ, ਮੰਡਲ ਜਨਰਲ ਸਕੱਤਰ ਰਾਕੇਸ਼ ਰਾਣਾ, ਮਦਨ ਲਾਲ, ਰਾਮ ਭਗਤ, ਰਾਜਕੁਮਾਰ ਆਦਿ ਸਮੇਤ ਸੈਂਕੜੇ ਭਾਜਪਾ ਵਰਕਰ ਹਾਜ਼ਰ ਸਨ।

# ਸਿਲਵਰ ਓਕ ਸਕੂਲ 'ਚ ਬੱਚਿਆਂ ਨੇ ਕੀਤਾ ਕਮਾਲ ਦਾ ਪ੍ਰਦਰਸ਼ਨ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)** - ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸਹਿਬਾਜਪੁਰ ਵਿੱਚ ਦੂਸਰੀ ਕਲਾਸ ਦੇ ਬੱਚਿਆਂ ਦੇ ਭਾਸ਼ਣ ਮੁਕਾਬਲੇ ਕਰਵਾਏ ਗਏ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਹੇਠ ਦੂਸਰੀ ਕਲਾਸ ਦੇ ਬੱਚਿਆਂ ਨੇ ਅਲੱਗ ਅਲੱਗ ਵਿਸ਼ਿਆਂ ਉੱਤੇ ਬੜੇ ਸੁਚੱਜੇ ਤਰੀਕੇ ਨਾਲ ਆਪਣੇ ਵਿਚਾਰ ਪ੍ਰਗਟ ਕੀਤੇ। ਸਕੂਲ ਦੇ ਸੀ.ਸੀ.ਏ ਵਿਭਾਗ ਦੇ ਬਲਜੀਤ ਕੌਰ, ਕੰਚਨ ਖੁਰਾਣਾ, ਸੁਮੀਤ ਕੌਰ ਅਤੇ ਪਰਮਜੀਤ ਕੌਰ ਦੇ ਸਹਿਯੋਗ ਨਾਲ ਕਰਵਾਈ ਇਸ ਪ੍ਰਤੀਯੋਗਿਤਾ ਵਿੱਚ ਬੱਚਿਆਂ ਨੇ ਬੇਹੱਦ ਖ਼ੂਬਸੂਰਤ ਤਰੀਕੇ ਨਾਲ ਆਪਣੇ ਅਧਿਆਪਕਾਂ ਦੀ ਮਦਦ ਨਾਲ ਤਿਆਰ ਕੀਤੇ ਭਾਸ਼ਣ ਨਾਲ ਆਪਣੇ ਵਿਚਾਰ ਸਭ ਦੇ ਸਨਮੁੱਖ ਰੱਖੇ। ਇਸ ਮੁਕਾਬਲੇ ਦੇ ਨਤੀਜੇ ਅਨੁਸਾਰ ਸਹਿਜਪ੍ਰੀਤ, ਜਸਕੀਰਤ, ਅਵਨੀਤ, ਸਾਹਿਜ, ਮਲਿਕ, ਮਨਰੀਤ ਨੇ ਪਹਿਲਾ ਸਥਾਨ ਹਾਸਿਲ ਕੀਤਾ, ਦੂਸਰਾ ਸਥਾਨ ਹਰਨੂਰ, ਪੂਰਬੀ, ਗੁਰਸਾਨ, ਸੁੱਖਰਾਜ, ਹਰਗੁਨ ਦੇ ਹਿੱਸੇ ਆਇਆ ਅਤੇ ਸਚਿਕਾ, ਸਾਰਥਕ, ਸਹਿਜਪ੍ਰੀਤ, ਤਨਵੀਰ, ਗੁਰਕੀਰਤ ਨੇ ਤੀਸਰੇ ਸਥਾਨ 'ਤੇ ਕਬਜ਼ਾ ਕੀਤਾ। ਇਸ ਮੌਕੇ 'ਤੇ ਮੈਨੇਜਰ ਕਰਨਜੀਤ ਸਿੰਘ, ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਸੰਜੀਵ ਕੁਮਾਰ ਸ਼ਰਮਾ, ਜਗਬੰਧਨ ਸਿੰਘ, ਰਾਜਵਿੰਦਰ ਕੌਰ, ਪਰਮਜੀਤ ਕੌਰ, ਰਾਜਵੀਰ ਕੌਰ, ਗੁਰਪ੍ਰੀਤ, ਵਿਸ਼ਾਲੀ, ਸੁਰਜੀਤ ਸਿੰਘ, ਪ੍ਰਿਯਾ, ਸੁਮਨ, ਮਨਦੀਪ, ਚੇਤਨਾ, ਅਮਨ, ਈਸ਼ਾ ਅਤੇ ਬਾਕੀ ਸਟਾਫ਼ ਵੀ ਮੌਜੂਦ ਸੀ।

# ਡਿਊਟੀ ਡਰਾਈਵਿੰਗ ਟੈਸਟ ਟਰੈਕ 'ਤੇ ਪਰ ਬੈਠਦਾ ਦਫਤਰ



**ਜਲੰਧਰ, (ਸੁਰਿੰਦਰ ਕੁਮਾਰ)**- ਉਂਝ ਤਾਂ ਇਥੋਂ ਦਾ ਆਰ ਟੀ ਏ ਦਫਤਰ ਸਦਾ ਹੀ ਸੁਰਖੀਆਂ ਵਿਚ ਰਹਿੰਦਾ ਹੈ ਜਿੱਥੇ ਆਮ ਜਨਤਾ ਨੂੰ ਅਕਸਰ ਹੀ ਕਾਫੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਹੁਣ ਇਕ ਹੋਰ ਮਾਮਲਾ ਸਾਹਮਣੇ ਆਇਆ ਹੈ ਕਿ ਇਕ ਪ੍ਰਾਈਵੇਟ ਕੰਪਨੀ ਦਾ ਕਰਮਚਾਰੀ ਜਿਸ ਦੀ ਡਿਊਟੀ ਡਰਾਈਵਿੰਗ ਟੈਸਟ ਟਰੈਕ 'ਤੇ ਬਤੌਰ ਸੁਪਰਵਾਇਜਰ ਲੱਗੀ ਹੈ ਪਰ ਉਹ ਆਪਣੀ ਪਹੁੰਚ ਦੇ ਚੱਲਦਿਆਂ ਪਿਛਲੇ ਚਾਰ ਮਹੀਨਿਆਂ ਤੋਂ ਆਰ ਟੀ ਏ ਦਫਤਰ ਵਿਖੇ ਹੀ ਬੈਠ ਰਿਹਾ ਹੈ। ਏਜੰਟ, ਜਿਹਨਾਂ ਦੇ ਕੰਮ ਪਿਛਲੇ ਲੰਬੇ ਸਮੇਂ ਤੋਂ ਰੁਕੇ ਸਨ ਉਹਨਾਂ ਨੇ ਆਪਣੇ ਕੰਮ ਕਰਵਾਏ ਹਨ। ਅਕਸਰ ਹੀ ਇਸ ਕੋਲ ਵੱਡੇ ਏਜੰਟਾਂ ਨੂੰ ਵੇਖਿਆ ਜਾਂਦਾ ਹੈ। ਪ੍ਰਸ਼ਾਸਨ 'ਤੇ ਸਵਾਲੀਆ ਨਿਸ਼ਾਨ ਉਠਦਾ ਹੈ, ਜੇਕਰ ਇਸ ਦੀ ਡਿਊਟੀ ਟਰੈਕ 'ਤੇ ਹੈ ਤਾਂ ਇਹ ਆਰ ਟੀ ਓ ਦਫਤਰ ਵਿਖੇ ਕੀ ਕਰਦਾ ਹੈ ਜਿਥੇ ਬਕਾਇਦਾ ਇਸ ਨੂੰ ਕਮਰਾ ਨੰਬਰ 109 ਦਿੱਤਾ ਗਿਆ ਹੈ।

# ਮੰਡੀਆਂ 'ਚ ਸੁਚਾਰੂ ਢੰਗ ਨਾਲ ਕੀਤੀ ਜਾ ਰਹੀ ਹੈ ਕਣਕ ਦੀ ਖਰੀਦ-ਡੀ ਸੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਕਿਹਾ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਸੁਚਾਰੂ ਢੰਗ ਨਾਲ ਕਣਕ ਦੀ ਖਰੀਦ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਜਿਥੇ ਖਰੀਦ ਏਜੰਸੀਆਂ ਨੂੰ ਕਣਕ ਦੀ ਖਰੀਦ ਸੁਚਾਰੂ ਢੰਗ ਨਾਲ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ, ਉਥੇ ਸਬੰਧਤ ਅਧਿਕਾਰੀਆਂ ਨੂੰ 72 ਘੰਟੇ ਵਿਚ ਲਿਫਟਿੰਗ ਯਕੀਨੀ ਬਣਾਉਣ ਲਈ ਵੀ ਕਿਹਾ ਗਿਆ ਹੈ। ਉਨ੍ਹਾਂ ਮਾਰਕੀਟ ਕਮੇਟੀ ਤੇ ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਮੰਡੀਆਂ ਵਿਚ ਤਿਰਪਾਲਾ ਦਾ ਢੁੱਕਵਾਂ ਸਟਾਕ ਸੁਨਿਸ਼ਚਿਤ ਬਣਾਉਣ ਦੇ ਨਿਰਦੇਸ਼ ਦਿੱਤੇ, ਤਾਂ ਕਿ ਬਾਰਸ਼ ਦੌਰਾਨ ਕਣਕ ਨੂੰ ਕਵਰ ਕਰਕੇ ਸੁਰੱਖਿਅਤ ਕੀਤਾ ਜਾ ਸਕੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਬਣਾਏ ਗਏ ਖਰੀਦ ਕੇਂਦਰਾਂ ਵਿਚ ਸਫ਼ਾਈ ਦੀ ਵਿਵਸਥਾ ਦੇ ਕਾਰਜ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਾਰੀਆਂ ਮੰਡੀਆਂ ਵਿਚ ਕਿਸਾਨਾਂ ਲਈ ਸ਼ੈਡ ਬਣੇ ਹੋਏ ਹਨ, ਇਸੇ ਤਰ੍ਹਾਂ ਉਨ੍ਹਾਂ ਦੇ ਪੀਣ ਵਾਲੇ ਪਾਣੀ ਤੇ ਰੋਸ਼ਨੀ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕਣਕ ਵੇਚਣ ਲਈ ਕਿਸਾਨਾਂ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਕਿਸਾਨਾਂ ਦੀ ਫ਼ਸਲ ਦਾ ਇਕ-ਇਕ ਦਾਣਾ ਸਰਕਾਰ ਵਲੋਂ ਖਰੀਦਿਆ ਜਾਵੇਗਾ। ਕੋਮਲ ਮਿੱਤਲ ਨੇ ਦੱਸਿਆ ਕਿ ਹੁਸ਼ਿਆਰਪੁਰ ਦੀਆਂ ਮੰਡੀਆਂ ਵਿਚ ਬੀਤੀ ਸ਼ਾਮ ਤੱਕ 167240 ਮੀਟ੍ਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਹੈ, ਜਦਕਿ 166940 ਮੀਟ੍ਰਿਕ ਟਨ ਦੀ ਖਰੀਦ ਕੀਤੀ ਜਾ ਚੁੱਕੀ ਹੈ। ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ ਹੁਣ ਤੱਕ ਪਨਗਰੇਨ ਵਲੋਂ 48862 ਮੀਟ੍ਰਿਕ ਟਨ, ਮਾਰਕਫੈਡ ਵਲੋਂ 39522, ਪਨਸਪ ਵਲੋਂ 37863, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵਲੋਂ 23205, ਐਫ.ਸੀ.ਆਈ. ਵਲੋਂ 14522 ਅਤੇ ਵਪਾਰੀਆਂ ਵਲੋਂ 3013 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ ਖਰੀਦ ਕੀਤੀ ਗਈ ਕਣਕ ਲਈ ਕਿਸਾਨਾਂ ਨੂੰ 241.64 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ, ਜੋ ਕਿ 97 ਫੀਸਦੀ ਬਣਦੀ ਹੈ।

# ਵੋਟਾਂ ਮੰਗਣ ਆਉਣ ਵਾਲੇ ਉਮੀਦਵਾਰਾਂ ਤੇ ਆਗੂਆਂ ਨੂੰ ਘੇਰ ਕੇ ਸਵਾਲ ਪੁੱਛਣ ਦਾ ਦਿੱਤਾ ਸੱਦਾ



**ਕਰਤਾਰਪੁਰ (ਹਰਮੇਸ ਦੱਤ )**. ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵਲੋਂ ਹਲਕਾ ਕਰਤਾਰਪੁਰ ਦੇ ਵੱਖ ਵੱਖ ਪਿੰਡਾਂ ਵਿੱਚ ਮਾਰਚ ਕਰਦਿਆਂ ਰੈਲੀਆਂ ਕੀਤੀਆਂ ਗਈਆਂ। ਜਿਸ ਵਿੱਚ ਮਜਦੂਰਾਂ, ਕਿਸਾਨਾਂ ਨੇ ਭਰਵੀਂ ਸ਼ਮੂਲੀਅਤ ਕੀਤੀ। ਇਸ ਮੌਕੇ ਜਲੰਧਰ ਪਾਰਲੀਮਾਨੀ ਜ਼ਿਮਨੀ ਚੋਣ ਵਿੱਚ ਖੜੀਆਂ ਹਾਕਮ ਜਮਾਤਾਂ ਦੀਆਂ ਪਾਰਟੀਆਂ ਅਤੇ ਸਾਰੇ ਉਮੀਦਵਾਰਾਂ ਨੂੰ ਘੇਰ ਕੇ ਸਵਾਲ ਕਰਨ ਅਤੇ ਵੋਟਾਂ ਨਾ ਪਾਉਣ ਦਾ ਲੋਕਾਂ ਨੂੰ ਸੱਦਾ ਦਿੱਤਾ ਗਿਆ। ਯੂਨੀਅਨ ਦੇ ਸੂਬਾ ਪ੍ਰੈਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਅਤੇ ਯੂਨੀਅਨ ਦੇ ਯੂਥ ਵਿੰਗ ਦੇ ਸੂਬਾਈ ਆਗੂ ਗੁਰਪ੍ਰੀਤ ਸਿੰਘ ਚੀਦਾ ਨੇ ਰੈਲੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਪਾਰਲੀਮਾਨੀ ਚੋਣਾਂ ਲੜ ਰਹੀਆਂ ਹਾਕਮ ਜਮਾਤਾਂ ਦੀਆਂ ਪਾਰਟੀਆਂ ਅਤੇ ਸਾਰੇ ਉਮੀਦਵਾਰ ਲੋਕ ਮਾਰੂ, ਲੋਕ ਉਜਾੜੂ ਨਿੱਜੀਕਰਨ ਉਦਾਰੀਕਰਨ ਸੰਸਾਰੀਕਰਨ ਦੀਆਂ ਨੀਤੀਆਂ ਦੇ ਹੱਕ ਵਿੱਚ ਹਨ। ਇਸ ਲਈ ਇਹਨਾਂ ਸਾਰੀਆਂ ਪਾਰਟੀਆਂ ਅਤੇ ਉਮੀਦਵਾਰਾਂ ਨੂੰ ਵੋਟ ਪਾਉਣ ਦੀ ਥਾਂ ਆਪਣੀ ਜਥੇਬੰਦੀ ਨੂੰ ਮਜਬੂਤ ਕਰਕੇ ਸੰਘਰਸ਼ ਨੂੰ ਤੇਜ ਕੀਤਾ ਜਾਵੇ। ਉਨ੍ਹਾਂ ਨਾਲ ਹੀ ਵੋਟਾਂ ਮੰਗਣ ਲਈ ਪਿੰਡਾਂ ਵਿੱਚ ਆਉਣ ਵਾਲੇ ਉਮੀਦਵਾਰਾਂ, ਆਗੂਆਂ ਨੂੰ ਘੇਰ ਕੇ ਸਵਾਲ ਪੁੱਛਣ ਦਾ ਹੋਕਾ ਵੀ ਦਿੱਤਾ। ਜ਼ਿਲ੍ਹੇ ਭਰ ਵਿੱਚ ਕੀਤੇ ਜਾਣ ਵਾਲੇ ਇਹ ਜਥਾ ਮਾਰਚ ਪਿੰਡ ਘੁੱਗਸ਼ੋਰ ਤੋਂ ਸ਼ੁਰੂ ਹੋਇਆ,ਜੋ ਬ੍ਰਹਮਪੁਰ, ਪੱਤੜ ਕਲਾਂ,ਫ਼ਾਜਿਲਪੁਰ,ਪਾੜਾ ਪਿੰਡ,ਬੱਖੂਨੰਗਲ, ਕਰਤਾਰਪੁਰ ਸ਼ਹਿਰ ਤੋਂ ਭੀਖਾ ਨੰਗਲ,ਕੁੱਦੋਵਾਲ ਤੋਂ ਹੁੰਦਾ ਹੋਇਆ ਪਿੰਡ ਧੀਰਪੁਰ ਵਿਖੇ ਸਮਾਪਤ ਹੋਇਆ। ਇਸ ਮੌਕੇ ਪੇਂਡੂ ਮਜਦੂਰ ਯੂਨੀਅਨ ਪੰਜਾਬ ਦੇ ਤਹਿਸੀਲ ਆਗੂ ਬਲਵਿੰਦਰ ਕੌਰ ਦਿਆਲਪੁਰ, ਸਰਬਜੀਤ ਕੌਰ ਕੁੱਦੋਵਾਲ,ਬਲਬੀਰ ਸਿੰਘ, ਸਮੀਰ ਸੋਨੂੰ, ਬਲਵਿੰਦਰ ਕੌਰ, ਕੁਲਵੰਤ ਸਿੰਘ,ਜਰਨੈਲ ਸਿੰਘ, ਪੰਜਾਬ ਕਿਸਾਨ ਯੂਨੀਅਨ (ਬਾਗੀ) ਦੇ ਜਨਰਲ ਸਕੱਤਰ ਡਾਕਟਰ ਗੁਰਦੀਪ ਸਿੰਘ ਭੰਡਾਲ ਅਤੇ ਲਤੀਫਪੁਰਾ ਮੋਰਚੇ ਤੋਂ ਬੀਬੀ ਮਨਜੀਤ ਕੌਰ ਤੇ ਬਲਵਿੰਦਰ ਕੌਰ ਆਦਿ ਨੇ ਸੰਬੋਧਨ ਕੀਤਾ।

# ਖਿਡਾਰਨਾਂ ਨਾਲ ਜਿਨਸੀ ਸ਼ੋਸ਼ਣ ਕਰਨ ਵਾਲੇ ਫੈਡਰੇਸ਼ਨ ਪ੍ਰਧਾਨ 'ਤੇ ਤੁਰੰਤ ਕਾਰਵਾਈ ਹੋਵੇ : ਪੀ ਐੱਸ ਯੂ

**ਚੰਡੀਗੜ੍ਹ ( ਗੁਰਜੀਤ ਬਿੱਲਾ)** - ਪੰਜਾਬ ਸਟੂਡੈਂਟਸ ਯੂਨੀਅਨ ਦੇਸ਼ ਦੀਆਂ ਮਹਾਨ ਕੁਸ਼ਤੀ ਖਿਡਾਰਨਾਂ ਨਾਲ ਜਿਨਸੀ ਸ਼ੋਸ਼ਣ ਕਰਨ ਵਾਲੇ ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਬ੍ਰਿਜ ਭੂਸ਼ਨ ਸਰਨ ਸਿੰਘ ਖਿਲਾਫ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਕਾਰਵਾਈ ਨਾ ਕਰਨ ਦੀ ਸਖਤ ਨਿਖੇਧੀ ਕਰਦੀ ਹੈ ਤੇ ਮੰਗ ਕਰਦੀ ਹੈ ਕਿ ਕੌਮੀ ਖਿਡਾਰਨਾਂ ਨੂੰ ਤੁਰੰਤ ਇਨਸਾਫ ਲਈ ਪ੍ਰਧਾਨ 'ਤੇ ਸਖਤ ਕਾਰਵਾਈ ਕੀਤੀ ਜਾਵੇ। ਇਸ ਮੌਕੇ ਪੀ ਐੱਸ ਯੂ ਦੇ ਸੂਬਾ ਪ੍ਰਧਾਨ ਰਣਵੀਰ ਸਿੰਘ ਰੰਧਾਵਾ ਅਤੇ ਜਨਰਲ ਸਕੱਤਰ ਅਮਨਦੀਪ ਸਿੰਘ ਖਿਓਵਾਲੀ ਅਤੇ ਪ੍ਰੈਸ ਸਕੱਤਰ ਮੰਗਲਜੀਤ ਪੰਡੋਰੀ ਨੇ ਕਿਹਾ ਕਿ ਇਕ ਪਾਸੇ 'ਬੇਟੀ ਬਚਾਓ ਬੇਟੀ ਪੜ੍ਹਾਓ' ਦੇ ਨਾਅਰੇ ਮਾਰਨ ਵਾਲੀ ਭਾਜਪਾ ਸਰਕਾਰ ਅੱਜ ਦੇਸ਼ ਦੀਆਂ ਕੌਮੀ ਖਿਡਾਰਨਾਂ ਜਿਨ੍ਹਾਂ ਦੇਸ਼ ਦਾ ਨਾਂਅ ਸਾਰੀ ਦੁਨੀਆ 'ਚ ਚਮਕਾਇਆ, ਅੱਜ ਉਨ੍ਹਾਂ ਨੂੰ ਆਪਣੇ ਨਾਲ ਹੋ ਰਹੇ ਜਿਨਸੀ ਸ਼ੋਸ਼ਣ ਖਿਲਾਫ ਇਨਸਾਫ ਲੈਣ ਲਈ ਸੜਕਾਂ 'ਤੇ ਰੁਲਣਾ ਪੈ ਰਿਹਾ ਹੈ। ਭਾਜਪਾ ਅਤੇ ਸੰਘ ਦੀ ਔਰਤ ਵਿਰੋਧੀ ਮਾਨਸਿਕਤਾ ਦਾ ਹੀ ਸਿੱਟਾ ਹੈ ਕਿ ਅਜੇ ਤੱਕ ਇਨਸਾਫ ਦੀ ਕੋਈ ਕਿਰਨ ਨਹੀਂ ਦਿਸੀ। ਇਹ ਪਹਿਲੀ ਵਾਰ ਨਹੀਂ ਹੋਇਆ ਕਿ ਭਾਜਪਾ ਔਰਤਾਂ ਨਾਲ ਅਜਿਹਾ ਕਰਨ ਵਾਲਿਆਂ ਨੂੰ ਬਚਾ ਰਹੀ ਹੈ, ਇਸ ਤੋਂ ਪਹਿਲਾਂ ਉਨਾਓ, ਹਾਥਰਸ, ਆਸਿਫਾ ਆਦਿ ਮਾਮਲਿਆਂ 'ਚ ਬਲਾਤਕਾਰੀਆਂ, ਕਾਤਲਾਂ ਦੇ ਹੱਕ 'ਚ ਇਨ੍ਹਾਂ ਦੇ ਵਿਧਾਇਕਾਂ ਨੇ ਪ੍ਰਦਰਸ਼ਨ ਤੱਕ ਕੀਤੇ ਹਨ। ਸਰਕਾਰ ਨੂੰ ਚਾਹੀਦਾ ਤਾਂ ਸੀ ਕਿ ਜਲਦੀ ਇਨਸਾਫ ਦਿੰਦੀ ਪਰ ਉਨਾਂ ਨੂੰ ਉਲਟਾ ਇਹ ਕਹਿ ਕਿ ਦਬਾਇਆ ਜਾ ਰਿਹਾ ਹੈ ਕਿ ਉਹ ਦੇਸ਼ ਦਾ ਨਾਂਅ ਖਰਾਬ ਕਰ ਰਹੀਆਂ ਹਨ। ਇਹ ਅਨੁਸ਼ਾਸਨਹੀਣ ਹਨ। ਯੂਨੀਅਨ ਮੰਗ ਕਰਦੀ ਹੈ ਕਿ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਬ੍ਰਿਜ ਭੂਸ਼ਨ ਸਰਨ ਸਿੰਘ ਸਖਤ ਕਾਰਵਾਈ ਕੀਤੀ ਜਾਵੇ।

# ਅਰੋੜਾ ਵੱਲੋਂ ਸੀ ਬੀ ਜੀ ਪ੍ਰਾਜੈਕਟਾਂ ਲਈ ਢਾਂਚਾਗਤ ਲੋੜਾਂ ਦੇ ਹੱਲ ਬਾਰੇ ਚਰਚਾ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਸੂਬੇ ਵਿੱਚ ਖੇਤੀ ਰਹਿੰਦ-ਖੂੰਹਦ ਅਤੇ ਮਿਊਂਸੀਪਲ ਠੋਸ ਰਹਿੰਦ-ਖੂੰਹਦ ਦੀ ਸਮੱਸਿਆ ਦੇ ਸਥਾਈ ਅਤੇ ਵਿਗਿਆਨਕ ਹੱਲ ਤਲਾਸ਼ਣ ਲਈ ਪੰਜਾਬ ਦੇ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਨੇ ਯੂ ਕੇ ਦੀ ਕੰਪਨੀ ਮੈਸਰਜ਼ ਕਾਰਬਨ ਮਾਸਟਰਜ਼ ਅਤੇ ਮੈਸਰਜ਼ ਹਾਸਿਰੂ ਡਾਲਾ ਇਨੋਵੇਸ਼ਨਜ਼ ਨਾਲ ਮਿਊਂਸੀਪਲ ਠੋਸ ਰਹਿੰਦ-ਖੂੰਹਦ ਅਤੇ ਖੇਤੀ ਰਹਿੰਦ-ਖੂੰਹਦ ਦੀ ਵਰਤੋਂ ਕਰਕੇ ਕੰਪਰੈੱਸਡ ਬਾਇਓਗੈਸ (ਸੀ ਬੀ ਜੀ) ਤਿਆਰ ਕਰਨ ਲਈ ਬੁਨਿਆਦੀ ਢਾਂਚੇ ਸੰਬੰਧੀ ਲੋੜਾਂ ਬਾਰੇ ਵਿਚਾਰ-ਵਟਾਂਦਰਾ ਕੀਤਾ। ਅਮਨ ਅਰੋੜਾ ਨੇ ਮਿਊਂਸੀਪਲ ਠੋਸ ਅਤੇ ਖੇਤੀ ਰਹਿੰਦ-ਖੂੰਹਦ ਤੋਂ ਕੰਪਰੈੱਸਡ ਨੈਚੁਰਲ ਗੈਸ (ਸੀ ਐਨ. ਜੀ) ਅਤੇ ਕੰਪਰੈੱਸਡ ਬਾਇਓਗੈਸ (ਸੀ ਬੀ ਜੀ) ਦੇ ਉਤਪਾਦਨ ਦਾ ਅਧਿਐਨ ਕਰਨ ਲਈ ਪਿਛਲੇ ਮਹੀਨੇ ਬੈਂਗਲੁਰੂ ਦਾ ਦੌਰਾ ਕੀਤਾ ਸੀ। ਉਨ੍ਹਾ ਇਨ੍ਹਾਂ ਫਰਮਾਂ ਨਾਲ ਵਿਚਾਰ-ਵਟਾਂਦਰਾ ਕਰਨ ਤੋਂ ਬਾਅਦ ਇਨ੍ਹਾਂ ਫਰਮਾਂ ਨੂੰ ਸੂਬੇ ਦਾ ਦੌਰਾ ਕਰਨ ਅਤੇ ਪੰਜਾਬ 'ਚ ਪਲਾਂਟ ਸਥਾਪਤ ਕਰਨ ਦੀਆਂ ਸੰਭਾਵਨਾਵਾਂ ਤਲਾਸ਼ਣ ਦਾ ਸੱਦਾ



ਦਿੱਤਾ ਸੀ। ਅਰੋੜਾ ਨੇ ਪੇਡਾ ਦੇ ਚੇਅਰਮੈਨ ਐਚ ਐਸ ਹੰਸਪਾਲ ਅਤੇ ਮੁੱਖ ਕਾਰਜਕਾਰੀ ਅਧਿਕਾਰੀ ਰਵੀ ਭਗਤ ਨਾਲ ਮੈਸਰਜ਼ ਕਾਰਬਨ ਮਾਸਟਰਜ਼ ਦੇ ਸਹਿ-ਸੰਸਥਾਪਕ ਸੋਮ ਨਰਾਇਣ ਅਤੇ ਡਾਇਰੈਕਟਰ ਕੇਵਿਨ ਹਿਊਸਟਨ ਅਤੇ ਮੈਸਰਜ਼ ਹਾਸਿਰੂ ਡਾਲਾ ਇਨੋਵੇਸ਼ਨਜ਼ ਦੇ ਨੁਮਾਇੰਦਿਆਂ ਦਾ ਸਵਾਗਤ ਕੀਤਾ। ਇਨ੍ਹਾਂ ਫਰਮਾਂ ਨੂੰ 'ਇਨਵੈਸਟ ਇਨ ਦਿ ਬੈਸਟ' ਦਾ ਸੱਦਾ ਦਿੰਦਿਆਂ ਅਮਨ ਅਰੋੜਾ ਨੇ ਕਿਹਾ ਕਿ ਸੂਬਾ ਸਰਕਾਰ ਗਰੀਨ ਅਤੇ ਕੁਦਰਤੀ ਊਰਜਾ ਦੇ ਉਤਪਾਦਨ ਦੇ ਮਾਮਲੇ 'ਚ ਪੰਜਾਬ ਨੂੰ ਮੋਹਰੀ ਸੂਬਾ ਬਣਾਉਣ ਦਾ ਸੰਕਲਪ ਰੱਖਦੀ ਹੈ ਅਤੇ ਇਸ ਟੀਚੇ ਨੂੰ ਹਾਸਲ ਕਰਨ ਲਈ ਸੂਬਾ ਸਰਕਾਰ ਵੱਲੋਂ ਸਟੈਂਪ ਡਿਊਟੀ, ਬਿਜਲੀ ਡਿਊਟੀ, ਸੀ ਐਲ ਯੂ ਅਤੇ ਈ ਡੀ ਸੀ ਚਾਰਜਿਜ਼ ਤੋਂ ਛੋਟ ਦੇਣ ਤੋਂ ਇਲਾਵਾ ਹੋਰ ਵੀ ਵਿੱਤੀ ਰਿਆਇਤਾਂ ਦੀ ਪੇਸ਼ਕਸ਼ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ 'ਇਨਵੈਸਟ ਪੰਜਾਬ' ਰਾਹੀਂ ਸਿੰਗਲ ਵਿੰਡੋ ਕਲੀਅਰੈਂਸ ਵੀ ਪ੍ਰਦਾਨ ਕੀਤੀ ਜਾ ਰਹੀ ਹੈ। ਮੈਸਰਜ਼ ਕਾਰਬਨ ਮਾਸਟਰਜ਼ ਅਤੇ ਮੈਸਰਜ਼ ਹਾਸਿਰੂ ਡਾਲਾ ਇਨੋਵੇਸ਼ਨਜ਼ ਦੇ ਨੁਮਾਇੰਦਿਆਂ ਨੇ ਪੰਜਾਬ 'ਚ ਨਿਵੇਸ਼ ਕਰਨ 'ਚ ਡੂੰਘੀ ਦਿਲਚਸਪੀ ਦਿਖਾਈ। ਅਮਨ ਅਰੋੜਾ ਨੇ ਪੇਡਾ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਪਲਾਂਟ ਲਗਾਉਣ ਲਈ ਸਥਾਨ ਚੁਣਨ ਵਾਸਤੇ ਉਨ੍ਹਾਂ ਨੂੰ ਤਹਿਸੀਲਾਂ ਦੀ ਸੂਚੀ ਮੁਹੱਈਆ ਕਰਵਾਉਣ।

# ਅਮਨਦੀਪ ਮਾਨ ਦੀ ਅਗਵਾਈ 'ਚ ਪਾਰਟੀ ਵਾਸਤੇ ਚੋਣ ਪ੍ਰਚਾਰ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**- ਜਿਵੇਂ ਜਿਵੇਂ ਲੋਕ ਸਭਾ ਦੀ ਜ਼ਿਮਨੀ ਚੋਣ ਦੀ ਤਾਰੀਖ ਨਜ਼ਦੀਕ ਆ ਰਹੀ ਹੈ ਉਵੇਂ ਉਵੇਂ ਆਮ ਆਦਮੀ ਪਾਰਟੀ ਨਕੋਦਰ 'ਚ ਆਪਣੀਆਂ ਗਤੀਵਿਧੀਆਂ ਤੇਜ਼ ਕਰ ਰਹੀ ਹੈ। ਹਲਕਾ ਨਕੋਦਰ ਦੇ ਐਮ ਐਲ ਏ ਮੈਡਮ ਇੰਦਰਜੀਤ ਕੌਰ ਮਾਨ ਦੇ ਬੇਟੇ ਅਮਨਦੀਪ ਮਾਨ ਦੀ ਅਗਵਾਈ ਵਿਚ ਡੋਰ ਟੂ ਡੋਰ ਨਕੋਦਰ ਸ਼ਹਿਰ ਵਿਚ ਪ੍ਰਚਾਰ ਕੀਤਾ ਗਿਆ। ਇਸ ਮੌਕੇ ਸ਼ਹਿਰ ਦੇ ਐਕਟਿਵ ਵਲੰਟੀਅਰ ਵੀ ਨਾਲ ਸਨ। ਇਹ ਚੋਣ ਪ੍ਰਚਾਰ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਵਿੱਚ ਜਾ ਕੇ ਕੀਤਾ ਗਿਆ। ਲੋਕਾਂ ਅਤੇ ਦੁਕਾਨਦਾਰਾਂ ਵਿੱਚ ਭਾਰੀ ਉਤਸ਼ਾਹ ਸੀ। ਲੋਕ ਪੰਜਾਬ ਸਰਕਾਰ ਦੇ ਇੱਕ ਸਾਲ ਦੇ ਕੀਤੇ ਹੋਏ ਕੰਮਾਂ ਤੋਂ ਕਾਫੀ ਪ੍ਰਭਾਵਿਤ ਸਨ। ਉਹ ਆਪਣਾ ਮਨ ਬਣਾ ਚੁੱਕੇ ਹਨ ਕਿ ਇਸ ਵਾਰ ਲੋਕ ਸਭਾ ਜ਼ਿਮਨੀ ਚੋਣ 'ਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੁਸ਼ੀਲ ਰਿੰਕੂ ਨੂੰ ਭਾਰੀ ਬਹੁਮਤ ਨਾਲ ਜਿਤਾਉਣਗੇ। ਇਸ ਮੌਕੇ ਜੋ ਵਲੰਟੀਅਰ ਸ਼ਾਮਲ ਹੋਏ ਇਨ੍ਹਾਂ ਵਿੱਚ ਨਕੋਦਰ ਟੀਮ ਦੇ ਜਸਵੀਰ ਸਿੰਘ ਧੰਜਲ , ਅਮਨਦੀਪ ਸਿੰਘ ਮਾਨ , ਨਰੇਸ਼ ਕੁਮਾਰ, ਬੀ ਕੇ ਸਾਬਕਾ ਕੌਂਸਲਰ ਨਿੱਕਾ ਖਾਨ, ਬਿਨੂ ਕਪਨੀਆਂ, ਮਣੀ ਮਹਿੰਦਰੂ, ਰਿਸ਼ੂ ਟੰਡਨ, ਪ੍ਰਦੀਪ ਸ਼ੇਰਪੁਰ, ਸੁਖਵਿੰਦਰ ਗਡਵਾਲ, ਡਾਕਟਰ ਜੀਵਨ ਸਹੋਤਾ , ਪਰਮਜੀਤ ਗਿੱਲ, ਮੰਗਲ ਸਿੰਘ, ਨਰਿੰਦਰ ਸ਼ਰਮਾ, ਹਿਮਾਂਸ਼ੂ ਜੈਨ, ਮੰਗਲ ਸਿੰਘ, ਅਮਿਤ ਕੰਵਰ, ਮਿੰਟੂ ਧੀਰ, ਸੰਜੀਵ ਟੱਕਰ, ਬੋਬੀ ਸ਼ਰਮਾ, ਮਨਮੋਹਨ ਸਿੰਘ ਟੱਕਰ, ਨਰੇਸ਼ ਕੁਮਾਰ ਵਿੱਕੀ, ਨਿੱਕਾ ਖਾਨਪਰੀ, ਸਰਬਜੀਤ ਕੌਰ, ਅਸ਼ਵਨੀ ਕੁਮਾਰ ਕੋਹਲੀ, ਵਿੱਕੀ ਭਗਤ, ਅਮਿਤ ਅਹੂਜਾ, ਸੰਜੀਵ ਅਹੂਜਾ , ਜਸਪ੍ਰੀਤ ਸਿੰਘ ਐਡਵੋਕੇਟ, ਦੀਪਕ ਧੀਰ ਜੋ ਕਿ ਪਾਰਟੀ ਦੇ ਪੁਰਾਣੇ ਵਲੰਟੀਅਰ ਸਨ, ਉਨ੍ਹਾਂ ਨੇ ਵੀ ਚੋਣ ਪ੍ਰਚਾਰ ਵਿਚ ਵੱਧ ਚੜ੍ਹ ਕੇ ਹਿੱਸਾ ਲਿਆ। ਇਸ ਤੋਂ ਤਰਨਪ੍ਰੀਤ ਸਿੰਘ ਆਦਿ ਸ਼ਾਮਲ ਸਨ ।

# ਮਹਿਤਪੁਰ 'ਚ ਡਾ. ਸੁਖਵਿੰਦਰ ਸੁੱਖੀ ਦੇ ਹੱਕ 'ਚ ਭਰਵੀਂ ਮੀਟਿੰਗ



**ਮਹਿਤਪੁਰ (ਰਾਜਾ)**-ਜ਼ਿਮਨੀ ਚੋਣ ਦੇ ਸੰਬੰਧ ਵਿੱਚ ਮਹਿਤਪੁਰ ਤੇ ਆਸ ਪਾਸ ਦੇ ਵੱਖ ਵੱਖ ਪਿੰਡਾਂ ਚੋਂ ਸ਼੍ਰੋਮਣੀ ਅਕਾਲੀ ਦਲ ਤੇ ਬਸਪਾ ਦੇ ਸਾਂਝੇ ਉਮੀਦਵਾਰ ਡਾ. ਸੁਖਵਿੰਦਰ ਸੁੱਖੀ ਦੇ ਹੱਕ ਵਿੱਚ ਮਹਿਤਪੁਰ ਵਿਖੇ ਨੌਜਵਾਨ ਆਗੂ ਸੰਜੀਵ ਕੁਮਾਰ ਹੈਲਨ ਸੋਨੂੰ ਦੇ ਗ੍ਰਹਿ ਵਿਖੇ ਭਰਵੀਂ ਮੀਟਿੰਗ ਕੀਤੀ ਗਈ। ਇਸ ਮੌਕੇ ਸ਼ਾਹਕੋਟ ਹਲਕਾ ਇੰਚਾਰਜ ਬਚਿੱਤਰ ਸਿੰਘ ਕੋਹਾੜ, ਜਨਮੇਜਾ ਸਿੰਘ ਸੇਖੋਂ ਸਾਬਕਾ ਮੰਤਰੀ ਅਕਾਲੀ ਦਲ ਵੱਲੋਂ ਡਾ. ਸੁਖਵਿੰਦਰ ਸੁੱਖੀ ਦੇ ਹੱਕ 'ਚ ਲੋਕਾਂ ਨੂੰ ਵੋਟ ਪਾਉਣ ਦੀ ਅਪੀਲ ਕੀਤੀ ਗਈ। ਡਾ. ਸੁਖਵਿੰਦਰ ਸੁੱਖੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ 'ਚ ਸਾਨੂੰ ਬਦਲਾਵ ਦੀ ਲੋੜ ਹੈ ਕਿਉਂਕਿ ਜਦੋਂ ਦੀ ਪੰਜਾਬ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ, ਪੰਜਾਬ ਦਾ ਮਾਹੌਲ ਬਹੁਤ ਖਰਾਬ ਹੋ ਚੁੱਕਾ ਹੈ। ਲੋਕਾਂ ਦਾ ਬਾਹਰ ਨਿਕਲਣਾ ਮੁਸ਼ਕਲ ਹੋ ਗਿਆ ਹੈ। ਪਿਛਲੇ ਦਿਨੀਂ ਵਿਸਾਖੀ ਤੇ ਗੁਰਦੁਆਰਾ ਸਾਹਿਬ ਨੂੰ ਛਾਉਣੀ 'ਚ ਤਬਦੀਲ ਕਰਨਾ ਬਹੁਤ ਹੀ ਸ਼ਰਮਨਾਕ ਗੱਲ ਹੈ। ਉਨ੍ਹਾ ਕਿਹਾ ਕਿ ਆਪ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਤੋਂ ਹਰ ਵਰਗ ਤੰਗ ਹੈ। ਸਰਕਾਰ ਨੇ ਚੋਣਾਂ ਸਮੇਂ ਪੰਜਾਬ ਦੇ ਲੋਕਾਂ ਨੂੰ ਵੱਡੀਆਂ ਵੱਡੀਆਂ ਗਰੰਟੀਆਂ ਦਿੱਤੀਆਂ, ਪਰ ਸੱਤਾ ਮਿਲਣ ਤੋਂ ਬਾਅਦ ਆਮ ਆਦਮੀ ਪਾਰਟੀ ਗਰੰਟੀਆਂ ਨੂੰ ਭੁੱਲ ਚੁੱਕੀ ਹੈ। ਕੋਈ ਪੈਨਸ਼ਨ ਸਕੀਮ ਨਹੀਂ ਤੇ ਔਰਤਾਂ ਨੂੰ 1000 ਰੁਪਏ ਦੇਣ ਦਾ ਵਾਅਦਾ ਵੀ ਪੂਰਾ ਨਹੀਂ ਕੀਤਾ। ਡਾ. ਸੁੱਖੀ ਨੇ ਕਿਹਾ ਕਿ ਆਪ ਸਰਕਾਰ ਨੇ ਦਲਿਤ ਸਮਾਜ ਨਾਲ ਬਹੁਤ ਵੱਡਾ ਧੋਖਾ ਕੀਤਾ ਹੈ। ਕੋਈ ਵੀ ਰਾਜ ਸਭਾ 'ਚ ਦਲਿਤ ਸਮਾਜ ਦਾ ਮੈਂਬਰ ਨਹੀਂ ਭੇਜਿਆ ਜਦ ਕਿ ਪੰਜਾਬ ਤੋਂ ਬਾਹਰਲਿਆਂ ਨੂੰ ਰਾਜ ਸਭਾ 'ਚ ਭੇਜਿਆ ਹੈ। ਇਸ ਮੌਕੇ ਦਲਜੀਤ ਸਿੰਘ ਕਾਹਲੋਂ ਸਰਕਲ ਪ੍ਰਧਾਨ, ਸ਼ਸ਼ਪਾਲ ਸਿੰਘ ਪੰਨੂ, ਅਸ਼ੋਕ ਕੁਮਾਰ, ਅਰਵਿਨ ਕੁਮਾਰ ਨੰਬਰਦਾਰ, ਡਾ. ਸੋਮ ਨਾਥ, ਨਰਿੰਦਰਪਾਲ ਸਿੰਘ ਗੋਰਾ ਸਮੈਲਪੁਰ, ਚੰਦਨਦੀਪ, ਰਾਜ ਕੁਮਾਰ ਬਸਪਾ ਪ੍ਰਧਾਨ, ਮਹਿੰਦਰ ਸਿੰਘ ਝੁੱਗੀਆਂ, ਸੁਰਜੀਤ ਸਿੰਘ, ਉਂਕਾਰ ਸਿੰਘ, ਭਜਨ ਦਾਸ, ਨੀਟਾ, ਮੁਕੇਸ਼ ਕੁਮਾਰ, ਸੰਪੂਰਨ ਸਿੰਘ ਗਿੱਲ, ਆਦਿ ਵੱਡੀ ਗਿਣਤੀ ਵਿਚ ਵਰਕਰ ਹਾਜ਼ਰ ਸਨ।

# ਹਨੇਰ ਜ਼ਿੰਦਗੀਆਂ 'ਚ ਰੌਸ਼ਨੀ ਭਰਨ ਲਈ ਰੋਟਰੀ ਕਲੱਬ ਹਰ ਸਮੇਂ ਤਿਆਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਰੋਟਰੀ ਕਲੱਬ ਹੁਸ਼ਿਆਰਪੁਰ ਮਿਡ ਟਾਊਨ ਵਲੋਂ ਅਪਣਾਏ ਪ੍ਰੋਜੈਕਟ "ਗਿਫਟ ਆਫ ਸਾਈਟ" ਦੇ ਤਹਿਤ 2 ਮਰੀਜ਼ਾਂ ਦੀਆਂ ਅੱਖਾਂ ਦੀ ਪੁਤਲੀ ਦਾ ਮੁਫਤ ਆਪ੍ਰੇਸ਼ਨ ਅਰੋੜਾ ਆਈ ਹਸਪਤਾਲ ਜਲੰਧਰ ਵਿਖੇ ਅੱਖਾਂ ਦੇ ਮਸ਼ਹੂਰ ਡਾਕਟਰ ਅਮਨਦੀਪ ਅਰੋੜਾ ਵਲੋਂ ਕੀਤਾ ਗਿਆ। ਜਿਸ ਵਿੱਚ ਪ੍ਰਗਟ ਸਿੰਘ ਜਲੰਧਰ ਅਤੇ ਪ੍ਰਸਿੰਨੋ ਦੇਵੀ ਜੰਮੂ ਤੋਂ ਸੀ। ਪ੍ਰਗਟ ਸਿੰਘ ਨੇ ਦੱਸਿਆ ਕਿ ਉਨਾਂ ਦੀ ਇਕ ਅੱਖ ਦੀ ਰੋਸ਼ਨੀ ਪਿਛਲੇ 10-12 ਸਾਲ ਪਹਿਲਾਂ ਇਕ ਦੁਰਘਟਨਾ ਵਿੱਚ ਚਲੀ ਗਈ ਸੀ। ਇਸ ਆਪ੍ਰੇਸ਼ਨ ਵਿੱਚ ਆਉਣ ਵਾਲਾ ਖਰਚ ਰੋਟਰੀ ਮਿਡ ਟਾਊਨ ਵਲੋਂ ਕੀਤਾ ਗਿਆ। ਕਲੱਬ ਪ੍ਰੈਜ਼ੀਡੈਂਟ ਰੋਟੇਰੀਅਨ ਪ੍ਰਵੀਨ ਪੱਬੀ ਨੇ ਦੱਸਿਆ ਕਿ ਸਾਬਕਾ ਜ਼ਿਲ੍ਹਾ ਗਵਰਨਰ ਰੋਟੇਰੀਅਨ ਪਰਵਿੰਦਰ ਜੀਤ ਸਿੰਘ ਨੇ ਮਰੀਜ਼ ਦੀ ਪੱਟੀ ਨੂੰ ਖੋਲਿਆ ਅਤੇ ਉਨਾਂ ਦੇ ਜਲਦੀ ਹੀ ਠੀਕ ਹੋਣ ਲਈ ਪ੍ਰਾਥਨਾ ਕੀਤੀ। ਇਸ ਮੌਕੇ ਤੇ ਪ੍ਰੋਜੈਕਟ "ਗਿਫਟ ਆਫ ਸਾਈਟ" ਦੇ ਚੇਅਰਮੈਨ ਰੋਟੇਰੀਅਨ ਮਨੋਜ ਓਹਰੀ ਅਤੇ ਵਾਈਸ ਚੇਅਰਮੈਨ ਰੋਟੇਰੀਅਨ ਪ੍ਰਵੀਨ ਪਲਿਆਲ ਨੇ ਕਿਹਾ ਕਿ ਹੁਣ ਤੱਕ ਰੋਟਰੀ ਕਲੱਬ ਮਿਡ ਟਾਊਨ ਨੇ 312 ਆਪ੍ਰੇਸ਼ਨ ਕਰਵਾ ਕੇ ਲੋਕਾਂ ਦੀ ਹਨੇਰੀ ਜ਼ਿੰਦਗੀ ਵਿੱਚ ਰੋਸ਼ਨੀ ਦੇਣ ਵਿੱਚ ਸਹਾਇਤਾ ਕੀਤੀ ਹੈ। ਇਸ ਪ੍ਰੋਜੈਕਟ ਵਿੱਚ ਮੁੱਖ ਸਹਿਯੋਗ ਰੋਟੇਰੀਅਨ ਸੰਜੀਵ ਖੰਨਾ ਪਲੈਨੋ ਮੈਟਰੋ ਰੋਟਰੀ ਕਲੱਬ ਟੈਕਸਾਸ, ਯੂ.ਐਸ.ਏ. ਵਲੋਂ ਕੀਤਾ ਜਾ ਰਿਹਾ ਹੈ। ਇਸ ਮੌਕੇ 'ਤੇ ਰੋਟੇਰੀਅਨ ਗੋਪਾਲ ਵਾਸੂਦੇਵਾ, ਮਨੋਜ ਓਹਰੀ, ਪ੍ਰਵੀਨ ਪਲਿਆਲ, ਜਗਮੀਤ ਸੇਠੀ, ਸਪਨਾ ਠਾਕੁਰ ਆਦਿ ਮੌਜੂਦ ਸਨ।

# ਕੰਟਰੈਕਟ ਮਲਟੀਪਰਪਜ਼ ਹੈਲਥ ਵਰਕਰ ਯੂਨੀਅਨ ਵੱਲੋਂ ਬਰਸਟ ਨਾਲ ਅਹਿਮ ਮੁਲਾਕਾਤ



**ਜਲੰਧਰ, (ਸੁਰਿੰਦਰ ਕੁਮਾਰ)**-ਆਮ ਆਦਮੀ ਪਾਰਟੀ ਦੇ ਜਲੰਧਰ ਸਥਿਤ ਚੋਣ ਦਫਤਰ ਵਿਖੇ ਕੰਟਰੈਕਟ ਮਲਟੀਪਰਪਜ਼ ਹੈਲਥ ਵਰਕਰ ਯੂਨੀਅਨ ਵੱਲੋਂ 'ਆਪ' ਪੰਜਾਬ ਦੇ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਨਾਲ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੌਰਾਨ ਯੂਨੀਅਨ ਆਗੂਆਂ ਜਿੱਥੇ ਮਾਨ ਸਰਕਾਰ ਦੇ ਇੱਕ ਸਾਲ ਦੇ ਕੰਮਾਂ 'ਤੇ ਤਸੱਲੀ ਪ੍ਰਗਟ ਕਰਦਿਆਂ ਸਰਕਾਰ ਦੀਆਂ ਨੀਤੀਆਂ ਦੀ ਖੁੱਲ੍ਹ ਕੇ ਤਾਰੀਫ ਕੀਤੀ, ਉੱਥੇ ਉਨ੍ਹਾਂ ਵੱਲੋਂ ਬਰਸਟ ਨੂੰ ਪਿਛਲੇ 15 ਸਾਲਾਂ ਤੋਂ ਸਿਹਤ ਵਿਭਾਗ ਵਿਚ ਕੰਮ ਕਰ ਰਹੀਆਂ ਮਹਿਲਾ ਵਰਕਰਾਂ ਨੂੰ ਰੈਗੂਲਰ ਕਰਨ ਦੇ ਸਬੰਧ ਵਿਚ ਮੰਗ ਪੱਤਰ ਵੀ ਦਿੱਤਾ ਗਿਆ। ਯੂਨੀਅਨ ਆਗੂਆਂ ਹਰਚੰਦ ਸਿੰਘ ਬਰਸਟ ਨੂੰ ਜਾਣੂੰ ਕਰਵਾਉਂਦਿਆਂ ਦੱਸਿਆ ਕਿ ਉਪਰੋਕਤ ਵਿਭਾਗ ਵਿੱਚ 900 ਤੋਂ ਵੱਧ ਰੈਗੂਲਰ ਪੋਸਟਾਂ ਖਾਲੀ ਪਈਆਂ ਹਨ। ਉਨ੍ਹਾਂ ਆਪਣੇ ਮੰਗ-ਪੱਤਰ ਵਿਚ ਕੰਟਰੈਕਟ ਕਰਮਚਾਰੀਆਂ ਨੂੰ ਕਿਰਤ ਕਾਨੂੰਨ ਨਿਯਮਾਂ ਦੇ ਅਨੁਸਾਰ ਬਰਾਬਰ ਤਨਖਾਹ, ਭੱਤੇ ਅਤੇ ਸਹੂਲਤਾਂ ਮੁਹੱਈਆ ਕਰਵਾਏ ਜਾਣ ਦੀ ਵੀ ਮੰਗ ਰੱਖੀ। ਇਸ ਉਪਰੰਤ ਬਰਸਟ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਮੁਸ਼ਕਿਲਾਂ ਅਤੇ ਮੰਗਾਂ ਦਾ ਛੇਤੀ ਹੀ ਕੋਈ ਢੁੱਕਵਾਂ ਹੱਲ ਕੱਢਿਆ ਜਾਵੇਗਾ। ਮੀਟਿੰਗ ਲਈ ਪਹੁੰਚੇ ਯੂਨੀਅਨ ਆਗੂਆਂ ਨੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਦੀ ਤਾਰੀਫ ਕਰਦਿਆਂ ਕਿਹਾ ਕਿ ਮਾਨ ਸਰਕਾਰ ਹੀ ਅਸਲ ਵਿੱਚ ਆਮ ਲੋਕਾਂ ਦੀ ਸਾਰ ਲੈ ਰਹੀ ਹੈ। ਉਨ੍ਹਾਂ ਆਗਾਮੀ ਜਲੰਧਰ ਲੋਕ-ਸਭਾ ਜ਼ਿਮਨੀ ਚੋਣ ਵਿਚ 'ਆਪ' ਉਮੀਦਵਾਰ ਸੁਸ਼ੀਲ ਕੁਮਾਰ ਨੂੰ ਵੱਡੇ ਫਰਕ ਨਾਲ ਜਿਤਾਉਣ ਲਈ ਆਪਣਾ ਪੂਰਾ ਜ਼ੋਰ ਲਾਉਣ ਦਾ ਭਰੋਸਾ ਦਿੱਤਾ। ਇਸ ਮੌਕੇ 'ਕੰਟਰੈਕਟ ਮਲਟੀਪਰਪਜ਼ ਹੈਲਥ ਵਰਕਰ ਯੂਨੀਅਨ' ਦੇ ਸੂਬਾ ਪ੍ਰਧਾਨ ਸਰਬਜੀਤ ਸਮੇਤ ਬਲਜੀਤ ਕੌਰ, ਸੁਖਵੀਰ ਕੌਰ, ਚੰਚਲ ਬਾਲਾ, ਪ੍ਰਭਜੀਤ ਕੌਰ, ਮਮਤਾ, ਭਿੰਦਰ ਕੌਰ ਅਤੇ ਹੋਰ ਹੈਲਥ ਵਰਕਰ ਵੀ ਮੌਜੂਦ ਸਨ।

# ਸੰਗਤਾਂ ਨੇ ਹਰਿਮੰਦਰ ਸਾਹਿਬ ਪਟਨਾ ਸਾਹਿਬ ਦੇ ਦਰਸ਼ਨ ਦੀਦਾਰੇ ਕੀਤੇ



**ਮਾਹਿਲਪੁਰ (ਨਿਰਮਲ ਸਿੰਘ ਮੁੱਗੋਵਾਲ)**-ਨਿਰਮਲ ਕੁਟੀਆ ਟੂਟੋਮਜਾਰਾ ਜਨਮ ਅਸਥਾਨ ਬ੍ਰਹਮਲੀਨ ਸੰਤ ਬਾਬਾ ਦਲੇਲ ਸਿੰਘ ਦੇ ਸੰਚਾਲਕ ਸੰਤ ਬਾਬਾ ਮੱਖਣ ਸਿੰਘ ਅਤੇ ਉਨ੍ਹਾਂ ਦੇ ਸਹਿਯੋਗੀ ਸੰਤ ਬਾਬਾ ਬਲਬੀਰ ਸਿੰਘ ਸ਼ਾਸਤਰੀ ਦੀ ਯੋਗ ਅਗਵਾਈ ਹੇਠ ਸੰਗਤਾਂ ਨੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜਨਮ ਅਸਥਾਨ ਤਖਤ ਸ੍ਰੀ ਪਟਨਾ ਸਾਹਿਬ ਅਤੇ ਉਨ੍ਹਾ ਦੇ ਜੀਵਨ ਨਾਲ ਸੰਬੰਧਤ ਹੋਰ ਗੁਰਧਾਮਾਂ ਦੇ ਦਰਸ਼ਨ ਦੀਦਾਰੇ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਇਸ ਮੌਕੇ ਸੰਤ ਬਾਬਾ ਮੱਖਣ ਸਿੰਘ ਨੇ ਸੰਗਤਾਂ ਨੂੰ 'ਸਤਿਨਾਮ ਵਾਹਿਗੁਰੂ' ਜੀ ਦਾ ਜਾਪ ਕਰਵਾਇਆ ਅਤੇ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ। ਗੱਲਬਾਤ ਕਰਦਿਆਂ ਸੰਤ ਬਾਬਾ ਬਲਬੀਰ ਸਿੰਘ ਸ਼ਾਸਤਰੀ ਨੇ ਦੱਸਿਆ ਕਿ ਸੰਤ ਬਾਬਾ ਦਲੇਲ ਸਿੰਘ ਬਾਬਾ ਸਤਨਾਮ ਅਤੇ ਸੰਤ ਬਾਬਾ ਜਗਦੇਵ ਸਿੰਘ ਮੋਨੀ ਦੀ ਅਪਾਰ ਬਖਸ਼ਿਸ਼ ਸਦਕਾ ਨਿਰਮਲ ਕੁਟੀਆ ਪਿੰਡ ਟੂਟੋਮਜਾਰਾ ਤੋਂ ਸੰਤ ਬਾਬਾ ਮੱਖਣ ਸਿੰਘ ਦੀ ਯੋਗ ਅਗਵਾਈ ਹੇਠ ਸੰਗਤਾਂ ਦਾ ਇਕ ਵੱਡਾ ਜਥਾ ਸ੍ਰੀ ਪਟਨਾ ਸਾਹਿਬ ਵਿਖੇ ਗੁਰਧਾਮਾਂ ਦੇ ਦਰਸ਼ਨ ਦੀਦਾਰੇ ਕਰਨ ਵਾਸਤੇ ਆਇਆ ਹੋਇਆ ਹੈ। ਅੱਜ ਸੰਗਤਾਂ ਨੇ ਤਖਤ ਸ੍ਰੀ ਹਰਿਮੰਦਰ ਸਾਹਿਬ ਪਟਨਾ ਸਾਹਿਬ ਅਤੇ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਨਾਲ ਸੰਬੰਧਤ ਗੁਰੂਧਾਮਾਂ ਦੇ ਦਰਸ਼ਨ ਦੀਦਾਰੇ ਕੀਤੇ। ਉਨ੍ਹਾਂ ਦੱਸਿਆ ਕਿ ਸੰਤ ਬਾਬਾ ਕਸ਼ਮੀਰਾ ਸਿੰਘ ਭੂਰੀ ਵਾਲਿਆਂ ਵੱਲੋਂ ਗੁਰਦੁਆਰਾ ਬਾਲ ਲੀਲ੍ਹਾ ਸਾਹਿਬ ਵਿਖੇ ਸੰਗਤਾਂ ਦੇ ਰਹਿਣ ਲਈ ਕਮਰਿਆ ਦੀ ਸੇਵਾ ਕਰਵਾਈ ਜਾ ਰਹੀ ਹੈ। ਉਨ੍ਹਾ ਦੱਸਿਆ ਕਿ ਇਸ ਅਸਥਾਨ 'ਤੇ ਉਨ੍ਹਾਂ ਵੱਲੋਂ ਨਿਰਮਲ ਕੁਟੀਆ ਪਿੰਡ ਟੂਟੋਮਜਾਰਾ ਤੋਂ ਗਈਆਂ ਸੰਗਤਾਂ ਲਈ ਰਿਹਾਇਸ਼ ਦਾ ਇੰਤਜ਼ਾਮ ਕੀਤਾ ਗਿਆ। ਸੰਗਤਾਂ ਨੇ ਵੱਖ-ਵੱਖ ਗੁਰਧਾਮਾਂ ਵਿਚ ਸੇਵਾ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

# ਸਟੱਡੀ ਸਰਕਲ ਨੇ ਲਗਾਇਆ ਪਰਵਾਰਕ ਟੂਰ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਧਰਮ ਪ੍ਰਚਾਰ ਵਿੱਚ ਮੋਹਰੀ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਇਕ ਪਰਵਾਰਕ ਟੂਰ ਦਾ ਅਯੋਜਨ ਕੀਤਾ ਗਿਆ ਜਿਸ ਵਿੱਚ 153 ਪਰਵਾਰਕ ਮੈਂਬਰਾਂ ਨੇ ਸ਼ਮੂਲੀਅਤ ਕੀਤੀ । ਸਟੱਡੀ ਸਰਕਲ ਦੇ ਸੀਨੀਅਰ ਆਗੂ ਭਾਈ ਗੁਰਪ੍ਰੀਤ ਸਿੰਘ ਖਾਲਸਾ ਨੇ ਦੱਸਿਆ ਕਿ ਇਹ ਪਰਵਾਰਕ ਟੂਰ ਫਰੀਦਕੋਟ ਸ੍ਰੀ ਮੁਕਤਸਰ ਸਾਹਿਬ ਬਠਿੰਡਾ ਜ਼ੋਨ ਵੱਲੋਂ ਲਗਵਾਇਆ ਗਿਆ ਜੋ ਕਿ ਦਾਸਤਾਨ ਏ ਸ਼ਹਾਦਤ ਚਮਕੌਰ ਸਾਹਿਬ, ਸ੍ਰੀ ਅਨੰਦਪੁਰ ਸਾਹਿਬ, ਤਖਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਬਿਭੌਰ ਸਾਹਿਬ, ਭਾਤ ਪੁਰ ਸਾਹਿਬ, ਗੁਰੂ ਕੇ ਲਾਹੌਰ ਅਤੇ ਪਰਵਾਰ ਵਿਛੋੜਾ ਸਾਹਿਬ ਵਿਖੇ ਲਿਜਾਇਆ ਗਿਆ। ਇਸ ਟੂਰ ਵਿੱਚ ਜ਼ੋਨ ਦੇ ਖੇਤਰ ਕੋਟਕਪੂਰਾ, ਜੈਤੋ, ਬਰਗਾੜੀ, ਸਾਦਿਕ, ਸ੍ਰੀ ਮੁਕਤਸਰ ਸਾਹਿਬ, ਬਠਿੰਡਾ, ਗਿੱਦੜਬਾਹਾ ਆਦਿ ਤੋਂ 153 ਪਰਵਾਰਕ ਮੈਂਬਰ ਹਿੱਸਾ ਬਣੇ। ਉਨ੍ਹਾ ਕਿਹਾ ਕਿ ਵੱਖ ਵੱਖ ਸਮਿਆਂ ਉੱਤੇ ਵੱਖ ਵੱਖ ਇਤਿਹਾਸਕ ਅਸਥਾਨਾਂ ਦੇ ਟੂਰ ਲਗਾਏ ਜਾਂਦੇ ਹਨ ਜਿਨ੍ਹਾਂ ਨਾਲ ਬੱਚਿਆਂ ਨੂੰ ਇਤਿਹਾਸਕ ਅਸਥਾਨਾਂ ਦੀ ਸੋਝੀ ਹੁੰਦੀ ਹੈ ਅਤੇ ਉਹ ਆਪਣੇ ਇਤਿਹਾਸ ਨਾਲ ਜੁੜਦੇ ਹਨ। ਭਾਈ ਗੁਰਪ੍ਰੀਤ ਸਿੰਘ ਖਾਲਸਾ ਨੇ ਕਿਹਾ ਕਿ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚ ਕੇ ਰਿਹਾਇਸ਼ ਕੀਤੀ ਗਈ ਜਿਥੇ ਬੱਚਿਆਂ ਨੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਹੋਰ ਗੁਰਧਾਮਾਂ ਦੇ ਦਰਸ਼ਨ ਦੀਦਾਰ ਕਰਕੇ ਅਨੰਦ ਮਾਣਿਆ । ਉਨ੍ਹਾ ਕਿਹਾ ਕਿ ਇਥੋਂ ਦੇ ਇਤਿਹਾਸ ਤੋਂ ਬੱਚਿਆਂ ਨੂੰ ਜਾਣੂ ਕਰਵਾਇਆ ਗਿਆ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਉਨ੍ਹਾਂ ਦੇ ਚਾਰ ਸਾਹਿਬਜ਼ਾਦਿਆਂ ਦਾ ਇਤਿਹਾਸ ਬੱਚਿਆਂ ਨੂੰ ਦਰਸਾਇਆ ਗਿਆ। ਇਸੇ ਹੀ ਪਾਵਨ ਅਸਥਾਨ 'ਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਕਸ਼ਮੀਰੀ ਪੰਡਤਾਂ ਦੀ ਫਰਿਆਦ ਸੁਣੀ ਅਤੇ ਸ਼ਹਾਦਤ ਦੇਣ ਦੇ ਲਈ ਦਿੱਲੀ ਵੱਲ ਕੂਚ ਕੀਤਾ। ਉਨ੍ਹਾ ਕਿਹਾ ਕਿ ਇਸ ਤਰ੍ਹਾਂ ਦੇ ਪਰਵਾਰਕ ਟੂਰ ਲਗਾਉਣ ਦਾ ਮਕਸਦ ਜਿੱਥੇ ਪਰਵਾਰਾਂ ਦੀ ਆਪਸੀ ਸਾਂਝ ਵਿੱਚ ਵਾਧਾ ਕਰਨਾ ਹੈ, ਉਥੇ ਇਤਿਹਾਸ ਤੋਂ ਸੇਧ ਲੈ ਕੇ ਸ਼ੁੱਭ ਗੁਣਾਂ ਨੂੰ ਆਪਣੇ ਜੀਵਨ ਵਿੱਚ ਢਾਲਣਾ ਵੀ ਜ਼ਰੂਰੀ ਹੈ । ਇਸ ਮੌਕੇ ਹੋਰਨਾਂ ਤੋਂ ਇਲਾਵਾ ਜਥੇਬੰਦੀ ਦੇ ਚੀਫ ਸਕੱਤਰ ਹਰਮੋਹਿੰਦਰ ਸਿੰਘ, ਜ਼ੋਨਲ ਸਕੱਤਰ ਰੋਪੜ ਨਵਾਂਸ਼ਹਿਰ ਜ਼ੋਨ, ਬਿਕਰਮਜੀਤ ਸਿੰਘ ਰੋਪੜ, ਪ੍ਰਿੰਸੀਪਲ ਧਰਮ ਸਿੰਘ ਅਨੰਦਪੁਰ ਸਾਹਿਬ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਇਨ੍ਹਾਂ ਸਥਾਨਾਂ ਦੇ ਇਤਿਹਾਸ ਤੋਂ ਜਾਣੂ ਕਰਵਾਇਆ। ਨਵਨੀਤ ਸਿੰਘ ਜ਼ੋਨਲ ਸਕੱਤਰ, ਰਣਜੀਤ ਸਿੰਘ ਜ਼ੋਨਲ ਪ੍ਰਧਾਨ, ਗੁਰਚਰਨ ਸਿੰਘ ਜੈਤੋ, ਡਾ. ਗੁਰਜਿੰਦਰ ਸਿੰਘ ਰੋਮਾਣਾ, ਜਸਦੀਪ ਸਿੰਘ, ਚਮਕੌਰ ਸਿੰਘ, ਸਰਬਜੀਤ ਕੌਰ, ਸੰਦੀਪ ਕੌਰ, ਹਰਪਿੰਦਰ ਕੌਰ, ਕੁਲਵਿੰਦਰ ਸਿੰਘ,ਅਮਨਪ੍ਰੀਤ ਸਿੰਘ, ਜਗਮੋਹਨ ਸਿੰਘ ਆਦਿ ਵੀ ਹਾਜ਼ਰ ਸਨ।

# ਪੰਜਾਬ ਜਲ ਸਰੋਤ ਮੁਲਾਜ਼ਮ ਯੂਨੀਅਨ ਦੀ ਮੈਨੇਜਿੰਗ ਡਾਇਰੈਕਟਰ ਨਾਲ ਹੋਈ ਮੀਟਿੰਗ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਪੰਜਾਬ ਜਲ ਸਰੋਤ ਪ੍ਰਬੰਧਨ ਤੇ ਵਿਕਾਸ ਕਾਰਪੋਰੇਸ਼ਨ ਦਾ ਉਪਰੇਸ਼ਨਲ ਸਟਾਫ ਦੇ ਮੁਲਾਜਮਾਂ ਦੀ ਸਿਰਮੌਰ ਜੱਥੇਬੰਦੀ ਪੰਜਾਬ ਜਲ ਸਰੋਤ ਮੁਲਾਜਮ ਯੂਨੀਅਨ ਦੀ ਅਦਾਰੇ ਦੇ ਮੈਨੇਜਿੰਗ ਡਾਇਰੈਕਟਰ ਵਲੋਂ ਦਿੱਤੇ ਗਏ ਸਮੇਂ ਤੇ ਮੁਲਾਜਮਾਂ ਦੀਆਂ ਮੰਗਾਂ ਸਬਧੀ ਮੀਟਿੰਗ ਉਹਨਾਂ ਦਾ ਦਫਤਰ ਵਿਖੇ ਹੋਈ। ਜਿਸ ਵਿੱਚ ਜਿੱਥੇ ਮੈਨੇਜਿੰਗ ਡਾਇਰੈਕਟਰ ਡਾ. ਐਚ.ਐਸ. ਬੇਦੀ, ਵਿੱਤ ਸਲਾਹਕਾਰ ਸਤਿੰਦਰ ਕੌਰ, ਕੰਪਨੀ ਸੈਕਟਰੀ ਅਮਿਤ ਕੁਮਾਰ ਅਤੇ ਯਾਦਵਿੰਦਰ ਸਿੰਘ ਸੀਨੀਅਰ ਸਹਾਇਕ ਸ਼ਾਮਿਲ ਹੋਏ, ਉਥੇ ਜੱਥੇਬੰਦੀ ਦੇ ਸਾਬਕਾ ਸਕੱਤਰ ਰਾਮਜੀ ਦਾਸ ਚੌਹਾਨ, ਨਵੇਂ ਚੁਣੇ ਗਏ ਜੱਥੇਬੰਦੀ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਮਕੀਮਪੁਰ, ਜਨਰਲ ਸਕੱਤਰ ਰਾਜਨ ਸ਼ਰਮਾ, ਪਰਮਜੀਤ ਸਿੰਘ, ਬੁੱਧ ਰਾਮ, ਬਲਵੀਰ ਸਿੰਘ ਬੈਂਸ, ਗੁਰਪ੍ਰੀਤ ਸਿੰਘ ਚੋਹਕਾ, ਅਮਰੀਕ ਸਿੰਘ ਸ਼ਾਮਿਲ ਹੋਏ। ਜੱਥੇਬੰਦੀ ਵਲੋ ਦਿੱਤੇ ਗਏ ਮੰਗ ਪੱਤਰ ਅਨੁਸਾਰ ਅਦਾਰੇ ਵਿੱਚ ਉਪਰੇਸ਼ਨਲ ਸਟਾਫ ਮੁਲਾਜਮਾਂ ਦੀਆਂ ਖਾਲੀ ਪਈਆਂ ਪੋਸਟਾਂ ( ਜਿਵੇ ਟੀ-ਮੇਟ, ਟਿਊਬਵੈਲ ਉਪਰੇਟਰ, ਮੇਟ, ਚੌਕੀਦਾਰ, ਮਕੈਨਿਕ, ਇਲੈਕਟ੍ਰੀਸ਼ਨ, ਵਰਕਮੁਨਸ਼ੀ ਅਤੇ ਵਰਕ ਮਿਸਤਰੀ) ਤੇ ਰੈਗੂਲਰ ਭਰਤੀ ਕਰਨ, ਸਕਰੀਨਿੰਗ ਕਮੇਟੀ ਦੀ ਮੀਟਿੰਗ ਜਲਦ ਬੁਲਾ ਕੇ ਬਣਦੀਆਂ ਪ੍ਰਮੋਸ਼ਨਾਂ ਕਰਨ, ਟਿਊਬਵੈਲਾਂ ਤੇ ਕੁਰਸੀਆਂ ਅਤੇ ਸਬੰਧਿਤ ਰਿਕਾਰਡ ਮੁਹੱਈਆ ਕਰਵਾਉਣ, ਛੇਵੇਂ ਤਨਖਾਹ ਕਮੀਸ਼ਨ ਦੀਆਂ ਸ਼ਿਫਾਰਿਸ਼ਾਂ ਨੂੰ ਲਾਗੂ ਕਰਨ ਉਪਰੰਤ ਰੀਵਾਇਜ਼ਡ ਗਰੈਚੂਟੀ ਅਤੇ ਲੀਵ ਇੰਨਕੈਸ਼ਮੈਂਟ ਦੀ ਅਦਾਇਗੀ ਕਰਨ, ਗਰੈਚੂਟੀ ਦੀ ਹੱਦ 10 ਲੱਖ ਤੋਂ ਵਧਾ ਕੇ 20 ਲੱਖ ਰੁਪਏ ਕਰਨ, ਮੁਲਾਜਮਾਂ ਦੀਆਂ ਬਨਦੀਆਂ ਠੰਡੀਆਂ ਅਤੇ ਗਰਮ ਵਰਦੀਆਂ ਜਾਰੀ ਕਰਨ, ਮੁਲਾਜਮਾਂ ਦੇ ਰਹਿੰਦੇ ਬਕਾਏ ਦੀ ਅਦਾਇਗੀ ਕਰਨ ਅਤੇ ਈ.ਪੀ.ਐਫ. ਦੀਆਂ ਪੈਨਸ਼ਨ ਸਬੰਧੀ ਜੁਆਇੰਟ ਆਪਸ਼ਨਾਂ ਨਿਸ਼ਚਿਤ ਮਿਤੀ ਤੋਂ ਪਹਿਲਾਂ ਆਨ ਲਾਈਨ ਕਰਨ ਸਬੰਧੀ ਆਦਿ ਮੰਗਾਂ ਤੇ ਐਮ.ਡੀ ਨਾਲ ਵਿਸਥਾਰ ਸਹਿਤ ਵਿਚਾਰ ਚਰਚਾ ਕੀਤੀ ਗਈ ਅਤੇ ਉਹਨਾਂ ਨੂੰ ਨਿਸ਼ਚਿਤ ਸਮੇਂ ਅੰਦਰ ਪੂਰਾ ਕਰਨ ਦੀ ਮੰਗ ਕੀਤੀ ਗਈ। ਮੈਨੇਜਿੰਗ ਡਾਇਰੈਕਟਰ ਵਲੋਂ ਸਾਰੀਆਂ ਮੰਗਾਂ ਨੂੰ ਧਿਆਨ ਪੂਰਬਕ ਸੁਨਣ ਉਪਰੰਤ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ਗਏ ਅਤੇ ਨਿਗਮ ਅੰਦਰ ਭਰਤੀ ਪ੍ਰਕਿਰਿਆ ਜਲਦ ਮੁਕੰਮਲ ਕਰਨ ਦਾ ਭਰੋਸਾ ਜੱਥੇਬੰਦੀ ਨੂੰ ਦਿੱਤਾ ਗਿਆ।

# ਠੇਕੇ 'ਤੇ ਇੱਕ ਵਿਅਕਤੀ ਦਾ ਕਤਲ



**ਬਹਿਰਾਮ (ਅਵਤਾਰ ਕਲੇਰ)**- ਬੰਗਾ ਹਲਕੇ ਦੇ ਪਿੰਡ ਮੇਹਲੀ ਵਿਖੇ ਸ਼ਰਾਬ ਦੇ ਠੇਕੇ 'ਤੇ ਇੱਕ ਵਿਅਕਤੀ ਦਾ ਕਤਲ ਹੋਣ ਦਾ ਮਾਮਲਾ ਸਾਹਮਣੇ ਆਇਆ। ਪੁਲਸ ਨੂੰ ਦਰਜ ਕਰਵਾਏ ਪਰਚੇ ਅਨੁਸਾਰ ਸੰਦੀਪ ਸਿੰਘ ਪੁੱਤਰ ਕਿਰਪਾਲ ਸਿੰਘ ਵਾਸੀ ਪਿੰਡ ਮੇਹਲੀ ਨੇ ਦੱਸਿਆ ਕਿ ਉਸ ਦੇ ਪਿਤਾ ਕਿਰਪਾਲ ਸਿੰਘ ਰਾਤ ਘਰੋਂ ਇਹ ਦੱਸ ਕੇ ਆਏ ਕਿ ਉਨ੍ਹਾ ਵਿਕਰਮਜੀਤ ਸਿੰਘ (ਵਿੱਕੀ) ਪੁੱਤਰ ਚਰਨਜੀਤ ਸਿੰਘ ਵਾਸੀ ਗਲੀ ਨੰਬਰ-1, ਬਸੰਤ ਨਗਰ ਫਗਵਾੜਾ ਪਾਸੋਂ ਉਧਾਰ ਦਿੱਤੇ ਪੈਸੇ ਲੈਣ ਜਾ ਰਿਹਾ ਹਾਂ। ਪ੍ਰੰਤੂ ਦੇਰ ਰਾਤ ਜਦ ਮੈਂ ਮੇਹਲੀ ਵਿਖੇ ਸ਼ਰਾਬ ਦੇ ਠੇਕੇ ਦੇ ਨਜ਼ਦੀਕ ਪਹੁੰਚਿਆ ਤਾਂ ਵਿੱਕੀ ਮੇਰੇ ਪਿਤਾ ਕਿਰਪਾਲ ਸਿੰਘ ਨਾਲ ਬਹਿਸ ਰਿਹਾ ਸੀ ਅਤੇ ਉਕਤ ਵਿੱਕੀ ਨੇ ਮੇਰੇ ਦੇਖਦੇ ਹੀ ਦੇਖਦੇ ਮੇਰੇ ਪਿਤਾ ਦੇ ਸਿਰ ਵਿੱਚ ਲੋਹੇ ਦੇ ਰਾਡ ਨਾਲ ਹਮਲਾ ਕਰ ਦਿੱਤਾ, ਜਿਸ ਨਾਲ ਮੇਰੇ ਪਿਤਾ ਦੀ ਮੌਕੇ 'ਤੇ ਹੀ ਮੌਤ ਹੋ ਗਈ ਅਤੇ ਮੁਲਜ਼ਮ ਮੌਕੇ ਤੋਂ ਸਵਿਫਟ ਕਾਰ ਵਿੱਚ ਸਵਾਰ ਹੋ ਕੇ ਚਲਾ ਗਿਆ। ਡੀ ਐੱਸ ਪੀ ਬੰਗਾ ਸਰਵਣ ਸਿੰਘ ਬੱਲ, ਐਸ ਐਚ ਓ ਰਾਜੀਵ ਕੁਮਾਰ ਬਹਿਰਾਮ, ਚੌਕੀ ਇੰਚਾਰਜ ਮੇਹਲੀ ਸੰਦੀਪ ਸ਼ਰਮਾ ਨੇ ਪਹੁੰਚ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ। ਮ੍ਰਿਤਕ ਦੀ ਦੇਹ ਨੂੰ ਬੰਗਾ ਵਿਖੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ । ਮ੍ਰਿਤਕ ਕਿਰਪਾਲ ਸਿੰਘ ਅਤੇ ਮੁਲਜ਼ਮ ਵਿੱਕੀ ਇੱਕ ਦੂਜੇ ਦੇ ਪੁਰਾਣੇ ਜਾਣਕਾਰ ਸਨ ।

# ਬੀਬੀ ਬਲਜਿੰਦਰ ਕੌਰ ਤੇ ਪ੍ਰਿੰ.ਪ੍ਰੇਮ ਕੁਮਾਰ ਵੱਲੋਂ ਰਿੰਕੂ ਦੇ ਹੱਕ 'ਚ ਚੋਣ ਪ੍ਰਚਾਰ



**ਫਿਲੌਰ (ਨਿਰਮਲ)**-ਨਜ਼ਦੀਕ ਪਿੰਡ ਜੱਜ ਖੁਰਦ ਵਿਖੇ ਪਿੰਡ ਵਾਸੀਆਂ 'ਆਪ' ਵਰਕਰਾਂ ਵੱਲੋਂ ਆਮ ਆਦਮੀ ਪਾਰਟੀ ਦੇ ਜੁਆਇੰਟ ਸਕੱਤਰ ਪੰਜਾਬ ਅਤੇ ਹਲਕਾ ਇੰਚਾਰਜ ਫਿਲੌਰ ਪ੍ਰਿੰਸੀਪਲ ਪ੍ਰੇਮ ਕੁਮਾਰ ਦੀ ਅਗਵਾਈ ਹੇਠ ਮੀਟਿੰਗ ਕੀਤੀ ਗਈ। ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਹਲਕਾ ਤਲਵੰਡੀ ਸਾਬੋ ਤੋਂ ਵਿਧਾਇਕ ਬੀਬੀ ਬਲਜਿੰਦਰ ਕੌਰ ਪੁੱਜੇ। ਇਸ ਮੌਕੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜ਼ਿਮਨੀ ਚੋਣ ਲੋਕ ਸਭਾ ਹਲਕਾ ਜਲੰਧਰ 'ਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਵੱਡੇ ਫਰਕ ਨਾਲ ਜਿੱਤਣਗੇ। ਉਨ੍ਹਾ ਕਿਹਾ ਕਿ ਜੋ ਕੰਮ ਪੰਜਾਬ ਦੀਆਂ ਰਵਾਇਤੀ ਪਾਰਟੀਆਂ ਚੋਣਾਂ ਤੋਂ ਕੁਝ ਮਹੀਨੇ ਪਹਿਲਾਂ ਕਰਦੀਆਂ ਸਨ, ਉਸ ਤੋਂ ਵੀ ਕਿਤੇ ਵਧ ਕੇ ਕੰਮ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੁਰਸੀ ਸੰਭਾਲਦਿਆਂ ਹੀ ਕਰਨੇ ਸ਼ੁਰੂ ਕਰ ਦਿੱਤੇ। ਪ੍ਰਿੰ. ਪ੍ਰੇਮ ਕੁਮਾਰ ਨੇ ਪਿੰਡ ਵਾਸੀਆਂ, ਆਪ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਮਾਨ ਦੇ ਦਿਲ ਵਿੱਚ ਪੰਜਾਬ ਤੇ ਪੰਜਾਬੀਅਤ ਪ੍ਰਤੀ ਡੂੰਘਾ ਦਰਦ ਹੈ, ਜਿਸ ਕਰਕੇ ਪਿਛਲੀਆਂ ਸਰਕਾਰਾਂ ਦੀਆਂ ਗਲਤ ਨੀਤੀਆਂ ਸਦਕਾ ਪੰਜਾਬ ਦੇ ਵਿਕਾਸ ਦੇ ਲੀਹੋਂ ਲੱਥੀ ਗੱਡੀ ਪੰਜਾਬ ਦੀ ਮਾਨ ਸਰਕਾਰ ਹੀ ਲੀਹਾਂ 'ਤੇ ਲਿਆ ਰਹੀ ਹੈ। ਉਨ੍ਹਾ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਦੀ ਸਰਕਾਰ ਕਿਸਾਨਾਂ ਅਤੇ ਗਰੀਬਾਂ ਦਾ ਦਰਦ ਸਮਝਣ ਵਾਲੀ ਸਰਕਾਰ ਹੈ। ਇਸ ਮੌਕੇ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਝਾੜੂ ਦੇ ਨਿਸ਼ਾਨ ਦਾ ਬਟਨ ਦਬਾ ਕੇ ਆਪ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਲੋਕ ਸਭਾ ਵਿੱਚ ਭੇਜੋ ਤਾਂ ਜੋ ਤੁਹਾਡੇ ਹੱਕਾਂ ਦੀ ਰਾਖੀ ਕੀਤੀ ਜਾ ਸਕੇ।

# ਵਿਸ਼ਾਲ ਜਾਗਰਣ ਭਲਕੇ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਦੇਵਾ ਊਸ਼ਾ ਨੇ ਦੱਸਿਆ ਕਿ 30 ਅਪ੍ਰੈਲ ਦੀ ਰਾਤ ਨੂੰ ਮਾਤਾ ਜਵਾਲਾ ਜੀ ਜਾਗਰਣ ਕੁਲਾਮ ਰੋਡ ਮੁਹੱਲਾ ਹਰਗੋਬਿੰਦ ਨਗਰ ਗਲੀ ਨੰ: 5 ਵਿਖੇ ਸਮੂਹ ਮਾਤਾ ਦੀਆਂ ਸੰਗਤਾਂ ਦੇ ਸਹਿਯੋਗ ਨਾਲ 23ਵਾਂ ਵਿਸ਼ਾਲ ਭੰਡਾਰਾ ਕਰਵਾਇਆ ਜਾ ਰਿਹਾ ਹੈ। ਇਸ ਉਪਰੰਤ ਕੰਨਿਆ ਦੀ ਪੂਜਾ ਅਰਚਨਾ ਕਰਕੇ ਭੰਡਾਰੇ ਦੀ ਸ਼ੁਰੂਆਤ ਕੀਤੀ ਜਾਵੇਗੀ। ਰਾਤ ਨੂੰ ਭਗਵਤੀ ਜਾਗਰਣ ਕਰਵਾਇਆ ਜਾਵੇਗਾ। ਭਗਵਤੀ ਜਾਗਰਣ ਬਲਜਿੰਦਰ ਬੈਂਸ, ਕੋਮਲ ਬੈਂਸ, ਨੰਦ, ਮੰਗੀ ਖਾਨ, ਸੁਰਤਲ ਕੁਲਾਰ ਮਾਤਾ ਜਵਾਲਾ ਜੀ ਸਾਰੀ ਰਾਤ ਮਾਤਾ ਦੀ ਮਹਿਮਾ ਦਾ ਗੁਣਗਾਨ ਕਰਨਗੇ। ਤਾਰਾ ਰਾਣੀ ਦੀ ਕਥਾ ਮਿੱਕੀ ਸ਼ਰਮਾ ਕਰਨਗੇ ਅਤੇ ਮਾਤਾ ਦੀ ਪੂਜਾ ਵੀ ਕਰਨਗੇ।

# ਪਰਸ ਖੋਹ ਕੇ ਭੱਜਣ ਵਾਲਾ ਦੂਸਰਾ ਮੁਲਜ਼ਮ ਵੀ ਕਾਬੂ

**ਫਿਲੌਰ (ਨਿਰਮਲ)**- ਬੀਤੇ ਦਿਨੀ ਦੋ ਮੋਟਰਸਾਈਕਲ 'ਤੇ ਸਵਾਰ ਲੁਟੇਰਿਆ ਨੇ ਇਕ ਔਰਤ ਗੁਰਬਿੰਦਰ ਕੌਰ ਵਾਸੀ ਲਸਾੜਾ (ਫਿਲੌਰ) ਦਾ ਪਰਸ ਖੋਹ ਲਿਆ ਗਿਆ ਸੀ। ਔਰਤ ਵੱਲੋਂ ਰੌਲਾ ਪਾਉਣ 'ਤੇ ਲੋਕਾਂ ਨੇ ਇਕ ਲੁਟੇਰਾ ਹਰਜਿੰਦਰ ਸਿੰਘ ਉਰਫ ਜਿੰਦਰ ਪੁੱਤਰ ਲਖਬੀਰ ਸਿੰਘ ਵਾਸੀ ਚੱਕ ਸਾਬੂ (ਫਿਲੌਰ) ਮੌਕੇ 'ਤੇ ਕਾਬੂ ਕਰ ਲਿਆ ਅਤੇ ਦੂਸਰਾ ਭੱਜਣ ਵਿੱਚ ਸਫਲ ਹੋ ਗਿਆ ਸੀ। ਥਾਣੇਦਾਰ ਵਿਜੇ ਕੁਮਾਰ ਨੇ ਦੱਸਿਆ ਕਿ ਦੂਜਾ ਮੁਲਜ਼ਮ ਕਮਲਜੀਤ ਉਰਫ ਕਮਲ ਪੁੱਤਰ ਜਸਵੀਰ ਸਿੰਘ ਵਾਸੀ ਤੇਹਿੰਗ (ਫਿਲੌਰ) ਮੌਕੇ ਤੋਂ ਫਰਾਰ ਹੋ ਗਿਆ ਸੀ, ਉਸ ਨੂੰ ਵੀ ਕਾਬੂ ਕਰ ਲਿਆ ਹੈ। ਉਨ੍ਹਾਂ ਨੇ ਅੱਗੇ ਦੱਸਿਆ ਕਿ ਪਰਸ ਵਿੱਚ 900 ਰੁਪਏ ਨਕਦ ਅਤੇ ਇਕ ਮੋਬਾਈਲ ਫੋਨ ਸੀ ਜੋ ਬਰਾਮਦ ਕਰ ਲਿਆ ਹੈ। ਇਨ੍ਹਾਂ ਵਿਰੁੱਧ ਅਗਲੇਰੀ ਕਾਰਵਾਈ ਜਾਰੀ ਹੈ।

# ਬਾਦਲ ਨੂੰ ਦਿੱਤੀ ਸ਼ਰਧਾਂਜਲੀ



**ਕਪੂਰਥਲਾ, ( ਹਨੀ )**-ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਿਕਿਸ਼ਨ ਪਬਲਿਕ ਸਕੂਲ ਆਰ ਸੀ ਐਫ ਕਪੂਰਥਲਾ ਦੇ ਪ੍ਰਿੰਸੀਪਲ ਪ੍ਰਭਦੀਪ ਕੌਰ ਮੋਗਾ ਨੇ ਦੱਸਿਆ ਕਿ ਸਵਰਗਵਾਸੀ ਪੂਰਵ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੀ ਆਤਮਾ ਦੀ ਸ਼ਾਂਤੀ ਲਈ ਉਨ੍ਹਾਂ ਦੇ ਸਕੂਲ ਵਿਚ ਅਸੈਂਬਲੀ ਟਾਇਮ ਬੱਚਿਆਂ ਅਤੇ ਅਧਿਆਪਕਾਂ ਦੁਆਰਾ ਮੂਲ ਮੰਤਰ ਦਾ ਪਾਠ ਕੀਤਾ ਗਿਆ। ਦੋ ਮਿੰਟ ਦਾ ਮੋਨ ਰੱਖਿਆ ਗਿਆ ਅਤੇ ਉਪਰੰਤ ਅਰਦਾਸ ਕੀਤੀ ਗਈ।

ਮੈਡਮ ਨੇ ਬੱਚਿਆਂ ਨੂੰ ਉਨ੍ਹਾਂ ਦੀ ਸ਼ਖਸੀਅਤ ਤੋਂ ਜਾਣੂ ਕਰਵਾਇਆ ਅਤੇ ਦੱਸਿਆ ਕਿ ਉਹ ਆਪਣੀ ਮਿਹਨਤ ਸਦਕਾ ਹੀ ਪੰਜ ਵਾਰ ਪੰਜਾਬ ਦੇ ਮੁੱਖ ਮੰਤਰੀ ਬਣੇ ਅਤੇ ਹਮੇਸ਼ਾ ਸਾਦਾ ਜੀਵਨ ਬਤੀਤ ਕੀਤਾ।

# ਬਿਲਡਰਜ਼ ਕਲੋਨਾਇਜ਼ਰ ਐਂਡ ਡੀਲਰ ਐਸੋਸੀਏਸ਼ਨ ਵੱਲੋਂ ਬਰਸਟ ਨਾਲ ਮੀਟਿੰਗ




**ਜਲੰਧਰ, ( ਨ ਜ਼ ਸ)**-ਆਮ ਆਦਮੀ ਪਾਰਟੀ ਦੇ ਜਲੰਧਰ ਸਥਿਤ ਦਾਨਾ-ਪਾਣੀ ਹੋਟਲ ਵਿਖੇ ਬਿਲਡਰਸ ਕਲੋਨਾਇਜ਼ਰ ਐਂਡ ਡੀਲਰ ਐਸੋਸੀਏਸ਼ਨ ਵੱਲੋਂ 'ਆਪ' ਪੰਜਾਬ ਦੇ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਲੋਕਲ ਬਾਡੀ ਕੈਬਨਿਟ ਮੰਤਰੀ ਇੰਦਰਬੀਰ ਸਿੰਘ ਨਿੱਜਰ, 'ਆਪ' ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ, ਰਾਜਵਿੰਦਰ ਕੌਰ ਥਿਆੜਾ, ਮਹਿੰਦਰ ਭਗਤ, ਦੀਪਕ ਬਾਲੀ ਅਤੇ ਸਮੂਹ ਪ੍ਰਾਪਰਟੀ ਐਸੋਸੀਏਸਨ ਦੇ ਮੈਂਬਰ ਮੌਜੂਦ ਸਨ। ਮੁਲਾਕਾਤ ਦੌਰਾਨ ਯੂਨੀਅਨ ਦੇ ਪ੍ਰਧਾਨ ਮੇਜਰ ਸਿੰਘ ਅਤੇ ਮੈਂਬਰਾਂ ਵੱਲੋਂ 'ਆਪ' ਪੰਜਾਬ ਦੇ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਨਾਲ ਪੇਸ਼ ਆ ਰਹੀਆਂ ਸਮੱਸਿਆਵਾਂ ਬਾਰੇ ਚਰਚਾ ਕੀਤੀ ਗਈ। ਇਸ ਵਿਚਾਲੇ ਯੂਨੀਅਨ ਦੇ ਅਹੁਦੇਦਾਰਾਂ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਜੰਮ ਕੇ ਸ਼ਲਾਘਾ ਵੀ ਕੀਤੀ ਅਤੇ ਕਿਹਾ ਕਿ ਇਹ ਸਿਰਫ ਮਾਨ ਸਰਕਾਰ ਹੀ ਹੈ ਜਿਹੜੀ ਸਹੀ ਅਰਥਾਂ ਵਿੱਚ ਪੰਜਾਬ ਨੂੰ ਖੁਸ਼ਹਾਲੀ ਵੱਲ ਲੈ ਕੇ ਜਾ ਸਕਦੀ ਹੈ। ਮੁਲਾਕਾਤ ਲਈ ਆਏ ਮਹਿਮਾਨਾਂ ਨੇ ਜਲੰਧਰ ਜ਼ਿਮਨੀ ਚੋਣ ਵਿਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਨੂੰ ਵੱਡੇ ਫਰਕ ਨਾਲ ਜਿਤਾਉਣ ਦਾ ਵੀ ਵਾਅਦਾ ਕੀਤਾ। ਆਮ ਆਦਮੀ ਪਾਰਟੀ ਪੰਜਾਬ ਦੇ ਜਨਰਲ ਸਕੱਤਰ ਹਰਚਰਨ ਸਿੰਘ ਬਰਸਟ ਨੇ ਯੂਨੀਅਨ ਦੇ ਅਹੁਦੇਦਾਰਾਂ ਨੂੰ ਉਨ੍ਹਾਂ ਦੀਆਂ ਮੰਗਾਂ ਅਤੇ ਮੁਸ਼ਕਲਾਂ ਦਾ ਛੇਤੀ ਹੀ ਢੁੱਕਵਾਂ ਹੱਲ ਕਰਨ ਦਾ ਭਰੋਸਾ ਦਿੱਤਾ।

ਉਨ੍ਹਾ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਸੂਬੇ ਦੇ ਕਾਰੋਬਾਰੀਆਂ ਦੀ ਆਪਣੀ ਸਰਕਾਰ ਹੈ। ਉਨ੍ਹਾ ਕਿਹਾ ਕਿ ਮਾਨ ਸਰਕਾਰ ਸੂਬੇ ਵਿੱਚ ਹਰ ਤਬਕੇ ਦੇ ਲੋਕਾਂ ਦੀ ਭਲਾਈ ਲਈ ਨੀਤੀਆਂ ਬਣਾ ਕੇ ਲਾਗੂ ਕਰ ਰਹੀ ਹੈ ਅਤੇ ਇਹੀ ਕਾਰਨ ਹੈ ਕਿ ਜਲੰਧਰ ਵਾਸੀਆਂ ਨੇ ਮਾਨ ਸਰਕਾਰ ਦੀਆਂ ਨੀਤੀਆਂ ਅਤੇ ਕਾਰਜਾਂ ਤੋਂ ਪ੍ਰਭਾਵਿਤ ਹੋਕੇ 'ਆਪ' ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਨੂੰ ਜਲੰਧਰ ਜ਼ਿਮਨੀ ਚੋਣ ਵਿੱਚ ਵੱਡੇ ਫਰਕ ਨਾਲ ਜਿਤਾਉਣ ਦਾ ਪੱਕਾ ਮਨ ਬਣਾ ਲਿਆ ਹੈ।

# ਭਾਸ਼ਾ ਵਿਭਾਗ ਨੇ ਵਿਦਿਆਰਥੀਆਂ ਲਈ ਲਗਾਈ ਕਵਿਤਾ ਵਰਕਸ਼ਾਪ



**ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ, ਬਲਬੀਰ ਸਿੰਘ ਸੈਣੀ)**-ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਵਿਭਾਗ ਦੇ ਪ੍ਰਮੁੱਖ ਸਕੱਤਰ ਜਸਪ੍ਰੀਤ ਤਲਵਾੜ ਅਤੇ ਸੰਯੁਕਤ ਡਾਇਰੈਕਟਰ ਭਾਸ਼ਾ ਵਿਭਾਗ ਪਟਿਆਲਾ ਡਾ. ਵੀਰਪਾਲ ਕੌਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਡਾ. ਜਸਵੰਤ ਰਾਏ ਖੋਜ ਅਫ਼ਸਰ ਭਾਸ਼ਾ ਵਿਭਾਗ ਹੁਸ਼ਿਆਰਪੁਰ ਦੀ ਅਗਵਾਈ 'ਚ ਸਨਾਤਨ ਧਰਮ ਕਾਲਜ ਹੁਸ਼ਿਆਰਪੁਰ ਵਿਖੇ ਕਵਿਤਾ ਵਰਕਸ਼ਾਪ ਲਗਾਈ ਗਈ। ਇਸ ਵਰਕਸ਼ਾਪ 'ਚ ਮੁੱਖ ਬੁਲਾਰੇ ਦੇ ਤੌਰ 'ਤੇ ਨਾਮਵਰ ਕਵੀ ਮਦਨ ਵੀਰਾ ਪਹੁੰਚੇ। ਆਏ ਹੋਏ ਮਹਿਮਾਨਾਂ ਲਈ ਜੀ ਆਇਆਂ ਸ਼ਬਦ ਪ੍ਰਿੰਸੀਪਲ ਪ੍ਰੋ. ਪ੍ਰਸ਼ਾਂਤ ਸੇਠੀ ਨੇ ਆਖਦਿਆਂ ਕਿਹਾ ਕਿ ਸਾਹਿਤ ਭਾਵੇਂ ਜਿਹੜੀ ਮਰਜ਼ੀ ਜ਼ੁਬਾਨ ਵਿੱਚ ਲਿਖਿਆ ਜਾ ਰਿਹਾ ਹੋਵੇ, ਇਹ ਮਾਨਵੀ ਮਨ ਦੀ ਤਰਜਮਾਨੀ ਕਰਦਾ ਹੈ। ਡਾ. ਜਸਵੰਤ ਰਾਏ ਨੇ ਭਾਸ਼ਾ ਵਿਭਾਗ ਵੱਲੋਂ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੰਦਿਆਂ ਮਦਨ ਵੀਰਾ ਦੀ ਸ਼ਖ਼ਸੀਅਤ ਅਤੇ ਕਾਵਿ ਕਲਾ ਬਾਰੇ ਭਾਵਪੂਰਤ ਗੱਲਾਂ ਕੀਤੀਆਂ। ਉਨ੍ਹਾ ਕਿਹਾ ਕਿ ਪੰਜ ਕਾਵਿ ਪੁਸਤਕਾਂ ਦਾ ਰਚਾਇਤਾ ਮਦਨ ਵੀਰਾ ਪੰਜਾਬੀ ਕਵਿਤਾ ਦਾ ਵੱਡਾ ਨਾਂਅ ਹੈ। ਦੂਜੀਆਂ ਭਾਸ਼ਾਵਾਂ ਵਿੱਚ ਅਨੁਵਾਦ ਹੋ ਕੇ ਉਸ ਨੇ ਆਪਣੇ ਪਾਠਕਾਂ ਦੇ ਘੇਰੇ ਨੂੰ ਹੋਰ ਮੋਕਲਾ ਕੀਤਾ ਹੈ। ਉਸ ਦੀ ਕਵਿਤਾ ਹਾਸ਼ੀਆਗਤ ਲੋਕਾਂ ਦੀ ਵੇਦਨਾ ਤੇ ਸੰਵੇਦਨਾ ਨੂੰ ਬੜੀ ਸ਼ਿੱਦਤ ਨਾਲ ਬਿਆਨਦੀ ਹੈ। ਵਿਦਿਆਰਥੀਆਂ ਨਾਲ ਭਰੇ ਹੋਏ ਹਾਲ ਨੂੰ ਸੰਬੋਧਨ ਕਰਦਿਆਂ ਮਦਨ ਵੀਰਾ ਨੇ ਕਿਹਾ ਕਿ ਕਵਿਤਾ ਜਨਮ ਤੋਂ ਹੀ ਤੁਹਾਡੇ ਅੰਗ-ਸੰਗ ਪਈ ਹੁੰਦੀ ਹੈ। ਮਨੁੱਖੀ ਜੀਵਨ 'ਚ ਲੋਰੀ ਤੋਂ ਅਲਾਹੁਣੀ ਤੱਕ ਗੀਤ-ਸੰਗੀਤ ਦੇ ਰੂਪ ਵਿੱਚ ਇਹ ਹਾਜ਼ਰ ਰਹਿੰਦੀ ਹੈ। ਲੋਕ ਸਾਹਿਤ ਦਾ ਤਰੰਨਮ ਰੂਪ ਇਸ ਨੂੰ ਸੁਆਰਦਾ ਤੇ ਸ਼ਿੰਗਾਰਦਾ ਜਾਂਦਾ ਹੈ। ਕਵਿਤਾ ਨੂੰ ਅੰਦਰਲੇ ਸੁਹਜ ਦਾ ਪ੍ਰਗਟਾਅ ਦੱਸਦਿਆਂ ਮਦਨ ਵੀਰਾ ਨੇ ਕਾਵਿ ਉਦਾਹਰਣਾਂ ਦਿੰਦਿਆਂ ਦੱਸਿਆ ਕਿ ਸ਼ਿਵ ਕੁਮਾਰ ਬਟਾਲਵੀ, ਪ੍ਰੋ. ਮੋਹਨ ਸਿੰਘ ਅਤੇ ਭੂਸ਼ਨ ਧਿਆਨ ਪੁਰੀ ਨੂੰ ਕਵਿਤਾ ਮੌਕੇ 'ਤੇ ਕਿੰਝ ਆਹੁੜੀ। ਕਾਵਿ ਤੱਤਾਂ ਅਤੇ ਖਿਆਲ ਨੂੰ ਕਵਿਤਾ ਵਿੱਚ ਪਰੋਣ ਦੇ ਕਈ ਨੁਕਤੇ ਉਨ੍ਹਾ ਸਾਂਝੇ ਕੀਤੇ। ਇਸ ਮੌਕੇ ਭਾਸ਼ਾ ਵਿਭਾਗ ਵੱਲੋਂ ਮੁੱਖ ਬੁਲਾਰੇ ਮਦਨ ਵੀਰਾ, ਪ੍ਰਿੰ. ਪ੍ਰੋ. ਪ੍ਰਸ਼ਾਂਤ ਸੇਠੀ, ਪੰਜਾਬੀ ਵਿਭਾਗ ਦੇ ਮੁਖੀ ਡਾ. ਗੁਰਚਰਨ ਸਿੰਘ ਦਾ ਭਾਸ਼ਾ ਵਿਭਾਗ ਦੀਆਂ ਪ੍ਰਕਾਸ਼ਨਾਵਾਂ, ਲੋਈਆਂ ਅਤੇ ਯਾਦਗਾਰੀ ਚਿੰਨ੍ਹਾਂ ਨਾਲ ਵਿਸ਼ੇਸ਼ ਸਨਮਾਨ ਕੀਤਾ ਗਿਆ। ਭਾਸ਼ਾ ਮੰਚ ਦੀਆਂ ਸਾਹਿਤਕ ਗਤੀਵਿਧੀਆਂ ਨਾਲ ਜੁੜੇ ਵਿਦਿਆਰਥੀ ਵੀ ਸਨਮਾਨੇ ਗਏ। ਸਟੇਜ ਦੀ ਕਾਰਵਾਈ ਡਾ. ਗੁਰਚਰਨ ਸਿੰਘ ਨੇ ਨਿਭਾਉਂਦਿਆਂ ਧੰਨਵਾਦੀ ਸ਼ਬਦ ਵੀ ਆਖੇ। ਇਸ ਮੌਕੇ ਡਾ. ਵਿਪਨ ਕੁਮਾਰ, ਡਾ. ਪਲਵਿੰਦਰ ਕੌਰ, ਮੈਡਮ ਰਾਜਵਿੰਦਰ ਕੌਰ, ਗੁਰਪ੍ਰੀਤ ਕੌਰ, ਅਲੀਸ਼ਾ, ਕ੍ਰਿਸ਼ਮਾ, ਰਿੰਪੀ, ਮਨੀ, ਗੁਰਪ੍ਰੀਤ ਸਿੰਘ, ਅਨਿਰੁਧ, ਇੰਦਰਦੀਪ ਕੌਰ, ਪਵਨ ਕੁਮਾਰ ਅਤੇ ਕਾਲਜ ਵਿਦਿਆਰਥੀ ਹਾਜ਼ਰ ਸਨ।

# ਓਮ ਪ੍ਰਕਾਸ਼ ਕਾਲਜ ਦਾ ਨਤੀਜਾ ਰਿਹਾ ਸ਼ਾਨਦਾਰ



**ਕਰਤਾਰਪੁਰ (ਹਰਮੇਸ਼ ਦੱਤ)** ਗੁਰੂ ਨਾਨਕ ਦੇਵ ਯੂਨੀਵਰਸਟੀ ਅੰਮ੍ਰਿਤਸਰ ਵੱਲੋ ਤੀਸਰੇ ਸਮੈਸਟਰ ਬੀ.ਐਡ.ਦਾ ਨਤੀਜਾ ਐਲਾਨਿਆ ਗਿਆ, ਜਿਸ ਵਿੱਚ ਓਮ ਪ੍ਰਕਾਸ਼ ਮੈਮੋਰੀਅਲ ਇੰਸਟੀਚਿਊਟ ਆਫ ਐਜੂਕੇਸ਼ਨ ਦਿਆਲਪੁਰ ਦਾ ਨਤੀਜਾ ਸ਼ਾਨਦਾਰ ਰਿਹਾ। ਵਿਦਿਆਰਥਣ ਮਨਪ੍ਰੀਤ ਕੌਰ ਨੇ 79.5% ਅੰਕ ਪ੍ਰਾਪਤ ਕਰਕੇ ਪਹਿਲਾ, ਨਵਜੋਤ ਕੌਰ ਨੇ 77% ਅੰਕ ਪ੍ਰਾਪਤ ਕਰਕੇ ਦੂਸਰਾ ਅਤੇ ਅੰਮ੍ਰਿਤਪਾਲ ਕੌਰ ਨੇ 76.75% ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ ਵਧੀਆ। ਕਾਲਜ ਦੇ ਚੇਅਰਪਰਸਨ ਸਤੀਸ਼ ਕੁਮਾਰ ,ਕਾਲਜ ਸੈਕਟਰੀ ਡਾ. ਵਿਜੈ ਅਹੂਜਾ,ਪ੍ਰਿੰਸੀਪਲ ਡਾ. ਵਿਨੋਦ ਕੁਮਾਰ ਅਤੇ ਕਾਲਜ ਸਟਾਫ ਨੇ ਵਿਦਿਆਰਥੀਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ।

29-APRIL-PAGE-10.qxd 4/28/2023 9:33 PM Page 1



# ਸਰਹੱਦੀ ਪਿੰਡਾਂ ਦੇ ਲੋਕਾਂ ਲਈ ਮਸੀਹਾ ਬਣ ਕੇ ਆਏ ਸਨ ਪ੍ਰਕਾਸ਼ ਸਿੰਘ ਬਾਦਲ

**ਫਾਜ਼ਿਲਕਾ (ਕ੍ਰਿਸ਼ਨ ਸਿੰਘ)**-ਪੰਜਾਬ ਦੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਦਿਹਾਂਤ 'ਤੇ ਪੂਰੇ ਪੰਜਾਬ ਦੀ ਤਰ੍ਹਾਂ ਫਾਜ਼ਿਲਕਾ ਦੇ ਸਰਹੱਦੀ ਇਲਾਕੇ ਦੇ ਲੋਕਾਂ ਵੱਲੋਂ ਵੀ ਉਨ੍ਹਾਂ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਹੈ। ਪ੍ਰਕਾਸ ਸਿੰਘ ਬਾਦਲ ਇਨ੍ਹਾਂ ਸਰਹੱਦੀ ਪਿੰਡਾਂ ਦੇ ਲੋਕਾਂ ਵਾਸਤੇ ਇੱਕ ਮਸੀਹਾ ਬਣ ਕੇ ਆਏ ਸਨ ਤੇ ਜੋ ਵਿਕਾਸ ਕੰਮ ਪਿਛਲੇ ਕਈ ਦਹਾਕਿਆਂ ਤੋਂ ਕਿਸੇ ਸਰਕਾਰ ਵੱਲੋਂ ਨਹੀਂ ਕਰਵਾਏ ਗਏ, ਉਹ ਸਾਰੇ ਕੰਮ ਪ੍ਰਕਾਸ ਸਿੰਘ ਬਾਦਲ ਵੱਲੋਂ ਆਪਣੇ ਮੁੱਖ ਮੰਤਰੀ ਦੇ ਕਾਰਜਕਾਲ ਦੌਰਾਨ ਕਰਵਾਏ ਗਏ ਹਨ, ਜਿਸ ਕਾਰਨ ਉਹ ਇਥੋਂ ਦੇ ਲੋਕਾਂ ਲਈ ਕਿਸੇ ਮਸੀਹਾ ਤੋਂ ਘੱਟ ਨਹੀਂ ਸਨ।

ਉਨ੍ਹਾ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਸਰਹੱਦੀ ਪਿੰਡ ਝੰਗੜ ਭੈਣੀ ਨਿਵਾਸੀ ਡਾ. ਧਰਮਿੰਦਰ ਸਿੰਘ, ਸੀ ਪੀ ਆਈ ਨੇਤਾ ਕਾਮਰੇਡ ਸਤਨਾਮ ਸਿੰਘ, ਪਿੰਡ ਰਾਮ ਸਿੰਘ ਭੈਣੀ ਨਿਵਾਸੀ ਰੇਸ਼ਮ ਸਿੰਘ ਤੇ ਹੋਰਨਾਂ ਨੇ ਕਿਹਾ ਕਿ ਪ੍ਰਕਾਸ ਸਿੰਘ ਬਾਦਲ ਵੱਲੋਂ ਉਨ੍ਹਾਂ ਦੇ ਇਲਾਕੇ ਦਾ ਬਹੁਤ ਵਿਕਾਸ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਉਹ ਇੱਕੋ ਇੱਕ ਪੰਜਾਬ ਦੇ ਅਜਿਹੇ ਮੁੱਖ ਮੰਤਰੀ ਸਨ, ਜਿਨ੍ਹਾਂ ਵੱਲੋਂ ਇਨ੍ਹਾਂ ਸਰਹੱਦੀ ਪਿੰਡਾਂ ਦਾ ਕਈ ਵਾਰ ਦੌਰਾ ਕੀਤਾ ਗਿਆ ਸੀ। ਪਹਿਲੀ ਵਾਰ ਸਾਲ 1996-97 ਵਿੱਚ ਉਨ੍ਹਾਂ ਇਨ੍ਹਾਂ ਪਿੰਡਾਂ ਦਾ ਦੌਰਾ ਕੀਤਾ ਤਾਂ ਉਨ੍ਹਾਂ ਦੇਖਿਆ ਕਿ ਇਹ ਪਿੰਡ ਵਿਕਾਸ ਪੱਖੋਂ ਬਾਕੀ ਪਿੰਡਾਂ ਨਾਲੋਂ ਕਾਫੀ ਪੱਛੜੇ ਹੋਏ ਸਨ। ਉਸ ਸਮੇਂ ਇਨ੍ਹਾਂ ਪਿੰਡਾਂ

**■ ਸਰਹੱਦੀ ਇਲਾਕੇ ਦੇ ਲੋਕਾਂ ਵੱਲੋਂ ਬਾਦਲ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ**



ਦਾ ਤਾਲਮੇਲ ਦੂਜੇ ਪਿੰਡਾਂ ਨਾਲ ਬਹੁਤ ਘੱਟ ਸੀ। ਇਥੇ ਵਗਦੇ ਸਤਲੁਜ ਦਰਿਆ 'ਤੇ ਕੋਈ ਪੁਲ ਨਾ ਹੋਣ ਕਾਰਨ ਇਥੋਂ ਦੇ ਲੋਕਾਂ ਨੂੰ ਕਿਸ਼ਤੀ ਰਾਹੀਂ ਦਰਿਆ ਪਾਰ ਕਰਨਾ ਪੈਂਦਾ ਸੀ। ਇਸ ਤੋਂ ਇਲਾਵਾ ਇਥੋਂ ਦੇ ਵਸਨੀਕਾਂ ਨੂੰ ਹੋਰ ਵੀ ਬਹੁਤ ਸਾਰੀਆਂ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਸੀ।

ਇਨ੍ਹਾਂ ਪਿੰਡਾਂ ਦੇ ਕੀਤੇ ਗਏ ਸਭ ਤੋਂ ਪਹਿਲੇ ਦੌਰੇ ਦੌਰਾਨ ਪ੍ਰਕਾਸ ਸਿੰਘ ਬਾਦਲ ਇਥੋਂ ਦੇ ਲੋਕਾਂ ਦੀ ਹਾਲਤ ਵੇਖ ਕੇ ਬਹੁਤ ਦੁਖੀ ਹੋਏ ਤੇ ਉਹ ਇਥੇ ਥੱਲ੍ਹੇ ਜ਼ਮੀਨ 'ਤੇ ਹੀ ਬੈਠ ਗਏ। ਉਨ੍ਹਾਂ ਵੱਲੋਂ ਨਾਲ ਦੀ ਨਾਲ ਹੀ ਇੱਥੇ ਪੁਲ ਦੇ ਕੰਮ ਨੂੰ ਮਨਜ਼ੂਰੀ ਦੇ ਦਿੱਤੀ ਗਈ ਅਤੇ ਉਨ੍ਹਾਂ ਦੇ ਆਦੇਸ਼ਾਂ ਤੋਂ ਬਾਅਦ ਉਸ ਸਮੇਂ ਹੀ ਬੀ ਐੱਸ ਐੱਫ ਵੱਲੋਂ ਇੱਥੇ ਇੱਕ ਆਰਜ਼ੀ ਟਿਊਬਾਂ ਵਾਲਾ ਪੁਲ ਬਣਵਾ ਦਿੱਤਾ ਗਿਆ, ਜਿਸ ਕਾਰਨ ਇਥੋਂ ਦੇ ਲੋਕਾਂ ਦਾ ਤਾਲਮੇਲ ਦੂਜੇ ਪਿੰਡਾਂ ਦੇ ਲੋਕਾਂ ਨਾਲ ਵਧਣ ਲੱਗਿਆ।

ਇਸ ਤੋਂ ਬਾਅਦ ਉਨ੍ਹਾਂ ਇਥੋਂ ਦੇ ਪਿੰਡ ਮਹਾਤਮ ਨਗਰ ਵਿੱਚ ਫੋਕਲ ਪੁਆਇੰਟ ਬਣਵਾਇਆ ਤੇ ਇਥੇ ਕੋ-ਆਪ੍ਰੇਟਿਵ ਸੁਸਾਇਟੀ ਬਣਵਾਈ, ਇੱਥੇ ਸਿਹਤ ਸਹੂਲਤਾਂ ਲਈ ਹਸਪਤਾਲ ਬਣਵਾਇਆ। ਇਸ ਤੋਂ ਇਲਾਵਾ ਹੋਰ ਕਈ ਵਿਕਾਸ ਕੰਮ ਕਰਵਾਏ। ਉਨ੍ਹਾ ਕਿਹਾ ਕਿ ਪ੍ਰਕਾਸ ਸਿੰਘ ਬਾਦਲ ਵੱਲੋਂ ਇੱਥੇ ਦੌਰਾ ਕਰਨ ਤੋਂ ਪਹਿਲਾਂ ਇੱਥੋਂ ਦੀਆਂ ਸੜਕਾਂ ਬਿਲਕੁੱਲ ਕੱਚੀਆਂ ਸਨ, ਜਿਨ੍ਹਾਂ 'ਤੇ ਥਾਂ ਥਾਂ ਵੱਡੇ ਖੱਡੇ ਬਣੇ ਹੁੰਦੇ ਸਨ। ਉਨ੍ਹਾਂ ਵੱਲੋਂ ਇੱਥੇ ਕੀਤੇ ਗਏ ਪਹਿਲੇ ਦੌਰੇ ਤੋਂ ਬਾਅਦ ਹੀ ਪੱਕੀਆਂ ਸੜਕਾਂ ਦਾ ਕੰਮ ਸ਼ੁਰੂ ਕਰਵਾ ਦਿੱਤਾ ਗਿਆ, ਜੋ ਅੱਜ ਇੱਥੋਂ ਦੀਆਂ ਲਗਭਗ ਸਾਰੀਆਂ ਹੀ ਸੜਕਾਂ ਪੱਕੀਆਂ ਬਣੀਆਂ ਹੋਈਆਂ ਹਨ।

ਲੋਕਾਂ ਨੇ ਕਿਹਾ ਕਿ ਪ੍ਰਕਾਸ ਸਿੰਘ ਬਾਦਲ ਸਾਹਿਬ ਤੋਂ ਪਹਿਲਾਂ ਇੱਥੇ ਕਈ ਰਾਜਨੀਤਕ ਪਾਰਟੀਆਂ ਦੇ ਨੇਤਾ ਵੋਟਾਂ ਲੈਣ ਲਈ ਆਉਂਦੇ ਜਾਂਦੇ ਰਹਿੰਦੇ ਸਨ ਤੇ ਵੋਟਾਂ ਤੋਂ ਬਾਅਦ ਉਨ੍ਹਾਂ ਵੱਲੋਂ ਕੋਈ ਕੰਮ ਨਹੀਂ ਕਰਵਾਏ ਜਾਂਦੇ ਸਨ। ਹੁਣ ਤੱਕ ਇਸ ਇਲਾਕੇ 'ਚ ਜਿੰਨੇ ਵੀ ਵਿਕਾਸ ਕਾਰਜ ਹੋਏ ਹਨ, ਉਹ ਸ੍ਰ. ਪ੍ਰਕਾਸ ਸਿੰਘ ਬਾਦਲ ਵੱਲੋਂ ਹੀ ਕਰਵਾਏ ਗਏ ਹਨ। ਉਨ੍ਹਾਂ ਕਿਹਾ ਕਿ ਬਾਦਲ ਸਾਹਿਬ ਉਨ੍ਹਾਂ ਲਈ ਵਿਕਾਸ ਪੁਰਸ਼ ਸਨ ਤੇ ਹੋਰ ਕਿਸੇ ਵੀ ਰਾਜਨੇਤਾ ਨੇ ਇਨ੍ਹਾਂ ਸਰਹੱਦੀ ਪਿੰਡਾਂ ਦਾ ਉਨ੍ਹਾਂ ਵਰਗਾ ਵਿਕਾਸ ਨਹੀਂ ਕਰਵਾਇਆ। ਨਾਲ ਹੀ ਲੋਕਾਂ ਨੇ ਕਿਹਾ ਕਿ ਪੰਜਾਬ ਦੇ ਮੌਜੂਦਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਪ ਸੰਯੋਜਕ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵੱਲੋਂ ਵੀ ਇਨ੍ਹਾਂ ਪਿੰਡਾਂ ਦਾ ਕਈ ਵਾਰ ਦੌਰਾ ਕੀਤਾ ਗਿਆ ਸੀ। ਉਸ ਸਮੇਂ ਉਨ੍ਹਾਂ ਵੱਲੋਂ ਕਿਹਾ ਜਾਂਦਾ ਸੀ ਕਿ ਜਦੋਂ ਪੰਜਾਬ ਦੀ ਕਮਾਨ ਉਨ੍ਹਾਂ ਦੇ ਹੱਥ ਆ ਜਾਵੇਗੀ ਤਾਂ ਉਹ ਇਨ੍ਹਾਂ ਪਿੰਡਾਂ ਦੀ ਨੁਹਾਰ ਹੀ ਬਦਲ ਦੇਣਗੇ, ਪਰ ਅੱਜ ਤੱਕ ਇਨ੍ਹਾਂ ਪਿੰਡਾਂ ਦੇ ਲੋਕ ਉਨ੍ਹਾਂ ਦੇ ਇੱਥੇ ਆਉਣ ਦੇ ਇੰਤਜ਼ਾਰ ਵਿੱਚ ਹਨ।

# ਸਿੱਖਿਆ ਤੇ ਅਧਿਆਪਕ ਮੰਗਾਂ ਸੰਬੰਧੀ ਭਲਕੇ ਜਲੰਧਰ 'ਚ ਮਹਾਂਰੈਲੀ : ਡੀ ਟੀ ਐੱਫ

**ਸਮਰਾਲਾ (ਸੁਰਜੀਤ ਸਿੰਘ)**



ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਵੱਲੋਂ 30 ਅਪ੍ਰੈਲ ਨੂੰ ਦੇਸ਼ ਭਗਤ ਯਾਦਗਾਰੀ ਹਾਲ ਜਲੰਧਰ ਵਿਖੇ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ ਤੇ ਰੋਸ ਮਾਰਚ ਲਈ ਤਿਆਰੀ ਮੁਹਿੰਮ ਤੇਜ਼ ਕਰ ਦਿੱਤੀ ਗਈ ਹੈ। ਇਸੇ ਤਹਿਤ ਲੁਧਿਆਣਾ ਜ਼ਿਲ੍ਹੇ ਦੇ ਅਧਿਆਪਕਾਂ ਦੀ ਇਕੱਤਰਤਾ ਕੀਤੀ ਗਈ। ਇਸ ਇਕੱਤਰਤਾ ਵਿੱਚ 6635 ਈ. ਟੀ. ਟੀ. ਅਧਿਆਪਕਾਂ ਨੇ ਅਮਿਤ ਕੰਬੋਜ ਦੀ ਅਗਵਾਈ 'ਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਸ ਸਮੇਂ ਸੂਬਾ ਜਥੇਬੰਦਕ ਸਕੱਤਰ ਰੁਪਿੰਦਰ ਪਾਲ ਸਿੰਘ ਲੁਧਿਆਣਾ ਨੇ ਆਪਣੇ ਸੰਬੋਧਨ ਰਾਹੀਂ ਅਧਿਆਪਕਾਂ ਨੂੰ ਜਥੇਬੰਦ ਹੁੰਦਿਆਂ 17 ਜੁਲਾਈ 2020 ਤੋਂ ਬਾਅਦ ਲਾਗੂ ਕੇਂਦਰੀ ਪੈਟਰਨ ਅਧਾਰਿਤ ਨਵੇਂ ਤਨਖਾਹ ਸਕੇਲਾਂ ਦੀ ਥਾਂ ਪੰਜਾਬ ਸਕੇਲ ਤੇ ਪੁਰਾਣੀ ਪੈਨਸ਼ਨ ਬਹਾਲੀ ਦੀ ਮੰਗ ਪੂਰੀ ਕਰਵਾਉਣ, ਗ੍ਰਹਿ ਜ਼ਿਲ੍ਹਿਆਂ ਤੋਂ ਬਾਹਰ ਨਿਯੁਕਤ ਅਧਿਆਪਕਾਂ ਨੂੰ ਬਦਲੀ ਦਾ ਬਿਨਾਂ ਸ਼ਰਤ ਮੌਕਾ ਦੇਣ ਤੇ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ ਸੰਘਰਸ਼ ਲਈ ਪ੍ਰੇਰਿਆ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਪ੍ਰਧਾਨ ਵਿਕਰਮਦੇਵ ਸਿੰਘ ਨੇ ਕਿਹਾ ਕਿ ਕੇਂਦਰ ਸਰਕਾਰ ਦੀ ਨਿੱਜੀਕਰਨ, ਕੇਂਦਰੀਕਰਨ ਤੇ ਭਗਵਾਂਕਰਨ ਪੱਖੀ ਨਵੀਂ ਸਿੱਖਿਆ ਨੀਤੀ-2020 ਨੂੰ ਮੁੱਢੋਂ ਰੱਦ ਕਰਨ ਦਾ ਮਤਾ ਪੰਜਾਬ ਵਿਧਾਨ ਸਭਾ ਵਿੱਚ ਪਾਸ ਕਰਨਾ ਚਾਹੀਦਾ ਹੈ ਤੇ ਇਸ ਨੂੰ ਪੀ. ਐੱਮ. ਸੀ. ਯੋਜਨਾ ਰਾਹੀਂ ਪੰਜਾਬ ਵਿੱਚ ਲਾਗੂ ਕਰਨ 'ਤੇ ਰੋਕ ਲਗਾਈ ਜਾਵੇ। ਇਸੇ ਤਰ੍ਹਾਂ ਸਕੂਲ ਆਫ ਐਮੀਨੈਂਸ ਦੀ ਥਾਂ ਸਿੱਖਿਆ ਸ਼ਾਸਤਰੀਆਂ, ਅਧਿਆਪਕਾਂ ਤੇ ਵਿਦਿਆਰਥੀਆਂ ਦੀ ਰਾਏ ਅਨੁਸਾਰ ਪੰਜਾਬ ਦੀ ਸੱਭਿਆਚਾਰ-ਸਮਾਜਿਕ-ਭਲਾਈ ਵਿਭਿੰਨਤਾ ਅਨੁਸਾਰ ਆਪਣੀ ਸਿੱਖਿਆ ਦੇਣੀ ਚਾਹੀਦੀ ਹੈ। ਸਾਰੇ ਸਕੂਲਾਂ ਨੂੰ ਉੱਤਮ ਬਣਾਉਣਾ ਚਾਹੀਦਾ ਹੈ।

ਉਨ੍ਹਾਂ ਦੱਸਿਆ ਕਿ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਜਥੇਬੰਦੀ ਨਾਲ ਬੀਤੀ 30 ਦਸੰਬਰ 2022 ਨੂੰ ਹੋਈ ਪੈਨਲ ਮੀਟਿੰਗ ਦੌਰਾਨ ਪਿਛਲੇ 11 ਸਾਲਾਂ ਤੋਂ ਪੈਂਡਿੰਗ 7654, 3442, 5178 ਭਰਤੀਆਂ ਦੇ ਓਪਨ ਡਿਸਟੈਂਸ ਲਰਨ (ਓ.ਡੀ.ਐੱਲ.) ਨਾਲ ਸਬੰਧਤ 125 ਅਧਿਆਪਕਾਂ ਦੇ ਰੈਗੂਲਰ ਆਰਡਰ ਜਾਰੀ ਕਰਨ ਦਾ ਭਰੋਸਾ ਦਿੱਤਾ ਗਿਆ ਸੀ, ਪੰਤੂ ਹੁਣ ਤੱਕ ਇਸ ਦਿਸ਼ਾ ਵਿੱਚ ਕੋਈ ਠੋਸ ਕਦਮ ਨਹੀਂ ਚੁੱਕੇ ਗਏ ਹਨ। ਇਸੇ ਤਰ੍ਹਾਂ 180 ਈ. ਟੀ. ਟੀ. ਅਧਿਆਪਕਾਂ 'ਤੇ ਮੁੱਢਲੀ ਭਰਤੀ ਦੇ ਸਾਰੇ ਲਾਭ ਬਹਾਲ ਕਰਨ, ਕੰਪਿਊਟਰ ਅਧਿਆਪਕਾਂ ਤੇ ਪੰਜਾਬ ਤਨਖਾਹ ਸਕੇਲ ਲਾਗੂ ਕਰਵਾਉਂਦਿਆਂ ਸਿੱਖਿਆ ਵਿਭਾਗ 'ਚ ਰੈਗੂਲਰ ਮਰਜ਼ਿੰਗ ਕਰਨ, ਪੈਂਡਿੰਗ ਤਰੱਕੀਆਂ, ਸੰਘਰਸ਼ਾਂ ਦੌਰਾਨ ਹੋਈਆਂ ਵਿਕਟੇਮਾਇਜ਼ੇਸ਼ਨ ਤੇ ਝੂਠੇ ਪੁਲਸ ਕੇਸ ਰੱਦ ਕਰਵਾਉਣ, ਸਾਲ 2018 ਦੇ ਸੇਵਾ ਨਿਯਮਾਂ ਤਹਿਤ ਥੋਪੀ ਵਿਭਾਗੀ ਪ੍ਰੀਖਿਆ ਰੱਦ ਕਰਨ ਤੇ ਪੇਂਡੂ ਭੱਤੇ ਸਮੇਤ ਮੁਲਾਜ਼ਮਾਂ ਦੇ ਕੱਟੇ ਗਏ ਸਾਰੇ ਭੱਤੇ ਬਹਾਲ ਕਰਨ ਅਤੇ ਪਰਖ ਸਮਾਂ ਐਕਟ-2015 ਰੱਦ ਕਰਕੇ ਪਰਖ ਸਮੇਂ ਦੌਰਾਨ ਪੂਰੇ ਤਨਖਾਹ ਸਕੇਲ ਤੇ ਸਾਰੇ ਬਕਾਏ ਜਾਰੀ ਕਰਨ ਦਾ ਵਾਜਿਬ ਹੱਲ ਨਹੀਂ ਕੀਤਾ ਜਾ ਰਿਹਾ। ਇਸ ਮੌਕੇ ਰਕੇਸ਼ ਪੁਰੀਮ, ਮਨਪੀਤ ਸਿੰਘ, ਅੰਮ੍ਰਿਤਪਾਲ ਸਿੰਘ, ਹਰਦੀਪ ਸਿੰਘ, ਜੰਗਪਾਲ ਸਿੰਘ, ਪਭਜੋਤ ਸਿੰਘ ਤਲਵੰਡੀ, ਸੁਖਚਰਨਜੀਤ ਸਿੰਘ ਗਿੱਲ, ਨਵਗੀਤ ਸਿੰਘ, ਬਲਵੀਰ ਸਿੰਘ ਬਸੀ, ਕੇਵਲ ਮਾਂਗਟ ਤੋਂ ਇਲਾਵਾ ਦਰਜਨਾਂ ਅਧਿਆਪਕ ਹਾਜ਼ਰ ਸਨ।

## ਕਾਤਰਾਂ

### ਮੋਟਰਸਾਈਕਲਾਂ ਦੀ ਆਪਸੀ ਟੱਕਰ 'ਚ ਜ਼ਖਮੀ



**ਜੈਤੋ (ਸਤੀਸ਼ ਕੁਮਾਰ ਭੀਰੀ)**-ਇਲਾਕੇ ਦੀ ਮਨੁੱਖਤਾ ਤੇ ਜਾਨਵਰਾਂ ਦੀ ਸੇਵਾ ਨੂੰ ਸਮਰਪਤ ਸਿਰਮੌਰ ਜਥੇਬੰਦੀ ਨੌਜਵਾਨ ਵੈੱਲਫੇਅਰ ਸੁਸਾਇਟੀ ਦੇ ਐਮਰਜੈਂਸੀ ਨੰਬਰ 'ਤੇ ਕਿਸੇ ਰਾਹਗੀਰ ਦੁਆਰਾ ਸੂਚਨਾ ਦਿੱਤੀ ਗਈ ਕਿ ਜੈਤੋ ਪੰਚਾਇਤੀ ਗਊਸ਼ਾਲਾ ਰੋਡ 'ਤੇ ਦੋ ਮੋਟਰਸਾਈਕਲਾਂ ਦੀ ਆਪਸੀ ਟੱਕਰ ਹੋਣ ਕਾਰਨ ਇੱਕ ਨੌਜਵਾਨ ਵਿਅਕਤੀ ਗੰਭੀਰ ਜ਼ਖ਼ਮੀ ਹੋ ਗਿਆ ਹੈ। ਸੂਚਨਾ ਮਿਲਦੇ ਹੀ ਸਰਪ੍ਰਸਤ ਛੱਜੂ ਰਾਮ ਬਾਂਸਲ, ਚੇਅਰਮੈਨ ਮੰਨੂੰ ਗੋਇਲ, ਵਾਈਸ ਚੇਅਰਮੈਨ ਸ਼ੇਖਰ ਸ਼ਰਮਾ ਪ੍ਰਧਾਨ ਨਵਨੀਤ ਗੋਇਲ ਦੀ ਅਗਵਾਈ ਹੇਠ ਸੰਸਥਾ ਦੇ ਡਰਾਈਵਰ ਬੁੱਧਪ੍ਰੀਤ ਸਿੰਘ ਨੂੰ ਲੈ ਕੇ ਮੌਕੇ 'ਤੇ ਪਹੁੰਚੇ। ਘਟਨਾ ਸਥਾਨ 'ਤੇ ਹਾਜ਼ਰ ਮੰਡੀ ਨਿਵਾਸੀਆਂ ਦੁਆਰਾ ਫੱਟੜ ਵਿਅਕਤੀ ਦੇ ਪਰਿਵਾਰ ਨੂੰ ਮੌਕੇ 'ਤੇ ਬੁਲਾ ਲਿਆ ਗਿਆ, ਜਿਸ 'ਤੇ ਸੰਸਥਾ ਵੱਲੋਂ ਪਰਿਵਾਰ ਦੀ ਮਰਜ਼ੀ ਨਾਲ ਜ਼ਖਮੀਂ ਵਿਅਕਤੀ ਨੂੰ ਬਠਿੰਡਾ ਦੇ ਨਿੱਜੀ ਹਸਪਤਾਲ 'ਚ ਭੇਜ ਦਿੱਤਾ ਗਿਆ। ਜ਼ਖਮੀ ਦੀ ਪਹਿਚਾਣ ਕੇਵਲ ਸਿੰਘ ਪੁੱਤਰ ਸੁਰਜੀਤ ਸਿੰਘ ਪਿੰਡ ਰਾਮੇਆਣਾ ਵਜੋਂ ਹੋਈ।

### ਸ਼ਰਧਾਲੂਆਂ ਦੀ ਭਰੀ ਬੱਸ ਤੇ ਟਰੱਕ ਦੀ ਟੱਕਰ 'ਚ ਕਈ ਜ਼ਖਮੀ

**ਜ਼ੀਰਾ (ਪਰਮਜੀਤ ਸਿੰਘ ਧੰਜੂ)**-ਜ਼ੀਰਾ ਦੇ ਬਠਿੰਡਾ-ਅੰਮ੍ਰਿਤਸਰ ਨੈਸ਼ਨਲ ਹਾਈਵੇ ਨੰਬਰ 54 'ਤੇ ਸਥਿਤ ਪਿੰਡ ਬੋਤੀਆਂ ਵਾਲਾ ਨਜ਼ਦੀਕ ਬਣੇ ਪੁਲ 'ਤੇ ਸ਼ਰਧਾਲੂਆਂ ਨਾਲ ਭਰੀ ਇੱਕ ਬੱਸ ਨੰਬਰ ਐੱਚ ਪੀ-68ਬੀ-9500 ਤੇ ਟਰੱਕ ਨੰਬਰ ਪੀ ਬੀ 05-ਏ ਬੀ-8825 ਦਰਮਿਆਨ ਹੋਈ ਟੱਕਰ 'ਚ ਸ਼ਰਧਾਲੂਆਂ ਨਾਲ ਭਰੀ ਬੱਸ ਵਿੱਚ ਸਵਾਰ ਕਈ ਸਵਾਰੀਆਂ ਦੇ ਜ਼ਖ਼ਮੀ ਹੋਣ ਦੀ ਖਬਰ ਮਿਲੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਹਾਦਸੇ ਦੌਰਾਨ ਦੋਵੇਂ ਵਾਹਨ ਬੁਰੀ ਤਰ੍ਹਾਂ ਨਾਲ ਨੁਕਸਾਨੇ ਗਏ, ਪਰ ਜਾਨੀ ਨੁਕਸਾਨ ਤੋਂ ਬਚਾਅ ਰਿਹਾ। ਸ਼ਰਧਾਲੂਆਂ ਨਾਲ ਭਰੀ ਬੱਸ ਦੇ ਡਰਾਈਵਰ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਉਹ ਫਤਿਹਾਬਾਦ ਤੋਂ ਸ਼ਰਧਾਲੂਆਂ ਨੂੰ ਲੈ ਕੇ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਲਈ ਜਾ ਰਹੇ ਸਨ ਤੇ ਜਦੋਂ ਉਹ ਜ਼ੀਰਾ ਬਾਈਪਾਸ 'ਤੇ ਸਥਿਤ ਪਿੰਡ ਬੋਤਿਆਂ ਵਾਲਾ ਨਜ਼ਦੀਕ ਪਹੁੰਚੇ ਤਾਂ ਸੜਕ ਕਰਾਸ ਕਰ ਰਹੇ ਇੱਕ ਟਰੱਕ ਨੇ ਉਨ੍ਹਾਂ ਦੀ ਬੱਸ ਵਿੱਚ ਸਿੱਧੀ ਟੱਕਰ ਮਾਰ ਦਿੱਤੀ, ਜਿਸ ਕਾਰਨ ਇਹ ਹਾਦਸਾ ਵਾਪਰ ਗਿਆ। ਰਾਹਗੀਰਾਂ ਵੱਲੋਂ ਜ਼ਖਮੀਆਂ ਨੂੰ ਜ਼ੀਰਾ ਦੇ ਸਿਵਲ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ, ਟਰੱਕ ਡਰਾਈਵਰ ਵੀ ਸਿਵਲ ਹਸਪਤਾਲ ਜ਼ੀਰਾ ਵਿਖੇ ਜ਼ੇਰੇ ਇਲਾਜ ਹੈ। ਉਧਰ ਮੌਕੇ 'ਤੇ ਪਹੁੰਚੇ ਪੁਲਸ ਮੁਲਾਜ਼ਮਾਂ ਨੇ ਹਾਦਸੇ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਦੋਸ਼ੀਆਂ 'ਤੇ ਬਣਦੀ ਕਾਰਵਾਈ ਕੀਤੀ ਜਾਵੇਗੀ।

### ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਵੱਲੋਂ ਪਹਿਲੀ ਨੂੰ ਮਨਾਇਆ ਜਾਵੇਗਾ ਮਜ਼ਦੂਰ ਦਿਵਸ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਬਲਾਕ ਰਾਮਪੁਰਾ ਫੂਲ ਵੱਲੋਂ ਆਪਣੇ ਡਾਕਟਰ ਸਾਥੀਆਂ ਨੂੰ ਸੁਨੇਹਾ ਦਿੰਦਿਆਂ ਕਿਹਾ ਕਿ 1 ਮਈ ਮਜ਼ਦੂਰ ਦਾ ਦਿਵਸ ਦਿਹਾੜਾ ਬਿਜਲੀ ਘਰ, ਨੇੜੇ ਮੌੜ ਚੌਕ, ਰਾਮਪੁਰਾ ਫੂਲ ਵਿਖੇ ਸਵੇਰੇ 10.30 ਵਜੇ ਇੱਕ ਮਈ ਨੂੰ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਬਲਾਕ ਦੇ ਜਨਰਲ ਸਕੱਤਰ ਡਾਕਟਰ ਦੇਵ ਰਾਜ ਕੋਰਡਾ ਕੋੜਿਆਂ ਵਾਲਾ ਨੇ ਦੱਸਿਆ ਕਿ ਮਜ਼ਦੂਰ ਦਿਹਾੜਾ ਕੇਵਲ ਮਜ਼ਦੂਰਾਂ ਦਾ ਹੀ ਨਹੀਂ, ਸਾਡਾ ਵੀ ਹੈ। 8 ਘੰਟੇ ਦਿਹਾੜੀ ਦੇ ਕਾਨੂੰਨ ਖਾਤਰ ਲੜਦਿਆਂ 1886 'ਚ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਦੀਆਂ ਸੜਕਾਂ 'ਤੇ ਸ਼ਹੀਦ ਹੋਏ ਮਜ਼ਦੂਰਾਂ ਦੀ ਯਾਦ ਮਨਾਉਣ ਦਾ ਦਿਨ ਹੈ। ਮਈ ਦਿਵਸ ਸਮੁੱਚੇ ਮਜ਼ਦੂਰਾਂ, ਮਿਹਨਤਕਸ਼ਾਂ ਤੇ ਦੱਬੇ ਕੁਚਲੇ ਲੋਕਾਂ ਦਾ ਉਹ ਸਾਂਝਾ ਦਿਨ ਹੈ, ਜੋ ਉਸ ਜਮਾਤੀ ਸੰਗਰਾਮ ਦਾ ਪ੍ਰਤੀਕ ਹੈ, ਜੋ ਪੂਰੇ ਸੰਸਾਰ ਅੰਦਰ ਲੁੱਟੇ ਪੁੱਟੇ ਲੋਕਾਂ ਵੱਲੋਂ ਲੁਟੇਰੇ ਸਾਮਰਾਜੀਆਂ ਤੇ ਉਨ੍ਹਾਂ ਦੇ ਦੇਸੀ ਜੋਟੀਦਾਰਾਂ ਅਤੇ ਜਗੀਰਦਾਰਾਂ ਖਿਲਾਫ ਸਦੀਆਂ ਤੋਂ ਲੜਿਆ ਜਾ ਰਿਹਾ ਹੈ। ਇਹ ਸੰਗਰਾਮ ਉਦੋਂ ਤੱਕ ਚਲਦਾ ਰਹਿਣਾ ਹੈ, ਜਦੋਂ ਤੱਕ ਮੁੱਠੀ ਭਰ ਵਿਹਲੜ ਲੁਟੇਰੇ ਤੇ ਉਨ੍ਹਾਂ ਦੀਆਂ ਸਰਕਾਰਾਂ ਕਰੋੜਾਂ ਕਿਰਤੀ ਕਮਾਊ ਲੋਕਾਂ ਦੀ ਕਿਰਤ ਕਮਾਈ ਨੂੰ ਚੂੰਢ ਚੂੰਢ ਕੇ ਦੌਲਤਾਂ ਦੇ ਪਹਾੜ ਖੜੇ ਕਰਦੇ ਰਹਿਣਗੇ, ਜਦੋਂ ਤੱਕ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਅਤੇ ਇਸ ਲੁਟੇਰੇ ਤੇ ਜਾਬਰ ਨਿਜ਼ਾਮ ਨੂੰ ਬਦਲ ਕੇ ਕਿਰਤੀਆਂ ਤੇ ਦੱਬੇ ਕੁਚਲੇ ਲੋਕਾਂ ਦੀ ਪੁਗਤ ਵਾਲਾ ਨਵਾਂ ਸਮਾਜ ਨਹੀਂ ਸਿਰਜਿਆ ਜਾਂਦਾ।

# ਸੱਤ ਕੁਇੰਟਲ ਚਾਰ ਕਿੱਲੋ ਭੁੱਕੀ ਸਮੇਤ ਪੰਜ ਕਾਬੂ



**ਤਲਵੰਡੀ ਭਾਈ (ਬਹਾਦਰ ਸਿੰਘ ਭੁੱਲਰ)**-ਪੰਜਾਬ ਪੁਲਸ ਵੱਲੋਂ ਨਸ਼ਿਆਂ ਖਿਲਾਫ ਵਿੱਢੀ ਮੁਹਿੰਮ ਤਹਿਤ ਕਾਊਂਟਰ ਇੰਟੈਲੀਜੈਂਸ ਵਿਭਾਗ ਨੂੰ ਉਸ ਵਕਤ ਵੱਡੀ ਸਫਲਤਾ ਮਿਲੀ, ਜਦੋਂ ਪੁਲਸ ਨੇ ਗੁਪਤ ਸੂਚਨਾ ਦੇ ਅਧਾਰ 'ਤੇ ਤਲਵੰਡੀ ਭਾਈ-ਫਰੀਦਕੋਟ ਰੋਡ 'ਤੇ ਨਾਕਾ ਬੰਦੀ ਕਰਕੇ ਇੱਕ ਟਰਾਲਾ ਘੋੜਾ ਟਰੱਕ ਨੰਬਰ ਪੀ ਬੀ 05 ਏ ਬੀ 9596 ਨੂੰ ਰੋਕਿਆ ਤਾਂ ਉਸ ਦੀ ਤਲਾਸ਼ੀ ਲੈਣ 'ਤੇ ਉਸ ਵਿੱਚੋਂ 35 ਬੋਰੇ ਚੂਰਾ ਪੋਸਤ (ਭੁੱਕੀ) ਦੇ ਬਰਾਮਦ ਕੀਤੇ, ਜਿਸ ਦਾ ਵਜ਼ਨ 7 ਕੁਇੰਟਲ 4 ਕਿੱਲੋ ਬਣਦਾ ਹੈ। ਮੁਲਜ਼ਮਾਂ ਨੇ ਇਹ ਚੂਰਾ ਪੋਸਤ ਟਰੱਕ ਵਿੱਚ ਭਰੇ ਲੂਣ ਵਿੱਚ ਲਕੋ ਕੇ ਰੱਖਿਆ ਸੀ। ਮੁਲਜ਼ਮਾਂ ਵਿੱਚ ਗੁਰਜੀਤ ਸਿੰਘ, ਭਿੰਦਰ ਸਿੰਘ, ਇੰਦਰ ਸਿੰਘ, ਬਲਜੀਤ ਸਿੰਘ ਤੇ ਬਲਵਿੰਦਰ ਸਿੰਘ ਸ਼ਾਮਲ ਹਨ। ਗੱਲਬਾਤ ਕਰਦੇ ਹੋਏ ਕਾਊਂਟਰ ਇੰਟੈਲੀਜੈਂਸ ਦੇ ਇੰਚਾਰਜ ਇੰਸਪੈਕਟਰ ਬਲਦੇਵ ਸਿੰਘ ਪਤਲੀ ਨੇ ਦੱਸਿਆ ਕਿ ਮੁਲਜ਼ਮਾਂ ਖਿਲਾਫ ਮੁਕੱਦਮਾ ਦਰਜ ਕਰ ਲਿਆ ਹੈ ਤੇ ਉਨ੍ਹਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਲਿਆ ਜਾਵੇਗਾ ਤਾਂ ਜੋ ਇਨ੍ਹਾਂ ਤੋਂ ਪੁੱਛ-ਗਿੱਛ ਕੀਤੀ ਜਾ ਸਕੇ।

# ਭਾਰਤ ਜਨ ਗਿਆਨ-ਵਿਗਿਆਨ ਜਥਾ ਵੱਲੋਂ ਡਾਰਵਿਨ ਦੇ ਜੀਵ ਵਿਕਾਸ ਸਿਧਾਂਤ ਨੂੰ ਸਿਲੇਬਸ 'ਚੋਂ ਕੱਢਣ ਦੀ ਨਿੰਦਾ

**ਲੁਧਿਆਣਾ (ਐੱਮ ਐੱਸ ਭਾਟੀਆ/ਰੈਕਟਰ ਕਥੂਰੀਆ/ਪ੍ਰਦੀਪ ਸ਼ਰਮਾ)**

ਭਾਰਤ ਜਨ ਗਿਆਨ-ਵਿਗਿਆਨ ਜੱਥਾ (ਭਾਜਗਵਿਜ) ਨੇ ਕੇਂਦਰੀ ਮੰਤਰਾਲੇ ਵੱਲੋਂ ਐੱਨ ਸੀ ਈ ਆਰ ਟੀ ਦੀ ਦਸਵੀਂ ਜਮਾਤ ਦੇ ਸੀ.ਬੀ.ਐੱਸ.ਈ. ਦੇ ਸਿਲੇਬਸ ਵਿੱਚੋਂ ਕੌਮਾਂਤਰੀ ਪ੍ਰਸਿੱਧ ਵਿਗਿਆਨੀ ਤੇ ਦਾਰਸ਼ਨਿਕ ਚਾਰਲਸ ਡਾਰਵਿਨ ਨਾਲ ਸਬੰਧਤ ਜੀਵ ਵਿਕਾਸ ਦੇ ਸਿਧਾਂਤ ਨੂੰ ਕੱਢਣ ਲਈ ਕੇਂਦਰ ਦੀ ਮੋਦੀ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਇੱਥੇ ਜਾਰੀ ਇੱਕ ਬਿਆਨ ਵਿੱਚ ਜਥੇ ਦੇ ਅਹੁਦੇਦਾਰਾਂ ਨੇ ਕਿਹਾ ਕਿ ਡਾਰਵਿਨ ਨੇ ਜੀਵ ਵਿਕਾਸ ਦੇ ਵਿਗਿਆਨਕ ਸਿਧਾਂਤ ਰਾਹੀਂ ਇਹ ਸਿੱਧ ਕੀਤਾ ਕਿ ਮਨੁੱਖ ਕਿਸੇ ਗੈਬੀ-ਸ਼ਕਤੀ ਨਾਲ ਨਹੀਂ ਪੈਦਾ ਹੋਇਆ, ਬਲਕਿ ਲੱਖਾਂ ਸਾਲ ਸਮੁੰਦਰ ਤੇ ਧਰਤੀ 'ਤੇ ਵੱਖ ਵੱਖ ਜੀਵਾਂ ਦੇ ਕਰੋੜਾਂ ਸਾਲਾਂ ਦੇ ਵਿਕਾਸ ਨਾਲ ਮੌਜੂਦਾ ਸਰੂਪ ਵਿੱਚ ਆਇਆ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ 'ਤੇ ਬੋਝ ਘਟਾਉਣ ਦੇ ਬਹਾਨੇ ਕੇਂਦਰ ਦੀ ਮੋਦੀ ਸਰਕਾਰ ਵਿਦਿਆਰਥੀਆਂ ਨੂੰ ਰੂੜੀਵਾਦ ਦੇ ਅੰਧਵਿਸ਼ਵਾਸਾਂ ਦੀ ਦਲਦਲ ਵਿੱਚ ਧੱਕਣਾ ਚਾਹੁੰਦੀ ਹੈ। ਪ੍ਰੈੱਸ ਨੋਟ ਵਿੱਚ ਅੱਗੇ ਕਿਹਾ ਗਿਆ ਹੈ ਕਿ ਦੇਸ਼ ਭਰ ਦੇ 1800 ਵਿਗਿਆਨੀਆਂ, ਸਿੱਖਿਆ ਸ਼ਾਸਤਰੀਆਂ, ਵਿਦਵਾਨਾਂ ਤੇ ਵਿਗਿਆਨਕ ਸੋਚ ਨੂੰ ਪ੍ਰਣਾਏ ਲੋਕਾਂ ਵੱਲੋਂ ਮੋਦੀ ਸਰਕਾਰ ਦੇ ਇਸ ਰੂੜੀਵਾਦੀ ਕਦਮ ਦਾ ਡੱਟਵਾਂ ਵਿਰੋਧ ਕਰਦੇ ਹੋਏ ਕੇਂਦਰ ਸਰਕਾਰ ਤੋਂ ਇਸ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ ਗਈ ਹੈ। ਭਾਰਤ ਜਨ ਗਿਆਨ-ਵਿਗਿਆਨ ਜੱਥਾ ਦੇ ਪ੍ਰਧਾਨ ਨੈਸ਼ਨਲ ਤੇ ਸਟੇਟ ਐਵਾਰਡੀ ਰਣਜੀਤ ਸਿੰਘ, ਜਨਰਲ ਸਕੱਤਰ ਨੈਸ਼ਨਲ ਸਟੇਟ ਐਵਾਰਡੀ ਕੁਸਮ ਲਤਾ ਤੇ ਜਥੇਬੰਦਕ ਸਕੱਤਰ ਡਾਕਟਰ ਰਾਜਿੰਦਰਪਾਲ ਸਿੰਘ ਔਲਖ ਨੇ ਇਸ ਮੰਗ ਦਾ ਸਮਰਥਨ ਕਰਦਿਆਂ ਮੰਗ ਕੀਤੀ ਹੈ ਕਿ ਪਿਛਲੇ ਸਮੇਂ ਵਿੱਚ ਐੱਨ ਸੀ ਈ ਆਰ ਟੀ ਦੇ ਸਲੇਬਸ ਵਿੱਚੋਂ ਬਾਹਰ ਕੱਢੇ ਗਏ ਜਮਹੂਰੀਅਤ, ਫੈਡਰਲ ਢਾਂਚੇ ਦੀ ਅਹਿਮੀਅਤ ਤੇ ਹੋਰ ਲੋਕ-ਪੱਖੀ ਵਿਗਿਆਨਕ ਤੇ ਇਤਿਹਾਸਕ ਪਾਠਕ੍ਰਮਾਂ ਨੂੰ ਸਿਲੇਬਸ ਵਿੱਚ ਦੁਬਾਰਾ ਸ਼ਾਮਲ ਕੀਤਾ ਜਾਵੇ।

ਪ੍ਰੈੱਸ ਦੇ ਨਾਂ ਬਿਆਨ ਜਾਰੀ ਕਰਦਿਆਂ ਸਕੱਤਰ ਐੱਮ ਐੱਸ ਭਾਟੀਆ ਨੇ ਕਿਹਾ ਕਿ ਜੱਥਾ ਜੋ ਇੱਕ ਗੈਰ-ਸਰਕਾਰੀ ਸਮਾਜਿਕ ਸੰਸਥਾ ਹੈ, 1992 ਤੋਂ ਵਾਤਾਵਰਨ ਦੀ ਸੰਭਾਲ, ਸਾਰਿਆਂ ਲਈ ਮੁਫਤ ਤੇ ਲਾਜ਼ਮੀ ਸਿਹਤ ਸੇਵਾਵਾਂ ਅਤੇ ਸਾਰਿਆਂ ਲਈ ਇਕੋ ਜਿਹੀ ਸਿੱਖਿਆ ਤੇ ਅਜਿਹੇ ਹੋਰ ਲੋਕ-ਪੱਖੀ ਮੁੱਦਿਆਂ ਨੂੰ ਲੈ ਕੇ ਲੁਧਿਆਣਾ ਜ਼ਿਲ੍ਹਾ ਵਿੱਚ ਕੰਮ ਕਰ ਰਿਹਾ ਹੈ।

# ਆਪ ਉਮੀਦਵਾਰ ਜਲੰਧਰ ਲੋਕ ਸਭਾ ਜ਼ਿਮਨੀ ਚੋਣ ਭਾਰੀ ਬਹੁਮਤ ਨਾਲ ਜਿੱਤੇਗਾ : ਸੱਤਪਾਲ ਡੋਡ



**ਜੈਤੋ (ਸਤੀਸ਼ ਕੁਮਾਰ ਭੀਰੀ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸੱਤਪਾਲ ਡੋਡ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੇ ਜਲੰਧਰ ਲੋਕ ਸਭਾ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਦਾ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਭਾਰੀ ਬਹੁਮੱਤ ਨਾਲ ਜਿੱਤ ਪ੍ਰਾਪਤ ਕਰੇਗਾ। ਡੋਡ ਨੇ ਅੱਗੇ ਕਿਹਾ ਕਿ ਭਗਵੰਤ ਮਾਨ ਦੀ ਸਰਕਾਰ ਵੱਲੋਂ ਚੋਣਾਂ ਵਿੱਚ ਕੀਤੇ ਗਏ ਵਾਅਦੇ ਪੂਰੇ ਕਰਨ ਦੇ ਨਾਲ ਹੀ ਬਿਜਲੀ, ਪਾਣੀ ਤੇ ਬੇਰੁਜ਼ਗਾਰੀ ਵਰਗੇ ਗੰਭੀਰ ਮਸਲਿਆਂ ਨੂੰ ਵੀ ਆਪਣੀ ਯੋਗ ਅਗਵਾਈ ਹੇਠ ਹੱਲ ਕੀਤਾ ਗਿਆ ਤੇ ਗੜ੍ਹੇਮਾਰੀ ਨਾਲ ਫਸਲਾਂ ਦੇ ਹੋਏ ਨੁਕਸਾਨ ਤੇ ਪਿਛਲੇ ਲੰਮੇ ਸਮੇਂ ਤੋਂ ਗੰਨਾ ਕਿਸਾਨਾਂ ਦੇ ਖੜੇ ਬਕਾਏ ਵਰਗੇ ਨਾਜ਼ੁਕ ਤੇ ਅਹਿਮ ਮਸਲਿਆਂ ਨੂੰ ਵੀ ਆਪਣੀ ਸੂਝਬੂਝ ਨਾਲ ਨਜਿੱਠਿਆ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਗੈਰ-ਸਮਾਜਿਕ ਤੇ ਸੂਬੇ ਦੀ ਅਮਨ ਸ਼ਾਂਤੀ ਤੇ ਭਾਈਚਾਰਕ ਸਾਂਝ ਨੂੰ ਲਾਂਬੂ ਲਾਉਣ ਵਾਲੀਆਂ ਤਾਕਤਾਂ ਨਾਲ ਸਖਤੀ ਨਾਲ ਨਜਿੱਠਿਆ ਜਾ ਰਿਹਾ ਹੈ, ਜਿਸ ਕਰਕੇ ਪੰਜਾਬ ਦੇ ਲੋਕ ਮਨਾਂ ਵਿੱਚ ਆਮ ਆਦਮੀ ਪਾਰਟੀ ਨੂੰ ਸਮਰਥਨ ਦੇਣ ਲਈ ਜੋਸ਼ ਦਿਖਾਈ ਦੇ ਰਿਹਾ ਹੈ। ਇਸ ਦੇ ਨਾਲ ਹੀ ਆਪ ਦੀ ਸਰਕਾਰ ਵੱਲੋਂ ਪੰਜਾਬ ਨੂੰ ਭਾਰਤ ਦਾ ਵਿਕਾਸ ਪੱਖੋਂ ਮੋਹਰੀ ਸੂਬਾ ਬਣਾਉਣ ਖਾਤਰ ਉਦਯੋਗਿਕ ਇਕਾਈਆਂ ਲਾਉਣ ਲਈ ਤੱਤਾਂ ਕਾਰਪੋਰੇਟ ਘਰਾਣਿਆਂ ਨੂੰ ਸੱਦਾ ਦਿੱਤਾ ਗਿਆ ਹੈ। ਇਸ ਮੌਕੇ ਆਪ ਦੇ ਬਲਾਕ ਪ੍ਰਧਾਨ ਜਸਵੰਤ ਸਿੰਘ ਜਸਵੰਤ, ਸ਼ਹਿਰੀ ਪ੍ਰਧਾਨ ਅਸ਼ੋਕ ਕੁਮਾਰ ਗਰਗ, ਬਜ਼ੁਰਗ ਆਗੂ ਤੀਰਥ ਰਾਮ ਗਰਗ, ਬਲਕਰਨ ਸਿੰਘ ਸਾਬਕਾ ਸਰਪੰਚ ਸਰਾਵਾਂ, ਲੋਕ ਸਭਾ ਹਲਕਾ ਫਰੀਦਕੋਟ ਤੋਂ ਪਾਰਟੀ ਦੇ ਸੰਭਾਵੀ ਉਮੀਦਵਾਰ ਇੰਦਰਜੀਤ ਸਿੰਘ ਨਿਆਮੀਵਾਲਾ ਤੇ ਸਰਕਲ ਪ੍ਰਧਾਨ ਗੁਰਪਿਆਰ ਸਿੰਘ ਹਾਜ਼ਰ ਸਨ।

# ਬਾਲੀਵੁੱਡ 'ਚ ਗੂੰਜਿਆ ਜਗਤਜੀਤ ਗਰੁੱਪ ਚੀਮਾ ਦਾ ਨਾਂਅ

**ਚੀਮਾ ਮੰਡੀ (ਰਵਿੰਦਰ ਚੀਮਾ)**-ਵਿਸ਼ਵ ਦੇ ਕਿਸਾਨਾਂ ਨੂੰ ਵਧੀਆ ਮਿਕਦਾਰ ਵਾਲੀ ਖੇਤੀਬਾੜੀ ਮਸ਼ੀਨਰੀ ਤਿਆਰ ਕਰਕੇ ਦੇਣ ਵਾਲੀ ਖੇਤੀ ਇੰਡਸਟਰੀ ਜਗਤਜੀਤ ਗਰੁੱਪ ਚੀਮਾ ਦਾ ਪ੍ਰਭਾਵ ਬਾਲੀਵੁੱਡ ਤੱਕ ਪਹੁੰਚ ਗਿਆ ਹੈ, ਜਿੱਥੇ ਕਿ ਹਿੰਦੀ ਫਿਲਮਾਂ ਦੇ ਮਸ਼ਹੂਰ ਅਦਾਕਾਰ ਤੇ ਸਾਊਥ ਇੰਡੀਅਨ ਦੀ ਪਿਆਰੀ ਸ਼ਖਸੀਅਤ ਸੁਨੀਲ ਸ਼ੈਟੀ ਨੇ ਜਗਤਜੀਤ ਗਰੁੱਪ ਚੀਮਾ ਦਾ ਦੌਰਾ ਕੀਤਾ। ਪੰਜਾਬੀ ਫਿਲਮਾਂ ਦੇ ਲੇਖਕ ਤੇ ਅਦਾਕਾਰ ਰਾਜੂ ਵਰਮਾ ਨੇ ਦੱਸਿਆ ਕਿ ਅਦਾਕਾਰ ਜਗਤਜੀਤ ਗਰੁੱਪ ਚੀਮਾ ਦੀ ਮਸ਼ੀਨਰੀ ਦੇ ਸਾਊਥ ਵਿੱਚ ਚਰਚੇ ਤੋਂ ਕਾਫੀ ਪ੍ਰਭਾਵਿਤ ਸੀ, ਜਿਸ ਕਰਕੇ ਉਨ੍ਹਾ ਨੇ ਗਰੁੱਪ ਦੇ ਚੀਮਾ ਮੰਡੀ ਵਿੱਚ ਸਥਿੱਤ ਖੇਤੀਬਾੜੀ ਇੰਡਸਟਰੀ ਦਾ ਦੌਰਾ ਕਰਕੇ ਹਰੇਕ ਖੇਤੀ ਮਸ਼ੀਨ ਦੀ ਬਾਰੀਕੀ ਨਾਲ ਜਾਣਕਾਰੀ ਹਾਸਲ ਕੀਤੀ। ਚੀਮਾ ਮੰਡੀ ਪੁੱਜਣ 'ਤੇ ਗਰੁੱਪ ਦੇ ਐੱਮ ਡੀ ਜਗਤਜੀਤ ਸਿੰਘ ਤੇ ਮਨਜੀਤ ਸਿੰਘ ਨੇ ਉਨ੍ਹਾਂ ਦਾ ਸਵਾਗਤ ਕੀਤਾ। ਉਨ੍ਹਾ ਕਿਹਾ

**■ ਅਦਾਕਾਰ ਸੁਨੀਲ ਸ਼ੈਟੀ ਨੇ ਕੀਤਾ ਜਗਤਜੀਤ ਗਰੁੱਪ ਚੀਮਾ ਦਾ ਦੌਰਾ**



ਕਿ ਪੰਜਾਬ ਪਹੁੰਚ ਕੇ ਉਸ ਨੂੰ ਬਹੁਤ ਵਧੀਆ ਮਹਿਸੂਸ ਹੋਇਆ ਹੈ ਤੇ ਉਹ ਜਗਤਜੀਤ ਗਰੁੱਪ ਚੀਮਾ ਵੱਲੋਂ ਤਿਆਰ ਕੀਤੇ ਗਏ ਖੇਤੀ ਔਜ਼ਾਰਾਂ ਨੂੰ ਖਰੀਦਣ ਲਈ ਭਾਰਤ ਦੇ ਸਮੁੱਚੇ ਕਿਸਾਨਾਂ ਨੂੰ ਵੀ ਅਪੀਲ ਕਰਦੇ ਹਨ, ਕਿਉਂਕਿ ਜਗਤਜੀਤ ਗਰੁੱਪ ਵੱਲੋਂ ਸਬਸਿਡੀ ਤੇ ਲੋਨ 'ਤੇ ਖੇਤੀ ਔਜ਼ਾਰ ਮੁਹੱਈਆ ਕਰਵਾਏ ਜਾ ਰਹੇ ਹਨ, ਜੋ ਕਿ ਬਹੁਤ ਹੀ ਵਧੀਆ ਉਪਰਾਲਾ ਹੈ, ਜਿਸ ਨਾਲ ਕਿਸਾਨ 'ਤੇ ਇੱਕਦਮ ਬੋਝ ਨਹੀਂ ਪੈਂਦਾ। ਉਨ੍ਹਾਂ ਗਰੁੱਪ ਦੇ ਚੇਅਰਮੈਨ ਸ੍ਰ. ਧਰਮ ਸਿੰਘ ਤੇ ਐੱਮ ਡੀ ਜਗਤਜੀਤ ਸਿੰਘ ਨਾਲ ਲੰਮਾ ਸਮਾਂ ਗੱਲਬਾਤ ਕੀਤੀ ਤੇ ਕਿਹਾ ਕਿ ਗਰੁੱਪ ਦੇ ਐੱਮ ਡੀ ਬਹੁਤ ਹੀ ਨਿੱਘੇ ਸੁਭਾਅ ਦੇ ਮਾਲਕ ਹਨ, ਜਿਸ ਕਰਕੇ ਕਿਸਾਨ ਵਰਗ ਦਾ ਉਨ੍ਹਾਂ ਨੂੰ ਐਨਾ ਪਿਆਰ ਮਿਲ ਰਿਹਾ ਹੈ। ਇਸ ਮੌਕੇ ਫਿਲਮੀ ਅਦਾਕਾਰ ਅਨਮੋਲ ਵਰਮਾ, ਦਿਲਾਵਰ ਸਿੱਧੂ ਆਦਿ ਮੌਜੂਦ ਸਨ।

# ਪੈਨਸ਼ਨਰ ਭਲਕੇ ਨਕੋਦਰ ਹਲਕੇ 'ਚ ਗਰਜਣਗੇ : ਸ਼ਰਮਾ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**



ਜ਼ਿਲ੍ਹੇ ਦੇ ਸੇਵਾ ਮੁਕਤ ਪੈਨਸ਼ਨਰਾਂ ਤੇ ਫੈਮਲੀ ਪੈਨਸ਼ਨਰਾਂ ਦੀ ਵਿਸ਼ੇਸ਼ ਮੀਟਿੰਗ ਸਥਾਨਕ ਕੋਟਕਪੂਰਾ ਰੋਡ ਸਥਿਤ ਪੈਨਸ਼ਨਰ ਭਵਨ ਵਿਖੇ ਹੋਈ। ਐਸੋਸੀਏਸ਼ਨ ਦੇ ਵਾਈਸ ਚੇਅਰਮੈਨ ਹਰਦੇਵ ਸਿੰਘ, ਜ਼ਿਲ੍ਹਾ ਪ੍ਰਧਾਨ ਕਰਮਜੀਤ ਸ਼ਰਮਾ ਤੇ ਪੰਜਾਬ ਰੋਡਵੇਜ਼ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਮੇਜਰ ਸਿੰਘ ਚੌਂਤਰਾ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ 'ਚ ਵੱਡੀ ਗਿਣਤੀ ਵਿੱਚ ਪੈਨਸ਼ਨਰਾਂ ਨੇ ਭਾਗ ਲਿਆ। ਮੀਟਿੰਗ ਦੌਰਾਨ ਵਿੱਤ ਮੰਤਰੀ ਵੱਲੋਂ ਕੀਤੀ ਵਾਅਦਾ ਖਿਲਾਫ਼ੀ ਦੀ ਪੁਰਜ਼ੋਰ ਸ਼ਬਦਾਂ 'ਚ ਨਿੰਦਾ ਕੀਤੀ ਗਈ। ਜ਼ਿਕਰਯੋਗ ਹੈ ਕਿ ਕਰੀਬ 19 ਦਿਨ ਪਹਿਲਾਂ ਪੰਜਾਬ ਦੇ ਖਜ਼ਾਨਾ ਮੰਤਰੀ ਹਰਪਾਲ ਚੀਮਾ ਵੱਲੋਂ ਪੈਨਸ਼ਨਰਾਂ ਨਾਲ ਮੀਟਿੰਗ ਕੀਤੀ ਗਈ ਸੀ, ਜਿਸ 'ਚ ਉਨ੍ਹਾ ਪੈਨਸ਼ਨਰਾਂ ਦੀਆਂ ਮੰਗਾਂ ਬਾਰੇ ਪੰਦਰਾਂ ਦਿਨ ਅੰਦਰ ਨਿਪਟਾਰਾ ਕਰਨ ਦਾ ਭਰੋਸਾ ਦਿੱਤਾ ਸੀ, ਜੋ ਅਜੇ ਤੱਕ ਪੂਰਾ ਨਹੀਂ ਕੀਤਾ ਗਿਆ, ਜਿਸ ਕਾਰਨ ਪੈਨਸ਼ਨਰ ਵਰਗ 'ਚ ਭਾਰੀ ਰੋਸ ਤੇ ਗੁੱਸਾ ਪਾਇਆ ਜਾ ਰਿਹਾ ਹੈ। ਪੈਨਸ਼ਨਰਾਂ ਦੀ ਸੂਬਾ ਪੱਧਰੀ ਕਮੇਟੀ ਵੱਲੋਂ ਆਉਂਦੀ 30 ਅਪ੍ਰੈਲ ਨੂੰ ਨਕੋਦਰ ਹਲਕੇ 'ਚ ਝੰਡਾ ਮਾਰਚ ਕਰਨ ਦਾ ਫੈਸਲਾ ਕੀਤਾ ਗਿਆ ਹੈ।

ਪ੍ਰਧਾਨ ਸ਼ਰਮਾ ਨੇ ਦੱਸਿਆ ਕਿ ਮੀਟਿੰਗ ਦੌਰਾਨ ਵੱਡੀ ਗਿਣਤੀ 'ਚ ਪੈਨਸ਼ਨਰਾਂ ਵੱਲੋਂ ਨਕੋਦਰ ਝੰਡਾ ਮਾਰਚ ਵਿੱਚ ਭਾਗ ਲਏ ਜਾਣ ਦਾ ਵਿਸ਼ਵਾਸ ਦਿਵਾਇਆ ਗਿਆ। ਇਹ ਝੰਡਾ ਮਾਰਚ ਰਾਜ ਸਰਕਾਰ ਦੀਆਂ ਬਦਨੀਤੀਆਂ ਨੂੰ ਬੇਪਰਦਾ ਕਰ ਦੇਵੇਗਾ, ਜਿਸ ਦਾ ਖਾਮਿਆਜ਼ਾ ਜਲੰਧਰ ਦੀ ਲੋਕ ਸਭਾ ਉੱਪ-ਚੋਣ ਲਈ ਸਰਕਾਰ ਨੂੰ ਭੁਗਤਣਾ ਪਵੇਗਾ। ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਪ੍ਰੈੱਸ ਸਕੱਤਰ ਜਗਦੀਸ਼ ਰਾਏ ਢੋਸੀਵਾਲ ਨੇ ਦੱਸਿਆ ਕਿ ਮੀਟਿੰਗ ਦੌਰਾਨ ਐਸੋਸੀਏਸ਼ਨ ਦੇ ਜ਼ਿਲ੍ਹਾ ਜਨਰਲ ਸਕੱਤਰ ਬਲਵੰਤ ਸਿੰਘ ਅਟਵਾਲ, ਕੈਸ਼ੀਅਰ ਬੋਹੜ ਸਿੰਘ ਥਾਂਦੇਵਾਲਾ, ਡਿਪਟੀ ਸੁੰਦਰ ਸਿੰਘ, ਕਰਨੈਲ ਸਿੰਘ ਬੇਦੀ, ਸੁਖਮੰਦਰ ਸਿੰਘ ਬੇਦੀ, ਕੁਲਵੰਤ ਸਿੰਘ ਮਾਨ, ਗਿਆਨੀ ਹਰਮੰਦਰ ਸਿੰਘ, ਕੁਲਦੀਪ ਸਿੰਘ ਬਰਾੜ, ਗੁਰਟੇਕ ਸਿੰਘ ਬਰਾੜ, ਚੌ. ਬਲਬੀਰ ਸਿੰਘ, ਕਰਨੈਲ ਸਿੰਘ ਬਰਾੜ, ਓਮ ਪ੍ਰਕਾਸ਼ ਸ਼ਰਮਾ, ਇੰਦਰਪਾਲ ਸਿੰਘ ਸੰਧੂ, ਜੱਗਾ ਸਿੰਘ, ਪ੍ਰਸ਼ੋਤਮ ਲਾਲ, ਕਰਨੈਲ ਸਿੰਘ ਤੇ ਗਿਆਨ ਚੰਦ ਆਦਿ ਮੌਜੂਦ ਸਨ।

# ਜ਼ਿਲ੍ਹਾ ਕਰਾਟੇ ਡੂ ਐਸੋਸੀਏਸ਼ਨ ਦੀ ਚੋਣ, ਗੋਇਲ ਪ੍ਰਧਾਨ ਤੇ ਅਟਵਾਲ ਜਨਰਲ ਸਕੱਤਰ ਬਣੇ

**ਫਰੀਦਕੋਟ/ਕੋਟਕਪੂਰਾ (ਐਲਿਗਜੈਂਡਰ ਡਿਸੂਜ਼ਾ/ਰਛਪਾਲ ਭੁੱਲਰ)**



ਜ਼ਿਲ੍ਹਾ ਕਰਾਟੇ ਡੂ ਐਸੋਸੀਏਸ਼ਨ ਫਰੀਦਕੋਟ ਦੀ ਇੱਕ ਭਰਵੀਂ ਮੀਟਿੰਗ ਸਰਪ੍ਰਸਤ ਪ੍ਰੋਫੈਸਰ ਦਰਸ਼ਨ ਸਿੰਘ ਸੰਧੂ ਪ੍ਰਸਿੱਧ ਸਮਾਜ ਸੇਵੀ ਤੇ ਖੇਡ ਪ੍ਰਮੋਟਰ ਦੀ ਹਾਜ਼ਰੀ ਵਿੱਚ ਸੇਤੀਆ ਹੋਟਲ ਕੋਟਕਪੂਰਾ ਵਿਖੇ ਕੀਤੀ ਗਈ।

ਇਸ ਮੀਟਿੰਗ ਦੀ ਪ੍ਰਧਾਨਗੀ ਕੁਲਦੀਪ ਸਿੰਘ ਅਟਵਾਲ 'ਏਸ਼ੀਆ ਕੋਚ' ਨੇ ਕੀਤੀ। ਇਸ ਮੌਕੇ ਪ੍ਰੋਫੈਸਰ ਦਰਸ਼ਨ ਸਿੰਘ ਸੰਧੂ ਪ੍ਰਸਿੱਧ ਸਮਾਜ ਸੇਵੀ ਤੇ ਖੇਡ ਪ੍ਰਮੋਟਰ ਅਤੇ ਸ੍ਰ. ਬੇਅੰਤ ਸਿੰਘ ਸਿੱਧੂ ਚੇਅਰਮੈਨ ਗਿਆਨ ਜਯੋਤੀ ਚੈਰੀਟੇਬਲ ਟਰੱਸਟ ਨੇ ਪ੍ਰੈੱਸ ਨੂੰ ਦੱਸਿਆ ਕਿ ਜ਼ਿਲ੍ਹਾ ਕਰਾਟੇ ਡੂ ਐਸੋਸੀਏਸ਼ਨ ਫਰੀਦਕੋਟ ਦੀ ਸਾਲਾਨਾ ਚੋਣ ਕੋਟਕਪੂਰਾ ਵਿਖੇ ਸਮਾਜ ਸੇਵੀਆਂ ਤੇ ਖਿਡਾਰੀਆਂ ਦੀ ਦੇਖ-ਰੇਖ 'ਚ ਸੰਪੰਨ ਹੋਈ। ਉਨ੍ਹਾਂ ਐਸੋਸੀਏਸ਼ਨ ਦੀ ਰੂਪ ਰੇਖਾ ਤੇ ਸਰਕਾਰ ਦੁਆਰਾ ਖੇਡਾਂ ਨੂੰ ਪ੍ਰਮੋਟ ਕਰਨ ਬਾਰੇ ਚਾਨਣਾ ਪਾਇਆ। ਹਾਜ਼ਰ ਵਿਅਕਤੀਆਂ ਵੱਲੋਂ ਸਰਬ ਸੰਮਤੀ ਨਾਲ ਚੋਣ ਕਰਨ ਦਾ ਫੈਸਲਾ ਲਿਆ ਗਿਆ। ਇਸ ਮੌਕੇ ਸ. ਕੁਲਦੀਪ ਸਿੰਘ ਅਟਵਾਲ ਵੱਲੋਂ ਜ਼ਿਲ੍ਹਾ ਕਰਾਟੇ ਡੂ ਐਸੋਸੀਏਸ਼ਨ ਫਰੀਦਕੋਟ ਦੀ ਪ੍ਰਧਾਨਗੀ ਲਈ ਸ੍ਰੀ ਓਮ ਪ੍ਰਕਾਸ਼ ਗੋਇਲ ਦਾ ਨਾਮ ਪੇਸ਼ ਕੀਤਾ ਗਿਆ, ਸਾਰੇ ਹਾਜ਼ਰ ਵਿਅਕਤੀਆਂ ਨੇ ਹੱਥ ਖੜੇ ਕਰਕੇ ਇਸ ਦਾ ਸਮਰਥਨ ਦਿੱਤਾ। ਇਸ ਮੌਕੇ ਦਰਸ਼ਨ ਸਿੰਘ ਸੰਧੂ ਤੇ ਸ੍ਰ. ਬੇਅੰਤ ਸਿੰਘ ਸਿੱਧੂ ਨੂੰ ਚੀਫ਼ ਪੈਟਰਨ, ਹਰਿੰਦਰ ਸਿੰਘ ਅਹੂਜਾ ਤੇ ਬਲਰਾਜ ਖੀਵਾ ਨੂੰ ਪੈਟਰਨ, ਐਡਵੋਕੇਟ ਗਗਨ ਸੁਖੀਜਾ ਨੂੰ ਚੇਅਰਮੈਨ, ਕੁਲਦੀਪ ਸਿੰਘ ਅਟਵਾਲ ਜਨਰਲ ਸਕੱਤਰ, ਡਾਕਟਰ ਧਰਮਵੀਰ ਨੂੰ ਕੈਸ਼ੀਅਰ, ਪਰਮਿੰਦਰ ਸਿੰਘ ਸਿੱਧੂ ਡੀ.ਪੀ. ਨੂੰ ਸੀਨੀਅਰ ਮੀਤ ਪ੍ਰਧਾਨ, ਖਰੈਤੀ ਰਾਮ ਸ਼ਰਮਾ, ਜੋਗਿੰਦਰ ਸਿੰਘ ਮੱਕੜ, ਰਾਜ ਕੁਮਾਰ ਅਗਰਵਾਲ ਨੂੰ ਮੀਤ ਪ੍ਰਧਾਨ, ਹੇਮਾ ਰਾਣੀ ਨੂੰ ਟੈਕਨੀਕਲ ਡਾਇਰੈਕਟਰ ਜਾਇੰਟ ਸੈਕਟਰੀ, ਸ੍ਰੀ ਮਨਦੀਪ ਕੁਮਾਰ ਡੀ ਪੀ, ਸ਼ਿੰਦਰਪਾਲ ਸਿੰਘ ਡੀ ਪੀ, ਮਨਦੀਪ ਸਿੰਘ ਡਿੰਪੀ ਡੀ ਪੀ, ਬਲਵਿੰਦਰ ਸਿੰਘ ਡੀ ਪੀ, ਪਰਮਜੀਤ ਕੌਰ ਕੰਮੇਆਣਾ ਨੰਬਰਦਾਰ, ਗੁਰਸੇਵਕ ਮਾਨ ਪ੍ਰਸਿੱਧ ਗਾਇਕ, ਲਖਵਿੰਦਰ ਸਿੰਘ ਗੋਰਾ ਮਾਨੀ ਸਿੰਘ ਵਾਲਾ, ਪੁਖ਼ਰਾਜ ਸਿੰਘ ਪੋਖੀ ਐਡਵਾਈਜ਼ਰੀ ਕਮੇਟੀ, ਐਡਵੋਕੇਟ ਅਵਤਾਰ ਕ੍ਰਿਸ਼ਨ ਕਾਨੂੰਨੀ ਸਲਾਹਕਾਰ, ਮਨਪ੍ਰੀਤ ਸਿੰਘ ਝੰਜ, ਮੈਡਮ ਕਿਰਨ ਬਰਗਾੜੀ, ਸੁਭਾਸ਼ ਮਹਿਤਾ, ਤਰਸੇਮ ਚੋਪੜਾ, ਬਲਜਿੰਦਰ ਬਾਲੀ, ਪ੍ਰੈੱਸ ਸਕੱਤਰ ਨਿਯੁਕਤ ਕੀਤਾ ਗਿਆ। ਇਸ ਮੀਟਿੰਗ ਵਿੱਚ ਪੰਜਾਬ ਸਟੇਟ ਵੱਲੋਂ ਬਤੌਰ ਅਬਜ਼ਰਵਰ ਜਗਦੀਸ਼ ਸਿੰਘ ਮੋਗਾ ਪਹੁੰਚੇ। ਇਸ ਮੌਕੇ ਅਮਿਤ ਨਾਰੰਗ, ਨਿਖਲ, ਗਗਨਦੀਪ ਸਿੰਘ ਜਿੰਦਲ, ਵਿਜੈ ਬੇਦੀ, ਰਾਕੇਸ਼ ਸੇਠੀ, ਮਨਦੀਪ ਸਿੰਘ ਸਰਾਂ, ਡਾਕਟਰ ਮੌਂਗਾ, ਸੰਦੀਪ ਸਿੰਘ ਸੰਧੂ ਹਾਜ਼ਰ ਸਨ।

# ਸਰਕਾਰੀ ਛੁੱਟੀ ਦੇ ਬਾਵਜੂਦ ਖੁੱਲ੍ਹਾ ਰਿਹਾ ਵਾਟਰ ਸਪਲਾਈ ਸੀਵਰੇਜ ਬੋਰਡ ਦਾ ਦਫਤਰ

**ਭੀਖੀ (ਧਰਮਵੀਰ ਸ਼ਰਮਾ)**

ਭਾਵੇਂ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਅੰਤਿਮ ਸੰਸਕਾਰ ਦੇ ਦਿਨ ਪੰਜਾਬ ਸਰਕਾਰ ਨੇ ਸੂਬੇ ਵਿੱਚ ਸਰਕਾਰੀ ਅਦਾਰਿਆਂ ਵਿੱਚ ਛੁੱਟੀ ਦਾ ਐਲਾਨ ਕੀਤਾ ਸੀ, ਪ੍ਰੰਤੂ ਸਥਾਨਕ ਪੰਜਾਬ ਸੀਵਰੇਜ ਤੇ ਵਾਟਰ ਸਪਲਾਈ ਦਾ ਦਫਤਰ ਆਮ ਦਿਨਾਂ ਵਾਂਗ ਖੁੱਲ੍ਹਾ ਰਿਹਾ ਅਤੇ ਉੱਥੇ ਰੱਖੇ ਗਏ ਕਰਮਚਾਰੀ ਆਮ ਦਿਨਾਂ ਵਾਂਗ ਕੰਮ ਕਰਦੇ ਦਿਖਾਈ ਦਿੱਤੇ, ਜਿਸ ਨਾਲ ਪੰਜਾਬ ਸਰਕਾਰ ਦੇ ਹੁਕਮਾਂ ਦੀਆਂ ਧੱਜੀਆਂ ਉਡਾਈਆਂ ਗਈਆਂ। ਪੱਤਰਕਾਰਾਂ ਵੱਲੋਂ ਉਕਤ ਕਰਮਚਾਰੀਆਂ ਨਾਲ ਗੱਲ ਕਰਨ 'ਤੇ ਉਨ੍ਹਾਂ ਕਿਹਾ ਕਿ ਉੱਚ ਅਫਸਰਾਂ ਦੀਆਂ ਹਦਾਇਤਾਂ ਮਾਤਬਿਕ ਉਨ੍ਹਾਂ ਨੂੰ ਦਫਤਰ ਖੋਲ੍ਹਣਾ ਪਿਆ ਹੈ, ਜਦੋਂਕਿ ਹੋਰ ਸਾਰੇ ਸਰਕਾਰੀ ਦਫਤਰਾਂ ਵਿੱਚ ਅੱਜ ਸਰਕਾਰੀ ਛੁੱਟੀ ਐਲਾਨੀ ਗਈ ਹੈ। ਇਸ ਸਬੰਧੀ ਜਦੋਂ ਵਾਟਰ ਸਪਲਾਈ ਤੇ ਸੀਵਰੇਜ ਵਿਭਾਗ ਦੇ ਜੇ ਈ ਸੌਰਵ ਜੈਨ ਨਾਲ ਗੱਲ ਕਰਨ 'ਤੇ ਉਨ੍ਹਾਂ ਕਿਹਾ ਕਿ ਇਹ ਕਰਮਚਾਰੀ ਕੰਪਨੀ



ਛੁੱਟੀ ਵਾਲੇ ਦਿਨ ਦਫਤਰ 'ਚ ਕੰਮ ਕਰਦੇ ਕਰਮਚਾਰੀ।

ਵੱਲੋਂ ਰੱਖੇ ਗਏ ਹਨ, ਕਈ ਵਾਰ ਇਨ੍ਹਾਂ ਨੂੰ ਛੁੱਟੀ ਵਾਲੇ ਦਿਨ ਵੀ ਬੁਲਾ ਲਿਆ ਜਾਂਦਾ ਹੈ ਅਤੇ ਇਨ੍ਹਾਂ ਤੋਂ ਬਕਾਇਆ ਕੰਮ ਕਰਵਾ ਲਿਆ ਜਾਂਦਾ ਹੈ।


**LOVELY PROFESSIONAL UNIVERSITY**

Jalandhar-Delhi G.T. Road, Phagwara, Distt. Kapurthala, Punjab (India) - 144411

**PUBLIC NOTICE**

It is hereby informed to all the concerned and general public that the process of weeding out of records in the year 2022-23 has been started including without limitation records of the students who are passed out/ left / discontinued/ expelled/did not join within stipulated period/ did not get admission/ ineligible for promotion/continuation/ whose name has been stuck off due to long continuous absence/ non-reporting without obtaining leave as per the respective policy of this University in/by the year 2022-23 also including without limitations the record like student files, attendance records, student profile, eligibility documents, disciplinary record, record of receipts of fee, funds, charges, security/ caution money, penalty & other receipts, record and related correspondence, projects, assignments, thesis, examination/ evaluation/ test/ interview/ GD and other selection records/result and also correspondence in respect of such students (except student academic transcripts and final results) and also including records of those students/candidates who applied/expressed their interest for admission or any facility/or other purpose or appeared in entrance/eligibility tests or sought any information related to admission or otherwise in/by the year 2022-23 subject to the respective record retention schedule. Further, such record includes all the data/information/records maintained in physical mode and/or electronic mode and/or digital mode and/or online mode and/or on UMS/Website or otherwise in any manner whatsoever.

Request, in writing, to seek any specific record and/or claim for any outstanding amount payable by this University or any of its wings, divisions, departments, faculties, schools, institutes, academies, offices or other constituents/ units whatever it may be called in respect of such students/ candidates etc. can be made to the Office of the Registrar of this University at Campus address mentioned above within 15 days of publication of this notice. No request or claim of any kind whatsoever pertaining to the above shall be considered in future after expiry of this stipulated time limit.

Registrar

Lovely Professional University, Jalandhar-Delhi G.T. Road, Phagwara, Distt. Kapurthala, Punjab (India) - 144411


# ਸਾਂਝੇ ਫਰੰਟ ਵੱਲੋਂ ਜਲੰਧਰ ਜ਼ਿਮਨੀ ਚੋਣ 'ਚ ਮਾਨ ਸਰਕਾਰ ਦੀ ਵਾਅਦਾ-ਖਿਲਾਫੀ ਦਾ ਵਿਰੋਧ

**■ ਭਲਕੇ ਨਕੋਦਰ ਹਲਕੇ 'ਚ ਕੀਤਾ ਜਾਵੇਗਾ ਵਿਸ਼ਾਲ ਝੰਡਾ ਮਾਰਚ : ਚੱਠਾ, ਜੱਗਾ**

**ਦਿੜ੍ਹਬਾ (ਜਸਵੀਰ ਲਾਡੀ)**



ਟੈਕਨੀਕਲ ਐਂਡ ਮਕੈਨੀਕਲ ਇੰਪ. ਯੂਨੀਅਨ ਪੰਜਾਬ ਬ੍ਰਾਂਚ ਸੁਨਾਮ ਦੀ ਵਰਕਿੰਗ ਕਮੇਟੀ ਦੀ ਮੀਟਿੰਗ ਬ੍ਰਾਂਚ ਪ੍ਰਧਾਨ ਉਜਾਗਰ ਸਿੰਘ ਜੱਗਾ ਦੀ ਪ੍ਰਧਾਨਗੀ ਹੇਠ ਆਈ ਟੀ ਆਈ ਸੁਨਾਮ ਦੇ ਟਿਊਬਵੈੱਲ ਦੇ ਪਾਰਕ ਵਿੱਚ ਕੀਤੀ ਗਈ। ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਜਥੇਬੰਦੀ ਦੇ ਪ੍ਰੈੱਸ ਸਕੱਤਰ ਨਛੱਤਰ ਸਿੰਘ ਚੱਠਾ ਨੇ ਦੱਸਿਆ ਕਿ ਮੀਟਿੰਗ ਦੌਰਾਨ ਮੁਲਾਜ਼ਮਾਂ ਦੀਆਂ ਮੰਗਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਮਾਨ ਸਰਕਾਰ ਖਿਲਾਫ ਆਉਣ ਵਾਲੇ ਸੰਘਰਸ਼ ਬਾਰੇ ਵੀ ਜਾਣਕਾਰੀ ਦਿੱਤੀ ਗਈ ਪੰਜਾਬ ਸਰਕਾਰ ਵੱਲੋਂ ਪੰਜਾਬ ਯੂ ਟੀ ਮੁਲਾਜ਼ਮ ਤੇ ਪੈਨਸ਼ਨਰਾਂ ਸਾਂਝੇ ਫਰੰਟ ਨੂੰ ਦੋ ਵਾਰ ਮੀਟਿੰਗ ਦਾ ਸਮਾਂ ਦੇ ਕੇ ਆਪਣੇ ਵਾਅਦੇ ਤੋਂ ਮੀਟਿੰਗ ਕਰਨ ਤੋਂ ਮੁੱਕਰ ਗਈ, ਜਿਸ ਕਾਰਨ ਸਾਂਝੇ ਫਰੰਟ ਵੱਲੋਂ ਲੋਕ ਸਭਾ ਹਲਕਾ ਜਲੰਧਰ ਦੀ ਜ਼ਿਮਨੀ ਚੋਣ ਸਮੇਂ ਹਲਕੇ ਦੇ ਸਾਰੇ ਵਿਧਾਨ ਸਭਾ ਹਲਕਿਆਂ ਦੇ ਕਸਬੇ ਤੇ ਪਿੰਡਾਂ ਵਿੱਚ ਰੋਸ ਮਾਰਚ ਕਰਕੇ ਮਾਨ ਸਰਕਾਰ ਦੀਆਂ ਨਾਕਾਮੀਆਂ ਬਾਰੇ ਦੱਸ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ। ਸ੍ਰੀ ਚੱਠਾ ਨੇ ਦੱਸਿਆ ਕਿ ਪੰਜਾਬ ਸਰਕਾਰ ਮਾਣ ਭੱਤਾ ਵਰਕਰਾਂ ਉਤੇ ਘੱਟੋ ਘੱਟ ਉਜ਼ਰਤਾ ਕਾਨੂੰਨ ਲਾਗੂ ਕਰਨ, ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, ਛੇਵੇਂ ਤਨਖਾਹ ਪੇ-ਕਮਿਸ਼ਨ ਤਹਿਤ ਪੈਨਸ਼ਨਰਜ਼ ਉਤੇ 2.59 ਦਾ ਗੁਣਾਂਕ ਨਾਲ ਲਾਗੂ ਕਰਨ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, ਪਰਖ ਕਾਲ ਸੰਬੰਧੀ 15/01/2015 ਦਾ ਨੋਟੀਫਿਕੇਸ਼ਨ ਰੱਦ ਕਰਨ, 17 ਜੁਲਾਈ 2020 ਤੋਂ ਬਾਅਦ ਭਾਰਤੀ ਮੁਲਾਜ਼ਮਾਂ ਤੇ ਪੰਜਾਬ ਸਰਕਾਰ ਦੇ ਸਕੇਲ ਲਾਗੂ ਕਰਨ, ਬੰਦ ਕੀਤੇ ਗਏ ਪੇਂਡੂ ਤੇ ਬਾਰਡਰ ਏਰੀਆ ਸਮੇਤ ਸਮੁੱਚੇ 37 ਕਿਸਮ ਦੇ ਭੱਤੇ ਤੇ ਏ ਸੀ ਪੀ ਆਦਿ ਬਹਾਲ ਕਰਨ, ਅੰਗਹੀਣ ਮੁਲਾਜ਼ਮਾਂ ਦੇ ਸਰਟੀਫਿਕੇਟ ਪੀ ਜੀ ਆਈ ਤੋਂ ਵੈਰੀਫਿਕੇਸ਼ਨ ਕਰਵਾਉਣ ਦਾ ਪੱਤਰ ਵਾਪਸ ਲੈਣ, ਰੋਕੇ ਗਏ ਮਹਿੰਗਾਈ ਭੱਤੇ ਦੀ ਕਿਸ਼ਤ ਜਾਰੀ ਕਰਨ, ਪੇਂਡੂ ਜਲ ਸਪਲਾਈ ਸਕੀਮਾਂ ਦਾ ਪੰਚਾਇਤੀਕਰਨ ਬੰਦ ਕਰਨ, ਹਰੇਕ ਮਹਿਕਮੇ 'ਚ ਰੈਗੂਲਰ ਭਰਤੀ ਕਰਵਾਉਣ ਆਦਿ ਮੰਗਾਂ ਨੂੰ ਲਾਗੂ ਕਰਵਾਉਣ ਲਈ ਲੋਕ ਸਭਾ ਹਲਕਾ ਜਲੰਧਰ ਦੇ ਜ਼ਿਮਨੀ ਚੋਣ ਦੌਰਾਨ 30 ਅਪ੍ਰੈਲ ਨੂੰ ਨਕੋਦਰ ਹਲਕੇ ਦੇ ਪਿੰਡਾਂ ਵਿੱਚ ਰੋਸ ਮਾਰਚ ਕੀਤਾ ਜਾਵੇਗਾ। ਇਸ ਮੀਟਿੰਗ ਵਿੱਚ ਰਾਜਿੰਦਰ ਪਾਲ ਚੰਗਾਲੀਵਾਲਾ, ਬਲਵਿੰਦਰ ਸਿੰਘ ਸੁਨਾਮ, ਭੂਰਾ ਸਿੰਘ ਭੰਗੂ, ਅਮਰਜੀਤ ਸਿੰਘ ਢੰਢੋਲੀ ਖੁਰਦ, ਦਰਸ਼ਨ ਸਿੰਘ ਜਨਾਲ, ਬਲਵਿੰਦਰ ਸਿੰਘ ਬੱਬੂ, ਸੁਖਚੈਨ ਸਿੰਘ ਚੱਠਾ, ਜੁਗਰਾਜ ਸਿੰਘ, ਨਿਰਮਲ ਸਿੰਘ ਰਾਜੂ ਆਦਿ ਹਾਜ਼ਰ ਸਨ।

# ਅਮਨ ਜ਼ਖਮੀ ਡਿਸਟ੍ਰਿਕ ਇੰਡਸਟ੍ਰੀਅਲ ਚੈਂਬਰ ਬਲਾਕ ਸੰਗਰੂਰ ਦੇ ਮੁੜ ਪ੍ਰਧਾਨ ਬਣੇ





**ਸੰਗਰੂਰ (ਪ੍ਰਵੀਨ ਸਿੰਘ)**-ਸੰਗਰੂਰ ਡਿਸਟ੍ਰਿਕ ਇੰਡਸਟ੍ਰੀਅਲ ਚੈਂਬਰ ਦੀ ਚੌਥੀ ਜਨਰਲ ਹਾਊਸ ਮੀਟਿੰਗ ਚੈਂਬਰ ਭਵਨ ਫੋਕਲ ਪੁਆਇੰਟ ਸੰਗਰੂਰ ਵਿਖੇ ਹੋਈ, ਜਿੱਥੇ ਅਮਨ ਜ਼ਖ਼ਮੀ ਨੂੰ ਦੂਜੀ ਵਾਰ ਸੰਗਰੂਰ ਡਿਸਟ੍ਰਿਕ ਇੰਡਸਟ੍ਰੀਅਲ ਚੈਂਬਰ ਬਲਾਕ ਸੰਗਰੂਰ ਦਾ ਪ੍ਰਧਾਨ ਬਣਾਇਆ ਗਿਆ। ਇਸ ਮੀਟਿੰਗ ਵਿੱਚ ਮੁੱਖ ਮਹਿਮਾਨ ਸ੍ਰੀ ਰਤਨ ਮਿੱਤਲ ਡਿਪਟੀ ਚੀਫ ਇੰਜ. ਬਿਜਲੀ ਬੋਰਡ ਤੇ ਵਿਸ਼ੇਸ਼ ਮਹਿਮਾਨ ਸ੍ਰੀ ਵਰਿੰਦਰ ਕੁਮਾਰ ਐਕਸੀਅਨ, ਜ਼ਿਲ੍ਹੇ ਦੇ ਵਾਇਸ ਚੇਅਰਮੈਨ ਸ੍ਰੀ ਘਨਸ਼ਾਮ ਕਾਂਸਲ, ਜ਼ਿਲ੍ਹਾ ਪ੍ਰਧਾਨ ਸ੍ਰੀ ਸੰਜੀਵ ਚੋਪੜਾ, ਜਨਰਲ ਸਕੱਤਰ ਐੱਮ.ਪੀ. ਸਿੰਘ, ਵਿੱਤ ਸਕੱਤਰ ਪ੍ਰੇਮ ਗੁਪਤਾ, ਪੈਟਰਨ ਸ੍ਰੀ ਜਗਦੀਸ਼ ਬਾਂਸਲ ਦੀ ਮੌਜੂਦਗੀ ਵਿੱਚ ਅਮਨ ਜ਼ਖ਼ਮੀ ਤੇ ਉਨ੍ਹਾਂ ਦੀ ਟੀਮ ਨੇ 2022-23 ਵਿੱਚ ਕੀਤੇ ਗਏ ਕੰਮਾਂ ਦਾ ਵੇਰਵਾ ਦਿੱਤਾ। ਇਸ ਮੌਕੇ ਸ੍ਰੀ ਯਸ਼ਪਾਲ ਛਾਬੜਾ, ਵਿਸ਼ਾਲ ਗਰਗ, ਅੰਕੁਰ ਗਰਗ, ਅੰਕੁਰ ਬਾਂਸਲ, ਆਦਰਸ਼ ਗਰਗ, ਗੋਗੀ ਗਰੇਵਾਲ, ਸੇਵਕ ਜਿੰਦਲ, ਕਮਲ ਕਾਂਤ, ਕਮਲ ਨਾਗਪਾਲ, ਯੋਗੇਸ਼ ਸ਼ਰਮਾ ਮੈਂਬਰਾਂ ਨੇ ਨਵੇਂ ਬਣੇ ਪ੍ਰਧਾਨ ਸ੍ਰੀ ਅਮਨ ਜ਼ਖ਼ਮੀ ਨੂੰ ਮੁਬਾਰਕਬਾਦ ਦਿੱਤੀ। ਇਸ ਮੀਟਿੰਗ ਵਿੱਚ ਸੁਰਿੰਦਰ ਕੁਮਾਰ, ਰਜਿੰਦਰ ਕੁਮਾਰ, ਰਾਜੀਵ ਕੌਸ਼ਲ, ਨਵਦੀਪ ਗਰਗ, ਵਨੀਤ ਸ਼ਰਮਾ, ਨਰੇਸ਼ ਸਿੰਗਲਾ, ਦੇਵ ਰਾਜ, ਰਕੇਸ਼ ਗਰਗ, ਰਜੇਸ਼ ਗਰਗ ਬੱਬੂ, ਭੂਪਿੰਦਰ ਸਿੰਘ, ਅਮਿਤ ਬਾਂਸਲ, ਅੰਮ੍ਰਿਤਪਾਲ ਸਿੰਘ, ਸੰਦੀਪ ਸਿੰਗਲਾ, ਅਰੁਨ ਕੁਮਾਰ, ਭਰਤ ਨਾਗਪਾਲ ਤੋਂ ਇਲਾਵਾ ਸੈਂਕੜੇ ਦੇ ਕਰੀਬ ਮੈਂਬਰ ਹਾਜ਼ਰ ਸਨ।

CMYK

29-April-PAGE-11.qxd 4/28/2023 9:40 PM Page 1



# 1 ਕਿਲੋ 700 ਗ੍ਰਾਮ ਹੈਰੋਇਨ ਤੇ ਪਿਸਤੌਲ ਬਰਾਮਦ, 4 ਦੋਸ਼ੀ ਗ੍ਰਿਫਤਾਰ

**ਤਰਨ ਤਾਰਨ/ਭਿੱਖੀਵਿੰਡ/ਖਾਲੜਾ (ਪ੍ਰਿਤਪਾਲ ਸਿੰਘ/ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਐੱਸ.ਐੱਸ.ਪੀ. ਤਰਨ ਤਾਰਨ ਗੁਰਮੀਤ ਸਿੰਘ ਚੌਹਾਨ ਆਈ.ਪੀ.ਐੱਸ. ਵੱਲੋਂ ਨਸ਼ਾ ਤਸਕਰਾਂ ਨੂੰ ਨੱਥ ਪਾਉਣ ਅਤੇ ਮਾੜੇ ਅਨਸਰਾਂ ਨੂੰ ਕਾਬੂ ਕਰਨ ਲਈ ਲਗਾਤਾਰ ਠੋਸ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਹਰ ਗਤੀਵਿਧੀ ਪਰ ਨਜ਼ਰ ਰੱਖੀ ਜਾ ਰਹੀ ਹੈ ਜਿਸਦੇ ਤਹਿਤ ਮਨਜਿੰਦਰ ਸਿੰਘ ਆਈ.ਪੀ.ਐੱਸ. ਐਸ.ਪੀ. ਹੈੱਡਕੁਆਰਟਰ ਤਰਨ ਤਾਰਨ, ਵਿਸ਼ਾਲਜੀਤ ਸਿੰਘ ਪੀ.ਪੀ.ਐੱਸ. ਐਸ.ਪੀ. ਇਨਵੈਸਟੀਗੇਸ਼ਨ ਤਰਨ ਤਾਰਨ ਅਤੇ ਕਮਲਜੀਤ ਸਿੰਘ ਪੀ.ਪੀ.ਐੱਸ. ਚਾਰਜ ਡੀ.ਐੱਸ.ਪੀ. ਭਿੱਖੀਵਿੰਡ ਦੀ ਨਿਗਰਾਨੀ ਹੇਠ ਸਬ-ਇੰਸਪੈਕਟਰ ਚਰਨ ਸਿੰਘ ਮੁੱਖ ਅਫਸਰ ਥਾਣਾ ਖਾਲੜਾ ਸਮੇਤ ਪੁਲਸ ਪਾਰਟੀ ਵੱਲੋਂ ਮਾੜੇ ਅਨਸਰਾਂ ਨੂੰ ਨੱਥ ਪਾਉਣ ਸਬੰਧੀ ਸੁਰਸਿੰਘ ਤੋਂ ਲਿੰਕ ਰੋਡ ਚੱਕ ਸਿਕੰਦਰ ਦੇ ਕੋਲ ਨਾਕਾਬੰਦੀ ਕਰਕੇ ਸ਼ੱਕੀ ਪੁਰਸ਼ਾਂ ਅਤੇ ਵਹੀਕਲਾਂ ਦੀ ਚੈਕਿੰਗ ਕਰ ਰਹੇ ਸੀ ਕਿ ਪਿੰਡ ਸੁਰਸਿੰਘ ਵਾਲੀ ਸਾਈਡ ਤੋਂ ਦੋ ਮੋਟਰਸਾਈਕਲਾਂ ਪਰ ਸਵਾਰ ਚਾਰ ਨੌਜਵਾਨ ਆਉਂਦੇ ਦਿਖਾਈ ਦਿੱਤੇ, ਜਿਨ੍ਹਾਂ ਨੂੰ ਚੈਕਿੰਗ ਲਈ ਪੁਲਸ ਪਾਰਟੀ ਨੇ ਰੁਕਣ ਦਾ ਇਸ਼ਾਰਾ ਕੀਤਾ ਤਾਂ ਬੁਲਟ ਮੋਟਰਸਾਈਕਲ ਨੰਬਰੀ ਪੀਬੀ 14-ਬੀ-4222 ਸਵਾਰ ਨੇ ਮੋਟਰਸਾਈਕਲ ਹੌਲੀ ਕੀਤਾ ਤਾਂ ਪਿੱਛੇ ਬੈਠੇ ਨੌਜਵਾਨ ਆਪਣੀ ਡੱਬ ਵਿੱਚੋਂ ਪਿਸਤੌਲ ਕੱਢ ਕੇ ਪੁਲਸ ਪਾਰਟੀ ਤੇ 3 ਫਾਇਰ ਕਰ ਦਿੱਤੇ ਅਤੇ ਬੁਲਟ ਮੋਟਰਸਾਈਕਲ ਸੁੱਟ ਕੇ ਭੱਜਣ ਦੀ ਕੋਸ਼ਿਸ਼ ਕਰਨ ਲੱਗੇ ਤਾਂ ਪੁਲਸ ਪਾਰਟੀ ਨੇ ਘੇਰਾ ਪਾ ਕੇ ਇਨਾਂ ਨੂੰ ਕਾਬੂ ਕਰਕੇ ਨਾਮ ਪਤਾ ਪੁੱਛਿਆ ਜਿਨ੍ਹਾਂ ਵਿੱਚੋਂ ਬੁਲਟ ਮੋਟਰਸਾਈਕਲ ਚਾਲਕ ਨੇ ਆਪਣਾ ਨਾਮ ਸੁਖਬੀਰ ਸਿੰਘ ਉਰਫ ਸੁੱਖ ਪੁੱਤਰ ਪੁੱਤਰ ਗਿਆਨ ਸਿੰਘ ਵਾਸੀ ਭੁਰੇਗਿੱਲ ਥਾਣਾ ਸਦਰ ਤਰਨ ਤਾਰਨ ਅਤੇ ਪਿੱਛੇ ਬੈਠੇ ਮੁਸੱਲਾ ਪਿਸਟਲ ਨੌਜਵਾਨ ਨੇ ਆਪਣਾ ਨਾਮ ਰਣਜੀਤ ਸਿੰਘ ਉਰਫ ਰਾਜਾ ਪੁੱਤਰ ਮੂਰਤਾ ਸਿੰਘ ਵਾਸੀ ਗੋਬਿੰਦਪੁਰੀ ਕਲੋਨੀ ਗੋਇੰਦਵਾਲ ਸਾਹਿਬ ਦੱਸਿਆ ਅਤੇ ਦੂਸਰੇ ਡੀ.ਲੈਕਸ ਸਵਾਰ ਮੋਟਰਸਾਈਕਲ ਚਾਲਕ ਨੇ ਆਪਣਾ ਨਾਮ ਹਰਪ੍ਰੀਤ ਸਿੰਘ ਉਰਫ ਹੈਪੀ ਪੁੱਤਰ ਮੁਖਤਾਰ ਸਿੰਘ ਵਾਸੀ ਨੌਸ਼ਹਿਰਾ ਢਾਲਾ ਅਤੇ ਪਿੱਛੇ ਬੈਠੇ ਵਿਅਕਤੀ ਨੇ ਆਪਣਾ ਨਾਮ ਮੰਗਲ ਸਿੰਘ ਉਰਫ ਮੰਗਾ ਪੁੱਤਰ ਹਰਪਾਲ ਸਿੰਘ ਵਾਸੀ ਨੌਸ਼ਹਿਰਾ ਢਾਲਾ ਥਾਣਾ ਸਰਾਏ ਅਮਾਨਤ ਖਾਂ ਦੱਸਿਆ। ਐਸ. ਆਈ. ਵੱਲੋਂ ਕਮਲਜੀਤ ਸਿੰਘ ਪੀ.ਪੀ.ਐੱਸ. ਡੀ.ਐਸ.ਪੀ. ਚਾਰਜ ਡੀ.ਐਸ.ਪੀ. ਭਿੱਖੀਵਿੰਡ ਦੀ ਹਾਜ਼ਰੀ ਵਿੱਚ ਉਕਤ ਕਾਬੂ ਕੀਤੇ ਗਏ ਵਿਅਕਤੀਆਂ ਦੀ ਤਲਾਸ਼ੀ ਅਮਲ ਵਿੱਚ ਲਿਆਂਦੀ ਗਈ। ਜਿਸਤੇ ਪਹਿਲਾਂ ਰਣਜੀਤ ਸਿੰਘ ਉਰਫ ਰਾਜਾ, ਮੰਗਲ ਸਿੰਘ ਉਰਫ ਮੰਗਾ ਪਾਸੋਂ ਕੁੱਲ 1 ਕਿਲੋ 700 ਗ੍ਰਾਮ ਹੈਰੋਇਨ ਅਤੇ ਰਣਜੀਤ ਸਿੰਘ ਉਰਫ ਰਾਜਾ ਪਾਸੋਂ ਵਰਤਿਆ ਗਿਆ ਪਿਸਤੌਲ 32 ਬੋਰ ਸਮੇਤ 05 ਰੌਂਦ ਜ਼ਿੰਦਾ, ਇੱਕ ਬੁੱਲਟ ਮੋਟਰਸਾਈਕਲ ਨੰਬਰੀ ਪੀਬੀ14-ਬੀ-4222 ਅਤੇ ਇੱਕ ਡੀ.ਲੈਕਸ ਮੋਟਰਸਾਈਕਲ ਨੰਬਰੀ ਪੀਬੀ 46 ਏਏ-9011 ਬ੍ਰਾਮਦ ਕਰਕੇ ਮੁੱਕਦਮਾ ਨੰਬਰ 51 ਜੁਰਮ 307 ਭ.ਦਸ 21-ਸੀ/29/61/85 ਐਨ.ਡੀ.ਪੀ.ਐਸ ਐਕਟ 25/27/54/59 ਅਸਲਾ ਐਕਟ ਥਾਣਾ ਭਿੱਖੀਵਿੰਡ ਦਰਜ ਰਜਿਸਟਰ ਕਰਕੇ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਗ੍ਰਿਫਤਾਰ ਦੋਸ਼ੀਆਂ ਨੂੰ ਮਾਨਯੋਗ ਅਦਾਲਤ 'ਚ ਪੇਸ਼ ਕਰਕੇ ਰਿਮਾਂਡ ਹਾਸਲ ਕਰਕੇ ਹੋਰ ਮਜੀਦ ਪੁੱਛ-ਗਿੱਛ ਕੀਤੀ ਜਾਵੇਗੀ ਜਿਸ ਪਾਸੋਂ ਇਸਦੇ ਹੋਰ ਵੀ ਖੁਲਾਸੇ ਅਤੇ ਬ੍ਰਾਮਦਗੀ ਹੋਣ ਦੀ ਸੰਭਾਵਨਾ ਹੈ।



## ਅੰਮ੍ਰਿਤਸਰ ਕਲੱਬ ਦੇ ਮੈਂਬਰਾਂ ਵੱਲੋਂ ਬਾਦਲ ਨੂੰ ਨਿੱਘੀ ਸ਼ਰਧਾਂਜਲੀ



**ਅੰਮ੍ਰਿਤਸਰ (ਅਰੋੜਾ)**: ਪੰਜਾਬ ਦੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਅਕਾਲ ਚਲਾਣੇ ਦੇ ਸੰਬੰਧ ਵਿੱਚ ਰਾਮ ਬਾਗ ਸਥਿਤ ਅੰਮ੍ਰਿਤਸਰ ਕਲੱਬ ਵਿੱਚ ਸ਼ੋਕ ਸਭਾ ਦਾ ਆਯੋਜਨ ਕਲੱਬ ਦੇ ਸਕੱਤਰ ਲਲਿਤ ਚੰਡੋਕ ਦੀ ਪ੍ਰਧਾਨਗੀ ਹੇਠ ਕੀਤਾ ਗਿਆ। ਕਲੱਬ ਦੇ ਸਾਰੇ ਮੈਂਬਰਾਂ ਮੌਨ ਧਾਰ ਕੇ ਸ਼ਰਧਾਂਜਲੀ ਦਿੱਤੀ। ਲਲਿਤ ਮੋਹਨ ਚੰਡੋਕ ਨੇ ਮੈਂਬਰਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਪ੍ਰਕਾਸ਼ ਸਿੰਘ ਬਾਦਲ ਸੱਚਾਈ ਦੇ ਰਸਤੇ 'ਤੇ ਚੱਲਣ ਵਾਲੇ ਨੇਤਾ ਸਨ। ਪੰਜਾਬ ਦੇ ਹਰ ਜ਼ਰੂਰਤਮੰਦ ਲਈ ਉਨ੍ਹਾਂ ਨੇ ਹਮੇਸ਼ਾ ਸੰਘਰਸ਼ ਕੀਤਾ। ਪੰਜਾਬ ਨੂੰ ਉਨ੍ਹਾਂ ਦੀ ਕਮੀ ਹਮੇਸ਼ਾ ਮਹਿਸੂਸ ਹੁੰਦੀ ਰਹੇਗੀ। ਸ਼ੋਕ ਸਭਾ ਵਿੱਚ ਰਾਜੇਸ਼ ਮਹਿਰਾ, ਸੰਤ ਪ੍ਰਕਾਸ਼ ਬੱਤਰਾ, ਭੋਲੂ ਕਪੂਰ, ਰਾਕੇਸ਼ ਖੰਨਾ, ਲਾਲੀ ਟਾਬੀਆਂ, ਮਨਮੋਹਨ ਸੰਗਮ, ਕਾਲਾ ਸੋਢੀ, ਕਲੱਬ ਦੇ ਮੈਨੇਜਰ ਮਨੀਸ਼ ਅਰੋੜਾ, ਅਸ਼ੋਕ ਪ੍ਰਧਾਨ, ਅਨੂਪ ਸਿੰਘ, ਕੁਲਦੀਪ ਸਿੰਘ ਨਾਗੀ ਸਹਿਤ ਅੰਮ੍ਰਿਤਸਰ ਕਲੱਬ ਦੇ ਬਹੁਤ ਸਾਰੇ ਮੈਂਬਰ ਮੌਜਦ ਸਨ।

## ਧਾਲੀਵਾਲ ਦੇ ਯਤਨਾਂ ਸਦਕਾ ਰਮਦਾਸ ਨੂੰ ਮਿਲਿਆ ਬਲਾਕ ਦਾ ਦਰਜਾ, ਇਲਾਕਾ ਵਾਸੀਆਂ ਨੇ ਜਤਾਈ ਖੁਸ਼ੀ



**ਅੰਮ੍ਰਿਤਸਰ, ਅਜਨਾਲਾ, (ਨਰਿੰਦਰਜੀਤ ਸਿੰਘ, ਸੁਖਤਿੰਦਰ ਸਿੰਘ ਰਾਜੂ)**-ਪੰਜਾਬ ਕੈਬਨਿਟ ਦੀ ਹੋਈ ਮੀਟਿੰਗ ਵਿੱਚ ਕੁਲਦੀਪ ਸਿੰਘ ਧਾਲੀਵਾਲ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਦੇ ਯਤਨਾਂ ਸਦਕਾ ਬਾਬਾ ਬੁੱਢਾ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਰਮਦਾਸ ਨੂੰ ਬਲਾਕ ਦਾ ਦਰਜਾ ਪ੍ਰਾਪਤ ਹੋ ਗਿਆ ਹੈ ਜਿਸ ਨਾਲ ਸਰਹੱਦੀ ਖੇਤਰ ਦੇ ਲੋਕਾਂ ਨੂੰ ਆਪਣੇ ਕੰਮ ਕਰਵਾਉਣ ਲਈ ਅਜਨਾਲਾ ਵਿਖੇ ਨਹੀਂ ਜਾਣਾ ਪਵੇਗਾ। ਇਸ ਨਾਲ ਲੋਕਾਂ ਦੇ ਸਮੇਂ ਅਤੇ ਧਨ ਦੀ ਬੱਚਤ ਹੋਵੇਗੀ। ਰਮਦਾਸ ਨੂੰ ਬਲਾਕ ਦਾ ਦਰਜਾ ਮਿਲਣ ਉਪਰੰਤ ਖੁਸ਼ਪਾਲ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਅਜਨਾਲਾ ਵਿਖੇ ਸਮੂਹ ਇਲਾਕਾ ਵਾਸੀਆਂ ਵੱਲੋਂ ਖੁਸ਼ੀ ਮਨਾਈ ਗਈ ਅਤੇ ਲੱਡੂ ਵੀ ਵੰਡੇ ਗਏ।

ਦੱਸਣਯੋਗ ਹੈ ਕਿ ਰਮਦਾਸ ਨੂੰ ਬਲਾਕ ਦਾ ਦਰਜਾ ਮਿਲਣ ਨਾਲ 75 ਗ੍ਰਾਮ ਪੰਚਾਇਤਾਂ ਇਸ ਵਿੱਚ ਸ਼ਾਮਲ ਹੋਣਗੀਆਂ, ਜਿਸ ਵਿੱਚ ਅੜਾਇਆ ਰਮਦਾਸ, ਬਾਉਲੀ ਰਮਦਾਸ, ਕੋਟ ਗੁਰਬਖ਼ਸ਼, ਕੋਟਲੀ ਸ਼ਾਹਹਬੀਬ, ਮਾਛੀਵਾਲਾ, ਘੋਨੇਵਾਲਾ, ਪਛੀਆਂ, ਜੱਟਾਂ, ਸ਼ਹਿਜ਼ਾਦਾ, ਨੰਗਲ ਸੋਹਲ, ਨਿਸੋਕੇ, ਸਿੰਗੋਕੇ, ਪੰਡੋਰੀ ਰਮਦਾਸ, ਧੰਗਈ, ਦਰਿਆ ਮੂਸਾ, ਘੁਮਰਾਏ, ਗੱਗੜ, ਪੰਜ ਗਰਾਈਂ ਵਾਹਲਾ, ਅਵਾਣ, ਪੈੜੇਵਾਲ, ਥੋਬਾ, ਕੋਟਲੀ ਜਮੀਤ ਸਿੰਘ, ਕੋਟ ਰਜਾਦਾ, ਕੱਲੋਮਾਹਲ, ਬਾਜਵਾ, ਦੂਹਰੀਆ, ਗਿੱਲਵਾਲੀ, ਦੂਜੋਵਾਲ, ਸੁਲਤਾਨਮਾਹਲ, ਬੇਦੀ ਛੰਨਾ, ਸਮਰਾਏ, ਚਾਹੜਪੁਰ, ਬਗਵਾਨਪੁਰਾ, ਮਹਿਮਦ ਮੰਦਰਾਵਾਲਾ, ਅਬਾਦੀ ਚੰਡੀਗੜ੍ਹ, ਕਤਲੇ, ਗੁੜੇਵਾਲ, ਮਲਕਪੁਰ, ਲੱਖੂਵਾਲ ਰਮਦਾਸ, ਕੁਰਾਲੀਆ, ਜੱਸੜ, ਨਾਨੋਕੇ, ਸੁਧਾਰ, ਨਾਸਰ, ਮਾਕੋਵਾਲ, ਦਿਆਲਪੁਰਾ, ਅੱਬੂਸੈਦ, ਲੰਗੋਮਾਹਲ, ਭੂਰੇਗਿੱਲ, ਡਿਆਲ ਭੜੰਗ, ਕੋਟ ਮੁਗਲ, ਉਰਧਨ, ਬੋਹੜਵਾਲਾ, ਤਲਵੰਡੀ ਨਾਹਰ, ਮੱਧੂਸ਼ਾਂਗਾ, ਗੋਰੇਨੰਗਲ, ਮੱਤੇਨੰਗਲ, ਹੇਲਰ, ਮੋਹਨ ਭੰਡਾਰੀਆ, ਬੱਲ ਬਾਵਾ, ਨਿਜ਼ਾਮਪੁਰਾ, ਹਵੇਲੀਆਂ ਨਿਜ਼ਾਮਪੁਰਾ, ਨਵਾਂ ਪਿੰਡ, ਨਵਾਂ ਪਿੰਡ ਗੋਲਡਨ ਕਲੋਨੀ, ਚੱਕ ਸਕੰਦਰ, ਕੋਟਲਾ ਸਦਰ, ਵਿਛੋਆ, ਸੂਫੀਆ, ਕੋਟ ਕੇਸਰਾ ਸਿੰਘ, ਫਿਰਵਰਿਆਂ, ਹਰਦੋਪੁਤਲੀ, ਖਾਨੋਵਾਲ, ਕੋਟਲਾ ਕਾਜ਼ੀਆਂ, ਤਲਵੰਡੀ ਭੰਗਵਾ, ਹਰੜ ਨੇੜੇ ਭੂਰੇਗਿੱਲ ਸ਼ਾਮਿਲ ਹਨ। ਇਲਾਕਾ ਵਾਸੀਆਂ ਨੇ ਕੈਬਨਿਟ ਮੰਤਰੀ ਧਾਲੀਵਾਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਯਤਨਾਂ ਸਦਕਾ ਹੀ ਰਮਦਾਸ ਨੂੰ ਬਲਾਕ ਦਾ ਦਰਜਾ ਮਿਲ ਸਕਿਆ ਹੈ।

ਇਸ ਮੌਕੇ ਦਫਤਰ ਸਕੱਤਰ ਗੁਰਜੰਟ ਸਿੰਘ ਸੋਹੀ, ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਜਸਪਾਲ ਸਿੰਘ ਢਿੱਲੋਂ, ਸ਼ਿਵਦੀਪ ਸਿੰਘ ਚਾਹਲ, ਸ਼ਹਿਰੀ ਪ੍ਰਧਾਨ ਦੀਪਕ ਕੁਮਾਰ ਚੈਨਪੁਰੀਆ, ਕੌਂਸਲਰ ਨੰਦ ਲਾਲ ਬਾਊ, ਦਵਿੰਦਰ ਸਿੰਘ ਸੋਨੂੰ, ਅਮਿਤ ਔਲ, ਅਮਨਦੀਪ ਸਿੰਘ, ਪਵਿੱਤਰ ਸਿੰਘ, ਰਛਪਾਲ ਸਿੰਘ, ਕੌਂਸਲਰ ਅਵਿਨਾਸ਼ ਮਸੀਹ, ਸੁਨੀਲ ਗਿੱਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

## 400 ਕਿਲੋ ਲਾਹਣ ਬਰਾਮਦ; ਇਕ ਕਾਬੂ, ਦੂਜਾ ਫਰਾਰ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਥਾਣਾ ਘੁੰਮਣ ਕਲਾਂ ਦੀ ਪੁਲਸ ਨੇ 400 ਕਿਲੋ ਲਾਹਣ ਬਰਾਮਦ ਕਰਕੇ ਦੋ ਵਿਅਕਤੀਆਂ ਵਿਰੁੱਧ ਕੇਸ ਦਰਜ ਕੀਤਾ ਹੈ। ਇਕ ਦੋਸ਼ੀ ਕਾਬੂ ਅਤੇ ਦੂਜਾ ਫਰਾਰ ਹੈ। ਇਸ ਸੰਬੰਧੀ ਥਾਣਾ ਘੁੰਮਣ ਕਲਾਂ ਦੇ ਐਸ. ਐਚ. ਓ. ਇੰਸਪੈਕਟਰ ਮਨੋਜ ਕੁਮਾਰ ਨੇ ਦੱਸਿਆ ਕਿ ਏਐੱਸਆਈ ਸੁਲੱਖਣ ਸਿੰਘ ਸਮੇਤ ਪੁਲਸ ਪਾਰਟੀ, ਭੈੜੇ ਪੁਰਸ਼ਾਂ ਦੀ ਤਲਾਸ਼ ਵਿੱਚ ਗਸ਼ਤ ਕਰਦੇ ਹੋਏ ਜਦ ਪਿੰਡ ਮਾਲੋਗਿੱਲ ਪਹੁੰਚੇ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਤਰਸੇਮ ਸਿੰਘ ਜੋ ਗੁਰਮੁਖ ਸਿੰਘ ਪੁੱਤਰ ਪ੍ਰਤਾਪ ਸਿੰਘ ਦੇ ਘਰ ਕੰਮ ਕਰਦਾ ਹੈ, ਇਹ ਦੋਵੇਂ ਰਲ ਕੇ ਹਵੇਲੀ ਵਿੱਚ ਮੋਟਰ ਤੇ ਨਜ਼ਾਇਜ਼ ਸ਼ਰਾਬ ਕੱਢ ਕੇ ਵੇਚਦੇ ਹਨ ਜਿਸ 'ਤੇ ਪੁਲਸ ਨੇ ਰੇਡ ਕੀਤਾ ਤਾਂ ਗੁਰਮੁਖ ਸਿੰਘ ਦੀ ਮੋਟਰ ਤੋਂ ਕੁੱਲ 400 ਕਿਲੋ ਲਾਹਣ ਬਰਾਮਦ ਹੋਈ। ਪੁਲਸ ਨੇ ਗੁਰਮੁਖ ਸਿੰਘ ਪੁੱਤਰ ਪ੍ਰਤਾਪ ਸਿੰਘ ਅਤੇ ਤਰਸੇਮ ਸਿੰਘ ਉਰਫ ਸੇਮਾ ਪੁੱਤਰ ਗੁਲਜ਼ਾਰ ਸਿੰਘ ਵਾਸੀ ਮੁਸਤਫਾਪੁਰ ਵਿਰੁੱਧ ਐਕਸਾਈਜ਼ ਐਕਟ ਤਹਿਤ ਕੇਸ ਦਰਜ ਕਰ ਲਿਆ ਹੈ। ਤਰਸੇਮ ਸਿੰਘ ਗ੍ਰਿਫਤਾਰ ਹੈ, ਜਦਕਿ ਗੁਰਮੁੱਖ ਸਿੰਘ ਫਰਾਰ ਹੈ।

## ਜੀ ਐੱਨ ਡੀ ਯੂ ਕਾਲਜ ਪੱਟੀ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਕਰਵਾਏ



**ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਪੱਟੀ ਵਿਖੇ ਸੈਸ਼ਨ ਦੀ ਸਮਾਪਤੀ 'ਤੇ ਸ਼ੁਕਰਾਨੇ ਵਜੋਂ ਤੇ ਵਿਦਿਆਰਥੀਆਂ ਦੇ ਚੰਗੇ ਭਵਿੱਖ ਲਈ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਭੋਗ ਉਪਰੰਤ ਕਾਲਜ ਦੇ ਵਿਦਿਆਰਥੀਆਂ ਵੱਲੋਂ ਰਸ-ਭਿੰਨਾ ਕੀਰਤਨ ਕੀਤਾ ਗਿਆ। ਕੀਰਤਨ ਉਪਰੰਤ ਕਾਲਜ ਦੇ ਸਰਬ-ਪੱਖੀ ਵਿਕਾਸ ਅਤੇ ਸਰਬੱਤ ਦੇ ਭਲੇ ਲਈ ਕਾਲਜ ਪਰਮਾਤਮਾ ਦਾ ਓਟ ਆਸਰਾ ਤੱਕਦਿਆਂ ਹੋਇਆਂ ਸਮੂਹ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਅਰਦਾਸ ਕੀਤੀ ਗਈ। ਇਸ ਮੌਕੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਵੀ ਹਾਜ਼ਰੀ ਭਰੀ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਰਜਿੰਦਰ ਕੁਮਾਰ ਮਰਵਾਹ ਨੇ ਕਿਹਾ ਕਿ ਪਰਮਾਤਮਾ ਅੱਗੇ ਅਰਦਾਸ ਕਰਕੇ ਸ਼ੁਰੂ ਕੀਤਾ ਗਿਆ ਕੋਈ ਵੀ ਕੰਮ ਸਫਲਤਾਪੂਰਵਕ ਸਿਰੇ ਚੜ੍ਹਦਾ ਹੈ। ਇਸ ਦੇ ਨਾਲ ਹੀ ਉਨ੍ਹਾਂ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਬਿਹਤਰੀਨ ਨਤੀਜਿਆਂ, ਖੇਡਾਂ ਅਤੇ ਹੋਰ ਗਤੀਵਿਧੀਆਂ ਲਈ ਪ੍ਰਮਾਤਮਾ ਦਾ ਸ਼ੁਕਰਾਨਾ ਕਰਦੇ ਹੋਏ ਸਰਬੱਤ ਦੇ ਭਲੇ ਲਈ ਕਾਮਨਾ ਕੀਤੀ। ਸਮਾਗਮ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

## ਪੰਜਾਬ ਦੇ ਮਨਿਸਟੀਰੀਅਲ ਕਾਮੇ 4 ਮਈ ਨੂੰ ਸਮੂਹਿਕ ਛੁੱਟੀ ਲੈ ਕੇ ਜਲੰਧਰ ਵੱਲ ਕਰਨਗੇ ਕੂਚ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਸੂਬਾ ਕਮੇਟੀ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਵੱਲੋਂ ਪੰਜਾਬ ਸਰਕਾਰ ਖਿਲਾਫ ਦਿੱਤੇ ਗਏ ਐਕਸ਼ਨ ਤਹਿਤ ਜ਼ਿਲਾ ਗੁਰਦਾਸਪੁਰ ਯੂਨਿਟ ਵੱਲੋਂ ਡਿਪਟੀ ਕਮਿਸ਼ਨਰ ਦਫਤਰ ਜ਼ਿਲਾ ਪ੍ਰਬੰਧਕੀ ਕੰਪਲੈਕਸ ਦੇ ਬਾਹਰ ਗੇਟ ਰੈਲੀ ਕਰਕੇ ਰੋਸ ਪਰਦਰਸ਼ਨ ਕੀਤਾ ਗਿਆ। ਸਰਕਾਰੀ ਮੁਲਾਜ਼ਮਾਂ ਦੀ ਇਸ ਜੱਥੇਬੰਦੀ ਦੇ ਜ਼ਿਲਾ ਵਰਕਿੰਗ ਪ੍ਰਧਾਨ ਲਖਵਿੰਦਰ ਸਿੰਘ ਗੋਰਾਇਆ ਅਤੇ ਜ਼ਿਲ੍ਹਾ ਜਨਰਲ ਸਕੱਤਰ ਨਰਿੰਦਰ ਸ਼ਰਮਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਉਨ੍ਹਾਂ ਦੀ ਜੱਥੇਬੰਦੀ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਦੀ ਪਿਛਲੇ ਦਿਨੀਂ ਇੱਕ ਅਹਿਮ ਮੀਟਿੰਗ ਹੋਈ, ਜਿਸ ਵਿੱਚ ਜਲੰਧਰ ਦੀ ਜ਼ਿਮਨੀ ਚੋਣ ਦੇ ਮੱਦੇਨਜ਼ਰ ਪੰਜਾਬ ਸਰਕਾਰ ਖਿਲਾਫ ਸ਼ੰਘਰਸ਼ ਦਾ ਐਲਾਨ ਕੀਤਾ ਗਿਆ ਜਿਸ ਤਹਿਤ ਮਿਤੀ 28-4-2023 ਨੂੰ ਜ਼ਿਲ੍ਹਾ ਪੱਧਰ ਤੇ ਰੋਸ ਰੈਲੀਆਂ ਕਰਨ ਉਪਰੰਤ ਪੰਜਾਬ ਦਾ ਸਮੁੱਚਾ ਮਨਿਸਟੀਰੀਅਲ ਮੁਲਾਜ਼ਮ ਵਰਗ 4 ਮਈ ਬੁੱਧਵਾਰ ਨੂੰ ਸਮੂਹਿਕ ਛੁੱਟੀ ਲੈ ਕੇ ਜਲੰਧਰ ਵੱਲ ਕੂਚ ਕਰੇਗਾ ਅਤੇ ਪੰਜਾਬ ਸਰਕਾਰ ਦੀ ਵਾਅਦਾ ਖਿਲਾਫੀ ਵਿਰੁੱਧ ਪੁੱਡਾ ਗਰਾਊਂਡ ਜਲੰਧਰ ਤੋਂ ਆਮ ਆਦਮੀ ਪਾਰਟੀ ਦੇ ਕੈਂਡੀਡੇਟ ਦੀ ਰਿਹਾਇਸ਼ ਤੱਕ ਰੋਸ ਮਾਰਚ ਕੀਤਾ ਜਾਵੇਗਾ। ਇਸ ਸੰਬੰਧੀ ਉਕਤ ਅਹੁਦੇਦਾਰਾਂ ਨੇ ਦੱਸਿਆ ਕਿ ਪੰਜਾਬ ਦੀ ਮੌਜੂਦਾ ਸਰਕਾਰ ਵੱਲੋਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵਾਅਦੇ ਕੀਤੇ ਗਏ ਸੀ ਕਿ ਸਾਡੀ ਸਰਕਾਰ ਆਉਣ 'ਤੇ ਪੇ-ਕਮਿਸ਼ਨ ਸੋਧ ਕੇ, ਪੇ-ਕਮਿਸ਼ਨ ਦਾ ਬਕਾਇਆ ਅਤੇ ਸਭ ਤੋਂ ਵੱਡਾ ਮੁੱਦਾ ਪੁਰਾਣੀ ਪੈਨਸ਼ਨ ਬਹਾਲੀ ਜਿਸ ਦਾ ਮੁਲਾਜ਼ਮ ਨੂੰ ਲਾਰਾ ਲਗਾ ਕੇ ਸਰਕਾਰ ਬਣਾਈ ਗਈ ਹੁਣ ਸਰਕਾਰ ਪੈਨਸਨ ਬਹਾਲੀ ਤੋ ਵੀ ਮੁਕਰ ਗਈ ਅਤੇ ਪੁਰਾਣੀ ਪੈਨਸਨ ਬਹਾਲ ਕਰਨ ਵਿਚ ਅਸਫਲ ਰਹੀ ਹੈ ਅਤੇ ਸਰਕਾਰ ਆਪਣੇ ਕੀਤੇ ਵਾਅਦੇ ਪੂਰੇ ਕਰਨ ਦੀ ਗੱਲ ਤਾਂ ਦੂਰ, ਮੁਲਾਜ਼ਮ ਆਗੂਆਂ ਨੂੰ ਮੀਟਿੰਗ ਦਾ ਸਮਾਂ ਦੇਣ ਤਾਂ ਵੀ ਗੁਰੇਜ਼ ਕਰ ਰਹੀ ਹੈ। ਇਸ ਸੰਬਧੀ ਸਮੁੱਚੇ ਮੁਲਾਜ਼ਮ ਵਰਗ ਨੇ ਆਉਣ ਵਾਲੇ ਸਮੇਂ ਵਿਚ ਵੱਡਾ ਐਕਸ਼ਨ ਸਰਕਾਰ ਖਿਲਾਫ ਕਰਨ ਦੀ ਚੇਤਾਵਨੀ ਵੀ ਦਿੱਤੀ ਜਿਸ ਵਿਚ ਕਲਮਛੋੜ ਹੜਤਾਲ ਅਤੇ ਵੱਡੇ ਸੰਘਰਸ਼ ਆਰੰਭ ਕੀਤੇ ਜਾਣਗੇ।

## ਸੜਕ ਦੀ ਨੁਹਾਰ ਬਦਲੀ, ਪਾਣੀ ਦੀ ਨਿਕਾਸੀ ਦਾ ਮਸਲਾ ਹੱਲ

**ਮਜੀਠਾ (ਸੋਇਮ ਆਨੰਦ)**-ਪਿਛਲੇ ਲੰਮੇ ਸਮੇਂ ਤੋਂ ਮਜੀਠਾ-ਅੰਮ੍ਰਿਤਸਰ ਮੇਨ ਸੜਕ 'ਤੇ ਵੱਡੇ ਵੱਡੇ ਟੋਏ ਪਏ ਸਨ। ਲੋਕਾਂ ਅਤੇ ਰਾਹਗੀਰਾਂ ਦੀ ਪੁਰਜ਼ੋਰ ਮੰਗ 'ਤੇ ਐਸ.ਡੀ.ਐਮ ਮਜੀਠਾ ਡਾ: ਹਰਨੂਰ ਕੌਰ ਢਿੱਲੋਂ ਦੇ ਧਿਆਨ ਵਿੱਚ ਆਉਣ ਤੋਂ ਬਾਅਦ ਉਨ੍ਹਾਂ ਵੱਲੋ ਨਿੱਜੀ ਦਿਲਚਸਪੀ ਲੈ ਕੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਬੰਧਤ ਵਿਭਾਗ ਨਾਲ ਤਾਲਮੇਲ ਕਰਕੇ ਇਨ੍ਹਾਂ ਟੋਇਆਂ ਨੂੰ ਭਰਵਾਉਣ ਦਾ ਕੰਮ ਕੀਤਾ ਹੇ। ਹੁਣ ਨਵਾਂ ਬੱਸ ਅੱਡਾ ਤੋਂ ਰੇਲਵੇ ਫਾਟਕ ਤੱਕ ਸਾਰੀ ਸੜਕ 'ਤੇ ਪਏ ਟੋਏ ਵਧੀਆ ਤਰੀਕੇ ਨਾਲ ਭਰ ਦਿੱਤੇ ਹਨ ਅਤੇ ਸੜਕ ਪੱਧਰੀ ਹੋ ਗਈ ਹੈ। ਇਸੇ ਤਰ੍ਹਾਂ ਕਸਬਾ ਮਜੀਠਾ ਦੇ ਬਾਹਰਵਾਰ ਵਾਰਡ ਨੰਬਰ 1 ਦੀ ਆਬਾਦੀ ਰੋੜੀ ਦੀ ਸੜਕ ਵੀ ਅਨੇਕਾਂ ਵਾਰ ਟੁੱਟ ਚੁੱਕੀ ਹੈ ਜਿਸ ਦਾ ਮੁੱਖ ਕਾਰਣ ਆਬਾਦੀ ਦੇ ਸੀਵਰੇਜ ਦੀ ਨਿਕਾਸੀ ਵਾਸਤੇ ਯੋਗ ਪ੍ਰਬੰਧ ਨਹੀ ਸੀ। ਆਬਾਦੀ ਦੇ ਵਾਸੀਆਂ ਦੀ ਮੰਗ 'ਤੇ ਡਾ: ਹਰਨੂਰ ਕੌਰ ਢਿੱਲੋ ਨੇ ਨਗਰ ਕੌਂਸਲ ਮਜੀਠਾ ਦੇ ਅਧਿਕਾਰੀਆਂ ਨਾਲ ਰਾਬਤਾ ਕਰਕੇ ਪਾਣੀ ਦੀ ਨਿਕਾਸੀ ਵਾਸਤੇ ਸੜਕ ਦੇ ਕੰਢੇ ਪਾਈਪ ਪਾਉਣ ਦੇ ਆਦੇਸ਼ ਜਾਰੀ ਕੀਤੇ ਜਿਸ ਤੇ ਆਬਾਦੀ ਰੋੜੀ ਵਿਖੇ ਪਾਈਪ ਪਾਉਣ ਦਾ ਕੰਮ ਸ਼ੁਰੂ ਹੋ ਚੁੱਕਾ ਹੈ। ਗੱਲਬਾਤ ਕਰਦਿਆਂ ਡਾ: ਹਰਨੂਰ ਨੇ ਕਿਹਾ ਕਿ ਇਨ੍ਹਾਂ ਮੁੱਢਲੀਆਂ ਜ਼ਰੂਰਤਾਂ ਨੂੰ ਲੈ ਕੇ ਲੋਕਾਂ ਵਿੱਚ ਭਾਰੀ ਬੇਚੈਨੀ ਪਾਈ ਜਾ ਰਹੀ ਸੀ ਜਿਨ੍ਹਾਂ ਨੂੰ ਸੰਬਧਤ ਵਿਭਾਗਾਂ ਦੇ ਅਧਿਕਾਰੀਆਂ ਦੇ ਸਹਿਯੋਗ ਨਾਲ ਹੱਲ ਕਰਵਾ ਲਿਆ ਗਿਆ ਹੈ। ਇਸ ਮੌਕੇ ਡਾ: ਹਰਨੂਰ ਕੌਰ ਢਿੱਲੋਂ ਨਾਲ ਰੀਡਰ ਵਰਿੰਦਰ ਭਾਟੀਆ, ਦੀਪਕ ਭੱਟੀ, ਹਰਪ੍ਰੀਤ ਸਿੰਘ, ਮਹਿਕਮਾ ਪੀ. ਡਬਲਿਊ. ਡੀ. ਦੇ ਅਧਿਕਾਰੀ ਅਤੇ ਨਗਰ ਕੌਂਸਲ ਦੇ ਅਧਿਕਾਰੀ ਵੀ ਹਾਜ਼ਰ ਸਨ।

## ਜਲੰਧਰ ਜ਼ਿਮਨੀ ਚੋਣ 'ਚ ਲੋਕ 'ਆਪ' ਦੇ ਹੱਕ 'ਚ ਦੇਣਗੇ ਇਤਿਹਾਸਕ ਫਤਵਾ: ਰਾਜੀਵ ਮਦਾਨ



**ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)**-ਸੂਬੇ ਦੀਆਂ ਰਵਾਇਤੀ ਸਿਆਸੀ ਪਾਰਟੀਆਂ ਕਾਂਗਰਸ ਤੇ ਅਕਾਲੀ-ਭਾਜਪਾ ਗਠਜੋੜ ਦੀਆਂ ਸਾਬਕਾ ਸਰਕਾਰਾਂ ਦੌਰਾਨ ਆਪਣੀ 50 ਸਾਲਾਂ ਤੋਂ ਕੀਤੀ ਜਾਂਦੀ ਕਥਿਤ ਲੁੱਟ-ਖਸੁੱਟ ਅਤੇ ਮਾਰੂ ਨੀਤੀਆਂ ਤੋਂ ਨਿਜਾਤ ਪਾਉਣ ਲਈ ਲੋਕਾਂ ਨੇ ਉਕਤ ਰਵਾਇਤੀ ਸਿਆਸੀ ਪਾਰਟੀਆਂ ਨੂੰ ਪਛਾੜ ਕੇ 'ਆਪ' ਨੂੰ ਭਾਰੀ ਬਹੁਮਤ ਦਿਵਾਉਂਦੇ ਹੋਏ ਸੂਬੇ ਦੀ ਸੱਤਾ ਸੌਂਪੀ ਸੀ ਇਸ ਉਪਰੰਤ ਆਪ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਵਾਅਦਿਆਂ 'ਚੋਂ ਮਾਤਰ 13 ਮਹੀਨਿਆਂ ਦਰਮਿਆਨ ਹੀ ਜ਼ਿਆਦਾਤਰ ਵਾਅਦੇ ਪੂਰੇ ਦੇਣ ਤੋਂ ਸੂਬੇ ਦੇ ਲੋਕ ਬਾਗੋ-ਬਾਗ ਤੇ ਖੁਸ਼ ਨਜ਼ਰ ਆ ਰਹੇ ਹਨ। ਇਸ ਲਈ ਜਲੰਧਰ ਦੀ ਜ਼ਿਮਨੀ ਚੋਣ 'ਚ ਲੋਕ 'ਆਪ' ਨੂੰ ਇਤਿਹਾਸਕ ਜਿੱਤ ਦਿਵਾ ਕੇ ਲੋਕ ਮੁੜ ਰਵਾਇਤੀ ਪਾਰਟੀਆਂ ਦੇ ਸਭ ਭਰਮ ਭੁਲੇਖੇ ਦਰ ਕਰਨ ਲਈ ਉਤਸਕ ਹਨ। ਉਕਤ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੇ ਓਐੱਸਡੀ ਐਡਵੋਕੇਟ ਰਾਜੀਵ ਮਦਾਨ ਵੱਲੋਂ ਇੱਥੇ ਆਪ ਦੇ ਅਜਨਾਲਾ ਸ਼ਹਿਰੀ ਦੇ ਪ੍ਰਧਾਨ ਦੀਪਕ ਚੈਨਪੁਰੀਆ ਤੇ ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਜਸਪਾਲ ਸਿੰਘ ਢਿੱਲੋਂ ਦੀ ਵਿਸ਼ੇਸ਼ ਹਾਜ਼ਰੀ 'ਚ ਜਲੰਧਰ ਲੋਕ ਸਭਾ ਸੀਟ ਤੋਂ 'ਆਪ' ਦੀ ਜਿੱਤ ਨੂੰ ਯਕੀਨੀ ਬਣਾਉਣ ਲਈ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੀ ਅਗਵਾਈ 'ਚ ਪਾਰਟੀ ਆਗੂਆਂ ਤੇ ਵਰਕਰਾਂ ਵੱਲੋਂ ਜਲੰਧਰ ਵਿਖੇ ਘਰ-ਘਰ ਜਾ ਕੇ ਲੋਕਾਂ ਨੂੰ ਪੰਜਾਬ ਸਰਕਾਰ ਦੀਆਂ ਲੋਕ ਹਿਤੈਸ਼ੀ ਨੀਤੀਆਂ ਪ੍ਰਤੀ ਲਾਮਬੰਦ ਕਰਨ ਉਪਰੰਤ ਵਾਪਿਸ ਅਜਨਾਲਾ ਪੁੱਜਣ 'ਤੇ ਜਲੰਧਰ ਦੇ ਚੋਣ ਸਮੀਕਰਨਾਂ ਬਾਰੇ ਜਾਣਕਾਰੀ ਦਿੰਦੇ ਹੋਏ ਕੀਤਾ ਗਿਆ।

## ਬੀ ਕੇ ਇੰਟਰਨੈਸ਼ਨਲ ਸਕੂਲ 'ਚ ਧਰਤੀ ਦਿਵਸ ਮਨਾਇਆ




**ਮਲਸ਼ੀਆਂ (ਯੋਗੇਸ਼ਵਰ, ਰੀਨਾ ਸ਼ਰਮਾ)** ਬੀ ਕੇ ਇੰਟਰਨੈਸ਼ਨਲ ਕਾਨਵੈਂਟ ਸਕੂਲ ਵਾੜਾ ਜੋਧ ਸਿੰਘ ਵਿਖੇ ਧਰਤੀ ਦਿਵਸ ਮਨਾਇਆ ਗਿਆ। ਇਸ ਵਿੱਚ ਵਿਦਿਆਰਥੀਆਂ ਨੂੰ ਧਰਤੀ ਅਤੇ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਉਣ ਲਈ ਪ੍ਰੇਰਿਤ ਕਰਦੇ ਹੋਏ ਹਾਰਮਨੀ ਹਾਊਸ ਦੇ ਮੈਂਬਰਾਂ ਵੱਲੋਂ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਵਿਦਿਆਰਥੀਆਂ ਨੇ ਸਲੋਗਨ ਰਾਈਟਿੰਗ, ਕਵਿਤਾ ਉਚਾਰਨ, ਭਾਸ਼ਣ ਪ੍ਰਤੀਯੋਗਤਾ, ਕਲਰਿੰਗ ਆਦਿ ਗਤੀਵਿਧੀਆਂ ਵਿਚ ਹਿੱਸਾ ਲਿਆ। ਸਕੂਲ ਮੈਨੇਜਮੈਂਟ ਅਤੇ ਪ੍ਰਿੰਸੀਪਲ ਨੀਤਿਮਾ ਪੁਰੀ ਨੇ ਵਿਦਿਆਰਥੀਆਂ ਦੇ ਕੰਮ ਦੀ ਸ਼ਲਾਘਾ ਕਰਦੇ ਹੋਏ ਉਹਨਾਂ ਨੂੰ ਆਪਣੇ ਵਾਤਾਵਰਣ ਨੂੰ ਸੰਭਾਲਣ ਲਈ ਉਪਰਾਲੇ ਕਰਨ ਲਈ ਪ੍ਰੇਰਿਤ ਕੀਤਾ।

## ਸੀਕੇਡੀ ਤੇ ਆਈ ਐੱਮ ਟੀ ਕਾਲਜ ਵਿਖੇ ਖੇਡ ਮੁਕਾਬਲੇ ਕਰਵਾਏ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਸੀਕੇਡੀ. ਆਈਐਮਟੀ. ਤਰਨ ਤਾਰਨ ਕਾਲਜ ਵੱਲੋਂ ਇੰਟਰ ਡਿਪਾਰਟਮੈਂਟ ਖੇਡ ਮੁਕਾਬਲੇ ਕਰਵਾਏ ਗਏ ਜਿਸਦੇ ਤਹਿਤ ਵੱਖ-ਵੱਖ ਵਿਭਾਗਾਂ ਵਿੱਚੋਂ ਕਰੀਬ 100 ਵਿਦਿਆਰਥੀਆਂ ਨੇ ਵੱਖ-ਵੱਖ ਖੇਡਾਂ ਜਿਵੇਂ ਬੈਡਮਿੰਟਨ, ਵਾਲੀਬਾਲ, ਸ਼ਤਰੰਜ, 100 ਮੀਟਰ ਰੇਸ, ਖੋ-ਖੋ, ਲੈਮਨ ਰੇਸ, ਥ੍ਰੀ ਲੈਗ ਰੇਸ, ਸੈਕ ਰੇਸ ਅਤੇ ਰੱਸਾਕਸ਼ੀ ਵਿੱਚ ਹਿੱਸਾ ਲਿਆ।



ਰਮਨਦੀਪ ਕੌਰ ਬੀ.ਸੀ.ਏ. ਭਾਗ-6 ਨੇ ਬੈਡਮਿੰਟਨ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਸੁਖਚੈਨ ਸਿੰਘ ਟੀਮ-ਬੀ ਨੇ ਵਾਲੀਬਾਲ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਅਸ਼ੋਕ ਕੁਮਾਰ ਬੀ.ਸੀ.ਏ. ਭਾਗ-2 ਨੇ ਸ਼ਤਰੰਜ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਗੁਰਪ੍ਰੀਤ ਕੌਰ ਬੀ.ਕਾਮ. ਭਾਗ-2 100 ਮੀਟਰ ਰੇਸ ਕੁੜੀਆਂ ਵਿੱਚੋ ਅਤੇ ਗੁਰਸਾਹਿਬ ਸਿੰਘ ਐਚਐਮਸੀ ਟੀ ਭਾਗ-2 ਨੇ 100 ਮੀਟਰ ਰੇਸ ਮੁੰਡਿਆਂ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਰਮਨਦੀਪ ਕੌਰ ਟੀਮ-ਬੀ ਨੇ ਖੋ-ਖੋ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਗੁਰਸਾਹਿਬ ਸਿੰਘ ਐੱਚਐੱਮਸੀ ਟੀ ਭਾਗ-2 ਨੇ ਲੈਮਨ ਰੇਸ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਗੁਰਸਾਹਿਬ ਸਿੰਘ ਐੱਚਐੱਮਸੀ ਟੀ ਭਾਗ-2 ਨੇ ਥ੍ਰੀ ਲੈਗ ਰੇਸ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਗੁਰਸਾਹਿਬ ਸਿੰਘ ਐਚਐਮਸੀ ਟੀ ਭਾਗ-2 ਨੇ ਸੈਕ ਰੇਸ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਰਾਹਲਦੀਪ ਸਿੰਘ ਟੀਮ-ਏ ਨੇ ਰੱਸਾਕਸ਼ੀ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਇਸ ਮੌਕੇ ਜੇਤੂ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਜਸਬੀਰ ਸਿੰਘ ਵੱਲੋਂ ਮੈਡਲ ਅਤੇ ਸ਼ੀਲਡ ਦੇ ਕੇ ਸਨਮਾਨਿਤ ਕੀਤਾ ਗਿਆ।

## ਓਟ ਸੈਂਟਰ ਹਰੀਕੇ 'ਚ ਪੰਜਵੀਂ ਵਾਰ ਚੋਰੀ



**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਬੀਤੀ ਰਾਤ ਅਣਪਛਾਤਿਆਂ ਨੇ ਓਟ ਸੈਂਟਰ ਹਰੀਕੇ ਨੂੰ ਨਿਸ਼ਾਨਾ ਬਣਾਉਂਦਿਆਂ ਬਿਜਲਈ ਉਪਕਰਣ ਚੋਰੀ ਕਰ ਲਏ। ਚੋਰ ਜਾਣ ਵੇਲੇ ਆਪਣੇ ਨਾਲ ਸੈਂਟਰ ਦੀ ਤਾਰ ਵੀ ਵੱਢ ਕੇ ਲੈ ਗਏ ਜਿਸ ਕਾਰਨ ਸਟਾਫ ਨੂੰ ਗਰਮੀ ਅਤੇ ਹਨੇਰੇ 'ਚ ਕੰਮ ਕਰਨਾ ਪੈ ਰਿਹਾ ਹੈ। ਉਕਤ ਮਾਮਲੇ ਸਬੰਧੀ ਥਾਣਾ ਹਰੀਕੇ ਵਿਖੇ ਵੀ ਸੂਚਿਤ ਕੀਤਾ ਜਾ ਚੁੱਕਾ ਹੈ। ਗੌਰਤਲਬ ਹੈ ਕਿ ਇਸ ਤੋਂ ਪਹਿਲਾਂ ਵੀ ਇਸ ਸੈਂਟਰ ਨੂੰ ਚੋਰਾਂ ਵੱਲੋਂ 4 ਵਾਰ ਨਿਸ਼ਾਨਾ ਬਣਾਇਆ ਜਾ ਚੁੱਕਾ ਹੈ। ਜਾਣਕਾਰੀ ਦਿੰਦਿਆਂ ਮੈਡੀਕਲ ਅਫਸਰ ਡਾਕਟਰ ਬੇਅੰਤ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਅਣਪਛਾਤਿਆਂ ਨੇ ਹਸਪਤਾਲ ਅੰਦਰੋਂ ਬਿਜਲਈ ਉਪਕਰਣ ਚੋਰੀ ਕਰ ਲਏ ਤੇ ਸੈਂਟਰ ਦੀ ਤਾਰ ਵੱਢ ਕੇ ਲੈ ਗਏ। ਚੋਰ ਕੰਪਿਊਟਰ, ਦਵਾਈਆਂ, ਸਟਾਕ, ਨਕਦੀ, ਪਾਣੀ ਦੀ ਟੈਂਕੀ ਅਤੇ ਮੋਟਰ, ਬਿਜਲਈ ਉਪਕਰਣ ਅਤੇ ਬੋਰ ਦਾ ਗਾਰਡਰ ਵੀ ਚੋਰੀ ਕਰ ਕੇ ਲੈ ਗਏ। ਇਸ ਸਬੰਧੀ ਥਾਣਾ ਹਰੀਕੇ ਵਿਖੇ ਦਸਤੀ ਦਰਖਾਸਤ 387 ਨੰਬਰ ਦਿੱਤੀ ਸੀ ਪਰ ਪੁਲਸ ਨੇ ਕਿਸੇ ਅਗਿਆਤ ਪਰਚੇ ਨਾਲ ਤਫਤੀਸ਼ ਕਰਨ ਦੀ ਗੱਲ ਕਰਕੇ ਪੱਲਾ ਝਾੜ ਲਿਆ। ਉਹਨਾਂ ਦੱਸਿਆ ਕਿ ਅੱਜ ਵੀ ਥਾਣਾ ਹਰੀਕੇ ਵਿਖੇ ਦਸਤੀ ਦਰਖਾਸਤ ਨੰਬਰ 192 ਦਿੱਤਾ ਹੈ ਪਰ ਪੁਲਸ ਤੋਂ ਇਨਸਾਫ ਦੀ ਉਮੀਦ ਨਾਂਹ ਦੇ ਬਰਾਬਰ ਹੈ। ਮਾਮਲੇ ਦੇ ਤਫਤੀਸ਼ੀ ਸਹਾਇਕ ਥਾਣੇਦਾਰ ਤਰਸੇਮ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਮੈਂ ਤਾਂ ਤਰਨਤਾਰਨ ਗਿਆ ਪਰ ਚੋਰੀ ਦਰਖਾਸਤ ਦਾ ਮੈਨੂੰ ਨਹੀ ਪਤਾ। ਉਨਾਂ ਕਿਹਾ ਕਿ ਦਰਖਾਸਤ ਮਿਲਣ ਤੋਂ ਬਾਅਦ ਹੀ ਕਾਨੂੰਨੀ ਕਾਰਵਾਈ ਸੰਭਵ ਹੋਵੇਗੀ।

## ਤੰਬਾਕੂ ਵੇਚਣ ਵਾਲੇ ਦੁਕਾਨਦਾਰਾਂ ਦੇ ਕੱਟੇ ਚਲਾਨ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਸਿਵਲ ਸਰਜਨ ਗੁਰਦਾਸਪੁਰ ਡਾਕਟਰ ਹਰਭਜਨ ਰਾਮ ਮਾਂਡੀ ਦੀਆਂ ਸਖਤ ਹਦਾਇਤਾਂ ਅਨੁਸਾਰ ਅਤੇ ਐੱਸਐੱਮਓ ਕਾਹਨੂੰਵਾਨ ਡਾਕਟਰ ਨੀਲਮ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਹੈਲਥ ਇੰਸਪੈਕਟਰ ਦਲੀਪ ਰਾਜ ਦੀ ਯੋਗ ਅਗਵਾਈ ਹੇਠ ਅੱਜ ਮਿਤੀ 28/4/23 ਨੂੰ ਤੰਬਾਕੂਨੋਸ਼ੀ ਵਿਰੁੱਧ ਵਿੱਢੀ ਮੁਹਿੰਮ ਤਹਿਤ ਹੈਲਥ ਇੰਸਪੈਕਟਰ ਦਲੀਪ ਰਾਜ ਹੈਲਥ ਇੰਸਪੈਕਟਰ ਮਹਿੰਦਰ ਪਾਲ ਸਿਹਤ ਕਰਮਚਾਰੀ ਲਖਬੀਰ ਸਿੰਘ ਅਤੇ ਮਨਪ੍ਰੀਤ ਸਿੰਘ ਦੀ ਟੀਮ ਵੱਲੋਂ ਕਸਬਾ ਕਾਹਨੂੰਵਾਨ ਵਿਖੇ ਬਿਨਾਂ ਤੰਬਾਕੂਨੋਸ਼ੀ ਦੇ ਬੋਰਡ ਲੱਗੇ ਦੁਕਾਨਦਾਰਾਂ ਦੇ ਚਲਾਨ ਕੱਟੇ ਗਏ ਅਤੇ ਦੁਕਾਨਦਾਰਾਂ ਨੂੰ ਹਦਾਇਤਾਂ ਕੀਤੀਆਂ ਗਈਆਂ ਹਨ ਕਿ ਨਬਾਲਿਗਾਂ ਨੂੰ ਬੀੜੀ ਸਿਗਰਟ ਨਾ ਵੇਚੀ ਜਾਵੇ। ਤੰਬਾਕੂ ਨਾਲ ਹੋਣ ਵਾਲੀਆਂ ਭਿਆਨਕ ਬਿਮਾਰੀਆਂ ਤੇ ਮਾੜੇ ਪਰਭਾਵਾਂ ਬਾਰੇ ਜਾਣਕਾਰੀ ਦਿੰਦੇ ਹੋਏ ਹੈਲਥ ਇੰਸਪੈਕਟਰ ਦਲੀਪ ਨੇ ਲੋਕਾਂ ਨੂੰ ਜਾਗਰੂਕ ਕਰਦਿਆਂ ਦੱਸਿਆ ਕਿ ਤੰਬਾਕੂ ਨਾਲ ਮਨੁੱਖ ਨੂੰ ਕਈ ਤਰ੍ਹਾਂ ਦੀਆਂ ਭਿਆਨਕ ਬਿਮਾਰੀਆਂ ਲੱਗਦੀਆਂ ਹਨ ਜਿਵੇਂ ਕਿ ਕੈਂਸਰ, ਦਿਲ ਦੇ ਰੋਗ, ਅਸਥਮਾ ਅਤੇ ਅੱਖਾਂ ਦੀ ਰੌਸ਼ਨੀ ਘੱਟ ਹੋ ਜਾਣਾ ਅਤੇ ਕਿਡਨੀ ਦੇ ਰੋਗ ਆਦਿ।

## ਐੱਸ ਡੀ ਐੱਮ ਮਜੀਠਾ ਵੱਲੋਂ ਕਣਕ ਦੀ ਲਿਫਟਿੰਗ ਨੂੰ ਹੋਰ ਚੁਸਤ-ਦਰੁੱਸਤ ਕਰਨ ਲਈ ਹਦਾਇਤਾਂ ਜਾਰੀ



**ਮਜੀਠਾ (ਸੋਇਮ ਆਨੰਦ)**-ਦਾਣਾ ਮੰਡੀ ਮਜੀਠਾ ਵਿੱਚ ਕਣਕ ਦੀ ਆਮਦ ਵਿੱਚ ਆਈ ਤੇਜ਼ੀ ਤੋਂ ਬਾਅਦ ਕਣਕ ਦੀ ਲਿਫਟਿੰਗ ਦੀ ਸੁਸਤ ਰਫਤਾਰ ਦਾ ਨੋਟਿਸ ਲੈਂਦੇ ਹੋਏ ਐੱਸਡੀਐੱਮ ਮਜੀਠਾ ਡਾ: ਹਰਨੂਰ ਕੌਰ ਢਿੱਲੋਂ ਨੇ ਮਾਰਕੀਟ ਕਮਟੀ ਦੇ ਅਧਿਕਾਰੀਆਂ, ਖਰੀਦ ਏਜੰਸੀਆਂ ਦੇ ਅਧਿਕਾਰੀਆਂ ਅਤੇ ਟਰਾਂਸਪੋਰਟ ਠੇਕੇਦਾਰ ਦੀ ਇੱਕ ਅਹਿਮ ਮੀਟਿੰਗ ਬੁਲਾਈ ਜਿਸ ਵਿੱਚ ਅੱਜ ਤੱਕ ਕਣਕ ਦੀ ਆਮਦ, ਕਣਕ ਦੀ ਖਰੀਦ ਅਤੇ ਇਸ ਦੀ ਲਿਫਟਿੰਗ ਅਤੇ ਅਦਾਇਗੀ ਸਬੰਧੀ ਜਾਣਕਾਰੀ ਲਈ। ਮਾਰਕੀਟ ਕਮੇਟੀ ਦੇ ਡਿਪਟੀ ਜ਼ਿਲ੍ਹਾ ਮੰਡੀ ਅਫਸਰ ਰਮਨਦੀਪ ਸਿੰਘ ਥਿੰਦ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਬਾਅਦ ਦੁਪਹਿਰ ਤੱਕ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਦਾਣਾ ਮੰਡੀ ਮਜੀਠਾ ਵਿੱਚ ਕਰੀਬ ਢਾਈ ਲੱਖ ਬੋਰੀਆਂ ਕਣਕ ਦੀ ਆਮਦ ਹੋਈ ਹੈ ਜਿਹੜੀ ਕਿ ਸਾਰੀ ਵੱਖ-ਵੱਖ ਖਰੀਦ ਏਜੰਸੀਆਂ ਵੱਲੋ ਖਰੀਦੀ ਗਈ ਹੇ। ਇਸ ਵਿੱਚ ਹੁਣ ਤੱਕ ਕਰੀਬ 70 ਹਜ਼ਾਰ ਬੋਰੀਆਂ ਕਣਕ ਚੁੱਕੀ ਗਈ ਹੈ ਜਿਹੜੀ ਕਿ ਅੰਮ੍ਰਿਤਸਰ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਸਭ ਤੋਂ ਚੰਗੀ ਕਾਰਗੁਜ਼ਾਰੀ ਹੈ।

ਟਰਾਂਸਪੋਰਟ ਦੇ ਠੇਕੇਦਾਰ ਨਾਨਕ ਸਿੰਘ ਮਜੀਠਾ ਨੇ ਜਾਣਕਾਰੀ ਦਿੱਤੀ ਕਿ ਉਨ੍ਹਾਂ ਵੱਲੋਂ ਮੰਡੀ ਵਿੱਚ ਕਣਕ ਦੀ ਲਿਫਟਿੰਗ ਵਾਸਤੇ ਲੋੜੀਂਦੀਆਂ ਗੱਡੀਆਂ ਮੁਹੱਈਆ ਕਰਵਾਈਆਂ ਗਈਆਂ ਹਨ ਅਤੇ ਇਨ੍ਹਾਂ ਸਾਰੀਆਂ ਵਿੱਚ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਵਹੀਕਲ ਟਰੈਕਿੰਗ ਸਿਸਟਮ ਚਾਲੂ ਹੈ। ਦਾਣਾ ਮੰਡੀ ਵਿੱਚ ਸਾਰੇ ਪ੍ਰਬੰਧਾਂ ਤੇ ਡਾ: ਹਰਨੂਰ ਕੌਰ ਢਿੱਲੋਂ ਨੇ ਤਸੱਲੀ ਦਾ ਇਜ਼ਹਾਰ ਕੀਤਾ ਅਤੇ ਇਨ੍ਹਾਂ ਸਾਰੇ ਪ੍ਰਬੰਧਾਂ ਨੂੰ ਹੋਰ ਚੁਸਤ-ਦਰੁੱਸਤ ਕਰਨ ਵਾਸਤੇ ਹਦਾਇਤਾਂ ਜਾਰੀ ਕੀਤੀਆਂ ਅਤੇ ਨਾਲ ਹੀ ਮੰਡੀ ਵਿੱਚ ਕਿਸਾਨਾਂ ਕੋਈ ਮੁਸ਼ਕਲ ਨਾ ਆਵੇ ਇਸ ਗੱਲ ਨੂੰ ਯਕੀਨੀ ਬਣਾਉਣ ਲਈ ਕਿਹਾ। ਇਸ ਮੌਕੇ ਐੱਸਡੀਐੱਮ ਡਾ: ਹਰਨੂਰ ਕੌਰ ਢਿੱਲੋਂ, ਡਿਪਟੀ ਜ਼ਿਲ੍ਹਾ ਮੰਡੀ ਅਫਸਰ ਰਮਨਦੀਪ ਸਿੰਘ ਥਿੰਦ, ਨੋਡਲ ਅਫਸਰ ਮੈਡਮ ਮੀਨੂ ਸ਼ਰਮਾ, ਇੰਸਪੈਕਟਰ ਪਨਗਰੇਨ ਹਰਮਨਦੀਪ ਸਿੰਘ ਥਿੰਦ, ਮੰਡੀ ਸੁਪਰਵਾਈਜ਼ਰ ਕੁਲਦੀਪ ਸਿੰਘ ਕਾਹਲੋਂ, ਰੀਡਰ ਵਰਿੰਦਰ ਭਾਟੀਆ, ਦੀਪਕ ਭੱਟੀ ਅਤੇ ਹਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਧਰਮਯੁੱਧ ਮੋਰਚੇ ਦੇ ਸ਼ਹੀਦ ਸਿੰਘਾਂ ਨੂੰ ਜੋਧਪੁਰ ਮੁੜ ਵਸੇਬਾ ਐਕਸ਼ਨ ਕਮੇਟੀ ਵੱਲੋਂ ਸ਼ਰਧਾਂਜਲੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਵੱਖ-ਵੱਖ ਜੇਲਾਂ ਅੰਦਰ ਬੰਦ ਸਿੰਘਾਂ ਦੀ ਬਿਨਾਂ ਸ਼ਰਤ ਰਿਹਾਈ ਦੀ ਮੰਗ ਅਤੇ ਧਰਮ ਯੁੱਧ ਮੋਰਚੇ ਸਮੇਂ ਵੱਖ-ਵੱਖ ਨੀਮ ਫੌਜੀ ਦਲਾਂ ਵੱਲੋਂ ਚੁੱਕ ਕੇ ਸ਼ਹੀਦ ਕੀਤੇ ਗਏ ਸਿੰਘਾਂ ਸਬੰਧੀ ਗੁਰਦੁਆਰਾ ਸ਼ਹੀਦਾਂ ਸਾਹਿਬ ਜੇਠੂਵਾਲ ਵਿਖੇ ਸ਼ਹੀਦਾਂ ਦੀ ਯਾਦ ਵਿੱਚ ਭਾਈ ਬਲਵਿੰਦਰ ਸਿੰਘ ਜੋਧਪੁਰੀ, ਭਾਈ ਨਿਰਮਲ ਸਿੰਘ ਜੇਠੂਵਾਲ, ਲੋਕਲ ਗੁ: ਕਮੇਟੀ, ਗ੍ਰਾਮ ਪੰਚਾਇਤ ਅਤੇ ਜੋਧਪੁਰ ਨਜ਼ਰਬੰਦ ਮੁੜ ਵਸੇਬਾ ਐਕਸ਼ਨ ਕਮੇਟੀ ਵੱਲੋਂ ਸਾਂਝੇ ਰੂਪ ਵਿਚ ਗੁਰਮਤਿ ਸਮਾਗਮ ਕਰਕੇ ਸ਼ਹੀਦ ਸਿੰਘਾਂ ਨੂੰ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਨਮਾਨਿਤ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦੇ ਸਾਬਕਾ ਸਕੱਤਰ ਅਤੇ ਪਰਜਾਪਤ ਬਰਾਦਰੀ ਦੇ ਪ੍ਰਧਾਨ ਰਘੁਬੀਰ ਸਿੰਘ ਰਾਜਾਸਾਂਸੀ, ਮਗਵਿੰਦਰ ਸਿੰਘ ਖਾਪੜਖੇੜੀ ਮੈਂਬਰ ਸ਼੍ਰੋਮਣੀ ਕਮੇਟੀ, ਢਾਡੀ ਜਥੇਦਾਰ ਗੁਰਮੇਜ ਸਿੰਘ ਸ਼ਹੂਰਾ, ਜਥੇਦਾਰ ਬਲਦੇਵ ਸਿੰਘ ਐਮ. ਏ, ਜਥੇਦਾਰ ਬਲਵਿੰਦਰ ਸਿੰਘ ਜੋਧਪੁਰੀ, ਜਥੇਦਾਰ ਨਿਰਮਲ ਸਿੰਘ ਜੇਠੂਵਾਲ, ਗੱਜਣ ਸਿੰਘ ਨੇ ਸ਼ਰਧਾਂਜਲੀ ਭੇਟ ਕੀਤੀ ਅਤੇ ਵੱਖ-ਵੱਖ ਜੇਲਾਂ ਵਿਚ ਬੰਦ ਸਿੱਖ ਸਿੰਘਾਂ ਨੂੰ ਰਿਹਾਅ ਕਰਨ ਦੀ ਮੰਗ ਕੀਤੀ। ਇਸ ਮੌਕੇ ਨਾਨਕ ਸਿੰਘ ਜੋਧਪੁਰੀ, ਗੱਜਣ ਸਿੰਘ ਜੇਠੂਵਾਲ, ਹਰਪਾਲ ਸਿੰਘ ਜੋਧਪੁਰੀ, ਰਾਜੂ ਜੰਡਿਆਲਾ, ਪੱਤਰਕਾਰ ਸਵਿੰਦਰ ਸਿੰਘ, ਪ੍ਰੋ. ਸੁਲੱਖਣ ਸਿੰਘ ਮਾਗਾਂਸਰਾਏ, ਖਜਾਨ ਸਿੰਘ ਢੱਡੇ, ਅਸਤੇਸ਼ਵਰ ਸਿੰਘ ਪੁੱਤਰ/ਭਾਈ ਨਿਰਮਲ ਸਿੰਘ ਪਦਮਸ੍ਰੀ, ਵਿਰਸਾ ਜੋਧਪੁਰੀ, ਨਰਿੰਦਰ ਕੁਮਾਰ ਅਟਾਰੀ, ਹਰਦੀਪ ਸਿੰਘ ਧਾਲੀਵਾਲ ਵਕੀਲ, ਬਾਬਾ ਭਗਤ ਸਿੰਘ ਮਹਾਕਾਲ ਬੁੱਢਾ ਦਲ, ਅਮਰਬੀਰ ਸਿੰਘ ਸਿਆਲੀ ਐਡਵੋਕੇਟ, ਬਾਬਾ ਜਸਵੰਤ ਸਿੰਘ ਮਹਾਕਾਲ ਆਦਿ ਹਾਜ਼ਰ ਸਨ।

## ਪਠਾਨਕੋਟ ਕਾਲਜ ਆਫ ਐਜੂਕੇਸ਼ਨ ਪਠਾਨਕੋਟ ਦਾ ਬੀਐੱਡ ਦਾ ਨਤੀਜਾ ਸ਼ਾਨਦਾਰ

**ਗੁਰਦਾਸਪੁਰ (ਜਨਕ ਮਹਾਜਨ)** ਪਠਾਨਕੋਟ ਕਾਲਜ ਆਫ ਐਜੂਕੇਸ਼ਨ ਪਠਾਨਕੋਟ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਅਮ੍ਰਿਤਸਰ ਵੱਲੋ ਬੀ. ਐੱਡ ਸਾਲ 2021-23 ਦੇ ਤੀਸਰੇ ਸਮੈਸਟਰ ਦੀ ਪ੍ਰੀਖੀਆ ਦਾ ਨਤੀਜਾ ਐਲਾਨੀਆ ਗਿਆ ਹੈ, ਜਿਸ ਵਿੱਚ ਪਠਾਨਕੋਟ ਕਾਲਜ ਦਾ ਨਤੀਜਾ ਸ਼ਤ ਪ੍ਰਤੀਸਤ ਰਿਹਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਾਲਜ ਪ੍ਰਿੰ. ਡਾ. ਰੁਪਿੰਦਰ ਕੋਰ ਨੇ ਸਸਿਆ ਕਿ ਸਾਕਸ਼ੀ ਅਤੇ ਵੀਨਾ ਨੇ 86.5% ਅੰਕ ਲੈ ਕੇ ਕਾਲਜ ਵਿੱਚੋਂ ਪਹਿਲਾ ਸਥਾਨ ਅਤੇ ਕਿਰਨਦੀਪ ਨੇ 85% ਅੰਕ ਲੈ ਕੇ ਦੂਸਰਾ ਸਥਾਨ ਪ੍ਰਾਪਤ ਕੀਤਾ, ਜਦਕਿ ਸਮੀਕਸ਼ਾ ਨੇ 83% ਤੋਂ ਵੱਧ ਅੱਕ ਲੈ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਕਮੇਟੀ ਮੈਂਬਰ ਡਾ. ਵਿਨੋਦ ਮਹਾਜਨ ਅਤੇ ਪ੍ਰੋ. ਰਵੀਸ਼ੰਕਰ ਨੇ ਇਸ ਨਤੀਜੇ ਨੂੰ ਲੈ ਕੇ ਕਾਲਜ ਪ੍ਰਿੰਸੀਪਲ, ਸਟਾਫ ਅਤੇ ਵਿਦਿਆਰਥੀਆਂ ਨੂੰ ਵਧਾਈ ਦੀਤੀ। ਇਸ ਮੌਕੇ ਪ੍ਰੋਫੈਸਰ ਰਜਨੀਸ਼ ਬਾਲਾ, ਅਤੁੱਲ ਅਗਰਵਾਲ, ਊਮਾ ਸ਼ਰਮਾ, ਅਨੂੰ ਸੈਨੀ, ਗਿਤਾਂਜਲੀ, ਨਿਧੀ, ਪੂਜਾ ਤੇ ਜੋਤੀ ਆਦਿ ਹਾਜ਼ਰ ਸਨ।

## ਇੰਟਰ ਹਾਊਸ ਕੁਇਜ਼ ਪ੍ਰਤੀਯੋਗਤਾ ਕਰਵਾਈ

**ਚੋਹਲਾ ਸਾਹਿਬ/ਸਰਹਾਲੀ ਕਲਾਂ (ਰਮਨ ਚੱਢਾ, ਹਰਪ੍ਰੀਤ ਸਿੰਘ ਚੰਬਾ)**-ਨਿਊ ਲਾਈਫ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਇੰਟਰ ਹਾਊਸ ਕੁਇਜ਼ ਮੁਕਾਬਲੇ ਕਰਵਾਏ ਗਏ।

ਮੁੱਖ ਅਧਿਆਪਕ ਸਰੋਜ ਬਾਲਾ ਨੇ ਵਿਦਿਆਰਥੀਆਂ ਕੋਲੋਂ ਆਪ ਪ੍ਰਸ਼ਨ ਪੁੱਛੇ ਅਤੇ ਜੇਤੂ ਗਰੀਨ ਹਾਊਸ ਦੇ ਵਿਦਿਆਰਥੀਆਂ ਨੂੰ ਸ਼ਾਬਾਸ਼ ਦਿੱਤੀ ਅਤੇ ਸਾਲਾਨਾ ਇਨਾਮ ਵੰਡ ਸਮਾਗਮ ਵਿੱਚ ਇਨਾਮ ਦੇਣ ਦਾ ਐਲਾਨ ਕੀਤਾ।

## ਸੋਸ਼ਲ ਮੀਡੀਆ 'ਤੇ ਗੁਰੂ ਸਾਹਿਬਾਨ ਦਾ ਅਪਮਾਨ ਕਰਨ ਵਾਲਿਆਂ ਖਿਲਾਫ਼ ਕਾਰਵਾਈ ਦੀ ਮੰਗ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੋਸ਼ਲ ਮੀਡੀਆ 'ਤੇ ਗੁਰੂ ਸਾਹਿਬਾਨ ਦੀਆਂ ਤਸਵੀਰਾਂ ਨੂੰ ਗਲਤ ਤਰੀਕੇ ਨਾਲ ਪੇਸ਼ ਕਰਨ ਅਤੇ ਭੱਦੀ ਸ਼ਬਦਾਵਲੀ ਦੀ ਵਰਤੋਂ ਕਰਨ ਵਾਲਿਆਂ ਖਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਵੱਲੋਂ ਅੰਮ੍ਰਿਤਸਰ ਦੇ ਪੁਲਸ ਕਮਿਸ਼ਨਰ ਨੂੰ ਪੱਤਰ ਲਿਖ ਕੇ ਦੋ ਇੰਸਟਾਗਰਾਮ ਖ਼ਾਤਿਆਂ ਖਿਲਾਫ ਐੱਫਆਈਆਰ ਦਰਜ ਕਰਨ ਲਈ ਕਿਹਾ ਗਿਆ ਹੈ। ਪੁਲਸ ਕਮਿਸ਼ਨਰ ਨੂੰ ਲਿਖੇ ਪੱਤਰ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਸ਼ਿਕਾਇਤ ਕੀਤੀ ਗਈ ਹੈ ਕਿ ਇੰਸਟਾਗਰਾਮ ਸਾਈਟ 'ਤੇ ਸ਼ਰਾਰਤੀ ਅਨਸਰਾਂ ਵੱਲੋਂ ਸਿੱਕਇਜ਼ਮ (ਸ਼ਚਿਕਕਸਿਮ) ਅਤੇ ਗੋਬਿੰਦ (ਘੋਬਨਿਦ) ਨਾਂ ਦੇ ਦੋ ਅਕਾਊਂਟ ਚਲਾਏ ਜਾ ਰਹੇ ਹਨ, ਜਿਨ੍ਹਾਂ ਉੱਪਰ ਸਿੱਖ ਗੁਰੂ ਸਾਹਿਬਾਨ ਦੀਆਂ ਤਸਵੀਰਾਂ ਗਲਤ ਤਰੀਕੇ ਨਾਲ ਪੇਸ਼ ਕਰਨ ਦੇ ਨਾਲ-ਨਾਲ ਭੱਦੀ ਸ਼ਬਦਾਵਲੀ ਵੀ ਵਰਤੀ ਜਾ ਰਹੀ ਹੈ। ਇਸ ਨਾਲ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਗਹਿਰੀ ਸੱਟ ਵੱਜ ਰਹੀ ਹੈ ਅਤੇ ਸ਼੍ਰੋਮਣੀ ਕਮੇਟੀ ਪਾਸ ਇਨ੍ਹਾਂ ਵਿਰੁੱਧ ਕਾਰਵਾਈ ਕਰਨ ਲਈ ਸ਼ਿਕਾਇਤਾਂ ਵੀ ਪੁੱਜੀਆਂ ਹਨ।

ਸ਼ਰਾਰਤੀ ਅਤੇ ਸਿਰਫਿਰੇ ਲੋਕਾਂ ਵੱਲੋਂ ਜਾਣਬੁਝ ਕੇ ਕੀਤੀਆਂ ਜਾ ਰਹੀਆਂ ਅਜਿਹੀਆਂ ਹਰਕਤਾਂ ਨਾਲ ਸਮਾਜਿਕ ਅਤੇ ਫਿਰਕੂ ਤਣਾਅ ਵਧਣ ਅਤੇ ਅਮਨ-ਸ਼ਾਂਤੀ ਭੰਗ ਹੋਣ ਦਾ ਖਤਰਾ ਬਣਿਆ ਹੋਇਆ ਹੈ। ਸ਼੍ਰੋਮਣੀ ਕਮੇਟੀ ਸੱਕਤਰ ਵੱਲੋਂ ਮੰਗ ਕੀਤੀ ਗਈ ਹੈ ਕਿ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੇ ਅਜਿਹੇ ਸ਼ਰਾਰਤੀ ਲੋਕਾਂ ਖਿਲਾਫ਼ ਕੇਸ ਦਰਜ ਕਰਕੇ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇ, ਤਾਂ ਜੋ ਅੱਗੇ ਤੋਂ ਕੋਈ ਵੀ ਅਜਿਹੀ ਹਰਕਤ ਕਰਨ ਦਾ ਹੀਆ ਨਾ ਕਰੇ। ਉਨ੍ਹਾਂ ਕਿਹਾ ਕਿ ਇਹ ਦੋਵੇਂ ਖਾਤੇ ਤੁਰੰਤ ਬੰਦ ਕਰਵਾਏ ਜਾਣ ਅਤੇ ਇਨ੍ਹਾਂ ਵਿਰੁੱਧ ਪਰਚਾ ਦਰਜ ਕਰਕੇ ਅਗਲੀ ਕਾਰਵਾਈ ਆਰੰਭੀ ਜਾਵੇ।

## ਕਣਕ ਦੀ ਅਦਾਇਗੀ ਕਰਨ 'ਚ ਮਾਰਕਫੈੱਡ ਸਭ ਤੋਂ ਮੋਹਰੀ : ਡਿਪਟੀ ਕਮਿਸ਼ਨਰ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ 'ਚੋ ਵੱਖ-ਵੱਖ ਏਜੰਸੀਆਂ ਵੱਲੋਂ 287340 ਮੀਟ੍ਰਿਕ ਟਨ ਕਣਕ ਖਰੀਦੀ ਜਾ ਚੁੱਕੀ ਹੈ ਅਤੇ ਕਣਕ ਦੀ ਖਰੀਦ ਵਿੱਚ ਮਾਰਕਫੈੱਡ ਮੋਹਰੀ ਏਜੰਸੀ ਵਜੋਂ ਉਭਰੀ ਹੈ ਅਤੇ ਮਾਰਕਫੈੱਡ ਵੱਲੋਂ ਹੁਣ ਤੱਕ 65473 ਮੀਟ੍ਰਿਕ ਟਨ ਕਣਕ ਦੀ ਖਰੀਦ ਕਰਕੇ 129 ਕਰੋੜ ਰੁਪਏ ਕਣਕ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ, ਜੋ ਕਿ 93 ਫੀਸਦੀ ਦੇ ਕਰੀਬ ਬਣਦੀ ਹੈ। ਇਸੇ ਤਰ੍ਹਾਂ ਪਨਗਰੇਨ ਵੱਲੋਂ 99251 ਮੀਟ੍ਰਿਕ ਟਨ ਕਣਕ ਖਰੀਦ ਕਰਕੇ 67 ਫੀਸਦੀ , ਪਨਸਪ ਵੱਲੋਂ 53909 ਮੀਟ੍ਰਿਕ ਟਨ ਕਣਕ ਖਰੀਦ ਕਰਕੇ 89 ਫੀਸਦੀ, ਪੰਜਾਬ ਵੇਅਰ ਹਾਊਸ ਵੱਲੋਂ 58884 ਮੀਟ੍ਰਿਕ ਟਨ ਕਣਕ ਦੀ ਖਰੀਦ ਕਰਕੇ 62 ਫੀਸਦੀ ਅਤੇ ਐਫ:ਸੀ:ਆਈ ਵੱਲੋਂ 9893 ਮੀਟ੍ਰਿਕ ਟਨ ਕਣਕ ਦੀ ਖਰੀਦ ਕਰਕੇ 65 ਫੀਸਦੀ ਦੀ ਅਦਾਇਗੀ ਕਿਸਾਨਾਂ ਨੂੰ ਕਰ ਦਿੱਤੀ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਹਰਪ੍ਰੀਤ ਸਿੰਘ ਸੂਦਨ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚੋਂ ਖਰੀਦੀ ਗਈ ਕਣਕ ਦੀ ਚੁਕਾਈ ਵਿੱਚ ਤੇਜ਼ੀ ਲਿਆਉਣ ਲਈ ਸਬੰਧਿਤ ਖਰੀਦ ਏਜੰਸੀਆਂ ਨੂੰ ਸਖਤ ਆਦੇਸ਼ ਦਿੱਤੇ ਗਏ ਹਨ ਤਾਂ ਜੋ ਕਣਕ ਸਰਕਾਰੀ ਗੋਦਾਮਾਂ ਵਿੱਚ ਭੰਡਾਰ ਕੀਤੀ ਜਾ ਸਕੇ ਅਤੇ ਕਿਸਾਨਾਂ ਨੂੰ ਖਰੀਦ ਕੀਤੀ ਕਣਕ ਦੀ ਅਦਾਇਗੀ ਵਜੋਂ 463.45 ਕਰੋੜ ਰੁਪਏ ਅਦਾ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਖਰੀਦ ਕੀਤੀ ਗਈ ਕਣਕ ਲਈ ਪਨਗ੍ਰੇਨ ਏਜੰਸੀ ਵੱਲੋਂ 140.90 ਕਰੋੜ ਰੁਪਏ, ਪਨਸਪ ਵੱਲੋਂ 101.91 ਕਰੋੜ ਰੁਪਏ, ਵੇਅਰਹਾਊਸ ਵੱਲੋਂ 77.94 ਕਰੋੜ ਰੁਪਏ ਅਤੇ ਐਫ:ਸੀ:ਆਈ ਵੱਲੋਂ 13.70 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ ਅਤੇ ਕਿਸਾਨਾਂ ਨੂੰ ਖਰੀਦ ਕੀਤੀ ਫਸਲ ਦੀ ਅਦਾਇਗੀ 48 ਘੰਟਿਆਂ ਵਿੱਚ ਯਕੀਨੀ ਬਣਾਈ ਜਾ ਰਹੀ ਹੈ। ਕਿਸਾਨਾਂ ਨੂੰ ਮੰਡੀ ਵਿੱਚ ਕਿਸੇ ਕਿਸਮ ਦੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾ ਰਹੀ ਅਤੇ ਸਮੂਹ ਏਜੰਸੀਆਂ ਦੇ ਇੰਸਪੈਕਟਰਾਂ ਨੂੰ ਸਖਤ ਹਦਾਇਤਾਂ ਜਾਰੀ ਕੀਤੀਆਂ ਹਨ ਕਿ ਬਾਰਦਾਨੇ ਵਿੱਚ ਕੋਈ ਕਮੀ ਨਾ ਆਵੇ ਅਤੇ ਜੇਕਰ ਕਿਤੇ ਕੋਈ ਅਣਗਹਿਲੀ ਪਾਈ ਜਾਂਦੀ ਹੈ ਤਾਂ ਸਬੰਧਤ ਅਧਿਕਾਰੀਆਂ ਵਿਰੁੱਧ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸਰਕਾਰ ਵਲੋਂ ਕਣਕ ਦੇ ਮਿੱਥੇ ਗਏ ਰੇਟ 2125 ਰੁਪਏ ਤਹਿਤ ਹੀ ਕਿਸਾਨਾਂ ਨੂੰ ਅਦਾਇਗੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਮੰਡੀਆਂ ਵਿੱਚ ਕਣਕ ਨੂੰ ਸੁਕਾ ਕੇ ਹੀ ਲਿਆਉਣ ਤਾਂ ਜੋ ਉਨ੍ਹਾਂ ਨੂੰ ਕਿਸੇ ਕਿਸਮ ਦੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।

## ਲੋਕ ਲਿਖਾਰੀ ਸਭਾ ਕਲਾਨੌਰ ਵੱਲੋਂ ਪੁਸਤਕ ਸਮੀਖਿਆ ਤੇ ਕਵੀ ਦਰਬਾਰ ਭਲਕੇ



**ਕਲਾਨੌਰ, ਅਪ੍ਰੈਲ (ਮਨਦੀਪ ਕੁਮਾਰ)**-ਲੋਕ ਲਿਖਾਰੀ ਸਭਾ ਕਲਾਨੌਰ ਵੱਲੋਂ ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਡਾ. ਗੋਪਾਲ ਸਿੰਘ ਬੁੱਟਰ ਦੀਆਂ ਦੋ ਪੁਸਤਕਾਂ ਕਥਾ ਚਿੰਤਨ ਅਤੇ ਨਾਟ ਚਿੰਤਨ 'ਤੇ ਵਿਚਾਰ ਚਰਚਾ ਤੇ ਕਵੀ ਦਰਬਾਰ 30 ਅਪ੍ਰੈਲ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਕਲਾਨੌਰ ਵਿਖੇ ਕਰਵਾਇਆ ਜਾ ਰਿਹਾ ਹੈ। ਲੋਕ ਲਿਖਾਰੀ ਸਭਾ ਕਲਾਨੌਰ ਦੇ ਪ੍ਰਧਾਨ ਗੁਰਮੀਤ ਸਿੰਘ ਬਾਜਵਾ ਨੇ ਸਭਾ ਦੀ ਮੀਟਿੰਗ ਵਿੱਚ ਦੱਸਿਆ ਕਿ 30 ਅਪ੍ਰੈਲ 2023 ਨੂੰ ਡਾ. ਗੋਪਾਲ ਸਿੰਘ ਬੁੱਟਰ ਦੀਆਂ ਪੁਸਤਕਾਂ ਕਥਾ ਚਿੰਤਨ 'ਤੇ ਡਾ. ਰਜਵਿੰਦਰ ਕੌਰ ਨਾਗਰਾ ਅਤੇ ਨਾਟ ਚਿੰਤਨ 'ਤੇ ਪ੍ਰੋ. ਦਲਜੀਤ ਕੌਰ ਜੌਹਲ ਪੇਪਰ ਪੜ੍ਹਨਗੇ।

ਇਸ ਉਪਰੰਤ ਹਾਜਰ ਉੱਘੇ ਕਵੀਆਂ ਦੇ ਅਧਾਰਿਤ ਕਵੀ ਦਰਬਾਰ ਹੋਵੇਗਾ। ਇਹ ਪ੍ਰੋਗਰਾਮ 10.00 ਵਜੇ ਸਵੇਰ ਤੋਂ 1.30 ਤੱਕ ਚੱਲੇਗਾ, ਉਪਰੰਤ ਲੰਗਰ ਛਕਣ ਤੋਂ ਬਾਅਦ 2.00 ਵਜੇ ਪੂਰਨ ਸਮਾਪਤੀ ਹੋਵੇਗੀ। ਬਾਜਵਾ ਨੇ ਦੱਸਿਆ ਕਿ ਜ਼ਿਲ੍ਹਾ ਸਾਹਿਤ ਕੇਂਦਰ ਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਅਹੁਦੇਦਾਰਾਂ ਦੀਪ ਦੇਵਿੰਦਰ ਸਿੰਘ, ਉਸਤਾਦ ਗਜ਼ਲਗੋ ਸੁਲੱਖਣ ਸਰਹੱਦੀ, ਡਾ. ਲੇਖ ਰਾਜ, ਮੱਖਣ ਕੋਹਾੜ, ਤਰਸੇਮ ਸਿੰਘ ਭੰਗੂ, ਮੰਗਤ ਚੰਚਲ, ਸੀਤਲ ਸਿੰਘ ਗੁੰਨੋਪੁਰੀ ਨੇ ਵੀ ਵੱਖਰੇ ਬਿਆਨ ਰਾਹੀਂ ਕਵੀਆਂ ਤੇ ਸਰੋਤਿਆਂ ਨੂੰ ਹੁੰਮ-ਹੁਮਾ ਕੇ ਸਮੇਂ ਸਿਰ ਪਹੁੰਚਣ ਦੀ ਅਪੀਲ ਕੀਤੀ ਹੈ। ਇਸ ਮੌਕੇ ਸਭਾ ਦੇ ਜਨਰਲ ਸਕੱਤਰ ਜਗਦੀਸ਼ ਸਿੰਘ, ਦਲਜੀਤ ਪਾਲ, ਰਜਿੰਦਰ ਸਿੰਘ 'ਰਾਜ' ਕਲਾਨੌਰ, ਸੁਰਿੰਦਰ ਸਿੰਘ ਪੱਡਾ, ਚਰਨਜੀਤ ਸਿੰਘ ਚੰਦ ਅਤੇ ਪਲਵਿੰਦਰ ਸਿੰਘ ਉੱਪਲ ਹਾਜ਼ਰ ਸਨ।

# ਐੱਲ ਪੀ ਯੂ ਵੱਲੋਂ ਪਲਾਂਟ-ਫਿਜ਼ੀਓਲੋਜੀ ਤੇ ਬਾਇਓ-ਟੈਕਨਾਲੋਜੀ 'ਤੇ ਅੰਤਰਰਾਸ਼ਟਰੀ ਕਾਨਫਰੰਸ



**ਜਲੰਧਰ (ਸ਼ੈਲੀ ਐਲਬਰਟ)** ਲਵਲੀ ਪ੍ਰੋਫੈਸਨਲ ਯੂਨੀਵਰਸਿਟੀ (ਐੱਲ. ਪੀ. ਯੂ.) ਦੇ ਸਕੂਲ ਆਫ ਬਾਇਓਇੰਜੀਨੀਅਰਿੰਗ ਅਤੇ ਬਾਇਓਸਾਇੰਸਿਸ ਨੇ ਕੈਂਪਸ ਵਿਖੇ ਪਲਾਂਟ ਫਿਜੀਓਲੋਜੀ ਅਤੇ ਬਾਇਓਟੈਕਨਾਲੋਜੀ 'ਤੇ ਦੋ-ਰੋਜ਼ਾ ਅੰਤਰਰਾਸ਼ਟਰੀ ਕਾਨਫਰੰਸ ਦਾ ਆਯੋਜਨ ਕੀਤਾ। ਵਿਗਿਆਨਕ ਤੌਰ 'ਤੇ ਮਹੱਤਵਪੂਰਨ ਇਸ ਕਾਨਫਰੰਸ ਵਿਚ ਅਤਿ ਆਧੁਨਿਕ ਖੋਜ ਪ੍ਰਦਾਨ ਕਰਨਾ ਅਤੇ ਇਸਨੂੰ ਉਤਸ਼ਾਹਿਤ ਕਰਨਾ; ਅਤੇ ਫਸਲਾਂ ਵਿੱਚ ਸੁਧਾਰ ਕਰਨ ਵਾਸਤੇ ਖੇਤੀਬਾੜੀ ਅਤੇ ਬਾਇਓਟੈਕਨਾਲੋਜੀ ਖੇਤਰਾਂ ਵਿੱਚ ਬਿਹਤਰੀ ਲਈ ਵੱਖ-ਵੱਖ ਪਹਿਲੂਆਂ ਨੂੰ ਕਵਰ ਕੀਤਾ ਗਿਆ। 'ਕਾਨਫਰੰਸ' ਨੇ "ਪੌਦਿਆਂ ਦੇ ਪੁਨਰ ਜਨਮ ਵਿੱਚ ਤਰੱਕੀਆਂ" ਦੇ ਉਦੇਸ਼ ਨਾਲ ਢੁੱਕਵੇਂ ਨਤੀਜਿਆਂ ; ਪੌਦਿਆਂ ਦੇ ਹਾਰਮੋਨਸ ਦੁਆਰਾ ਬਾਇਓਟਿਕ ਅਤੇ ਅਬਾਇਓਟਿਕ ਤਣਾਅ ਪ੍ਰਤੀਕ੍ਰਿਆਵਾਂ ਦੇ ਨਿਯਮ; ਬਾਇਓ-ਉਤੇਜਕ ਅਤੇ ਬਾਇਓ-ਖਾਦ; ਪਲਾਂਟ ਸਿਗਨਲਿੰਗ, ਐਪੀਜੇਨੇਟਿਕਸ, ਮਾਈਕ੍ਰੋਬ ਇੰਟਰੈਕਸ਼ਨ, ਜੀਨੋਮ ਐਡੀਟਿੰਗ, ਕ੍ਰਾਇਓਪ੍ਰੀਜਰਵੇਸ਼ਨ; ਅਤੇ ਫਸਲ ਸੁਧਾਰ ਬਾਰੇ ਵਧੇਰੇ ਮੰਥਨ ਕੀਤਾ। ਕਾਨਫਰੰਸ ਦੇ ਮੁੱਖ ਸਰਪ੍ਰਸਤ, ਐਲਪੀਯੂ ਦੇ ਚਾਂਸਲਰ ਡਾ: ਅਸ਼ੋਕ ਕੁਮਾਰ ਮਿੱਤਲ ਨੇ ਕਾਨਫਰੰਸ ਦੀਆਂ ਵੱਖ-ਵੱਖ ਕਾਰਵਾਈਆਂ ਵਿੱਚ ਲੱਗੇ ਸਾਰੇ ਲੋਕਾਂ ਨੂੰ ਇਸ ਨੂੰ ਸੱਚਮੁੱਚ ਗਲੋਬਲ ਅਤੇ ਨਤੀਜਾ ਮੁਖੀ ਬਣਾਉਣ ਲਈ ਵਧਾਈ ਦਿੱਤੀ। ਇਸ ਮੌਕੇ 'ਤੇ, ਐਲਪੀਯੂ ਦੀ ਪ੍ਰੋ ਚਾਂਸਲਰ ਸ੍ਰੀਮਤੀ ਰਸਮੀ ਮਿੱਤਲ ਦੀ ਸਨਮਾਨਯੋਗ ਮੌਜੂਦਗੀ ਵਿੱਚ 147 ਠੋਸ ਹੱਲਾਂ ਵਾਲੀ 151 ਪੰਨਿਆਂ ਦੀ ਐਬਸਟਰੈਕਟ ਕਿਤਾਬ ਵੀ ਰਿਲੀਜ਼ ਕੀਤੀ ਗਈ।

# ਪੰਜਾਬ ਨੇ ਫਿਰ ਦੇਸ਼ ਦੇ ਅੰਨ ਭੰਡਾਰ 'ਚ ਪਾਇਆ ਅਹਿਮ ਯੋਗਦਾਨ: ਕਟਾਰੂ ਚੱਕ



**ਚੰਡੀਗੜ੍ਹ, (ਗੁਰਜੀਤ ਬਿੱਲਾ)—** ਸੂਬੇ ਭਰ ਦੀਆਂ ਮੰਡੀਆਂ ਵਿੱਚ ਕਣਕ ਦੀ ਆਮਦ 100 ਲੱਖ ਮੀਟਰਿਕ ਟਨ ਨੂੰ ਪਾਰ ਕਰ ਗਈ ਹੈ ਜਿਸ ਵਿੱਚੋਂ 99.5 ਲੱਖ ਟਨ ਸਰਕਾਰੀ ਏਜੰਸੀਆਂ ਅਤੇ ਪ੍ਰਾਈਵੇਟ ਵਪਾਰੀਆਂ ਵੱਲੋਂ ਪਹਿਲਾਂ ਹੀ ਖਰੀਦੀ ਜਾ ਚੁੱਕੀ ਹੈ। ਵਪਾਰੀਆਂ ਵੱਲੋਂ ਕਰੀਬ 3.5 ਲੱਖ ਮੀਟਰਿਕ ਟਨ ਜਦਕਿ ਬਾਕੀ ਕਣਕ ਸਰਕਾਰ ਵੱਲੋਂ ਘੱਟੋ-ਘੱਟ ਸਮਰਥਨ ਮੁੱਲ 'ਤੇ ਖਰੀਦੀ ਗਈ ਹੈ। ਖੁਰਾਕ, ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਮੌਜੂਦ ਸੀਜਨ ਵਿੱਚ 100 ਲੱਖ ਮੀਟਰਿਕ ਟਨ ਕਣਕ ਦੀ ਖਰੀਦ ਦੇ ਅੰਕੜੇ ਨੂੰ ਪਾਰ ਕਰਕੇ ਪਿਛਲੇ ਸਾਲ ਹੋਈ ਕੁੱਲ 96 ਲੱਖ ਮੀਟਰਿਕ ਟਨ ਕਣਕ ਦੀ ਖਰੀਦ ਨੂੰ ਮਾਤ ਦਿੰਦਿਆਂ ਖਰੀਦ ਪ੍ਰਕਿਰਿਆ ਆਪਣੇ ਆਖਰੀ ਪੜਾਅ ਵਿੱਚ ਦਾਖਲ ਹੋ ਗਈ ਹੈ। ਪਿਛਲੇ ਸਾਲ ਦੌਰਾਨ ਕਣਕ ਦੀ ਆਮਦ ਦੀ ਤੁਲਨਾ ਕਰਦਿਆਂ ਮੰਤਰੀ ਨੇ ਕਿਹਾ ਕਿ ਇਹ ਮਾਣ ਵਾਲੀ ਗੱਲ ਹੈ ਕਿ ਦੇਸ਼ ਭਰ ਵਿੱਚ ਕਣਕ ਦੀ ਸਰਕਾਰੀ ਖਰੀਦ ਦਾ ਲਗਭਗ 50 ਫੀਸਦੀ ਹਿੱਸਾ ਸੂਬੇ ਵੱਲੋਂ ਪਾਇਆ ਗਿਆ ਹੈ ਜਿਸ ਨਾਲ ਇੱਕ ਵਾਰ ਫਿਰ ਪੰਜਾਬ ਦੇਸ ਦੇ ਅੰਨਦਾਤਾਵਾਂ ਵਿੱਚੋਂ ਮੋਹਰੀ ਰਿਹਾ ਹੈ। ਉਹਨਾਂ ਅੱਗੇ ਕਿਹਾ ਕਿ ਇਸ ਸਾਲ ਘੱਟੋ-ਘੱਟ ਸਮਰਥਨ ਮੁੱਲ 'ਤੇ ਕੁੱਲ ਸਰਕਾਰੀ ਖਰੀਦ ਪਿਛਲੇ ਸਾਲ ਦੇ ਮੁਕਾਬਲੇ ਘੱਟੋ-ਘੱਟ 30 ਫੀਸਦੀ ਵੱਧ ਹੋਣ ਦੀ ਉਮੀਦ ਹੈ ਜੋ ਕਿ ਸੂਬੇ ਵਿੱਚ ਵਧੀ ਹੋਈ ਖੁਸ਼ਹਾਲੀ ਦਾ ਸੰਕੇਤ ਹੈ। ਉਹਨਾਂ ਕਿਹਾ ਕਿ ਮੌਜੂਦਾ ਸਮੇਂ ਜ਼ਿਆਦਾਤਰ ਜ਼ਿਲ੍ਹਿਆਂ ਵਿੱਚ ਚੁਕਾਈ ਦੀ ਰਫਤਾਰ ਕਣਕ ਦੀ ਆਮਦ ਦੀ ਰਫਤਾਰ ਨਾਲੋਂ ਵੱਧ ਹੈ, ਇਸ ਲਈ ਚਿੰਤਾ ਕਰਨ ਦੀ ਕੋਈ ਗੱਲ ਨਹੀਂ ਹੈ।

# ਜ਼ਮੀਨ ਗ੍ਰਹਿਣ ਮਾਮਲਾ : ਸੰਯੁਕਤ ਕਿਸਾਨ ਮੋਰਚਾ ਨਿੱਤਰਿਆ ਪੀੜਤਾਂ ਦੇ ਹੱਕ 'ਚ



**ਤਲਵਾੜਾ, ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਇੱਥੇ ਕੰਢੀ ਏਰੀਆ ਰੇਲਵੇ ਪ੍ਰਭਾਵਿਤ ਸੰਘਰਸ਼ ਕਮੇਟੀ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਸ਼ੁਰੂ ਕੀਤਾ ਪੱਕਾ ਮੋਰਚਾ 14ਵੇਂ ਦਿਨ 'ਚ ਪ੍ਰਵੇਸ਼ ਕਰ ਗਿਆ। ਅੱਜ ਮੋਰਚੇ ਨੂੰ ਉਸ ਵਕਤ ਹੁੰਗਾਰਾ ਮਿਲਿਆ ਜਦੋਂ ਜਮਹੂਰੀ ਕਿਸਾਨ ਸਭਾ ਪੰਜਾਬ ਅਤੇ ਹੋਰ ਮੁਲਾਜ਼ਮ ਸੰਗਠਨਾਂ ਨੇ ਵੀ ਇਸ ਸੰਘਰਸ਼ ਨੂੰ ਹਮਾਇਤ ਦੇਣ ਦਾ ਐਲਾਨ ਕੀਤਾ। ਸਾਥੀ ਕੁਲਵੰਤ ਸਿੰਘ ਸੰਧੂ ਆਗੂ ਸੰਯੁਕਤ ਕਿਸਾਨ ਮੋਰਚਾ ਅਤੇ ਸੂਬਾ ਜਨਰਲ ਸਕੱਤਰ ਜਮਹੂਰੀ ਕਿਸਾਨ ਸਭਾ, ਪੰਜਾਬ ਆਪਣੀ ਮੁਕੇਰੀਆਂ ਇਕਾਈ ਨਾਲ ਧਰਨੇ 'ਚ ਸ਼ਾਮਲ ਹੋਏ। ਮੋਰਚੇ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂ ਕੁਲਵੰਤ ਸਿੰਘ ਸੰਧੂ ਨੇ ਕਿਹਾ ਕਿ ਲੋਕ ਵਿਕਾਸ ਦੇ ਵਿਰੋਧੀ ਨਹੀਂ, ਪਰ ਪੀੜਤ ਲੋਕ ਆਪਣੀਆਂ ਜ਼ਮੀਨਾਂ ਦੇ ਵਾਜਬ ਭਾਅ ਚਾਹੁੰਦੇ ਹਨ ਅਤੇ ਇਹ ਕੰਮ ਸਰਕਾਰ ਅਤੇ ਪ੍ਰਸ਼ਾਸਨ ਦਾ ਹੈ। ਪਰ ਪ੍ਰਸ਼ਾਸਨ ਲੋਕਾਂ ਦੀ ਅਵਾਜ਼ ਸੁਣਨ ਦੀ ਬਜਾਏ ਉਨ੍ਹਾਂ ਨੂੰ ਅਦਾਲਤ ਜਾਣ ਦੀ ਸਲਾਹ ਦੇ ਰਿਹਾ ਹੈ। ਸੰਧੂ ਨੇ ਕੰਢੀ ਖ਼ੇਤਰ ਦੇ ਲੋਕਾਂ ਵੱਲੋਂ ਸਰਕਾਰੀ ਜਬਰ ਖ਼ਿਲਾਫ਼ ਖੜ੍ਹਨ ਅਤੇ ਡਟਣ ਦੇ ਫੈਸਲੇ ਦੀ ਪੂਰੀ ਹਮਾਇਤ ਕੀਤੀ। ਇਸ ਮੌਕੇ ਪੈਨਸ਼ਨਰਜ਼ ਐਸੋਸੀਏਸ਼ਨ ਤਹਿਸੀਲ ਮੁਕੇਰੀਆਂ ਤੋਂ ਪ੍ਰਧਾਨ ਗਿਆਨ ਸਿੰਘ ਗੁਪਤਾ ਤੇ ਸਕੱਤਰ ਯੁਗਰਾਜ ਸਿੰਘ, ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਤੋਂ ਸੂਬਾ ਕਨਵੀਨਰ ਜਸਵੀਰ ਤਲਵਾੜਾ, ਪਸਸਫ਼ ਇਕਾਈ ਤਲਵਾੜਾ ਤੋਂ ਪ੍ਰਧਾਨ ਰਾਜੀਵ ਸ਼ਰਮਾ ਆਦਿ ਨੇ ਮੋਰਚੇ 'ਚ ਸ਼ਮੂਲੀਅਤ ਕੀਤੀ ਤੇ ਹਮਾਇਤ ਦੇਣ ਦਾ ਐਲਾਨ ਕੀਤਾ। ਜਥੇਬੰਦੀਆਂ ਦੇ ਆਗੂਆਂ ਨੇ ਪ੍ਰਭਾਵਿਤ ਲੋਕਾਂ ਦੀਆਂ ਮੰਗਾਂ ਨੂੰ ਜਾਇਜ਼ ਅਤੇ ਵਾਜਬ ਦੱਸਿਆ। ਇਸ ਤੋਂ ਪਹਿਲਾਂ ਸੰਘਰਸ਼ ਕਮੇਟੀ ਦੇ ਪ੍ਰਧਾਨ ਕੈਪਟਨ ਸੁਨੀਲ ਪਰਮਾਰ, ਸਰਪੰਚ ਅਸ਼ਵਨੀ ਕੁਮਾਰ, ਲੰਬੜਦਾਰ ਸੰਜੀਵ ਕੁਮਾਰ ਬੱਲੂ ਆਦਿ ਨੇ ਰੇਲਵੇ ਲਈ ਐਕੁਆਇਰ ਕੀਤੀ ਜਾ ਰਹੀ ਜ਼ਮੀਨ 'ਚ ਕੀਤੀਆਂ ਬੇਨਿਯਮੀਆਂ ਅਤੇ ਦਿੱਤੇ ਜਾ ਰਹੇ ਬੇਹੱਦ ਘੱਟ ਭਾਅ ਬਾਰੇ ਵਿਸਥਾਰਪੂਰਕ ਜਾਣਕਾਰੀ ਦਿੱਤੀ। ਹੋਰਨਾਂ ਤੋਂ ਇਲਾਵਾ ਇਸ ਮੌਕੇ ਜਮਹੂਰੀ ਕਿਸਾਨ ਸਭਾ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਸਵਰਨ ਸਿੰਘ, ਇਕਾਈ ਮੁਕੇਰੀਆਂ ਪ੍ਰਧਾਨ ਤਰਲੋਕ ਸਿੰਘ ਕਾਲੂ ਚਾਂਗ ਤੇ ਸਕੱਤਰ ਅਮਰਜੀਤ ਕਾਨੂੰਗੋ, ਓਮ ਦੱਤ ਸ਼ਰਮਾ, ਸੁਨੀਲ ਕੌਸ਼ਲ, ਰਣਜੀਤ ਕੌਸ਼ਲ, ਰਘੂਨਾਥ ਸ਼ਰਮਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਮਹਿਲਾਵਾਂ ਹਾਜ਼ਰ ਸਨ। ਉਧਰ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਨੇ ਕੰਢੀ ਏਰੀਆ ਰੇਲਵੇ ਪ੍ਰਭਾਵਿਤ ਸੰਘਰਸ਼ ਕਮੇਟੀ ਦੀ ਭਲਕੇ 12 ਵਜੇ ਮੀਟਿੰਗ ਸੱਦੀ ਹੈ।

# ਬੀਬੀ ਵਿਦਿਆ ਦੇਵੀ ਦੀ 15ਵੀਂ ਬਰਸੀ 'ਤੇ ਜੋੜ ਮੇਲਾ ਕਰਵਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਬੱਡਲਾ ਵਿਖੇ ਦਰਬਾਰ ਪੀਰ ਬਾਬਾ ਬੰਲਦੀ ਸ਼ਾਹ ਨੌਸ਼ਾਹੀ ਕਾਦਰੀ ਜੀ ਦੇ ਅਸਥਾਨ 'ਤੇ ਕਾਦਰੀ ਜੀ ਦੀ ਯਾਦ ਵਿੱਚ ਡੇਰੇ ਦੇ ਗੱਦੀਨਸ਼ੀਨ ਸਾਈਂ ਮਦਨ ਸ਼ਾਹ ਅਗਵਾਈ ਹੇਠ ਅਤੇ ਮੁੱਖ ਸੇਵਾਦਾਰ ਸਾਈਂ ਰਾਜੂ ਸ਼ਾਹ ਬੱਡਲਾ ਦੀ ਦੇਖ ਰੇਖ ਦੋ ਰੋਜਾ ਸਾਲਾਨਾ ਜੋੜ ਮੇਲਾ ਕਰਵਾਇਆ ਗਿਆ। ਜੋੜ ਮੇਲੇ ਮੌਕੇ ਚਿਰਾਗ, ਚਾਦਰ ਅਤੇ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਗਈ। ਬੰਟੀ ਕਵਾਲ, ਮਾਣਕ ਅਲੀ ਕਵਾਲ, ਮਨਜਿੰਦਰ ਮਨੀ, ਸਾਲਾਨਾ ਰੰਧਾਵਾ, ਚੰਨੀ ਗਿੱਲ, ਸੰਜੀਵ ਮੁਨੀ, ਪ੍ਰਵੇਜ ਕਵਾਲ, ਸਰਦਾਰ ਅਲੀ ਇੰਟਰਨੈਸ਼ਨਲ ਕਲਾਕਾਰ, ਨੀਲੇ ਖਾਨ, ਬੁਨੀਤ ਖਾਨ ਕਵਾਲ, ਸਰਬਜੀਤ ਸਰਬ, ਸਨਾ ਖਾਨ, ਜੱਸੀ ਫਤਿਹਪੁਰੀਆ, ਹਰਮਨ, ਗੁਰਮੇਲ ਬਖਸ਼ੀ ਆਦਿ ਕਲਾਕਾਰਾਂ ਨੇ ਦਰਬਾਰ ਦੀ ਹਾਜਰੀ ਭਰੀ। ਬਾਬਾ ਸੋਨੂੰ ਸ਼ਾਹ ਬੱਡਲਾ, ਬਾਬਾ ਦੀਦਾਰ ਸਿੰਘ ਬਿਹਾਲਾ, ਬਾਬਾ ਵਿੱਕੀ ਸ਼ਾਹ ਬੱਡਲਾ, ਬਾਬਾ ਦੀਸ਼ੇ ਸ਼ਾਹ ਮੋਨਾ ਕਲਾਂ, ਬਾਬਾ ਜੋਗਿੰਦਰ ਸਿੰਘ ਮੋਨਾ ਕਲਾਂ, ਬਾਬਾ ਜੀਤੀ ਸ਼ਾਹ ਪੱਟੀ, ਬੀਬੀ ਰਤਨ ਕੌਰ ਹਰਮੋਇਆ, ਵਿੱਕੀ ਸ਼ਾਹ, ਪ੍ਰੇਮ ਸਾਂਈ, ਅਮਨ ਮਹੰਤ, ਪੱਪੂ ਬਾਬਾ ਮਹੰਤ, ਵਿੱਕੀ ਦੇਵਾਂ ਹੁਸ਼ਿਆਰਪੁਰ, ਕੁਲਦੀਪ ਸਿੰਘ ਕਾਸ਼ੀਪੁਰ, ਬਾਬਾ ਸੋਨੂੰ ਚੱਗਰਾ, ਬਾਬਾ ਸੋਨੂੰ ਹੁਸ਼ਿਆਰਪੁਰ, ਬਾਬਾ ਮਿੰਦੀ ਭੂਲੇਵਾਲ, ਬਾਬਾ ਚਮਨ ਸ਼ਾਹ ਹਾਰਟਾ, ਬਾਬਾ ਬਿੰਦਰ ਸ਼ਾਹ ਹੁਕਮਤਪੁਰ, ਬਾਬਾ ਪਿੰਟੂ ਸ਼ਾਹ ਤੋਂ ਇਲਾਵਾ ਵੱਡੀ ਗਿਣਤੀ ਵਿਚ ਫੱਕਰ ਫਕੀਰਾਂ ਨੇ ਪੁੱਜ ਕੇ ਹਾਜਰੀ ਭਰੀ।



# ਕੁੱਲ ਹਿੰਦ ਖੇਤ ਮਜ਼ਦੂਰ ਤੇ ਸੈਂਟਰ ਆਫ ਇੰਡੀਅਨ ਟਰੇਡ ਯੂਨੀਅਨ ਵੱਲੋਂ ਪਹਿਲਵਾਨ ਲੜਕੀਆਂ ਦੇ ਮਸਲੇ ਹੱਲ ਲਈ ਮੰਗ ਪੱਤਰ



**ਹੁਸ਼ਿਆਰਪੁਰ (ਬਲਬੀਰ ਸੈਣੀ)**-ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਅਤੇ ਸੈਂਟਰ ਆਫ ਇੰਡੀਅਨ ਟਰੇਡ ਯੂਨੀਅਨ ਹੁਸ਼ਿਆਰਪੁਰ ਵੱਲੋਂ ਅੱਜ ਇੱਥੇ ਡੀ ਸੀ ਹੁਸ਼ਿਆਰਪੁਰ ਰਾਹੀਂ ਸਾਥੀ ਗੁਰਮੇਸ਼ ਸਿੰਘ, ਸਾਥੀ ਮਹਿੰਦਰ ਸਿੰਘ ਬੱਡੋਆਣ ਅਤੇ ਸਾਥੀ ਧੰਨਪਤ ਦੀ ਅਗਵਾਈ ਵਿੱਚ ਪ੍ਰਧਾਨ ਮੰਤਰੀ ਦੇ ਨਾਂਅ ਜੰਤਰ-ਮੰਤਰ ਦਿੱਲੀ ਵਿਖੇ ਧਰਨੇ 'ਤੇ ਬੈਠੀਆਂ ਪਹਿਲਵਾਨ ਲੜਕੀਆਂ ਦੇ ਮਸਲੇ ਦੇ ਹੱਲ ਲਈ ਮੰਗ ਪੱਤਰ ਦਿੱਤਾ ਗਿਆ। ਇਸ ਸੰਬੰਧ ਵਿੱਚ ਜਾਣਕਾਰੀ ਦਿੰਦਿਆਂ ਉਕਤ ਸਾਥੀਆਂ ਨੇ ਕਿਹਾ ਕਿ ਇਹ ਇਕ ਬਹੁਤ ਹੀ ਸੰਵੇਦਨਸ਼ੀਲ ਮਸਲਾ ਹੈ ਜਿਸ ਵੱਲ ਧਿਆਨ ਦੇ ਕੇ ਪ੍ਰਧਾਨ ਮੰਤਰੀ ਨੂੰ ਕੋਈ ਸਾਰਥਕ ਹੱਲ ਕੱਢਣਾ ਚਾਹੀਦਾ ਹੈ। ਕੋਈ ਵੀ ਲੜਕੀ ਬਿਨਾਂ ਕਿਸੇ ਕਾਰਨ ਧਰਨਿਆਂ ਉਪਰ ਨਹੀਂ ਬੈਠਦੀ। ਅਫ਼ਸੋਸ ਹੈ ਕਿ ਰੈਸਲਿੰਗ ਦੇ ਜਗਤ ਵਿੱਚ ਸੰਸਾਰ ਪ੍ਰਸਿੱਧੀ ਬਣਾਉਣ ਵਾਲੀਆਂ ਪਹਿਲਵਾਨ ਕੁੜੀਆਂ ਆਪਣੇ ਲਈ ਇਨਸਾਫ ਦੀ ਮੰਗ ਕਰ ਰਹੀਆਂ ਹਨ। ਉਨ੍ਹਾਂ ਦੀ ਮੰਗ ਹੈ ਕਿ ਰੈਸਲਿੰਗ ਫੈਡਰੇਸ਼ਨ ਆਫ ਇੰਡੀਆ (ਡਬਲਯੂ ਐਫ ਆਈ) ਦਾ ਪ੍ਰੈਜ਼ੀਡੈਂਟ ਬ੍ਰਿਜ ਭੂਸ਼ਣ ਸ਼ਰਨ ਸਿੰਘ ਜੋ ਕਿ ਬੀ ਜੇ ਪੀ ਦਾ ਐਮ ਪੀ ਵੀ ਹੈ, ਵੱਲੋਂ ਪਹਿਲਵਾਨ ਲੜਕੀਆਂ ਦਾ ਸ਼ੋਸ਼ਣ ਕੀਤਾ ਹੈ, ਉਸ ਵਿਰੁੱਧ ਐਫ ਆਈ ਆਰ ਦਰਜ ਕਰਕੇ ਬਣਦੀ ਕਾਨੂੰਨੀ ਕਾਰਵਾਈ ਦੀ ਮੰਗ ਕਰ ਰਹੀਆਂ ਹਨ। ਸਾਥੀ ਗੁਰਮੇਸ਼ ਸਿੰਘ ਅਤੇ ਸਾਥੀ ਮਹਿੰਦਰ ਕੁਮਾਰ ਵੱਲੋਂ ਦੇਸ਼ ਦੇ ਪ੍ਰਧਾਨ ਮੰਤਰੀ ਪਾਸੋਂ ਜ਼ੋਰਦਾਰ ਸ਼ਬਦਾਂ ਵਿੱਚ ਇਸ ਮਸਲੇ ਦਾ ਤੁਰੰਤ ਹਲ ਕਰਨ ਦੀ ਅਪੀਲ ਕੀਤੀ ਹੈ। ਇਸ ਮੌਕੇ ਸਾਥੀ ਮਹਿੰਦਰ ਸਿੰਘ ਭੀਲੋਵਾਲ, ਸੰਤੋਖ ਸਿੰਘ ਭੀਲੋਵਾਲ, ਬਲਵਿੰਦਰ ਸਿੰਘ, ਕਸ਼ਮੀਰ ਸਿੰਘ, ਜਸਵੀਰ ਸਿੰਘ ਅਤੇ ਰਾਮਨਾਥ ਆਦਿ ਸਾਥੀ ਹਾਜ਼ਰ ਸਨ।

# ਰਣਜੀਤ ਕੌਰ ਦਾ 'ਮੇਰੇ ਜੋਗਾ' ਗੀਤ ਰਿਲੀਜ਼



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** -ਮੇਰੇ ਜੋਗਾ ਗੀਤ ਜੋ ਹਾਲ ਹੀ ਵਿੱਚ ਰਣਜੀਤ ਕੌਰ ਟਰੰਟੋ ਦੇ ਆਪਣੇ ਨਿੱਜੀ ਯੂਟਿਊਬ ਚੈਨਲ ਤੋਂ ਰਿਲੀਜ਼ ਹੋਇਆ ਹੈ। ਜਿਸ ਵਿੱਚ ਉਸ ਨੇ ਪਹਿਲੀ ਵਾਰ ਪੂਰੀ ਵੀਡੀਓ ਵਿੱਚ ਆਪਣੇ ਅਭਿਨੈ ਦਾ ਪ੍ਰਦਰਸ਼ਨ ਕੀਤਾ ਹੈ। ਰਣਜੀਤ ਕੌਰ ਕਲਮ ਦੀ ਧਨੀ ਹੋਣ ਦੇ ਨਾਲ-ਨਾਲ ਸੁਰਾਂ ਨਾਲ ਵੀ ਬੜੀ ਖੂਬਸੂਰਤੀ ਨਾਲ ਖੇਡਣਾ ਜਾਣਦੀ ਹੈ ਅਤੇ ਆਪਣੇ ਹਰ ਗੀਤ ਵਿੱਚ ਵਿਲੱਖਣ ਰੰਗ ਭਰਦੀ ਹੋਈ ਇੱਕ-ਇੱਕ ਕਰ ਤਰੱਕੀ ਦੀਆਂ ਪੌੜੀਆਂ ਚੜ ਰਹੀ ਹੈ। ਮੇਰੇ ਜੋਗਾ ਗੀਤ ਵਿੱਚ ਉਸ ਨੇ ਗਿਆਨ ਅਤੇ ਆਤਮਾ ਦੇ ਆਪਸੀ ਸਬੰਧਾਂ ਦੀ ਗੱਲ ਕੀਤੀ ਹੈ। ਜਿਸ ਦੀ ਵੀਡੀਓ ਵਿੱਚ ਉਸ ਨੇ ਪ੍ਰਕਿਰਤੀ ਦੀ ਖੂਬਸੂਰਤੀ ਅਤੇ ਆਪਣੀ ਜਿੰਦਗੀ ਦੇ ਲਿਖਾਰੀ ਪੱਖ ਨੂੰ ਕੁਦਰਤ ਨਾਲ ਜੋੜ ਕੇ ਬੜੇ ਗੰਭੀਰ ਅਤੇ ਸੁਚੱਜੇ ਤਰੀਕੇ ਨਾਲ ਦਰਸਾਇਆ ਹੈ। ਹਰ ਭੜਕ-ਤੜਕ ਤੋਂ ਦੂਰ ਸਹਿਜ ਅਤੇ ਸੁਰੀਲੇ ਅੰਦਾਜ ਵਿੱਚ ਗਾਇਆ ਤੇ ਲਿਖਿਆ ਰਣਜੀਤ ਕੌਰ ਟਰੰਟੋ ਦਾ ਇਹ ਗੀਤ ਉਸ ਦੇ ਚਾਹੁਣ ਵਾਲਿਆਂ ਨੂੰ ਪਹਿਲੇ ਗੀਤਾਂ ਦੀ ਤਰ੍ਹਾਂ ਹੀ ਪਸੰਦ ਆਵੇਗਾ।

# ਜਿੰਪਾ ਨੇ ਛਾਉਣੀ ਕਲਾਂ ਦੀ ਪੰਚਾਇਤ ਨੂੰ ਦਿੱਤਾ 5 ਲੱਖ ਰੁਪਏ ਦਾ ਚੈੱਕ



**ਹੁਸ਼ਿਆਰਪੁਰ, ( ਓ ਪੀ ਰਾਣਾ..)**-ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਪਿੰਡ ਛਾਉਣੀ ਕਲਾਂ ਦੀ ਪੰਚਾਇਤ ਨੂੰ ਪਿੰਡ ਵਿਚ ਬਾਸਕਿਟਬਾਲ ਗਰਾਊਂਡ ਲਈ 5 ਲੱਖ ਰੁਪਏ ਦਾ ਚੈੱਕ ਸੌਂਪਿਆ। ਮੰਤਰੀ ਨੇ ਕਿਹਾ ਕਿ ਸਟੇਡੀਅਮ ਲਈ ਹੋਰ ਜ਼ਰੂਰਤਾਂ ਨੂੰ ਵੀ ਪੂਰਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਦੇ ਨਾਲ-ਨਾਲ ਪਿੰਡ ਦੇ ਵਿਕਾਸ ਸਬੰਧੀ ਹਰ ਸਮੱਸਿਆ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ ਅਤੇ ਪਿੰਡ ਦੀ ਹਰ ਮੰਗ ਨੂੰ ਪੂਰਾ ਕੀਤਾ ਜਾਵੇਗਾ। ਇਸ ਦੌਰਾਨ ਉਨ੍ਹਾਂ ਪਿੰਡ ਬੂਥਗੜ੍ਹ ਦਾ ਦੌਰਾ ਕਰਕੇ ਉਥੋਂ ਦੇ ਲੋਕਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ। ਉਨ੍ਹਾਂ ਕਿਹਾ ਕਿ ਪਿੰਡ ਦੀ ਟੁੱਟੀ ਪੁਲੀ ਦਾ ਐਸਟੀਮੇਟ ਸਬੰਧਤ ਵਿਭਾਗ ਦੇ ਅਧਿਕਾਰੀਆਂ ਵਲੋਂ ਲਿਆ ਗਿਆ ਹੈ ਅਤੇ ਜਲਦ ਹੀ ਪੁਲੀ ਵਾਲੀ ਜਗ੍ਹਾ 'ਤੇ ਬਿਹਤਰੀਨ ਕਾਜਵੇਅ ਦਾ ਨਿਰਮਾਣ ਕਰਵਾਇਆ ਜਾਵੇਗਾ, ਤਾਂ ਜੋ ਲੋਕਾਂ ਦੀ ਲੰਬੇ ਸਮੇਂ ਤੋਂ ਪੈਂਡਿੰਗ ਸਮੱਸਿਆ ਦਾ ਹੱਲ ਹੋ ਸਕੇ।

ਇਸ ਤੋਂ ਇਲਾਵਾ ਪਿੰਡ ਦੇ ਲੋਕਾਂ ਦੀ ਮੰਗ 'ਤੇ ਪਾਣੀ ਦੀ ਟੈਂਕੀ ਲਈ ਜਲ ਸਪਲਾਈ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਅਤੇ ਜਲਦ ਹੀ ਇਸ ਕਾਰਜ ਲਈ ਟੈਂਡਰ ਲੱਗ ਜਾਣਗੇ। ਇਸ ਮੌਕੇ ਪਿੰਡ ਛਾਉਣੀ ਕਲਾਂ ਦੀ ਸਰਪੰਚ ਦਵਿੰਦਰ ਕੌਰ ਚੌਹਾਨ, ਬੀ.ਡੀ.ਪੀ.ਓ ਸੁਖਵਿੰਦਰ ਸਿੰਘ, ਜਸਵਿੰਦਰ ਸਿੰਘ, ਪਵਨ, ਰਜਿੰਦਰ ਕੁਮਾਰ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

# ਮਹਿੰਦਰਾ ਪਬਲਿਕ ਸਕੂਲ 'ਚ ਧਰਤੀ ਦਿਵਸ ਮਨਾਇਆ





**ਕਰਤਾਰਪੁਰ (ਹਰਮੇਸ ਦੱਤ)** ਮਹਿੰਦਰਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਿਆਲਪੁਰ ਜ਼ਿਲ੍ਹਾ ਕਪੂਰਥਲਾ ਵਿਖੇ ਇੱਕੋ ਕਲੱਬ ਦੁਆਰਾ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ। ਜਿਸਦਾ ਮਕਸਦ ਧਰਤੀ ਦੀ ਸੁਰੱਖਿਆ ਪ੍ਰਤੀ ਵਿਦਿਆਰਥੀਆਂ ਨੂੰ ਜਾਗਰੂਕ ਕਰਨਾ ਸੀ। ਮੈਡਮ ਕਰਨਜੋਤ ਕੌਰ ਅਤੇ ਮੈਡਮ ਪਰਮਜੀਤ ਕੌਰ ਨੇ ਵਿਦਿਆਰਥੀਆਂ ਨੂੰ ਧਰਤੀ ਦਿਵਸ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਵਿਦਿਆਰਥੀਆਂ ਨੂੰ ਧਰਤੀ ਨੂੰ ਹਰਿਆ ਭਰਿਆ ਤੇ ਪ੍ਰਦੂਸ਼ਿਤ ਰਹਿਤ ਬਨਾਉਣ ਦੇ ਸੁਝਾਅ ਦਿੱਤੇ। ਵਿਦਿਆਰਥੀਆਂ ਵਿੱਚ ਧਰਤੀ ਦਿਵਸ ਦੀ ਮਹੱਤਤਾ ਨੂੰ ਦਰਸਾਉਂਦੇ ਹੋਏ ਸਲੋਗਨ ਰਾਈਟਿੰਗ ਮੁਕਾਬਲਾ ਵੀ ਕਰਵਾਇਆ ਗਿਆ, ਜਿਸ ਵਿੱਚ 6 ਵੀਂ ਕਲਾਸ ਤੋਂ ਲੈ ਕੇ 12 ਕਲਾਸ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਇਸ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਧਰਤੀ ਪਾਣੀ ਬਚਾਉਣ ਤੋਂ ਇਲਾਵਾ ਵਾਤਾਵਰਨ ਦੀ ਸ਼ੁੱਧਤਾ ਕਾਇਮ ਰੱਖਣ ਦਾ ਸੰਦੇਸ਼ ਦਿੱਤਾ। ਵਧੀਆ ਕਾਰਗੁਜਾਰੀ ਵਾਲੇ ਵਿਦਿਆਰਥੀਆਂ ਦੀਆਂ ਪੁਜੀਸ਼ਨਾਂ ਕੱਢੀਆਂ ਗਈਆਂ ਜਿਸ ਵਿੱਚ ਸਿਮਰਨਜੀਤ ਕੌਰ, ਰਵਲੀਨ, ਗੁਰਨੂਰ ਨੇ ਪਹਿਲਾ ਸਥਾਨ, ਗੁਰਜੋਤ ਸਿੰਘ, ਜਸਲੀਨ ਕੌਰ, ਸਿਮਰਜੋਤ ਨੇ ਦੂਸਰਾ ਤੇ ਪ੍ਰਭਲੀਨ ਕੌਰ, ਮਨਪ੍ਰੀਤ , ਸ਼ਿਵਾ, ਅਮਰਿੰਦਰ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਸਕੂਲ ਸੰਚਾਲਕ ਮੈਡਮ ਮਹਿੰਦਰ ਕੌਰ ਪੱਡਾ ਅਤੇ ਚੇਅਰਪਰਸਨ ਹਰਮਨ ਸਿੰਘ ਪੱਡਾ ਨੇ ਵਿਦਿਆਰਥੀਆਂ ਦੀ ਵਧੀਆ ਕਾਰਗੁਜਾਰੀ ਲਈ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਰੁੱਖ ਲਗਾ ਕੇ ਧਰਤੀ ਅਤੇ ਵਾਤਾਵਰਨ ਦੀ ਸਾਂਭ ਸੰਭਾਲ ਲਈ ਜਾਗਰੂਕ ਕੀਤਾ। ਅੰਤ ਵਿੱਚ ਜਿੱਤੇ ਹੋਏ ਵਿਦਿਆਰਥੀਆਂ ਨੂੰ ਸਕੂਲ ਮੈਨੇਜਮੈਂਟ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਸੰਚਾਲਕ ਮੈਡਮ ਮਹਿੰਦਰ ਕੌਰ ਪੱਡਾ, ਚੇਅਰਪਰਸਨ ਹਰਮਨ ਸਿੰਘ ਪੱਡਾ, ਮੈਡਮ ਕੰਚਨ ਸਰਮਾ, ਰੇਨੂੰ ਸਰਮਾ, ਰਾਣੀ ਭਾਟੀਆ, ਦਲਵਿੰਦਰ ਕੌਰ, ਰਮਨਦੀਪ, ਕਰਨਜੋਤ, ਸੰਗੀਤਾ ਸਰਮਾ, ਰਜਨੀ ਜੋਸੀ ,ਰਜਨੀ ਸਰਮਾ, ਲੀਨਾ, ਅਰਚਨਾ, ਹਰਦੀਪ ਕੌਰ, ਅਨੂ, ਰੇਣੂ ਬਾਲਾ, ਦੀਪੀਕਾ, ਨੀਤੂ, ਸਿਵਾਨੀ ਸਰਮਾ, ਮੀਨਾਕਸੀ, ਰਾਜ ਕੁਮਾਰ ਅਤੇ ਵਿਦਿਆਰਥੀ ਹਾਜਰ ਸਨ।

# ਐੱਸ ਡੀ ਕਾਲਜ 'ਚ ਮਿਸ਼ਨ ਲਾਈਫ ਦੇ ਤਹਿਤ ਲਗਾਏ ਪੌਦੇ



**ਸੁਲਤਾਨਪੁਰ ਲੋਧੀ, ( ਹਨੀ )** ਐੱਸ ਡੀ ਕਾਲਜ ਫਾਰ ਵੂਮੈਨ ਸੁਲਤਾਨਪੁਰ ਲੋਧੀ ਵਿਖੇ ਮਿਸ਼ਨ 2023 ਲਾਈਫ ਦੇ ਅੰਤਰਗਤ ਹਿੰਦੀ ਅਤੇ ਕੰਪਿਊਟਰ ਵਿਭਾਗ ਵੱਲੋਂ ਕਾਲਜ ਦੇ ਵਿਹੜੇ ਵਿਚ ਵੱਡੀ ਗਿਣਤੀ 'ਚ ਪੌਦੇ ਲਗਾਏ ਗਏ । ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਨੇ ਕਿਹਾ ਕਿ ਵਾਤਾਵਰਣ ਸਾਂਭ ਸੰਭਾਲ ਅਤੇ ਸਾਫ ਸੁਥਰਾ ਰੱਖਣਾ ਹਰ ਨਾਗਰਿਕ ਦਾ ਪਹਿਲਾ ਫਰਜ਼ ਬਣਦਾ ਹੈ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਸ਼ੁੱਧ ਵਾਤਾਵਰਣ ਮਿਲ ਸਕੇ । ਉਨ੍ਹਾਂ ਕਿਹਾ ਕਿ ਸਾਨੂੰ ਹਰ ਵਰ੍ਹੇ ਵੱਡੀ ਗਿਣਤੀ ਵਿਚ ਵੱਧ ਤੋਂ ਵੱਧ ਪੌਦੇ ਲਗਾ ਕੇ ਉਨ੍ਹਾਂ ਦੀ ਦੇਖਭਾਲ ਕਰਨੀ ਚਾਹੀਦੀ ਹੈ । ਇਸ ਮੌਕੇ ਮੈਡਮ ਰਜਨੀ ਬਾਲਾ, ਰਜਿੰਦਰ ਕੌਰ, ਰਾਜਬੀਰ ਕੌਰ, ਕਸ਼ਮੀਰ ਕੌਰ, ਸੁਨੀਤਾ ਕਲੇਰ, ਰੀਟਾ ਮਸੀਹ ਆਦਿ ਸਟਾਫ ਮੈਂਬਰ ਹਾਜਰ ਸਨ ।

# ਪਹਿਲਵਾਨ ਲੜਕੀਆਂ ਨੂੰ ਦਿੱਤਾ ਜਾਵੇ ਇਨਸਾਫ : ਕੁੱਲ ਹਿੰਦ ਕਿਸਾਨ ਸਭਾ




**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)—** ਇਥੇ ਵੱਖ ਵੱਖ ਮਜਦੂਰ ਕਿਸਾਨ ਜਥੇਬੰਦੀਆਂ ਦੇ ਸੱਦੇ 'ਤੇ ਦਿੱਲੀ ਵਿਖੇ ਯੌਨ ਸੋਸ਼ਣ ਦੇ ਖਿਲਾਫ ਖਿਡਾਰੀਆਂ ਵੱਲੋਂ ਕੀਤੇ ਜਾ ਰੋਸ ਪ੍ਰਦਰਸ਼ਨ ਦੇ ਹੱਕ ਵਿੱਚ ਨਜਦੀਕੀ ਪਿੰਡ ਢੇਰ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ। ਮੰਗ ਕੀਤੀ ਕਿ ਕੁਸ਼ਤੀ ਫੈਡਰੇਸ਼ਨ ਪ੍ਰਧਾਨ ਨੂੰ ਸਲਾਖਾਂ ਪਿੱਛੇ ਬੰਦ ਕਰਕੇ ਪਹਿਲਵਾਨ ਲੜਕੀਆਂ ਨੂੰ ਇਨਸਾਫ ਦਿੱਤਾ ਜਾਵੇ। ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਰਜੀਤ ਸਿੰਘ ਢੇਰ, ਜਸਵਿੰਦਰ ਸਿੰਘ ਭੰਗਲ, ਜਸਵਿੰਦਰ ਸਿੰਘ ਵਡਿਆਲ ਅਤੇ ਇੰਦਰਜੀਤ ਸਿੰਘ ਫੌਜੀ ਨੇ ਕਿਹਾ ਕਿ ਪੂਰੇ ਦੇਸ਼ ਵਿੱਚ ਭਾਰਤੀ ਕੁਸ਼ਤੀ ਮਹਾਂਸੰਘ ਪ੍ਰਧਾਨ ਅਤੇ ਭਾਜਪਾ ਸੰਸਦ ਬ੍ਰਿਜ ਭੂਸ਼ਨ, ਹਰਿਆਣਾ ਸਰਕਾਰ ਦੇ ਮੰਤਰੀ ਸੰਦੀਪ ਸਿੰਘ 'ਤੇ ਕਾਰਵਾਈ ਕਰਵਾਉਣ ਲਈ, ਅੰਤਰਰਾਸ਼ਟਰੀ ਪਹਿਲਵਾਨਾਂ ਨੂੰ ਇਨਸਾਫ ਦਿਵਾਉਣ ਦੇ ਹੱਕ ਵਿੱਚ ਇਕੱਠ ਕੀਤਾ ਗਿਆ ਹੈ। ਦੋਸ਼ਾਂ ਦੀ ਜਾਂਚ ਲਈ ਕੇਂਦਰ ਸਰਕਾਰ ਨੇ 6 ਮੈਂਬਰੀ ਜਾਂਚ ਕਮੇਟੀ ਬਣਾਈ ਸੀ। ਉਨ੍ਹਾਂ ਨੇ ਕਿਹਾ ਕਿ ਇਹ ਖਿਡਾਰੀ ਮੰਗ ਕਰਦੇ ਹਨ ਕਿ ਜਾਂਚ ਕਮੇਟੀ ਦੀ ਰਿਪੋਰਟ ਨੂੰ ਜਨਤਕ ਕੀਤਾ ਜਾਵੇ।

7 ਮਹਿਲਾ ਖਿਡਾਰੀਆਂ ਵੱਲੋਂ ਦਿੱਲੀ ਦੇ ਕਨਾਟ ਪੈਲੇਸ ਪੁਲਸ ਥਾਣੇ ਵਿੱਚ ਦਿੱਤੀ ਹੋਈ ਯੋਨ ਹਿੰਸਾ ਦੀ ਸ਼ਿਕਾਇਤ 'ਤੇ ਐਫ ਆਈ ਆਰ ਦਰਜ ਕੀਤੀ ਜਾਵੇ। ਆਗੂਆਂ ਨੇ ਕਿਹਾ ਕਿ ਸੰਦੀਪ ਸਿੰਘ ਨੂੰ ਹਰਿਆਣਾ ਮੰਤਰੀ ਮੰਡਲ ਤੋਂ ਬਰਖਾਸਤ ਕੀਤਾ ਜਾਵੇ। ਇਸ ਰੋਸ ਪ੍ਰਦਰਸ਼ਨ ਦੇ ਮੌਕੇ ਤੇ ਕੇਂਦਰ ਸਰਕਾਰ ਖਿਲਾਫ ਨਾਅਰੇਬਾਜੀ ਕੀਤੀ ਗਈ। ਇਸ ਮੌਕੇ 'ਤੇ ਡਾਕਟਰ ਰਵਿੰਦਰ ਨਾਥ, ਚੌਧਰੀ ਰਾਮ ਚੰਦ ਦੋਨਾਲ, ਚੰਨਣ ਸਿੰਘ ਸੂਰੇਵਾਲ ,ਦੀਪੂ,ਹਰਮਨ ਸਿੰਘ ਭੰਗਲ,ਲੇਖ ਸਿੰਘ , ਜਰਨੈਲ ਸਿੰਘ ਬਹਿਲੂ,ਪੱਮੂ, ਦਰਸਨ ਸਿੰਘ ਭੰਗਲ, ਮਹਿੰਦਰ ਸਿੰਘ,ਬਿੱਟੂ ਢੇਰ ਵੀ ਹਾਜਰ ਸਨ।

# ਮਹਿਲਾ ਪਹਿਲਵਾਨ ਦੇ ਯੌਨ ਸੋਸ਼ਣ ਦੀ ਐਡਵਾ ਵੱਲੋਂ ਕਰੜੇ ਸ਼ਬਦਾਂ 'ਚ ਨਿਖੇਧੀ




**ਨਵਾਂਸ਼ਹਿਰ (ਮਨੋਜ ਲਾਡੀ, ਕੁਲਵਿੰਦਰ ਸਿੰਘ ਦੁਰਗਾ ਪੁਰੀਆ )**- ਜਨਵਾਦੀ ਇਸਤਰੀ ਸਭਾ ਜ਼ਿਲ੍ਹਾ ਨਵਾਂਸ਼ਹਿਰ ਦੀ ਪ੍ਰਧਾਨ ਸੰਦੀਪ ਕੌਰ ਤੇ ਜਨਰਲ ਸਕੱਤਰ ਸੁਨੀਤਾ ਤਲਵੰਡੀ ਨੇ ਸਾਂਝੇ ਪ੍ਰੈੱਸ ਬਿਆਨ ਰਾਹੀਂ ਮਹਿਲਾ ਪਹਿਲਵਾਨ ਔਰਤਾਂ ਦੇ ਹੋ ਰਹੇ ਯੌਨ ਸੋਸ਼ਣ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਇਹ ਪਹਿਲਵਾਨ ਔਰਤਾਂ ਕਈ ਦਿਨਾਂ ਤੋਂ ਦਿੱਲੀ ਦੇ ਜੰਤਰ ਮੰਤਰ ਵਿਖੇ ਧਰਨੇ ਦੇ ਰਹੀਆਂ ਹਨ,ਪਰ ਕੇਂਦਰ ਸਰਕਾਰ ਦਾ ਇਨ੍ਹਾਂ ਵੱਲ ਕੋਈ ਧਿਆਨ ਨਹੀਂ। ਪੀੜਤਾਂ ਦਾ ਕਹਿਣਾ ਹੈ ਕਿ ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਬ੍ਰਿਜ ਭੂਸ਼ਨ ਸ਼ਰਨ ਸਿੰਘ ਵਲੋਂ ਉਨ੍ਹਾਂ ਦਾ ਯੌਨ ਸੋਸ਼ਣ ਕੀਤਾ ਜਾ ਰਿਹਾ ਹੈ। ਪਰ ਦੁੱਖ ਦੀ ਗੱਲ ਹੈ ਕਿ ਇਹ ਸਖਸ਼ ਵੀ ਭਾਜਪਾ ਦਾ ਸੰਸਦ ਮੈਂਬਰ ਹੈ। ਇਸ ਲਈ ਕੇਂਦਰ ਸਰਕਾਰ ਕਾਰਵਾਈ ਕਰਨ ਲਈ ਆਨਾ ਕਾਨੀ ਕਰ ਰਹੀ ਹੈ ਕਿਉਂਕਿ ਮੋਦੀ ਹੈ ਤੋਂ ਮੁਮਕਿਨ ਹੈ ਵਾਲੀ ਗੱਲ ਸਿੱਧ ਹੋ ਰਹੀ ਹੈ। ਇਹ ਔਰਤਾਂ ਸਾਡੇ ਦੇਸ਼ ਦਾ ਮਾਣ ਹਨ,ਪਰ ਭਾਜਪਾ ਦੇ ਆਗੂਆਂ ਦੀਆਂ ਗਲਤ ਨੀਅਤਾਂ ਕਾਰਨ ਸਾਰੇ ਸੰਸਾਰ ਅੰਦਰ ਦੇ। ਦੀਆਂ ਨਜ਼ਰਾਂ ਝੁੱਕ ਗਈਆਂ ਹਨ। ਜੇਕਰ ਦੇਸ਼ ਅੰਦਰ ਦੇਸ਼ ਦਾ ਨਾਂਅ ਰੌਸ਼ਨ ਕਰਨ ਵਾਲੀ ਧੀ ਹੀ ਸੁਰਖਿਅਤ ਨਹੀਂ ਤਾਂ ਘਰੇਲੂ ਔਰਤਾਂ ਕਿੱਥੋਂ ਸੁਰਖਿਅਤ ਰਹਿਣਗੀਆਂ। ਉਨ੍ਹਾਂ ਅੱਗੇ ਕਿਹਾ ਕਿ ਸਾਨੂੰ ਬੇਟੀ ਪੜ੍ਹਾਉਣ ਦੇ ਨਾਲ ਨਾਲ ਭਾਜਪਾ ਆਗੂਆਂ ਤੋਂ ਆਪਣੀਆਂ ਬੱਚੀਆਂ ਨੂੰ ਬਚਾਉਣਾ ਵੀ ਜਰੂਰੀ ਹੈ। ਇਸ ਮੌਕੇ ਤੇ ਅਮਰਜੀਤ ਕੌਰ ਜੀਂਦੋਵਾਲ, ਬੀਬੀ ਸੱਤਿਆ, ਜਸਵੀਰ ਕੌਰ, ਲਾਡੋ ਅਤੇ ਨੀਲਮ ਹਾਜਰ ਸਨ।

# ਆਂਗਣਵਾੜੀ ਵਰਕਰਾਂ ਹੈਲਪਰਾਂ ਦੀਆਂ ਮੰਗਾਂ ਨੂੰ ਕੀਤਾ ਜਾ ਰਿਹੈ ਅਣਦੇਖਿਆ- ਮੁਲਾਜ਼ਮ ਯੂਨੀਅਨ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਆਂਗਨਵਾੜੀ ਮੁਲਾਜਮ ਯੂਨੀਅਨ ਪੰਜਾਬ ਸੀਟੂ ਵੱਲੋਂ ਜ਼ਿਲ੍ਹਾ ਜਲੰਧਰ ਦੇ ਬਲਾਕ ਜਲੰਧਰ ਵੈਸਟ ਦੀ ਹਰਮਨ ਕੌਰ ਦੀ ਪ੍ਰਧਾਨਗੀ ਵਿਚ ਇੱਕ ਹੰਗਾਮੀ ਮੀਟਿੰਗ ਕੀਤੀ ਗਈ। ਪਹਿਲਾਂ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਜ਼ਿਲ੍ਹਾ ਜਲੰਧਰ ਦੇ ਚੇਅਰਪਰਸਨ ਜਸਵੀਰ ਕੌਰ ਉਚੇਚੇ ਤੌਰ 'ਤੇ ਮੀਟਿੰਗ 'ਚ ਸ਼ਾਮਲ ਹੋਏ ਅਤੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਂਗਣਵਾੜੀ ਵਰਕਰਾਂ ਹੈਲਪਰਾਂ ਦੀਆਂ ਮੰਗਾਂ ਨੂੰ ਅਣਦੇਖਿਆ ਕੀਤਾ ਜਾ ਰਿਹਾ ਹੈ । ਇੱਕ ਸਾਲ ਬੀਤ ਜਾਣ ਦੇ ਬਾਅਦ ਵੀ ਲਾਰੇ ਲਾਊ ਨੀਤੀਆਂ ਅਪਣਾਈਆਂ ਹੋਈਆਂ ਹਨ । ਜਨਰਲ ਸਕੱਤਰ ਕ੍ਰਿਸ਼ਨਾ ਕੁਮਾਰੀ ਨੇ ਦਸਿਆ ਕਿ ਮੀਟਿੰਗ ਦਾ ਸਮਾਂ ਦੇ ਕੇ ਮੀਟਿੰਗ ਨਾ ਕਰਨਾ ਸਰਕਾਰ ਦੀ ਆਮ ਲੋਕਾਂ ਪ੍ਰਤੀ ਨੀਤੀ ਨੂੰ ਜਾਹਰ ਕਰਦਾ ਹੈ। ਪੰਜਾਬ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਆਂਗਣਵਾੜੀ ਵਰਕਰਾਂ ਹੈਲਪਰਾਂ ਦੇ ਮਾਣ ਭੱਤੇ ਨੂੰ ਦੁੱਗਣਾ ਕਰਨ ਸਮੇਤ ਹੋਰ ਕਈ ਸਹੂਲਤਾਂ ਦਾ ਐਲਾਨ ਕੀਤਾ ਸੀ ਪਰ ਹੋਇਆ ਉਲਟ । ਜਿਸ ਕਾਰਨ ਗਰੀਬ ਵਰਕਰਾਂ ਹੈਲਪਰਾਂ ਦੇ ਘਰ ਦੇ ਚੁੱਲ੍ਹੇ ਠੰਡੇ ਪੈ ਗਏ ਅਤੇ ਚਿੰਤਾ ਵਿੱਚ ਕਈ ਹੈਲਪਰਾਂ ਦੀ ਮੌਤ ਵੀ ਹੋ ਗਈ । ਜਿਲ੍ਹਾ ਮੀਤ ਪ੍ਰਧਾਨ ਬਲਵੀਰ ਕੌਰ ਨੇ ਦਸਿਆ ਕੇ ਆਂਗਨਵਾੜੀ ਵਰਕਰਾਂ ਹੈਲਪਰਾਂ ਲੰਬੇ ਸਮੇਂ ਤੋਂ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੀਆਂ ਹਨ ਪਰ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਚੁੱਪ ਵੱਟੀ ਹੋਈ ਹੈ। ਇਸ ਚੁੱਪੀ ਨੂੰ ਤੋੜਾਉਣ ਵਾਸਤੇ ਜ਼ਿਮਨੀ ਚੋਣ ਦੌਰਾਨ ਜਲੰਧਰ ਵਿਖੇ ਆਪਣੇ ਹੱਕਾਂ ਦੀ ਆਵਾਜ ਬੁਲੰਦ ਕੀਤੀ ਜਾਵੇਗੀ । ਮੀਟਿੰਗ ਵਿੱਚ ਹਰਮਨ, ਬਲਜੀਤ,ਵਿਜੈ ਕੁਮਾਰੀ,ਆਸ਼ਾ,ਨੀਤਿਕਾ, ਜਸਵੀਰ ਕੌਰ ਮੈਂਬਰ ਸ਼ਾਮਲ ਹੋਏ।

# ਜੁੰਪ ਓਨ ਲਟਰਜ ਗਤੀਵਿਧੀ ਕਰਵਾਈ




**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**,—ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਸਨੌਰਾ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਨਵਦੀਪ ਕੌਰ ਅਤੇ ਸਕੂਲ ਦੇ ਚੇਅਰਮੈਨ ਸੁਖਜਿੰਦਰ ਸਿੰਘ ਦੀ ਅਗਵਾਈ ਹੇਠ ਐਲ ਕੇ ਜੀ ਕਲਾਸ ਨੂੰ ਜੁੰਪ ਓਨ ਲਟਰਜ ਗਤੀਵਿਧੀ ਕਰਵਾਈ ਗਈ, ਜਿਸ ਵਿੱਚ ਜਮਾਤ ਦੇ ਸਾਰੇ ਬੱਚਿਆਂ ਨੇ ਭਾਗ ਲਿਆ।

# ਮਹਿਲਾ ਪਹਿਲਵਾਨਾਂ ਨੂੰ ਤੁਰੰਤ ਇਨਸਾਫ਼ ਦਿੱਤਾ ਜਾਵੇ-ਸੇਖੋਂ

**ਬਹਿਰਾਮ (ਅਵਤਾਰ ਕਲੇਰ)** ਮਹਿਲਾ ਪਹਿਲਵਾਨ ਜਿਨਸੀ ਸੋਸ਼ਣ ਦੇ ਮਾਮਲੇ 'ਚ ਇਨਸਾਫ਼ ਲਈ ਸੰਘਰਸ਼ ਕਰ ਰਹੀਆਂ ਹਨ। ਇਹ ਅਤੀ ਸੰਵੇਦਨਸ਼ੀਲ ਮੁੱਦਾ ਹੈ, ਜਿਸ ਸਦਕਾ ਸੰਸਾਰ ਪੱਧਰ 'ਤੇ ਭਾਰਤ ਦੀ ਬਦਨਾਮੀ ਹੋ ਰਹੀ ਹੈ, ਪਰ ਕੇਂਦਰ ਸਰਕਾਰ ਵੱਲੋਂ ਉਹਨਾਂ ਦੇ ਸੰਘਰਸ਼ ਨੂੰ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ। ਇਹ ਵਿਚਾਰ ਪ੍ਰਗਟ ਕਰਦਿਆਂ ਸੀ ਪੀ ਆਈ ਐੱਮ ਪੰਜਾਬ ਦੇ ਸਕੱਤਰ ਕਾ: ਸੁਖਵਿੰਦਰ ਸਿੰਘ ਸੇਖੋਂ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਤੁਰੰਤ ਸੰਘਰਸ਼ਕਾਰੀਆਂ ਮਹਿਲਾ ਪਹਿਲਵਾਨਾਂ ਨੂੰ ਇਨਸਾਫ਼ ਦਿੱਤਾ ਜਾਵੇ। ਸੇਖੋਂ ਨੇ ਕਿਹਾ ਕਿ ਮਹਿਲਾ ਪਹਿਲਵਾਨ ਭਾਰਤ ਦਾ ਮਾਣ ਹਨ, ਜਿਹਨਾਂ ਦੁਨੀਆਂ ਪੱਧਰ 'ਤੇ ਸਾਡੇ ਦੇਸ਼ ਦਾ ਨਾਂਅ ਰੌਸ਼ਨ ਕੀਤਾ ਹੈ। ਪਰ ਇਹ ਦੁਖਦਾਈ ਪਹਿਲੂ ਹੈ ਕਿ ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਬ੍ਰਿਜਭੂਸ਼ਨ ਸ਼ਰਨ ਸਿੰਘ 'ਤੇ ਉਹਨਾਂ ਜਿਨਸੀ ਸੋਸ਼ਣ ਦੇ ਦੋਸ਼ ਲਗਾਏ ਹਨ, ਇਹ ਵਿਅਕਤੀ ਭਾਜਪਾ ਦਾ ਸੰਸਦ ਮੈਂਬਰ ਵੀ ਹੈ। ਉਹਨਾਂ ਕਿਹਾ ਕਿ ਪਹਿਲਵਾਨ ਔਰਤਾਂ ਕਾਫ਼ੀ ਦਿਨਾਂ ਤੋਂ ਧਰਨੇ ਤੇ ਬੈਠ ਕੇ ਇਨਸਾਫ਼ ਦੀ ਮੰਗ ਕਰ ਰਹੀਆਂ ਹਨ, ਪਰ ਕੇਂਦਰ ਸਰਕਾਰ ਨੇ ਚੁੱਪ ਧਾਰੀ ਹੋਈ ਹੈ। ਉਹਨਾਂ ਕਿਹਾ ਕਿ ਫੈਡਰੇਸ਼ਨ ਦੇ ਪ੍ਰਧਾਨ ਵੱਲੋਂ ਆਪਣੇ ਆਪ ਨੂੰ ਦੁੱਧ ਧੋਤਾ ਕਰਾਰ ਦਿੱਤਾ ਜਾ ਰਿਹਾ ਹੈ, ਪਰ ਪਹਿਲਵਾਨ ਔਰਤਾਂ ਨੂੰ ਸੰਘਰਸ਼ ਕਰਨ ਦਾ ਕੋਈ ਸ਼ੌਕ ਨਹੀਂ ਹੈ। ਪੀੜ੍ਹਤਾਂ ਦੀ ਜੇਕਰ ਗੱਲ ਨਾ ਸੁਣੀ ਜਾਵੇ ਤਾਂ ਸੰਘਰਸ਼ ਕਰਨਾ ਉਹਨਾਂ ਦਾ ਹੱਕ ਹੈ। ਉਹਨਾਂ ਕਿਹਾ ਕਿ ਦੁੱਖ ਦੀ ਗੱਲ ਹੈ ਕਿ ਜਿਹਨਾਂ ਧੀਆਂ ਨੇ ਸੰਸਾਰ ਪੱਧਰ 'ਤੇ ਭਾਰਤ ਦਾ ਸਿਰ ਉੱਚਾ ਕੀਤਾ, ਉਹਨਾਂ ਨੂੰ ਇਨਸਾਫ਼ ਲੈਣ ਲਈ ਸੜਕਾਂ ਤੇ ਰੁਲਣਾ ਪੈ ਰਿਹਾ ਹੈ।

# ਮਾਨਸਿਕ ਤੇ ਸਰੀਰਕ ਪੱਖੋਂ ਬੱਚਿਆਂ ਨੂੰ ਤੰਦਰੁਸਤ ਰੱਖਦੀਆਂ ਹਨ ਖੇਡਾਂ : ਮੋਨਿਕਾ ਸ਼ਰਮਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਸਹਾਇਕ ਡਾਇਰੈਕਟਰ ਨੈਸ਼ਨਲ ਇੰਸਟੀਚਿਊਟ ਆਫ਼ ਪਬਲਿਕ ਕਾਰਪੋਰੇਸ਼ਨ ਐਂਡ ਚਾਈਲਡ ਡਿਵੈਲਪਮੈਂਟ ਮੋਨਿਕਾ ਸ਼ਰਮਾ ਨੇ ਕਿਹਾ ਕਿ ਖੇਡਾਂ ਮਾਨਸਿਕ ਅਤੇ ਸਰੀਰਕ ਪੱਖੋਂ ਬੱਚਿਆਂ ਨੂੰ ਤੰਦਰੁਸਤ ਰੱਖਦੀਆਂ ਹਨ। ਉਹ ਹੁਸ਼ਿਆਰਪੁਰ ਦੇ ਚਿਲਡਰਨ ਹੋਮ, ਆਬਜ਼ਰਵੇਸ਼ਨ ਹੋਮ ਅਤੇ ਸਪੈਸ਼ਲ ਹੋਮ ਦੇ ਬੱਚਿਆਂ ਦੀ ਕਰਵਾਈ ਗਈ ਸਪੋਰਟਸ ਮੀਟ ਵਿਚ ਬਤੌਰ ਮੁੱਖ ਮਹਿਮਾਨ ਵਜੋਂ ਪ੍ਰੋਗਰਾਮ ਨੂੰ ਸੰਬੋਧਨ ਕਰ ਰਹੇ ਸਨ। ਇਹ ਸਪੋਰਟਸ ਮੀਟ 17 ਅਪ੍ਰੈਲ ਤੋਂ ਸ਼ੁਰੂ ਹੋਈ ਸੀ ਅਤੇ ਅੱਜ ਇਸ ਸਪੋਰਟਸ ਮੀਟ ਦੀ ਸਮਾਪਤੀ ਹੋ ਗਈ। ਇਸ ਸਪੋਰਟਸ ਮੀਟ ਵਿਚ ਸਪੈਸ਼ਲ ਹੋਮ ਵਿਚ ਬਾਸਕਿਟਬਾਲ, ਵਾਲੀਬਾਲ, ਲਾਂਗ ਜੰਪ ਅਤੇ ਚਿਲਡਰਨ ਹੋਮ ਵਿਚ ਕੈਰਮ, ਬੈਡਮਿੰਟਨ ਤੇ ਲੁਡੋ ਦੇ ਮੁਕਾਬਲੇ ਕਰਵਾਏ ਗਏ। ਮੁੱਖ ਮਹਿਮਾਨ ਨੇ ਇਸ ਦੌਰਾਨ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕਰਦੇ ਹੋਏ ਉਨ੍ਹਾਂ ਨੂੰ ਪੁਰਸਕਾਰ ਦਿੱਤੇ ਅਤੇ ਬੱਚਿਆਂ ਨੂੰ ਵੱਧ-ਚੜ੍ਹ ਕੇ ਖੇਡਾਂ ਵਿਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਚਿਲਡਰਨ ਹੋਮ ਅਤੇ ਸਪੈਸ਼ਨ ਹੋਮ ਦੇ ਸੁਪਰਡੈਂਟ ਨਰੇਸ਼ ਕੁਮਾਰ, ਆਬਜ਼ਰਵੇਸ਼ਨ ਹੋਮ ਦੇ ਸੁਪਰਡੈਂਟ ਪੁਨੀਤ ਕੁਮਾਰ, ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਹਰਪ੍ਰੀਤ ਕੌਰ, ਬਾਲ ਸੁਰੱਖਿਆ ਅਫ਼ਸਰ ਯੋਗੇਸ਼ ਕੁਮਾਰ, ਅੰਜਲੀ ਅਗਰਵਾਲ ਅਤੇ ਹੋਰ ਦਾ ਸਟਾਫ ਵੀ ਮੌਜੂਦ ਸੀ।

## ਜਨਮ ਦਿਨ ਮੁਬਾਰਕ



ਸੋਹਨ ਸ਼ਰਮਾ (ਰਾਮਪੁਰਾ ਫੂਲ)

## ਵਰ੍ਹੇਗੰਢ ਮੁਬਾਰਕ



ਵਿਕਾਸ ਮਿੱਤਲ ਅਤੇ ਰਜਨੀ ਮਿੱਤਲ ਵਾਸੀ ਬਾਂਸਾ ਸਟਰੀਟ ਨਾਭਾ ਨੂੰ ਵਿਆਹ ਦੀ ਵਰ੍ਹੇਗੰਢ ਦੀਆਂ ਬਹੁਤ-ਬਹੁਤ ਮੁਬਾਰਕਾਂ।

# ਫਗਵਾੜਾ ਵਿਖੇ ਬਣਨਗੇ 3 ਹੋਰ ਆਮ ਆਦਮੀ ਕਲੀਨਿਕ




**ਫਗਵਾੜਾ, ( ਇੰਦਰਜੀਤ ਸਿੰਘ ਮਠਾੜੂ )**-ਪੰਜਾਬ ਸਰਕਾਰ ਵਲੋਂ ਲੋਕਾਂ ਨੂੰ ਉਨ੍ਹਾਂ ਘਰਾਂ ਦੇ ਨੇੜੇ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਮਕਸਦ ਨਾਲ 3 ਹੋਰ ਆਮ ਆਦਮੀ ਕਲੀਨਿਕ ਫਗਵਾੜਾ ਵਿਖੇ ਸ਼ੁਰੂ ਕੀਤੇ ਜਾ ਰਹੇ ਹਨ। ਇਹ ਨਵੇਂ 3 ਆਮ ਆਦਮੀ ਕਲੀਨਿਕ ਫਗਵਾੜਾ ਸ਼ਹਿਰ ਵਿਖੇ ਹਰਗੋਬਿੰਦ ਨਗਰ,ਬਾਬਾ ਬਦੀਆ ਤੇ ਘੋਤੜਾ ਰੋਡ 'ਤੇ ਬਣਨਗੇ । ਇਸ ਸਬੰਧੀ ਪ੍ਰਸ਼ਾਸਕੀ ਕਾਰਵਾਈ ਮੁਕੰਮਲ ਹੋ ਚੁੱਕੀ ਹੈ। ਇਸ ਸਬੰਧੀ ਡਿਪਟੀ ਕਮਿਸ਼ਨਰ ਕਪੂਰਥਲਾ ਵਿਸ਼ੇਸ਼ ਸਾਰੰਗਲ ਨੇ ਇਨ੍ਹਾਂ ਕਲੀਨਿਕਾਂ ਦੀ ਸ਼ੁਰੂਆਤ ਬਾਰੇ ਲੋਕ ਨਿਰਮਾਣ ਵਿਭਾਗ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਤੋਂ ਪ੍ਰਾਜੈਕਟ ਦੀ ਪ੍ਰਗਤੀ ਬਾਰੇ ਜਾਣਕਾਰੀ ਪ੍ਰਾਪਤ ਕੀਤੀ । ਵਧੀਕ ਡਿਪਟੀ ਕਮਿਸ਼ਨਰ ਫਗਵਾੜਾ ਡਾ.ਨਯਨ ਜੱਸਲ ,ਲੋਕ ਨਿਰਮਾਣ ਵਿਭਾਗ ਦੇ ਐਸ.ਡੀ.ਓ ਡਾ.ਜਸਪ੍ਰੀਤ ਸਿੰਘ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਕਿ ਉਹ ਜਮੀਨੀ ਪੱਧਰ 'ਤੇ ਇਨ੍ਹਾਂ ਕਲੀਨਿਕਾਂ ਦੇ ਕੰਮ ਨੂੰ ਤੇਜੀ ਨਾਲ ਮੁਕੰਮਲ ਕਰਨ ਲਈ ਨਿੱਜੀ ਤੌਰ 'ਤੇ ਨਿਗਰਾਨੀ ਕਰਨ। ਇਸੇ ਸਾਲ 15 ਮਈ ਤੋਂ ਲੋਕਾਂ ਨੂੰ ਸਿਹਤ ਸਹੂਲਤਾਂ ਪ੍ਰਦਾਨ ਕਰਨਾ ਸ਼ੁਰੂ ਕਰ ਦੇਣਗੇ,ਜਿਸ ਨਾਲ ਵੱਡੇ ਪੱਧਰ 'ਤੇ ਲੋਕਾਂ ਨੂੰ ਸਹੂਲਤ ਮਿਲੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿਚ ਪਹਿਲਾਂ 17 ਆਮ ਆਦਮੀ ਕਲੀਨਿਕ ਚਲ ਰਹੇ ਹਨ ਅਤੇ ਇਨ੍ਹਾਂ 3 ਕਲੀਨਿਕਾਂ ਦੇ ਨਾਲ ਆਮ ਆਦਮੀ ਕਲੀਨਿਕਾਂ ਦੀ ਗਿਣਤੀ 20 ਹੋ ਜਾਵੇਗੀ।

# ਭਾਜਪਾ ਆਗੂਆਂ ਨੇ ਪ੍ਰਕਾਸ਼ ਸਿੰਘ ਬਾਦਲ ਨੂੰ ਦਿੱਤੀ ਸ਼ਰਧਾਂਜਲੀ



**ਮੇਹਟੀਆਣਾ- (ਜਗਤਾਰ ਸਿੰਘ ਭੁੰਗਰਨੀ)** –ਭਾਜਪਾ ਦੇ ਸੀਨੀਅਰ ਆਗੂ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਤੀਕਸ਼ਨ ਸੂਦ, ਵਿਜੇ ਪਠਾਨੀਆ, ਜ਼ਿਲ੍ਹਾ ਜਨਰਲ ਸਕੱਤਰ ਸੁਰੇਸ਼ ਭਾਟੀਆ ਬਿੱਟੂ, ਜ਼ਿਲ੍ਹਾ ਸਕੱਤਰ ਅਸ਼ਵਨੀ ਗੈਂਦ, ਸ੍ਰੀਮਤੀ ਅਰਚਨਾ ਜੈਨ, ਕਮਲਜੀਤ ਸੇਤੀਆ, ਕ੍ਰਿਸ਼ਨਾ ਅਰੋੜਾ, ਯਸ਼ਪਾਲ ਸ਼ਰਮਾ ਨੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ । ਆਗੂਆਂ ਨੇ ਕਿਹਾ ਕਿ ਪ੍ਰਕਾਸ਼ ਸਿੰਘ ਬਾਦਲ ਪਹਿਲੇ ਅਜਿਹੇ ਆਗੂ ਸਨ ਜਿਨ੍ਹਾਂ ਨੇ 5 ਵਾਰ ਮੁੱਖ ਮੰਤਰੀ ਦੀ ਕਮਾਨ ਸੰਭਾਲੀ ਅਤੇ ਪੰਜਾਬ ਵਿੱਚ ਰਿਕਾਰਡ ਤੋੜ ਵਿਕਾਸ ਵੀ ਕਰਵਾਇਆ। ਉਨ੍ਹਾਂ ਦੀ ਸਭ ਤੋਂ ਖਾਸ ਗੱਲ ਇਹ ਸੀ ਕਿ ਉਨ੍ਹਾਂ ਦਾ ਕਿਸੇ ਵੀ ਸਿਆਸੀ ਪਾਰਟੀ ਨਾਲ ਕੋਈ ਸਬੰਧ ਨਹੀਂ ਸੀ। ਕੋਈ ਵੀ ਵਿਅਕਤੀ ਕੰਮ ਕਰਵਾਉਣ ਲਈ ਜਾਂਦਾ ਸੀ, ਉਹ ਹਰ ਆਦਮੀ ਦੀ ਗੱਲ ਧਿਆਨ ਨਾਲ ਸੁਣ ਕੇ ਆਪਣਾ ਕੰਮ ਕਰਦੇ ਸਨ ਅਤੇ ਹਰ ਆਦਮੀ ਨੂੰ ਬਹੁਤ ਪਿਆਰ ਨਾਲ ਮਿਲਦੇ ਸਨ। ਉਨ੍ਹਾਂ ਦੀ ਸਭ ਤੋਂ ਖਾਸ ਗੱਲ ਇਹ ਸੀ ਕਿ ਉਹ 95 ਸਾਲ ਦੀ ਉਮਰ 'ਚ ਵੀ ਵਿਕਾਸ ਨੂੰ ਲੈ ਕੇ ਚਿੰਤਤ ਸਨ।

ਪੰਜਾਬ ਨੂੰ ਅਜਿਹਾ ਨੇਤਾ ਕਦੇ ਨਹੀਂ ਮਿਲ ਸਕਦਾ ਤੇ ਨਾ ਹੀ ਉਸ ਦੀ ਘਾਟ ਪੂਰੀ ਹੋ ਸਕਦੀ ਹੈ। ਭਾਜਪਾ ਆਗੂਆਂ ਨੇ ਪਰਮ ਪਿਤਾ ਪਰਮ ਆਤਮਾ ਅਤੇ ਵਾਹਿਗੁਰੂ ਅੱਗੇ ਅਰਦਾਸ ਕੀਤੀ ਕਿ ਉਹ ਇਸ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪ੍ਰਮਾਤਮਾ ਪਰਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

# ਬਾਦਲ ਨੇ ਕਿਸਾਨ-ਮਜ਼ਦੂਰ ਦੇ ਹੱਕਾਂ ਦੀ ਰਾਖੀ ਕੀਤੀ-ਲੱਖੀ



**ਟਾਂਡਾ ਉੜਮੁੜ (ਜਸਵਿੰਦਰ ਸੰਧੂ)**-ਪੰਜਾਬ ਦੀ ਸਿਆਸਤ ਦੇ 'ਬਾਬਾ ਬੋਹੜ' , ਸ਼੍ਰੋਮਣੀ ਅਕਾਲੀ ਦਲ ਦੇ ਸਰਪ੍ਰਸਤ ਤੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੀ ਮੌਤ ਨਾਲ ਸ਼੍ਰੋਮਣੀ ਅਕਾਲੀ ਦਲ ਤੇ ਪੰਜਾਬ ਦੀ ਸਿਆਸਤ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਇੰਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਸਾਬਕਾ ਕਮਿਸ਼ਨਰ ਲਖਵਿੰਦਰ ਸਿੰਘ ਲੱਖੀ ਨੇ ਕਿਹਾ ਕਿ ਬਾਦਲ ਦੇ ਅਕਾਲ ਚਲਾਣੇ ਨਾਲ ਸਿਆਸਤ ਅਧੂਰੀ ਰਹਿ ਗਈ ਹੈ। ਉਨ੍ਹਾਂ ਪੰਜਾਬ ਨੂੰ ਹਮੇਸ਼ਾ ਹੀ ਤਰੱਕੀ ਦੀਆਂ ਮੰਜ਼ਲਾਂ ਵੱਲ ਲਿਜਾਣ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਨੇ ਕਿਸਾਨ-ਮਜ਼ਦੂਰ ਦੇ ਹੱਕਾਂ ਦੀ ਰਾਖੀ ਕੀਤੀ ਜੋ ਉਹਨਾਂ ਉਹਨਾਂ ਦੀ ਭਲਾਈ ਦੇ ਕੰਮ ਕੀਤੇ ਹਨ ਅੱਜ ਤਕ ਵੀ ਕਿਸੇ ਵੀ ਪਾਰਟੀ ਦੇ ਨਹੀਂ ਕੀਤੇ। ਉਨ੍ਹਾਂ ਨੇ ਪੰਜਾਬ ਦੀ ਤਰੱਕੀ ਲਈ ਅਣਥੱਕ ਮਿਹਨਤ ਕੀਤੀ ਅਤੇ ਸਖਤ ਅਤੇ ਔਖੇ ਸਮੇਂ ਵਿੱਚ ਰਾਜ ਦਾ ਸਮਰਥਨ ਕੀਤਾ । ਉਹ ਪੰਜ ਵਾਰ ਪੰਜਾਬ ਦੇ ਮੁੱਖ ਮੰਤਰੀ ਬਣੇ ਤੇ ਸੂਬੇ ਨੂੰ ਤਰੱਕੀ ਤੇ ਲਿਜਾਣ ਲਈ ਅਹਿਮ ਇਤਿਹਾਸਕ ਫੈਸਲੇ ਕੀਤੇ ।